ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 49
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Thursday, 19 February, 2026) ਵੀਰਵਾਰ , 19 ਫਰਵਰੀ, 2026, 8 ਫੱਗਣ , ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## 328 ਪਾਵਨ ਸਰੂਪਾਂ ਦੇ ਗੁੰਮ ਹੋਣ ਦੇ ਮਾਮਲੇ 'ਚ ਤਿੰਨ ਨੂੰ ਜ਼ਮਾਨਤ

ਚੰਡੀਗੜ੍ਹ, 18 ਫਰਵਰੀ (ਚ.ਨ.ਸ.):ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਸਰੂਪਾਂ ਦੇ ਕਥਿਤ ਤੌਰ ਉਤੇ ਲਾਪਤਾ ਹੋਣ ਦੇ ਮਾਮਲੇ ਵਿਚ ਬਰਖਾਸਤ ਕੀਤੇ ਗਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਤਿੰਨ ਸਾਬਕਾ ਕਰਮਚਾਰੀਆਂ ਨੂੰ ਅੰਤਰਿਮ ਜ਼ਮਾਨਤ ਦੇ ਦਿਤੀ ਹੈ। ਤਿੰਨਾਂ ਨੇ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦੇ ਸਾਹਮਣੇ ਪੇਸ਼ ਹੋਣ ਅਤੇ ਜਾਂਚ ਵਿਚ ਸ਼ਾਮਲ ਹੋਣ ਦੀ ਇੱਛਾ ਜ਼ਾਹਰ ਕੀਤੀ ਹੈ। ਅੰਤਰਿਮ ਰਾਹਤ ਪ੍ਰਾਪਤ ਕਰਨ ਵਾਲਿਆਂ ਵਿਚ ਸਾਬਕਾ ਉਪ ਸਕੱਤਰ ਗੁਰਬਚਨ ਸਿੰਘ, ਪ੍ਰਕਾਸ਼ਨ ਵਿਭਾਗ ਦੇ ਸਾਬਕਾ (ਬਾਕੀ ਸਫਾ 2 'ਤੇ)

## ਪੰਜਾਬ ਮੰਤਰੀ ਮੰਡਲ 'ਚ ਫੇਰਬਦਲ ਦੀ ਚਰਚਾ, 3 ਮੰਤਰੀ ਦਿੱਲੀ ਤਲਬ



ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 18 ਫਰਵਰੀ: ਪੰਜਾਬ ਦੀ ਸਿਆਸਤ ਵਿੱਚ ਉਸ ਸਮੇਂ ਹਲਚਲ ਵਧ ਗਈ, ਜਦੋਂ ਸੂਬੇ ਦੇ ਤਿੰਨ ਕੈਬਨਿਟ ਮੰਤਰੀਆਂ ਨੂੰ ਅਚਾਨਕ ਦਿੱਲੀ ਬੁਲਾਇਆ ਗਿਆ ਅਤੇ ਉਨ੍ਹਾਂ ਦੀ ਅਰਵਿੰਦ ਕੇਜਰੀਵਾਲ ਨਾਲ ਮੀਟਿੰਗ ਹੋਈ। ਦੱਸਿਆ ਜਾ ਰਿਹਾ ਹੈ ਕਿ ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਹਰਦੀਪ ਸਿੰਘ ਮੁੰਡੀਆਂ ਅਤੇ ਮੋਹਿੰਦਰ ਭਗਤ, ਤਿੰਨਾਂ ਨੂੰ ਦਿੱਲੀ ਪਹੁੰਚਣ ਦੇ ਨਿਰਦੇਸ਼ ਦਿੱਤੇ ਗਏ ਸਨ। ਅਧਿਕਾਰਤ ਤੌਰ 'ਤੇ ਇਸ ਨੂੰ ਇਕ ਆਮ ਜਥੇਬੰਦਕ ਚਰਚਾ ਦੱਸਿਆ ਜਾ ਰਿਹਾ ਹੈ ਪਰ ਸਿਆਸੀ ਗਲਿਆਰਿਆਂ ਵਿੱਚ ਇਸ ਦੇ ਕਈ ਮਾਇਨੇ ਕੱਢੇ ਜਾ ਰਹੇ ਹਨ। ਸੂਤਰਾਂ ਅਨੁਸਾਰ, ਇਸ ਬੈਠਕ ਦਾ ਫੋਕਸ ਸਿਰਫ਼ ਕੈਬਨਿਟ ਫੇਰਬਦਲ ਨਹੀਂ ਬਲਕਿ ਸਰਕਾਰ ਦੀ ਕਾਰਗੁਜ਼ਾਰੀ ਦੀ ਸਮੀਖਿਆ ਅਤੇ ਆਗਾਮੀ ਰਣਨੀਤੀ ਤੈਅ ਕਰਨਾ ਵੀ ਹੋ ਸਕਦਾ ਹੈ। ਦਿੱਲੀ ਵਿੱਚ ਹੋਈ ਇਹ ਬੈਠਕ ਭਵਿੱਖ ਦੀਆਂ ਵੱਡੀਆਂ ਰਣਨੀਤਕ ਤਿਆਰੀਆਂ ਦਾ ਹਿੱਸਾ ਵੀ ਹੋ ਸਕਦੀ ਹੈ। ਕੀ ਇਹ ਸਿਰਫ਼ ਇੱਕ ਸਮੀਖਿਆ ਬੈਠਕ ਸੀ ਜਾਂ ਪੰਜਾਬ ਵਿੱਚ ਕਿਸੇ ਵੱਡੇ ਬਦਲਾਅ ਦੀ (ਬਾਕੀ ਸਫਾ 2 'ਤੇ)

### ਸਿਸੋਦੀਆ ਨੇ ਹਸਪਤਾਲ 'ਚ ਮਾਨ ਦਾ ਪੁੱਛਿਆ ਹਾਲ-ਚਾਲ

ਮੋਹਾਲੀ, 18 ਫਰਵਰੀ (ਚ.ਨ.ਸ.): ਮੋਹਾਲੀ ਦੇ ਫੋਰਟਿਸ ਹਸਪਤਾਲ ਵਿਚ ਦਾਖਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਿਲਣ ਲਈ ਅੱਜ ਆਮ ਆਦਮੀ ਪਾਰਟੀ ਦੇ ਇੰਚਾਰਜ ਮਨੀਸ਼ ਸਿਸੋਦੀਆ ਪਹੁੰਚੇ। ਇਸ ਦੌਰਾਨ ਉਨ੍ਹਾਂ ਨੇ ਹਸਪਤਾਲ ਤੋਂ ਜਾਂਦੇ ਸਮੇਂ ਮੀਡੀਆ ਨਾਲ ਗੱਲਬਾਤ ਵਿਚ ਕਿਹਾ ਕਿ ਸੀ.ਐੱਮ.ਸਾਹਿਬ ਹੁਣ ਠੀਕ ਹਨ। ਉਨ੍ਹਾਂ ਦੀ ਸਿਹਤ ਵਿਚ ਕਾਫੀ ਸੁਧਾਰ ਹੈ। ਜਦੋਂ ਮੀਡੀਆ ਨੇ ਸਵਾਲ ਕੀਤਾ ਕਿ ਡਿਸਚਾਰਜ ਕਦੋਂ ਹੋਣਗੇ ਤਾਂ ਇਸ 'ਤੇ ਸਿਸੋਦੀਆ ਨੇ ਕਿਹਾ ਕਿ ਮੇਰੀ ਅਜੇ ਤੱਕ ਡਾਕਟਰ ਨਾਲ ਮੁਲਾਕਾਤ ਨਹੀਂ ਹੋਈ ਹੈ, ਇਸ ਲਈ ਕੁਝ ਵੀ ਕਹਿਣਾ ਮੁਸ਼ਕਿਲ ਹੈ। ਅੱਜ ਤਾਂ ਮੈਨੂੰ ਨਹੀਂ ਲੱਗਦਾ ਡਿਸਚਾਰਜ ਹੋਣਗੇ ਪਰ ਸੰਭਵ ਹੈ ਕਿ ਕੱਲ੍ਹ ਤੱਕ ਹੋ ਜਾਣ।

## ਦੇਸ਼ ਦੇ 10 ਸੂਬਿਆਂ ਦੀਆਂ 37 ਰਾਜ ਸਭਾ ਸੀਟਾਂ 'ਤੇ ਚੋਣ 16 ਮਾਰਚ ਨੂੰ

ਨਵੀਂ ਦਿੱਲੀ, 18 ਫਰਵਰੀ (ਚ.ਨ.ਸ.): ਚੋਣ ਕਮਿਸ਼ਨ ਨੇ ਬੁਧਵਾਰ ਨੂੰ ਕਿਹਾ ਕਿ 10 ਸੂਬਿਆਂ ਦੀਆਂ 37 ਰਾਜ ਸਭਾ ਸੀਟਾਂ ਲਈ ਹਰ ਦੋ ਸਾਲ ਬਾਅਦ ਹੋਣ ਵਾਲੀਆਂ ਚੋਣਾਂ 16 ਮਾਰਚ ਨੂੰ ਹੋਣਗੀਆਂ। ਮਹਾਰਾਸ਼ਟਰ (7 ਸੀਟਾਂ), ਉੜੀਸਾ (4 ਸੀਟਾਂ), ਤੇਲੰਗਾਨਾ (2 ਸੀਟਾਂ), ਤਾਮਿਲਨਾਡੂ (6 ਸੀਟਾਂ), ਛੱਤੀਸਗੜ੍ਹ (2 ਸੀਟਾਂ), ਪਛਮੀ ਬੰਗਾਲ (5 ਸੀਟਾਂ), ਆਸਾਮ (3 ਸੀਟਾਂ), ਹਰਿਆਣਾ (2 ਸੀਟਾਂ), ਹਿਮਾਚਲ ਪ੍ਰਦੇਸ਼ (1 ਸੀਟ) ਅਤੇ ਬਿਹਾਰ (5 ਸੀਟਾਂ) ਦੀਆਂ ਸੀਟਾਂ ਖਾਲੀ ਹੋ ਰਹੀਆਂ ਹਨ। ਇਹ ਸੀਟਾਂ 2 ਅਤੇ 9 ਅਪ੍ਰੈਲ ਨੂੰ ਖਾਲੀ ਹੋ ਰਹੀਆਂ ਹਨ ਅਤੇ ਚੋਣਾਂ ਲਈ ਨੋਟੀਫਿਕੇਸ਼ਨ 26 ਫ਼ਰਵਰੀ ਨੂੰ ਜਾਰੀ ਕੀਤਾ ਜਾਵੇਗਾ।

16 ਮਾਰਚ ਨੂੰ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤਕ ਵੋਟਾਂ ਪੈਣਗੀਆਂ ਅਤੇ ਵੋਟਾਂ ਦੀ ਗਿਣਤੀ ਉਸੇ ਦਿਨ ਸ਼ਾਮ 5 ਵਜੇ ਤੋਂ ਹੋਵੇਗੀ। ਸੇਵਾਮੁਕਤ ਹੋ ਰਹੇ ਪ੍ਰਮੁੱਖ ਸੰਸਦ ਮੈਂਬਰਾਂ ਵਿਚ ਸ਼ਰਦ ਪਵਾਰ (ਐਨ.ਸੀ.ਪੀ.-ਐਸ.ਪੀ.), ਅਭਿਸ਼ੇਕ ਸਿੰਘਵੀ (ਕਾਂਗਰਸ), ਸਾਕੇਤ ਗੋਖਲੇ (ਟੀ.ਐਮ.ਸੀ.), ਰਾਮਦਾਸ ਅਠਾਵਲੇ (ਆਰ.ਪੀ.ਆਈ.-ਏ.), (ਬਾਕੀ ਸਫਾ 2 'ਤੇ)

### ਬੇਅੰਤ ਸਿੰਘ ਕਤਲ ਕਾਂਡ

## ਬਲਵੰਤ ਸਿੰਘ ਰਾਜੋਆਣਾ ਦੀ ਅਪੀਲ 'ਤੇ ਸੁਪਰੀਮ ਕੋਰਟ 'ਚ ਸੁਣਵਾਈ 18 ਮਾਰਚ ਨੂੰ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 18 ਫਰਵਰੀ : ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਕਿਹਾ ਕਿ ਉਹ 1995 ਦੇ ਤਤਕਾਲੀ ਪੰਜਾਬ ਦੇ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਕੇਸ ਵਿੱਚ ਦੋਸ਼ੀ ਬਲਵੰਤ ਸਿੰਘ ਰਾਜੋਆਣਾ ਵੱਲੋਂ ਦਾਇਰ ਪਟੀਸ਼ਨ 'ਤੇ 18 ਮਾਰਚ ਨੂੰ ਸੁਣਵਾਈ ਕਰੇਗੀ, ਜਿਸ ਵਿੱਚ ਉਸ ਦੀ ਰਹਿਮ ਦੀ ਅਪੀਲ ਦਾ ਫੈਸਲਾ ਕਰਨ ਵਿੱਚ ਹੋ ਰਹੀ ਦੇਰੀ ਕਾਰਨ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਦੀ ਮੰਗ ਕੀਤੀ ਗਈ ਹੈ। ਰਾਜੋਆਣਾ 29 ਸਾਲਾਂ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਬੰਦ ਹੈ, ਜਿਸ ਵਿੱਚੋਂ ਉਹ 15 ਸਾਲਾਂ ਤੋਂ ਵੱਧ ਸਮੇਂ ਤੋਂ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਿਹਾ ਹੈ। ਕੇਂਦਰ ਵੱਲੋਂ ਪੇਸ਼ ਹੋਏ ਵਕੀਲ ਨੇ ਜਸਟਿਸ ਵਿਕਰਮ ਨਾਥ, ਸੰਦੀਪ ਮਹਿਤਾ ਅਤੇ ਐਨ. ਵੀ. ਅੰਜਾਰੀਆ ਦੀ ਬੈਂਚ ਨੂੰ ਦੱਸਿਆ ਕਿ ਉਨ੍ਹਾਂ ਨੂੰ ਇਸ ਮਾਮਲੇ ਵਿੱਚ ਕੁਝ ਸਮੇਂ ਦੀ ਲੋੜ ਹੋਵੇਗੀ। ਰਾਜੋਆਣਾ ਵੱਲੋਂ ਪੇਸ਼ ਹੋਏ ਸੀਨੀਅਰ ਐਡਵੋਕੇਟ ਮੁਕੁਲ ਰੋਹਤਗੀ ਨੇ ਸਿਖਰਲੀ



ਅਦਾਲਤ ਦੇ 24 ਸਤੰਬਰ, 2025 ਦੇ ਹੁਕਮਾਂ ਦਾ ਹਵਾਲਾ ਦਿੱਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਜਵਾਬਦੇਹਾਂ ਦੀ ਬੇਨਤੀ 'ਤੇ ਹੋਰ ਮੁਲਤਵੀ ਕਰਨ ਦੀ ਕੋਈ ਵੀ ਬੇਨਤੀ ਸਵੀਕਾਰ ਨਹੀਂ ਕੀਤੀ ਜਾਵੇਗੀ। ਬੈਂਚ ਨੇ ਕਿਹਾ, '18 ਮਾਰਚ ਲਈ ਸੂਚੀਬੱਧ ਕਰੋ।' ਸਿਖਰਲੀ ਅਦਾਲਤ ਨੇ ਪਹਿਲਾਂ ਕੇਂਦਰ ਨੂੰ ਰਾਜੋਆਣਾ ਦੀ ਰਹਿਮ ਦੀ ਅਪੀਲ 'ਤੇ ਫੈਸਲਾ ਲੈਣ ਲਈ ਕਿਹਾ ਸੀ। ਕੇਂਦਰ ਨੇ ਉਦੋਂ ਮਾਮਲੇ ਦੀ ਸੰਵੇਦਨਸ਼ੀਲਤਾ ਦਾ ਹਵਾਲਾ ਦਿੱਤਾ ਸੀ ਅਤੇ ਕਿਹਾ ਸੀ ਕਿ ਰਹਿਮ ਦੀ ਅਪੀਲ ਵਿਚਾਰ ਅਧੀਨ ਹੈ। ਸਤੰਬਰ, 2024 ਵਿੱਚ, ਸਿਖਰਲੀ ਅਦਾਲਤ ਨੇ ਰਾਜੋਆਣਾ ਦੀ ਪਟੀਸ਼ਨ 'ਤੇ ਕੇਂਦਰ, ਪੰਜਾਬ ਸਰਕਾਰ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਨ ਤੋਂ ਜਵਾਬ ਮੰਗਿਆ ਸੀ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਅਤੇ 16 ਹੋਰ 31 ਅਗਸਤ, 1995 ਨੂੰ ਚੰਡੀਗੜ੍ਹ ਵਿੱਚ ਸਿਵਲ ਸਕੱਤਰੇਤ ਦੇ ਪ੍ਰਵੇਸ਼ ਦੁਆਰ 'ਤੇ ਹੋਏ ਧਮਾਕੇ ਵਿੱਚ ਮਾਰੇ ਗਏ ਸਨ। ਇੱਕ ਵਿਸ਼ੇਸ਼ ਅਦਾਲਤ ਨੇ ਜੁਲਾਈ, 2007 ਵਿੱਚ ਰਾਜੋਆਣਾ ਨੂੰ ਮੌਤ ਦੀ ਸਜ਼ਾ ਸੁਣਾਈ ਸੀ। ਰਾਜੋਆਣਾ ਦੀ ਪਟੀਸ਼ਨ ਵਿੱਚ ਉਸ ਦੀ ਰਿਹਾਈ ਲਈ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਸੀ। 3 ਮਈ, 2023 ਨੂੰ, ਸਿਖਰਲੀ ਅਦਾਲਤ ਨੇ ਉਸਦੀ ਮੌਤ ਦੀ ਸਜ਼ਾ ਨੂੰ (ਬਾਕੀ ਸਫਾ 2 'ਤੇ)

### ਲਾਰੈਂਸ ਬਿਸ਼ਨੋਈ ਇੰਟਰਵਿਊ ਮਾਮਲਾ

## ਪੰਜਾਬ ਡੀ.ਜੀ.ਪੀ. ਗੌਰਵ ਯਾਦਵ ਵੀਡੀਓ ਕਾਨਫਰੰਸਿੰਗ ਰਾਹੀਂ ਹਾਈ ਕੋਰਟ 'ਚ ਹੋਏ ਪੇਸ਼





ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 18 ਫਰਵਰੀ: ਲਾਰੈਂਸ ਬਿਸ਼ਨੋਈ ਇੰਟਰਵਿਊ ਮਾਮਲੇ ਅਤੇ ਪੰਜਾਬ ਦੀ ਕਾਨੂੰਨ ਵਿਵਸਥਾ ਨੂੰ ਲੈ ਕੇ ਅੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਸੁਣਵਾਈ ਹੋਈ। ਸੁਣਵਾਈ ਦੌਰਾਨ ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਹੋਏ ਅਤੇ ਉਨ੍ਹਾਂ ਵੱਲੋਂ ਕਾਨੂੰਨ ਵਿਵਸਥਾ 'ਤੇ 10 ਪੇਜਾਂ ਦਾ ਹਲਫ਼ਨਾਮਾ ਦਾਇਰ ਕੀਤਾ ਗਿਆ। ਇਸ ਮੌਕੇ ਮੋਹਾਲੀ ਦੇ ਐੱਸ.ਐੱਸ.ਪੀ. ਹਰਮਨ ਹੰਸ ਵੀ ਅਦਾਲਤ ਵਿੱਚ ਮੌਜੂਦ ਸਨ। ਅਦਾਲਤ ਨੇ ਪੁਲਿਸ ਅਧਿਕਾਰੀਆਂ ਦੇ ਇੱਕੋ ਥਾਂ ਲੰਬੇ ਸਮੇਂ ਤੱਕ ਡਟੇ ਰਹਿਣ 'ਤੇ ਸਵਾਲ ਚੁੱਕੇ ਅਤੇ ਹਾਈਕੋਰਟ ਨੇ ਪੁਲਿਸ ਵਿਭਾਗ ਤੋਂ ਅਜਿਹੇ (ਬਾਕੀ ਸਫਾ 2 'ਤੇ)

## ਮੋਦੀ ਵੱਲੋਂ ਗੂਗਲ ਦੇ ਸੀ.ਈ.ਓ. ਸੁੰਦਰ ਪਿਚਾਈ ਨਾਲ ਮੁਲਾਕਾਤ

### ਗੂਗਲ ਏ.ਆਈ. ਭਾਈਵਾਲੀ 'ਚ ਆਏਗਾ ਨਵਾਂ ਮੋੜ



ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 18 ਫਰਵਰੀ :ਨਵੀਂ ਦਿੱਲੀ ਵਿਚ ਚੱਲ ਰਹੇ 'ਇੰਡੀਆ ਏ.ਆਈ. ਇੰਪੈਕਟ ਸਮਿਟ-2026' ਦੇ ਤੀਜੇ ਦਿਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਗੂਗਲ ਦੇ ਸੀ.ਈ.ਓ. ਸੁੰਦਰ ਪਿਚਾਈ ਨਾਲ ਮੁਲਾਕਾਤ ਕੀਤੀ। ਇਹ ਬੈਠਕ ਸਮਿਟ ਦੇ ਸਾਈਲਡ ਇਨ ਵਿਚ ਹੋਈ ਜਿਥੇ ਦੋਵਾਂ ਨੇ ਭਾਰਤ-ਗੂਗਲ ਵਿਚ ਆਰਟੀਫੀਸ਼ੀਅਲ ਇੰਟੈਲੀਜੈਂਸ ਸਹਿਯੋਗ ਨੂੰ ਹੋਰ ਗਹਿਰਾ ਕਰਨ 'ਤੇ ਵਿਚਾਰ-ਚਰਚਾ ਕੀਤੀ। ਪੀ.ਐੱਮ. ਮੋਦੀ ਨੇ ਕਿਹਾ ਕਿ ਭਾਰਤ (ਬਾਕੀ ਸਫਾ 2 'ਤੇ)

### ਪ੍ਰਧਾਨ ਮੰਤਰੀ ਵੱਲੋਂ ਸਰਬੀਆ ਦੇ ਰਾਸ਼ਟਰਪਤੀ ਨਾਲ ਮੁਲਾਕਾਤ ਕਰਕੇ ਕਈ ਅਹਿਮ ਮੁੱਦਿਆਂ 'ਤੇ ਚਰਚਾ

ਨਵੀਂ ਦਿੱਲੀ, 18 ਫਰਵਰੀ (ਚ.ਨ.ਸ.): ਭਾਰਤ ਦੀ ਮੇਜ਼ਬਾਨੀ ਵਿੱਚ ਚੱਲ ਰਹੇ 'ਇੰਡੀਆ ਏ.ਆਈ. ਇੰਪੈਕਟ ਸਮਿਟ-2026' ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਰਬੀਆ ਦੇ ਰਾਸ਼ਟਰਪਤੀ ਅਲੈਗਜ਼ੈਂਡਰ ਵੁਸਿਕ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਦੋਵਾਂ ਆਗੂਆਂ ਨੇ ਦੁਵੱਲੇ ਸਹਿਯੋਗ ਨੂੰ ਵਧਾਉਣ ਲਈ ਕਈ ਅਹਿਮ ਖੇਤਰਾਂ 'ਤੇ ਗੰਭੀਰ ਚਰਚਾ ਕੀਤੀ। ਮੁਲਾਕਾਤ ਦੌਰਾਨ ਰੱਖਿਆ, ਨਿਰਮਾਣ, ਖਾਦ ਅਤੇ (ਬਾਕੀ ਸਫਾ 2 'ਤੇ)

### ਮਹਾਰਾਸ਼ਟਰ ਸਰਕਾਰ ਵੱਲੋਂ 5 ਫ਼ੀਸਦੀ ਮੁਸਲਿਮ ਰਾਖਵਾਂਕਰਨ ਰੱਦ

ਮੁੰਬਈ, 18 ਫਰਵਰੀ (ਚ.ਨ.ਸ.):ਮਹਾਰਾਸ਼ਟਰ ਸਰਕਾਰ ਨੇ ਇੱਕ ਅਹਿਮ ਫੈਸਲਾ ਲੈਂਦਿਆਂ ਮੁਸਲਿਮ ਭਾਈਚਾਰੇ ਨੂੰ ਨੌਕਰੀਆਂ ਅਤੇ ਸਿੱਖਿਆ ਵਿੱਚ ਮਿਲਣ ਵਾਲੇ 5 ਫੀਸਦੀ ਰਾਖਵੇਂਕਰਨ ਨੂੰ ਰੱਦ ਕਰ ਦਿੱਤਾ ਹੈ। ਮੰਗਲਵਾਰ ਨੂੰ ਜਾਰੀ ਕੀਤੇ ਗਏ ਨਵਾਂ ਸਰਕਾਰੀ ਮਤਾ (ਜੀ.ਆਰ.) ਅਨੁਸਾਰ, ਪਿਛਲੀ ਕਾਂਗਰਸ-ਐਨਸੀਪੀ ਸਰਕਾਰ ਦੁਆਰਾ ਜਾਰੀ ਕੀਤਾ ਗਿਆ ਆਰਡੀਨੈਂਸ ਹੁਣ ਖ਼ਤਮ ਹੋ ਗਿਆ ਹੈ। ਸਰਕਾਰ ਨੇ 2014 ਤੋਂ ਚੱਲੇ ਆ ਰਹੇ ਸਾਰੇ ਪੁਰਾਣੇ ਸਰਕੂਲਰਾਂ ਨੂੰ ਰੱਦ ਕਰਦਿਆਂ ਮੁਸਲਮਾਨਾਂ ਨੂੰ ਵਿਸ਼ੇਸ਼ ਪਛੜੀ ਸ਼੍ਰੇਣੀ ਤਹਿਤ ਜਾਤੀ ਸਰਟੀਫਿਕੇਟ ਅਤੇ ਨੌਨ ਕਰੀਮੀ ਲੇਅਰ ਸਰਟੀਫਿਕੇਟ (ਬਾਕੀ ਸਫਾ 2 'ਤੇ)

## ਏ.ਆਈ. ਇੰਪੈਕਟ ਸਮਿਟ 'ਚ ਚੀਨੀ ਉਤਪਾਦਾਂ ਦਾ ਪ੍ਰਦਰਸ਼ਨ ਦੇਸ਼ ਦੇ ਅਕਸ ਨੂੰ ਢਾਹ: ਰਾਹੁਲ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 18 ਫਰਵਰੀ :ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਬੁੱਧਵਾਰ ਨੂੰ ਏ.ਆਈ. ਸਮਿਟ ਨੂੰ ਇੱਕ 'ਗੈਰ-ਸੰਗਠਿਤ ਪੀਆਰ ਤਮਾਸ਼ਾ' ਕਰਾਰ ਦਿੱਤਾ ਅਤੇ ਦੋਸ਼ ਲਾਇਆ ਕਿ ਉੱਥੇ ਚੀਨੀ ਉਤਪਾਦਾਂ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਗਾਂਧੀ ਨੇ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ,'ਭਾਰਤ ਦੀ ਪ੍ਰਤਿਭਾ ਅਤੇ ਡੇਟਾ ਦਾ ਲਾਭ ਉਠਾਉਣ ਦੀ ਬਜਾਏ, ਏ.ਆਈ. ਸਮਿਟ ਇੱਕ ਗੈਰ-ਸੰਗਠਿਤ ਪੀਆਰ ਤਮਾਸ਼ਾ ਹੈ - ਭਾਰਤੀ ਡੇਟਾ ਵਿਕਾਊ ਹੈ ਅਤੇ ਚੀਨੀ ਉਤਪਾਦਾਂ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ।' ਸਾਬਕਾ ਕਾਂਗਰਸ ਪ੍ਰਧਾਨ ਦੀਆਂ ਇਹ ਟਿੱਪਣੀਆਂ ਗਲਗੋਟੀਆਸ ਯੂਨੀਵਰਸਿਟੀ ਵੱਲੋਂ ਕਥਿਤ ਤੌਰ 'ਤੇ



ਏਆਈ ਸਮਿਟ ਐਕਸਪੋ ਵਿੱਚ 'ਓਰੀਅਨ' ਲੇਬਲ ਵਾਲਾ ਇੱਕ ਰੋਬੋਟਿਕ ਕੁੱਤਾ ਪ੍ਰਦਰਸ਼ਿਤ ਕਰਨ ਦੇ ਵਿਵਾਦ ਦਰਮਿਆਨ ਆਈਆਂ ਹਨ,ਜਿਸ ਬਾਰੇ ਆਲੋਚਕਾਂ ਨੇ ਕਿਹਾ ਕਿ ਇਹ ਅਸਲ ਵਿੱਚ ਚੀਨ ਵੱਲੋਂ ਬਣਾਇਆ ਗਿਆ 'Unitree Go2' ਸੀ ਨਾ ਕਿ ਕੋਈ ਅੰਦਰੂਨੀ ਕਾਢ। ਸੂਤਰਾਂ ਅਨੁਸਾਰ ਗਲਗੋਟੀਆਸ ਯੂਨੀਵਰਸਿਟੀ ਨੂੰ ਏ.ਆਈ. ਸਮਿਟ ਐਕਸਪੋ ਵਿੱਚ ਆਪਣਾ ਸਟਾਲ ਤੁਰੰਤ ਖਾਲੀ ਕਰਨ (ਬਾਕੀ ਸਫਾ 2 'ਤੇ)

## ਤਰਨ ਤਾਰਨ 'ਚ ਸਰਪੰਚ ਦਾ ਗੋਲ਼ੀਆਂ ਮਾਰ ਕੇ ਕਤਲ

ਤਰਨ ਤਾਰਨ, 18 ਫਰਵਰੀ (ਚ.ਨ.ਸ.):



ਤਰਨਤਾਰਨ ਵਿਚ ਵਿਆਹ ਸਮਾਰੋਹ ਦੌਰਾਨ ਫਾਰਮ ਹਾਊਸ ਵਿਚ ਮੌਜੂਦਾ ਸਰਪੰਚ ਤੇ ਉਸ ਦੇ ਭਰਾ 'ਤੇ ਅਣਪਛਾਤਿਆਂ ਵੱਲੋਂ ਗੋਲੀਆਂ ਚਲਾ ਦਿੱਤੀਆਂ ਗਈਆਂ। ਹਮਲੇ ਵਿਚ ਸਰਪੰਚ ਹਰਪਿੰਦਰ ਸਿੰਘ ਦੀ ਮੌਕੇ 'ਤੇ ਮੌਤ ਹੋ ਗਈ। ਫਾਰਮ ਹਾਊਸ ਵਿਚ ਸਰਪੰਚ ਦੇ ਚਚੇਰੇ ਭਰਾ ਦਾ ਵਿਆਹ ਸੀ। ਇਸ ਦੌਰਾਨ ਹਮਲਾਵਰ ਅੰਦਰ ਵੜੇ ਤੇ ਵਾਰਦਾਤ ਨੂੰ ਅੰਜਾਮ ਦਿੱਤਾ। ਜਦੋਂ ਸਰਪੰਚ ਸਟੇਜ 'ਤੇ ਦੋਸਤਾਂ ਨਾਲ ਡਾਂਸ ਕਰ ਰਹੇ ਸਨ ਤਾਂ ਭੀੜ ਤੋਂ ਇਕ ਨੌਜਵਾਨ ਨਿਕਲਿਆ ਤੇ ਫਾਇਰਿੰਗ ਕਰ ਦਿੱਤੀ। (ਬਾਕੀ ਸਫਾ 2 'ਤੇ)

### ਸਰਹੱਦ 'ਤੇ ਭਾਰਤੀ ਫ਼ੌਜ ਨੇ ਦਿਖਾਈ ਤਾਕਤ

## 'ਭੀਸ਼ਮ' ਅਤੇ 'ਵਜਰਾ' ਨੇ ਗੁਆਂਢੀ ਮੁਲਕ ਨੂੰ ਛੇੜੀ ਕੰਬਣੀ



ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 18 ਫਰਵਰੀ : ਆਪਰੇਸ਼ਨ ਸਿੰਦੂਰ ਦੌਰਾਨ ਭਾਰਤ ਹੱਥੋਂ ਮੂੰਹ ਦੀ ਖਾਣ ਤੋਂ ਬਾਅਦ ਪਾਕਿਸਤਾਨ ਦੇ ਲੋਕਾਂ 'ਚ ਇਕ ਵਾਰ ਫ਼ਿਰ ਤੋਂ ਭਾਰਤ ਦੀ ਤਾਕਤ ਦਾ ਖ਼ੌਫ਼ ਦੇਖਿਆ ਜਾ ਰਿਹਾ ਹੈ। ਰਾਜਸਥਾਨ ਦੇ ਜੈਸਲਮੇਰ ਵਿੱਚ ਭਾਰਤ-ਪਾਕਿਸਤਾਨ ਸਰਹੱਦ ਨੇੜੇ ਭਾਰਤੀ ਫੌਜ ਨੇ ਇੱਕ ਵੱਡਾ ਜੰਗੀ ਅਭਿਆਸ ਕਰਕੇ ਆਪਣੀ ਫੌਜੀ ਤਾਕਤ ਦਾ ਲੋਹਾ ਮਨਵਾਇਆ ਹੈ। ਇਸ ਅਭਿਆਸ ਦੌਰਾਨ ਭਾਰਤ ਦੇ ਸਭ ਤੋਂ ਘਾਤਕ ਹਥਿਆਰਾਂ ਅਤੇ ਟੈਂਕਾਂ ਨੇ ਰੇਗਿਸਤਾਨ ਦੀ ਹਿੱਕ 'ਤੇ ਆਪਣੀ ਗਰਜ ਦਿਖਾਈ, ਜਿਸ ਨਾਲ ਸਰਹੱਦ ਪਾਰ ਪਾਕਿਸਤਾਨੀ ਫੌਜ ਵਿੱਚ ਭਾਰੀ ਹਲਚਲ (ਬਾਕੀ ਸਫਾ 2 'ਤੇ)

### ਮੁੜ ਵਿਵਾਦਾਂ 'ਚ ਘਿਰੇ ਸਾਬਕਾ ਡੀ.ਜੀ.ਪੀ. ਮੁਹੰਮਦ ਮੁਸਤਫ਼ਾ

## 2 ਰਾਜਾਂ 'ਚ ਵੋਟਰ ਆਈ.ਡੀ. ਕਾਰਡ ਬਣਾਉਣ ਦੇ ਲੱਗੇ ਦੋਸ਼

ਚੰਡੀਗੜ੍ਹ, 18 ਫਰਵਰੀ (ਚ.ਨ.ਸ.): ਪੰਜਾਬ ਦੇ ਸਾਬਕਾ ਡੀ.ਜੀ.ਪੀ. ਮੁਹੰਮਦ ਮੁਸਤਫਾ ਇੱਕ ਨਵੇਂ ਵਿਵਾਦ ਵਿੱਚ ਘਿਰ ਗਏ ਹਨ। ਸਹਾਰਨਪੁਰ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ, ਮਲੇਰਕੋਟਲਾ ਦੇ ਵਸਨੀਕ ਸ਼ਮਸੁਦੀਨ ਚੌਧਰੀ ਨੇ ਇੱਕ ਇਲਜ਼ਾਮ ਲਗਾਇਆ ਕਿ ਸਾਬਕਾ ਆਈ.ਪੀ.ਐਸ. ਅਧਿਕਾਰੀ ਨੇ ਦੋ ਵੱਖ-ਵੱਖ ਰਾਜਾਂ ਵਿੱਚ ਵੋਟਰ ਆਈ.ਡੀ. ਕਾਰਡ ਰੱਖੇ ਸਨ। ਚੌਧਰੀ ਦਾ ਦਾਅਵਾ ਹੈ ਕਿ ਮੁਸਤਫਾ ਦੀ ਇੱਕ ਵੋਟ ਪੰਜਾਬ ਦੇ ਮਲੇਰਕੋਟਲਾ ਦੇ ਵਾਰਡ ਨੰਬਰ 21 ਵਿੱਚ ਰਜਿਸਟਰਡ ਹੈ, ਜਦੋਂ ਕਿ ਦੂਜੀ ਉੱਤਰ ਪ੍ਰਦੇਸ਼ ਦੇ ਸਹਾਰਨਪੁਰ (ਬਾਕੀ ਸਫਾ 2 'ਤੇ)

### ਗਿ. ਰਘਬੀਰ ਸਿੰਘ ਦੇ ਬਿਆਨਾਂ ਨਾਲ ਪੰਥਕ ਹਲਕਿਆਂ ਵਿੱਚ ਚਰਚਾ

## ਅਕਾਲੀ ਦਲ ਦਿੱਲੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਸ਼ੰਟੀ ਵੱਲੋਂ ਤਿੱਖੀ ਪ੍ਰਤੀਕ੍ਰਿਆ, ਮੁੱਖ ਗ੍ਰੰਥੀ ਦੇ ਅਹੁਦੇ ਦੀ ਮਰਿਯਾਦਾ 'ਤੇ ਚੁੱਕੇ ਸਵਾਲ

ਚੜ੍ਹਦੀਕਲਾ ਬਿਊਰੋ

ਅੰਮ੍ਰਿਤਸਰ, 18 ਫਰਵਰੀ: ਸ੍ਰੀ ਦਰਬਾਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਵਲੋਂ ਜਲੰਧਰ ਵਿਚ ਕੀਤੀ ਪ੍ਰੈਸ ਮਿਲਣੀ ਤੋਂ ਬਾਅਦ ਪੰਥਕ ਹਲਕਿਆਂ ਵਿਚ ਮੰਨਿਆ ਜਾ ਰਿਹਾ ਹੈ ਕਿ ਇਨਾਂ ਵਿਚਾਰਾਂ ਪਿੱਛੇ ਕੋਈ ਅਦਿਖ ਸ਼ਕਤੀ ਕੰਮ ਕਰ ਰਹੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦਿੱਲੀ ਦੇ ਜਨਰਲ ਸਕੱਤਰ ਸਰਦਾਰ ਗੁਰਮੀਤ ਸਿੰਘ ਸ਼ੰਟੀ ਨੇ ਕਿਹਾ ਕਿ ਜਿਸ ਤਰ੍ਹਾਂ ਨਾਲ ਗਿਆਨੀ ਰਘਬੀਰ ਸਿੰਘ ਨੇ ਬਾਦਲ ਪਰਵਾਰ 'ਤੇ ਇਲਜ਼ਾਮਾਂ ਦੀ



ਝੜੀ ਲਗਾਈ ਹੈ ਉਹ ਸੰਕੇਤ ਕਰਦੀ ਹੈ ਕਿ ਗਿਆਨੀ ਜੀ ਕਿਸੇ ਅਦਿੱਖ ਸ਼ਕਤੀ ਦੇ ਇਸ਼ਾਰੇ 'ਤੇ ਬੋਲ ਰਹੇ ਹਨ। ਇਸ ਅਣਦਿਖ ਸ਼ਕਤੀ ਦਾ ਇਕੋ ਇਕ ਮਕਸਦ ਸਿੱਖ ਸੰਸਥਾਵਾਂ ਅਤੇ ਸਿੱਖ ਆਗੂਆਂ ਨੂੰ ਬਦਨਾਮ ਕਰਨਾ ਹੈ।ਸਿੱਖ ਭਾਵਨਾਂਵਾਂ ਨਾਲ ਜੁੜੇ ਮੁੱਦੇ ਚੁੱਕ ਕੇ ਗਿਆਨੀ ਰਘਬੀਰ ਸਿੰਘ ਚੀਚੀ 'ਤੇ ਖ਼ੂਨ ਲਗਾ ਕੇ ਸ਼ਹੀਦ ਹੋਣ ਦਾ ਭਰਮ ਪਾਲ ਰਹੇ ਹਨ। 2 ਦਸਬੰਰ 2024 ਦੇ ਹੁਕਮਨਾਮੇ ਤੋਂ ਬਾਅਦ ਕਰੀਬ 14 ਮਹੀਨੇ ਤਕ ਗਿਆਨੀ ਰਘਬੀਰ ਸਿੰਘ ਸ੍ਰੀ ਦਰਬਾਰ ਸਾਹਿਬ ਦੇ ਮੁੱਖ ਗ੍ਰੰਥੀ ਦੀ ਪਦਵੀ ਦਾ ਸੁੱਖ ਮਾਣਦੇ ਰਹੇ, ਅੱਜ ਅਚਾਨਕ ਉਨਾਂ ਦੇ ਦਿਲ ਵਿਚ ਇਨਾ ਦਰਦ (ਬਾਕੀ ਸਫਾ 2 'ਤੇ)

### ਸਰੀਰਕ ਛੇੜਛਾੜ ਤੇ ਕੱਪੜੇ ਖਿੱਚਣਾ 'ਜਬਰ-ਜਨਾਹ ਦੀ ਕੋਸ਼ਿਸ਼' ਹੈ: ਸੁਪਰੀਮ ਕੋਰਟ

ਨਵੀਂ ਦਿੱਲੀ, 18 ਫਰਵਰੀ (ਚ.ਨ.ਸ.): ਸੁਪਰੀਮ ਕੋਰਟ ਨੇ ਇੱਕ ਇਤਿਹਾਸਕ ਫੈਸਲਾ ਸੁਣਾਉਂਦੇ ਹੋਏ ਇਲਾਹਾਬਾਦ ਹਾਈ ਕੋਰਟ ਦੇ ਉਸ ਫੈਸਲੇ ਨੂੰ ਪਲਟ ਦਿੱਤਾ ਹੈ ਜਿਸ ਵਿੱਚ ਕਿਹਾ ਗਿਆ ਸੀ ਕਿ ਛਾਤੀਆਂ ਫੜਨਾ ਜਾਂ ਕੱਪੜੇ ਖਿੱਚਣਾ ਸਿਰਫ 'ਜਬਰ-ਜਨਾਹ ਦੀ ਤਿਆਰੀ' ਹੈ। ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਸਪੱਸ਼ਟ ਕੀਤਾ ਕਿ ਅਜਿਹੀਆਂ ਹਰਕਤਾਂ ਸਿੱਧੇ ਤੌਰ 'ਤੇ 'ਜਬਰ-ਜਨਾਹ ਦੀ ਕੋਸ਼ਿਸ਼' ਦੇ ਘੇਰੇ ਵਿੱਚ ਆਉਂਦੀਆਂ ਹਨ। ਅਦਾਲਤ ਨੇ ਹਾਈ ਕੋਰਟ ਦੀ ਟਿੱਪਣੀ ਨੂੰ ਕਾਨੂੰਨੀ ਤੌਰ 'ਤੇ ਗਲਤ ਦੱਸਦਿਆਂ ਦੋਸ਼ੀਆਂ ਵਿਰੁੱਧ ਪੋਕਸੋ ਐਕਟ ਅਤੇ ਆਈ.ਪੀ.ਸੀ. ਦੀਆਂ ਸਖ਼ਤ ਧਾਰਾਵਾਂ (ਬਾਕੀ ਸਫਾ 2 'ਤੇ)

## ਨਗਰ ਨਿਗਮ ਚੋਣਾਂ 'ਚ ਵਾਰਡਬੰਦੀ ਲਈ ਪੰਜਾਬ ਸਰਕਾਰ ਨੇ ਕੇਂਦਰ ਤੋਂ ਮੰਗਿਆ ਹੋਰ ਸਮਾਂ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 18 ਫਰਵਰੀ:ਪੰਜਾਬ ਵਿੱਚ ਨਗਰ ਕੌਂਸਲਾਂ ਅਤੇ ਨਗਰ ਨਿਗਮਾਂ ਦੀਆਂ ਚੋਣਾਂ ਨੂੰ ਲੈ ਕੇ ਅੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਅਹਿਮ ਸੁਣਵਾਈ ਹੋਈ । ਸੁਣਵਾਈ ਦੌਰਾਨ ਪੰਜਾਬ ਸਰਕਾਰ ਨੇ ਅਦਾਲਤ ਨੂੰ ਦੱਸਿਆ ਕਿ ਵਾਰਡਾਂ ਦੀ ਹੱਦਬੰਦੀ ਦੀ ਪ੍ਰਕਿਰਿਆ ਨੂੰ ਮੁਕੰਮਲ ਕਰਨ ਲਈ ਸਮਾਂ ਵਧਾਉਣ ਦੀ ਮੰਗ ਕਰਦਿਆਂ ਕੇਂਦਰ ਸਰਕਾਰ (ਸੈਂਸਸ ਕਮਿਸ਼ਨ) ਨੂੰ ਪੱਤਰ ਲਿਖਿਆ ਗਿਆ ਹੈ। ਸਰਕਾਰੀ ਵਕੀਲ ਵੱਲੋਂ ਅਦਾਲਤ ਵਿੱਚ ਪੰਜਾਬ ਦੇ ਮੁੱਖ ਸਕੱਤਰ ਦਾ ਹਲਫ਼ਨਾਮਾ ਪੇਸ਼ ਕੀਤਾ ਗਿਆ। ਇਸ ਵਿੱਚ ਦੱਸਿਆ ਗਿਆ ਕਿ ਸੂਬਾ ਸਰਕਾਰ ਨੇ ਕੇਂਦਰ ਨੂੰ ਡਿਲੀਮੀਟੇਸ਼ਨ ਲਈ ਮਿਤੀ ਵਧਾਉਣ ਦੀ ਬੇਨਤੀ ਕੀਤੀ ਹੈ। ਇਸ ਤੋਂ ਪਹਿਲਾਂ ਕੇਂਦਰ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਹੱਦਾਂ ਨੂੰ 31 ਦਸੰਬਰ, 2025 ਤੱਕ ਫ੍ਰੀਜ਼ ਕਰ ਦਿੱਤਾ ਗਿਆ ਸੀ। ਹੁਣ ਪੰਜਾਬ ਸਰਕਾਰ ਨੇ ਕੇਂਦਰ ਨੂੰ ਪੱਤਰ ਲਿਖ ਕੇ ਇਸ ਮਿਤੀ ਨੂੰ ਅੱਗੇ ਵਧਾਉਣ ਦੀ ਮੰਗ ਕੀਤੀ ਹੈ। ਕੇਂਦਰ ਸਰਕਾਰ ਦੇ ਵਕੀਲ ਨੇ ਅਦਾਲਤ ਨੂੰ ਭਰੋਸਾ ਦਿੱਤਾ ਕਿ ਰਾਜ ਸਰਕਾਰ ਦੀ ਇਸ ਬੇਨਤੀ 'ਤੇ ਜਲਦੀ ਹੀ ਸਰਕਾਰੀ ਹੁਕਮ ਜਾਰੀ ਕਰ ਦਿੱਤੇ ਜਾਣਗੇ। ਅਦਾਲਤ ਨੇ ਦੋਵਾਂ ਪੱਖਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਮਾਮਲੇ ਦੀ ਸੁਣਵਾਈ ਮਾਰਚ ਮਹੀਨੇ ਦੇ ਤੀਜੇ ਹਫ਼ਤੇ ਤੱਕ ਲਈ ਮੁਲਤਵੀ ਕਰ ਦਿੱਤੀ ਹੈ। ਇਸ ਫੈਸਲੇ ਨਾਲ ਪੰਜਾਬ ਵਿੱਚ ਨਗਰ ਨਿਗਮ ਚੋਣਾਂ ਦੀ ਪ੍ਰਕਿਰਿਆ ਹੁਣ ਮਾਰਚ ਤੱਕ ਹੋਰ ਲਟਕ ਗਈ ਹੈ।

## ਅੰਮ੍ਰਿਤਪਾਲ ਸਿੰਘ ਦੀ ਰਿਹਾਈ ਦੇਸ਼ ਦੀ ਸੁਰੱਖਿਆ ਲਈ ਵੱਡਾ ਖ਼ਤਰਾ: ਪੰਜਾਬ ਸਰਕਾਰ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 18 ਫਰਵਰੀ:ਪੰਜਾਬ ਸਰਕਾਰ ਨੇ ਹਾਈ ਕੋਰਟ ਵਿੱਚ ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਲਗਾਤਾਰ ਨਜ਼ਰਬੰਦੀ ਨੂੰ ਸਹੀ ਠਹਿਰਾਇਆ ਹੈ। ਸਰਕਾਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਅਨੁਪਮ ਗੁਪਤਾ ਨੇ ਕਿਹਾ ਕਿ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਨਾਲ ਦੇਸ਼ ਦੀ ਸੁਰੱਖਿਆ ਨੂੰ ਵੱਡਾ ਖ਼ਤਰਾ ਹੋ ਸਕਦਾ ਹੈ। ਸਰਕਾਰ ਨੇ ਨਜ਼ਰਬੰਦੀ ਦੇ ਦੋ ਮੁੱਖ ਕਾਰਨ ਦੱਸੇ ਹਨ। ਸਰਕਾਰ ਮੁਤਾਬਕ ਇੱਕ ਲਿਸਟ ਮਿਲੀ ਹੈ ਜਿਸ ਵਿੱਚ 15 ਲੋਕਾਂ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਕਹੀ ਗਈ ਹੈ। ਇਹ ਉਹ ਲੋਕ ਹਨ ਜੋ ਅੰਮ੍ਰਿਤਪਾਲ ਸਿੰਘ ਦੇ ਵਿਰੋਧੀ ਸਨ। ਸਰਕਾਰ ਨੇ ਇਹ ਵੀ ਦਾਅਵਾ ਕੀਤਾ ਕਿ ਅੰਮ੍ਰਿਤਪਾਲ ਸਿੰਘ ਦੇ ਅਰਸ਼ ਡੱਲਾ ਵਰਗੇ ਨਾਮੀ ਅੱਤਵਾਦੀਆਂ ਅਤੇ ਗੈਂਗਸਟਰਾਂ ਨਾਲ ਗੂੜ੍ਹੇ ਸਬੰਧ ਹਨ। ਅਦਾਲਤ ਵਿੱਚ ਇਹ ਵੀ ਦੱਸਿਆ ਗਿਆ ਕਿ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਸਾਥੀ ਗੱਲਬਾਤ ਕਰਨ ਲਈ 'ਜੰਗੀ' ਨਾਮ ਦੀ ਇੱਕ ਖਾਸ ਐਪ ਦੀ ਵਰਤੋਂ ਕਰਦੇ ਸਨ। ਇਹ ਐਪ ਵਟਸਐਪ ਨਾਲੋਂ ਕਿਤੇ ਜ਼ਿਆਦਾ ਸੁਰੱਖਿਅਤ ਹੈ, ਜਿਸ ਕਾਰਨ ਖੁਫੀਆ ਏਜੰਸੀਆਂ ਲਈ ਵੀ ਇਸ ਨੂੰ ਟਰੈਕ ਕਰਨਾ ਮੁਸ਼ਕਿਲ ਸੀ। ਇਸ ਤੋਂ ਪਹਿਲਾਂ ਅੰਮ੍ਰਿਤਪਾਲ ਸਿੰਘ ਨੇ ਆਪਣੀ ਨਜ਼ਰਬੰਦੀ ਨੂੰ ਗੈਰ-ਕਾਨੂੰਨੀ ਦੱਸਿਆ ਸੀ। ਉਨ੍ਹਾਂ ਦੇ ਵਕੀਲਾਂ ਦੀ ਦਲੀਲ ਹੈ ਕਿ ਸਰਕਾਰ ਕੋਲ ਉਨ੍ਹਾਂ ਵਿਰੁੱਧ ਕੋਈ ਪੁਖਤਾ ਸਬੂਤ ਨਹੀਂ ਹਨ ਅਤੇ ਅਪਰੈਲ 2023 ਤੋਂ ਉਨ੍ਹਾਂ ਨੂੰ ਬਿਨਾਂ ਵਜ੍ਹਾ ਕੈਦ ਵਿੱਚ ਰੱਖਣਾ ਸੰਵਿਧਾਨਕ ਹੱਕਾਂ ਦੀ ਉਲੰਘਣਾ ਹੈ।

## 'ਨਸ਼ੇ ਲੈਣਾ ਜ਼ੋਮੈਟੋ ਤੋਂ ਖਾਣਾ ਮੰਗਵਾਉਣ ਵਾਂਗ'

### ਪੰਜਾਬ ਪੁਲਿਸ ਕਾਂਸਟੇਬਲ ਦਾ ਆਪਣੇ ਨੌਜਵਾਨ ਪੁੱਤਰ ਦੀ ਮੌਤ 'ਤੇ ਦਰਦ ਝਲਕਿਆ

ਚੜ੍ਹਦੀਕਲਾ ਬਿਊਰੋ

ਅੰਮ੍ਰਿਤਸਰ, 18 ਫਰਵਰੀ : ਪੰਜਾਬ ਦੇ ਅੰਮ੍ਰਿਤਸਰ ਵਿੱਚ ਇੱਕ ਘਟਨਾ ਨੇ ਨਸ਼ੇ ਦੀ ਦੁਰਵਰਤੋਂ ਦੇ ਮੁੱਦੇ ਨੂੰ ਦੁਬਾਰਾ ਸੁਰਖੀਆਂ ਵਿੱਚ ਲਿਆ ਦਿੱਤਾ ਹੈ। 26 ਸਾਲਾ ਆਕਾਸ਼ ਸੈਣੀ ਦੀ ਮੌਤ ਤੋਂ ਬਾਅਦ, ਉਸਦੇ ਪਿਤਾ, ਹੈੱਡ ਕਾਂਸਟੇਬਲ ਅਸ਼ੋਕ ਕੁਮਾਰ ਸੈਣੀ ਦਾ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਗਿਆ। ਵੀਡੀਓ ਵਿੱਚ, ਉਹ ਆਪਣੇ ਪੁੱਤਰ ਦੀ ਲਾਸ਼ ਦੇ ਕੋਲ ਸੜਕ 'ਤੇ ਬੈਠਾ ਹੋਇਆ ਦਾਅਵਾ ਕਰਦਾ ਦਿਖਾਈ ਦੇ ਰਿਹਾ ਸੀ ਕਿ ਉਸਦੇ ਪੁੱਤਰ ਦੀ ਮੌਤ ਨਸ਼ੇ ਦੀ ਦੁਰਵਰਤੋਂ ਨਾਲ ਹੋਈ ਹੈ। ਉਸਨੇ ਆਪਣੇ ਇਲਾਕੇ, ਗੁਰੂ ਨਾਨਕਪੁਰਾ ਵਿੱਚ ਨਸ਼ਿਆਂ ਦੀ 'ਖੁੱਲ੍ਹੇਆਮ ਵਿਕਰੀ' ਦਾ ਵੀ ਦੋਸ਼ ਲਗਾਇਆ।



ਹਾਲਾਂਕਿ, 24 ਘੰਟਿਆਂ ਦੇ ਅੰਦਰ, ਅੰਮ੍ਰਿਤਸਰ ਪੁਲਿਸ ਨੇ ਇੱਕ ਹੋਰ ਵੀਡੀਓ ਜਾਰੀ ਕੀਤਾ ਜਿਸ ਵਿੱਚ ਸੈਣੀ ਆਪਣਾ ਬਿਆਨ ਵਾਪਸ ਲੈਂਦੇ ਦਿਖਾਈ ਦਿੱਤੇ। ਪੁਲਿਸ ਨੇ ਇਸਨੂੰ 'ਤੱਥਾਂ ਦੀ ਜਾਂਚ' ਦੱਸਿਆ। ਪਰ ਗੁਰੂ ਨਾਨਕਪੁਰਾ ਇਲਾਕੇ ਦੇ ਵਸਨੀਕਾਂ ਦਾ ਕਹਿਣਾ ਹੈ ਕਿ ਸੱਚਾਈ ਕਿਸੇ ਤੋਂ ਲੁਕੀ ਨਹੀਂ ਹੈ। ਇਹ ਇਲਾਕਾ ਹਰਿਮੰਦਰ ਸਾਹਿਬ ਤੋਂ ਲਗਭਗ 7 ਕਿਲੋਮੀਟਰ ਦੂਰ ਹੈ, ਅਤੇ ਇੱਥੇ ਨਸ਼ੇ ਦੀ ਸਮੱਸਿਆ ਲੰਬੇ ਸਮੇਂ ਤੋਂ ਚਰਚਾ ਦਾ ਵਿਸ਼ਾ ਰਹੀ ਹੈ।

ਹੈੱਡ ਕਾਂਸਟੇਬਲ ਸੈਣੀ ਦਾ ਕਹਿਣਾ ਹੈ ਕਿ ਉਸਦੇ ਪੁੱਤਰ ਲਈ, ਨਸ਼ੇ ਲੈਣਾ 'ਘਰ ਵਿੱਚ ਖਾਣਾ ਮੰਗਵਾਉਣ ਵਰਗਾ' ਸੀ। ਉਸਦੇ ਅਨੁਸਾਰ, ਨਸ਼ੇ ਇੱਕ ਫੋਨ ਕਾਲ ਨਾਲ ਆਸਾਨੀ ਨਾਲ ਮਿਲ ਜਾਂਦੇ ਹਨ।ਆਮ ਆਦਮੀ ਪਾਰਟੀ ਦੇ ਨੇਤਾ ਸ਼ਮਸ਼ੇਰ ਸਿੰਘ ਸੰਧੂ, ਜੋ ਕਿ ਉਸੇ ਇਲਾਕੇ ਵਿੱਚ ਰਹਿੰਦੇ ਹਨ, ਵੀ ਇਸ ਸਮੱਸਿਆ ਨੂੰ ਸਵੀਕਾਰ ਕਰਦੇ ਹਨ। ਉਸਦੀ ਪਤਨੀ ਇੱਕ ਸਥਾਨਕ ਕੌਂਸਲਰ ਹੈ। ਸੰਧੂ ਦਾ ਕਹਿਣਾ ਹੈ ਕਿ ਪਿਛਲੇ ਡੇਢ ਸਾਲ ਵਿੱਚ, ਉਸਨੇ ਲਗਭਗ 22 ਨੌਜਵਾਨਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖਲ ਕਰਵਾਇਆ ਹੈ, ਪਰ ਜਿਵੇਂ ਹੀ ਉਹ ਬਾਹਰ ਆਏ, ਉਹ ਦੁਬਾਰਾ ਨਸ਼ੇ ਵਿੱਚ ਪੈ ਗਏ। ਉਹ ਕਹਿੰਦਾ ਹੈ ਕਿ ਜ਼ਿਆਦਾਤਰ ਪੀੜਤ ਗਰੀਬ ਪਰਿਵਾਰਾਂ ਤੋਂ ਹਨ ਅਤੇ ਉਨ੍ਹਾਂ ਨੂੰ ਇਹ ਸਮਝਾਉਣਾ ਮੁਸ਼ਕਿਲ ਹੈ ਕਿ ਨਸ਼ਾ ਕਿੰਨਾ ਖਤਰਨਾਕ ਹੈ। ਆਕਾਸ਼ ਸੈਣੀ ਦੇ ਪਿਤਾ ਉਸਨੂੰ ਪੜ੍ਹਾਈ ਅਤੇ ਖੇਡਾਂ ਦੋਵਾਂ ਵਿੱਚ ਇੱਕ ਹੁਸ਼ਿਆਰ ਵਿਦਿਆਰਥੀ ਦੱਸਦੇ ਹਨ। ਉਹ ਖਾਲਸਾ ਸਕੂਲ ਅਤੇ ਖਾਲਸਾ ਕਾਲਜ ਵਿੱਚ ਫੁੱਟਬਾਲ ਖੇਡਦਾ ਸੀ। ਬਾਅਦ ਵਿੱਚ ਉਸਨੇ ਪਹਿਲੀ ਸ਼੍ਰੇਣੀ ਦੀ ਡਿਗਰੀ ਦੇ ਨਾਲ ਹੋਟਲ ਮੈਨੇਜਮੈਂਟ ਵਿੱਚ ਆਪਣੀ ਬੀ.ਐਸ.ਸੀ. ਪੂਰੀ ਕੀਤੀ। ਉਸਦੇ ਪਿਤਾ ਦੇ ਅਨੁਸਾਰ, ਉਹ ਆਪਣੇ ਕਰੀਅਰ 'ਤੇ ਕੇਂਦ੍ਰਿਤ ਇੱਕ ਹੋਣਹਾਰ ਨੌਜਵਾਨ ਸੀ। (ਬਾਕੀ ਸਫਾ 2 'ਤੇ)

### ਮਾਲਕ ਅਤੇ ਮੁਲਾਜ਼ਮ ਦੇ ਝਗੜੇ 'ਚ ਬਾਹਰੀ ਬੰਦਾ ਦਖ਼ਲ ਨਹੀਂ ਦੇ ਸਕਦਾ: ਹਾਈ ਕੋਰਟ

ਚੰਡੀਗੜ੍ਹ, 18 ਫਰਵਰੀ (ਚ.ਨ.ਸ.):ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸਾਫ਼ ਕਰ ਦਿੱਤਾ ਹੈ ਕਿ ਜੇਕਰ ਮਾਲਕ ਅਤੇ ਕਰਮਚਾਰੀ ਵਿਚਾਲੇ ਕੋਈ ਵਿਵਾਦ ਹੁੰਦਾ ਹੈ ਤਾਂ ਕੋਈ ਤੀਜੀ ਧਿਰ (ਜਿਵੇਂ ਕਿ ਸ਼ਿਕਾਇਤਕਰਤਾ ਜਾਂ ਵ੍ਹਿਸਲਬਲੋਅਰ) ਉਸ ਮਾਮਲੇ ਵਿੱਚ ਅਦਾਲਤ ਵਿੱਚ ਦਖਲ ਨਹੀਂ ਦੇ ਸਕਦਾ। ਜਸਟਿਸ ਹਰਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਭਾਵੇਂ ਕਿਸੇ ਨੇ ਗੜਬੜੀਆਂ ਦਾ ਪਰਦਾਫਾਸ਼ ਹੀ ਕਿਉਂ ਨਾ ਕੀਤਾ ਹੋਵੇ, ਪਰ ਉਹ ਅਦਾਲਤ ਵਿੱਚ ਉਦੋਂ ਤੱਕ ਸ਼ਾਮਲ ਨਹੀਂ ਹੋ ਸਕਦਾ ਜਦੋਂ ਤੱਕ ਉਸ ਦਾ ਆਪਣਾ ਕੋਈ ਨਿੱਜੀ ਕਾਨੂੰਨੀ ਨੁਕਸਾਨ ਨਾ ਹੋਇਆ ਹੋਵੇ। ਅਦਾਲਤ ਮੁਤਾਬਕ ਨੌਕਰੀ ਨਾਲ ਜੁੜੇ ਮਾਮਲੇ ਨਿੱਜੀ ਅਤੇ ਵਿਅਕਤੀਗਤ ਹੁੰਦੇ ਹਨ। (ਬਾਕੀ ਸਫਾ 2 'ਤੇ)

## ਪੰਜਾਬ ਸਰਕਾਰ ਦਾ ਬਜਟ ਸੈਸ਼ਨ ਮਾਰਚ ਦੇ ਪਹਿਲੇ ਹਫ਼ਤੇ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 18 ਫਰਵਰੀ: 'ਆਪ' ਸਰਕਾਰ ਮਾਰਚ ਦੇ ਪਹਿਲੇ ਹਫ਼ਤੇ ਬਜਟ ਸੈਸ਼ਨ ਬੁਲਾਏਗੀ ਜੋ ਮੌਜੂਦਾ ਸਰਕਾਰ ਦਾ ਆਖ਼ਰੀ ਬਜਟ ਸੈਸ਼ਨ ਹੋਵੇਗਾ। ਪਿਛਲੇ ਸਾਲ 'ਆਪ' ਸਰਕਾਰ ਦਾ ਚੌਥਾ ਬਜਟ ਸੈਸ਼ਨ 21 ਤੋਂ 28 ਮਾਰਚ ਤੱਕ ਚੱਲਿਆ ਸੀ ਅਤੇ 26 ਮਾਰਚ ਨੂੰ ਬਜਟ ਪੇਸ਼ ਹੋਇਆ ਸੀ। ਅਧਿਕਾਰਤ ਸੂਤਰਾਂ ਅਨੁਸਾਰ ਹੁਣ ਪੰਜਾਬ ਸਰਕਾਰ 6 ਮਾਰਚ ਦੇ ਨੇੜੇ-ਤੇੜੇ ਬਜਟ ਸੈਸ਼ਨ ਸੱਦਣ ਦੇ ਰੌਂਅ 'ਚ ਹੈ। ਪੰਜਾਬ ਕੈਬਨਿਟ ਵੱਲੋਂ ਬਜਟ ਸੈਸ਼ਨ ਬਾਰੇ ਆਖ਼ਰੀ ਫ਼ੈਸਲਾ ਅਜੇ ਕੀਤਾ ਜਾਣਾ ਹੈ। ਮੌਜੂਦਾ ਸਰਕਾਰ ਦਾ ਆਖ਼ਰੀ ਬਜਟ ਹੋਣ ਕਰ ਕੇ ਇਸ 'ਤੇ ਚੋਣਾਂ ਦਾ ਪਰਛਾਵਾਂ ਵੀ ਦੇਖਣ ਨੂੰ ਮਿਲੇਗਾ। ਪੰਜਾਬ ਸਰਕਾਰ ਸਾਲ 2026-27 ਦੇ ਬਜਟ 'ਚ ਹਰ ਵਰਗ ਨੂੰ ਖ਼ੁਸ਼ ਕਰਨ ਦਾ ਯਤਨ ਕਰੇਗੀ। ਸਭ ਤੋਂ ਅਹਿਮ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਰ ਔਰਤ ਨੂੰ ਇੱਕ ਹਜ਼ਾਰ ਰੁਪਏ ਮਹੀਨਾ ਮਾਣਭੱਤਾ ਜਾਰੀ ਕਰਨਾ ਹੈ।

**'ਆਪ' ਸਰਕਾਰ ਦੇ ਆਖ਼ਰੀ ਬਜਟ 'ਤੇ ਦਿਸੇਗਾ ਚੋਣਾਂ ਦਾ ਪਰਛਾਵਾਂ**

ਪਤਾ ਲੱਗਾ ਹੈ ਕਿ ਸਰਕਾਰੀ ਜ਼ਮੀਨਾਂ ਤੇ ਜਾਇਦਾਦਾਂ ਦੀ ਸਫਲ ਨਿਲਾਮੀ ਨਾਲ ਇਕੱਠਾ ਕੀਤਾ ਮਾਲੀਆ ਇਸ ਯੋਜਨਾ ਲਈ ਵਰਤਿਆ ਜਾਣਾ ਹੈ। ਸੂਤਰਾਂ ਅਨੁਸਾਰ ਪੰਜਾਬ ਸਰਕਾਰ ਨੇ ਇਨ੍ਹਾਂ ਨਿਲਾਮੀਆਂ ਰਾਹੀਂ ਕਰੀਬ ਚਾਰ ਹਜ਼ਾਰ ਕਰੋੜ ਦੇ ਫ਼ੰਡ ਇਕੱਤਰ ਕੀਤੇ ਹਨ। ਸ਼ੁਰੂਆਤੀ ਅਨੁਮਾਨਾਂ ਅਨੁਸਾਰ 18 ਸਾਲ ਤੋਂ ਉਪਰ ਦੀਆਂ ਔਰਤਾਂ ਨੂੰ ਮਾਣ-ਭੱਤਾ ਦਿੱਤੇ ਜਾਣ ਦੀ ਸੰਭਾਵਨਾ ਹੈ ਜਿਸ ਵਾਸਤੇ ਪ੍ਰਤੀ ਮਹੀਨਾ ਇੱਕ ਹਜ਼ਾਰ ਤੋਂ 1300 ਕਰੋੜ ਰੁਪਏ ਦੀ ਲੋੜ (ਬਾਕੀ ਸਫਾ 2 'ਤੇ)

# ਗਿ. ਰਘਬੀਰ ਸਿੰਘ ਦੇ ਖ਼ੁਲਾਸਿਆਂ ਨੇ ਸਿੱਖ ਜਗਤ ਅੱਗੇ ਖੜ੍ਹੇ ਕੀਤੇ ਅਹਿਮ ਸਵਾਲ: ਬੈਂਸ

ਚੰਡੀਗੜ੍ਹ, 18 ਫਰਵਰੀ (ਅੰਮ੍ਰਿਤਪਾਲ ਸਿੰਘ) : ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜੱਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਲਗਾਏ ਗਏ ਦੋਸ਼ ਬੇਹੱਦ ਸਨਸਨੀਖੇਜ਼ ਹਨ। ਬੈਂਸ ਨੇ ਕਿਹਾ ਕਿ ਇਹ ਸਿਰਫ਼ ਦੋਸ਼ ਨਹੀਂ, ਸਗੋਂ ਸਿੱਖਾਂ ਦੀ ਸਰਵਉੱਚ ਸੰਸਥਾ ਦੇ ਪਤਨ ਦਾ ਜਿਉਂਦਾ-ਜਾਗਦਾ ਸਬੂਤ ਹਨ, ਜਿਸ ਨੂੰ ਹੁਣ ਇੱਕ ਖ਼ਾਸ ਪਰਿਵਾਰ ਦੀ ਨਿੱਜੀ ਜਾਗੀਰ ਬਣਾ ਦਿੱਤਾ ਗਿਆ ਹੈ।

ਹਰਜੋਤ ਬੈਂਸ ਨੇ ਕਿਹਾ ਕਿ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਗੁਰੂ ਘਰ ਦੀਆਂ ਜ਼ਮੀਨਾਂ ਵੇਚਣ ਅਤੇ ਬੇਸ਼ਕੀਮਤੀ ਧਾਰਮਿਕ ਗ੍ਰੰਥਾਂ ਦੇ ਗਾਇਬ ਹੋਣ ਵਰਗੇ ਜੋ ਖੁਲਾਸੇ ਕੀਤੇ ਗਏ ਹਨ, ਉਨ੍ਹਾਂ ਨੇ ਪੂਰੀ ਦੁਨੀਆਂ ਵਿੱਚ ਬੈਠੀ ਸਿੱਖ ਸੰਗਤ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਸ਼ਰਮਨਾਕ ਹੈ ਕਿ ਜਿਸ ਸੰਸਥਾ ਦਾ ਕੰਮ ਕੌਮ ਦੇ ਹਿੱਤਾਂ ਦੀ ਰਾਖੀ ਕਰਨਾ ਸੀ, ਉਹ ਅੱਜ ਸਿਰਫ਼ ਇੱਕ ਪਰਿਵਾਰ ਦੀ ਜੀ-ਹਜ਼ੂਰੀ ਅਤੇ ਉਨ੍ਹਾਂ ਦੇ ਸਿਆਸੀ ਹਿੱਤਾਂ ਨੂੰ ਪੂਰਾ ਕਰਨ ਦਾ ਅੱਡਾ ਬਣ ਕੇ ਰਹਿ ਗਈ ਹੈ।

ਮੰਤਰੀ ਬੈਂਸ ਨੇ ਕਿਹਾ ਕਿ ਜਦੋਂ ਕੋਈ ਆਮ ਵਿਅਕਤੀ ਨਹੀਂ, ਸਗੋਂ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਵਰਗੀ ਸਤਿਕਾਰਤ ਸ਼ਖ਼ਸੀਅਤ ਭ੍ਰਿਸ਼ਟਾਚਾਰ ਅਤੇ ਭਾਈ-ਭਤੀਜਾਵਾਦ 'ਤੇ ਸਵਾਲ ਉਠਾਉਂਦੀ ਹੈ, ਤਾਂ ਸਪੱਸ਼ਟ ਹੋ ਜਾਂਦਾ ਹੈ ਕਿ ਪਾਣੀ ਸਿਰ ਤੋਂ ਉੱਪਰ ਲੰਘ ਚੁੱਕਾ ਹੈ। ਉਨ੍ਹਾਂ ਕਿਹਾ ਕਿ ਐਸਜੀਪੀਸੀ ਅੱਜ ਸਿੱਖ ਕੌਮ ਦੀ ਆਵਾਜ਼ ਬਣਨ ਦੀ ਬਜਾਏ 'ਬਾਦਲ ਪਰਿਵਾਰ' ਦੇ ਰਿਮੋਟ ਕੰਟਰੋਲ ਨਾਲ ਚੱਲ ਰਹੀ ਹੈ। ਕੌਮ ਦੀ ਜਾਇਦਾਦ ਨੂੰ ਨਿੱਜੀ ਤਿਜੋਰੀਆਂ ਵਿੱਚ ਬਦਲਣ ਦੀਆਂ ਕੋਸ਼ਿਸ਼ਾਂ ਨੂੰ ਹੁਣ ਹੋਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਬੈਂਸ ਨੇ ਮੰਗ ਕੀਤੀ ਕਿ ਇਨ੍ਹਾਂ ਸਾਰੇ ਗੰਭੀਰ ਦੋਸ਼ਾਂ ਦੀ ਇੱਕ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਸੰਗਤ ਦੇ ਸਾਹਮਣੇ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਸਕੇ। ਉਨ੍ਹਾਂ ਮੰਗ ਕੀਤੀ ਕਿ ਐਸਜੀਪੀਸੀ ਨੂੰ ਇੱਕ ਪਰਿਵਾਰ ਦੇ ਕਬਜ਼ੇ ਤੋਂ ਮੁਕਤ ਕਰਵਾਇਆ ਜਾਣਾ ਚਾਹੀਦਾ ਹੈ ਤਾਂ ਜੋ ਇਹ ਸੰਸਥਾ ਮੁੜ ਆਪਣੇ ਗੌਰਵਮਈ ਇਤਿਹਾਸ ਦੇ ਅਨੁਸਾਰ ਪੂਰੀ ਸਿੱਖ ਕੌਮ ਦੀ ਭਲਾਈ ਲਈ ਕੰਮ ਕਰ ਸਕੇ।

# ਕਿਸਾਨਾਂ ਦੀ ਆਮਦਨ ਵਧਾਉਣ ਲਈ 1300 ਕਰੋੜ ਦੇ ਨਿਵੇਸ਼ ਨਾਲ ਪੰਜਾਬ ਨੂੰ ਬਾਗ਼ਬਾਨੀ ਦੇ ਖੇਤਰ 'ਚ ਮਿਲੇਗਾ ਵੱਡਾ ਹੁਲਾਰਾ : ਮੋਹਿੰਦਰ ਭਗਤ

ਚੰਡੀਗੜ੍ਹ, 18 ਫਰਵਰੀ (ਅੰਮ੍ਰਿਤਪਾਲ ਸਿੰਘ) : ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਪੰਜਾਬ ਲੱਗਭੱਗ 1300 ਕਰੋੜ ਰੁਪਏ ਦੇ ਪ੍ਰਸਤਾਵਿਤ ਨਿਵੇਸ਼ ਨਾਲ ਬਾਗਬਾਨੀ ਖੇਤਰ ਵਿੱਚ ਵੱਡੀ ਸਕਾਰਾਤਮਕ ਤਬਦੀਲੀ ਲਿਆਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਇਸ ਦੇ ਨਾਲ ਜਿੱਥੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ, ਉੱਥੇ ਨਵੇਂ ਨਿਰਯਾਤ ਮੌਕਿਆਂ ਲਈ ਵੀ ਰਾਹ ਪੱਧਰਾ ਹੋਵੇਗਾ।

ਅੱਜ ਇੱਥੋਂ ਜਾਰੀ ਪ੍ਰੈੱਸ ਬਿਆਨ ਵਿੱਚ ਮੰਤਰੀ ਨੇ ਮਹਾਰਾਸ਼ਟਰ ਦੇ ਨਾਸਿਕ ਵਿੱਚ ਸਹਿਯਾਦਰੀ ਕਿਸਾਨ ਉਤਪਾਦਕ ਕੰਪਨੀ ਲਿਮਟਿਡ ਦੇ ਆਪਣੇ ਹਾਲੀਆ ਦੌਰੇ ਦੇ ਨਤੀਜੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਪੰਜਾਬ ਮਹਾਰਾਸ਼ਟਰ ਬਾਗਬਾਨੀ ਮਾਡਲ ਦੇ ਸਫ਼ਲ ਅਭਿਆਸਾਂ ਨੂੰ ਅਪਣਾਏਗਾ ਤਾਂ ਜੋ ਸੂਬੇ ਦੇ ਕਿਸਾਨ ਸੰਗਠਿਤ ਖੇਤੀ, ਪ੍ਰੋਸੈਸਿੰਗ ਅਤੇ ਬਿਹਤਰ ਮਾਰਕੀਟ ਲਿੰਕੇਜ ਰਾਹੀਂ ਵੱਧ ਮੁਨਾਫ਼ਾ ਕਮਾ ਸਕਣ। ਉਨ੍ਹਾਂ ਦੱਸਿਆ ਕਿ ਸਿਖਲਾਈ ਅਤੇ ਸੰਸਥਾਗਤ ਸਹਾਇਤਾ ਰਾਹੀਂ ਪੰਜਾਬ ਵਿੱਚ ਕਿਸਾਨ ਉਤਪਾਦਕ ਸੰਗਠਨਾਂ (ਐਫ.ਪੀ.ਓ.) ਨੂੰ ਮਜ਼ਬੂਤ ਕਰਨ ਲਈ ਸਹਿਯਾਦਰੀ ਨਾਲ ਸਮਝੌਤਾ 'ਤੇ ਵੀ ਹਸਤਾਖਰ ਕੀਤੇ ਗਏ ਹਨ।

ਸ੍ਰੀ ਭਗਤ ਨੇ ਕਿਹਾ ਕਿ ਉਨ੍ਹਾਂ ਦਾ ਇਹ ਦੌਰਾ ਬਹੁਤ ਸਫ਼ਲ ਰਿਹਾ ਕਿਉਂਕਿ ਵਫ਼ਦ ਨੇ ਇਸ ਦੌਰਾਨ ਅਧਿਐਨ ਕੀਤਾ ਕਿ ਕਿਸਾਨ



ਉਤਪਾਦਨ, ਗਰੇਡਿੰਗ, ਪੈਕੇਜਿੰਗ, ਪ੍ਰੋਸੈਸਿੰਗ ਅਤੇ ਨਿਰਯਾਤ ਨੂੰ ਬਿਹਤਰ ਬਣਾਉਣ ਲਈ ਐਫ਼ਪੀਓਜ਼ ਰਾਹੀਂ ਕਿਵੇਂ ਇਕੱਠੇ ਕੰਮ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸਮੇਂ ਸਹਿਯਾਦਰੀ 30,000 ਏਕੜ ਤੋਂ ਵੱਧ ਰਕਬੇ ਵਿੱਚ ਹਜ਼ਾਰਾਂ ਕਿਸਾਨਾਂ ਨਾਲ ਕੰਮ ਕਰ ਰਿਹਾ ਹੈ ਅਤੇ 42 ਦੇਸ਼ਾਂ ਨੂੰ ਫਲ ਅਤੇ ਸਬਜ਼ੀਆਂ ਦਾ ਨਿਰਯਾਤ ਕਰ ਰਿਹਾ ਹੈ।

ਮੰਤਰੀ ਨੇ ਕਿਹਾ ਕਿ ਵਫ਼ਦ ਨੇ ਆਧੁਨਿਕ ਪੈਕਹਾਊਸਾਂ, ਪ੍ਰੋਸੈਸਿੰਗ ਯੂਨਿਟਾਂ, ਖੋਜ ਫਾਰਮਾਂ ਅਤੇ ਸਿਖਲਾਈ ਕੇਂਦਰਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਕਿਸਾਨਾਂ ਅਤੇ ਮਾਹਰਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨ ਵੀ ਮਹਾਰਾਸ਼ਟਰ ਵਾਂਗ ਵਿਗਿਆਨਕ ਫਸਲ ਯੋਜਨਾਬੰਦੀ, ਬਿਹਤਰ ਗੁਣਵੱਤਾ ਨਿਯੰਤਰਣ ਅਤੇ ਮਜ਼ਬੂਤ ਬਾਜ਼ਾਰ ਸੰਪਰਕਾਂ ਤੋਂ ਲਾਭ ਲੈ ਸਕਦੇ ਹਨ।

ਸਮਝੌਤੇ ਬਾਰੇ ਦੱਸਦਿਆਂ ਮੰਤਰੀ ਨੇ ਕਿਹਾ ਕਿ ਇਹ ਪੰਜਾਬ ਵਿੱਚ ਮਜ਼ਬੂਤ ਕਿਸਾਨ ਸਮੂਹ ਬਣਾਉਣ, ਸਿਖਲਾਈ, ਤਕਨਾਲੋਜੀ ਸਹਾਇਤਾ ਅਤੇ ਮਾਰਗਦਰਸ਼ਨ ਪ੍ਰਦਾਨ ਕਰਨ ਵਿੱਚ ਮੱਦਦ ਕਰੇਗਾ ਤਾਂ ਜੋ ਕਿਸਾਨ ਸਮੂਹਿਕ ਤੌਰ 'ਤੇ ਕੰਮ ਕਰਕੇ ਲਾਭ ਲੈ ਸਕਣ ਅਤੇ ਆਪਣੇ ਉਤਪਾਦਨ ਦੀਆਂ ਬਿਹਤਰ ਕੀਮਤਾਂ ਪ੍ਰਾਪਤ ਕਰ ਸਕਣ।

ਸ੍ਰੀ ਭਗਤ ਕਿਹਾ ਕਿ ਪੰਜਾਬ ਸਰਕਾਰ ਬਾਗਬਾਨੀ ਖੇਤਰ ਵਿੱਚ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ, ਫਸਲਾਂ ਦੇ ਮੁੱਲ ਵਿੱਚ ਵਾਧਾ ਕਰਨ ਅਤੇ ਕਿਸਾਨਾਂ ਲਈ ਟਿਕਾਊ ਆਮਦਨ ਦੇ ਮੌਕੇ ਪੈਦਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੂਰੇ ਦੇਸ਼ ਵਿੱਚ ਇੱਕ ਮੋਹਰੀ ਬਾਗਬਾਨੀ ਹੱਬ ਵਜੋਂ ਉਭਰਨ ਲਈ ਸਮਰੱਥ ਹੈ।

ਇਸ ਮੌਕੇ ਕਮਿਸ਼ਨਰ (ਖੇਤੀਬਾੜੀ) ਬਬੀਤਾ ਕਲੇਰ, ਡਾਇਰੈਕਟਰ ਬਾਗਬਾਨੀ ਸ਼ੈਲੇਂਦਰ ਕੌਰ, ਡਿਪਟੀ ਡਾਇਰੈਕਟਰ (ਬਾਗਬਾਨੀ) ਹਰਪ੍ਰੀਤ ਸਿੰਘ ਸੇਠੀ, ਸਹਾਇਕ ਡਾਇਰੈਕਟਰ (ਬਾਗਬਾਨੀ) ਰੁਪਿੰਦਰ ਕੌਰ, ਸਹਾਇਕ ਡਾਇਰੈਕਟਰ (ਬਾਗਬਾਨੀ) ਬਲਵਿੰਦਰਜੀਤ ਕੌਰ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## ਪਹਿਲੇ ਸਫ਼ੇ ਦੀ ਬਾਕੀ

### 328 ਪਾਵਨ ਸਰੂਪਾਂ ਦੇ ਗੁੰਮ ਹੋਣ ਦੇ

ਸੁਪਰਵਾਈਜ਼ਰ ਗੁਰਮੁੱਖ ਸਿੰਘ ਅਤੇ ਸਾਬਕਾ ਕਲਰਕ ਬਾਜ਼ ਸਿੰਘ ਸ਼ਾਮਲ ਹਨ। ਅੰਮ੍ਰਿਤਸਰ ਦੀ ਅਦਾਲਤ ਨੇ ਦਸੰਬਰ 2025 'ਚ ਉਨ੍ਹਾਂ ਦੀ ਜ਼ਮਾਨਤ ਪਟੀਸ਼ਨ ਖਾਰਜ ਕਰ ਦਿੱਤੀ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਹਾਈ ਕੋਰਟ ਦਾ ਦਰਵਾਜ਼ਾ ਖਟਖਟਾਇਆ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਕੀਤੇ ਗਏ ਪੈਨਲ ਨੇ ਕਿਹਾ ਸੀ ਕਿ ਸਾਲ 2013-14 ਅਤੇ 2014-15 ਦੇ ਖਾਤਿਆਂ ਦੇ ਰਜਿਸਟਰਾਂ ਦੀ ਪੜਤਾਲ ਕਰਨ ਤੋਂ ਬਾਅਦ ਸ਼੍ਰੋਮਣੀ ਕਮੇਟੀ ਦੇ ਕਬਜ਼ੇ ਵਿਚੋਂ 328 ਸਰੂਪ ਗਾਇਬ ਪਾਏ ਗਏ ਸਨ। ਇਹ ਦੋਸ਼ ਲਗਾਇਆ ਗਿਆ ਹੈ ਕਿ ਇਨ੍ਹਾਂ 'ਸਰੂਪਾਂ' ਦੀ ਅਣਅਧਿਕਾਰਤ ਛਪਾਈ ਕੀਤੀ ਗਈ, ਵੰਡਿਆ ਗਿਆ, ਗਾਇਬ ਕੀਤਾ ਗਿਆ ਅਤੇ ਦੁਰਵਰਤੋਂ ਕੀਤੀ ਗਈ ਅਤੇ ਲੱਗਭੱਗ 9.82 ਲੱਖ ਰੁਪਏ ਦੀ 'ਭੇਟਾ' ਰਕਮ ਦੀ ਦੁਰਵਰਤੋਂ ਵੀ ਕੀਤੀ ਗਈ। ਇਸੇ ਮਾਮਲੇ 'ਚ, ਤਿੰਨਾਂ ਕਰਮਚਾਰੀਆਂ ਨੂੰ 2020 ਵਿਚ ਬਰਖਾਸਤ ਕਰ ਦਿੱਤਾ ਗਿਆ ਸੀ। ਹਾਈ ਕੋਰਟ ਨੇ ਇਸ ਆਧਾਰ ਉੱਤੇ ਅੰਤਰਿਮ ਜ਼ਮਾਨਤ ਦੇ ਦਿੱਤੀ ਕਿ ਗਬਨ ਦੇ ਦੋਸ਼ ਅਜੇ ਤਕ ਸਪੱਸ਼ਟ ਤੌਰ ਉੱਤੇ ਸਥਾਪਤ ਨਹੀਂ ਹੋਏ ਹਨ। ਅਦਾਲਤ ਨੇ ਇਹ ਵੀ ਕਿਹਾ ਕਿ ਇੰਨੀ ਲੰਬੀ ਦੇਰੀ ਤੋਂ ਬਾਅਦ ਐਫ.ਆਈ.ਆਰ. ਦਰਜ ਕਰਨ ਦੀ ਉਚਿਤਤਾ ਉੱਤੇ ਪ੍ਰਸ਼ਨ ਚਿੰਨ੍ਹ ਜਾਪਦਾ ਹੈ। ਤਿੰਨੋਂ ਮੁਲਜ਼ਮ ਹੁਣ ਤਕ ਗ੍ਰਿਫਤਾਰੀ ਤੋਂ ਬਚ ਰਹੇ ਸਨ ਪਰ ਹੁਣ ਉਨ੍ਹਾਂ ਨੇ ਐਸ.ਆਈ.ਟੀ. ਦੇ ਸਾਹਮਣੇ ਪੇਸ਼ ਹੋਣ ਅਤੇ ਜਾਂਚ ਵਿਚ ਸਹਿਯੋਗ ਕਰਨ ਦਾ ਫੈਸਲਾ ਕੀਤਾ ਹੈ।

### ਪੰਜਾਬ ਮੰਤਰੀ ਮੰਡਲ 'ਚ ਫੇਰਬਦਲ

ਭੂਮਿਕਾ ਆਉਣ ਵਾਲੇ ਦਿਨਾਂ ਵਿੱਚ ਤਸਵੀਰ ਸਾਫ਼ ਹੋ ਸਕਦੀ ਹੈ। ਜਾਣਕਾਰੀ ਅਨੁਸਾਰ, ਪਿਛਲੇ ਕੁਝ ਦਿਨਾਂ ਤੋਂ ਪੰਜਾਬ ਵਿੱਚ ਕੈਬਨਿਟ ਫੇਰਬਦਲ ਅਤੇ ਵਿਸਥਾਰ ਦੀਆਂ ਚਰਚਾਵਾਂ ਤੇਜ਼ ਹਨ। ਇੱਥੋਂ ਤੱਕ ਕਿ ਇੱਕ ਦਲਿਤ ਉਪ-ਮੁੱਖ ਮੰਤਰੀ ਬਣਾਏ ਜਾਣ ਦੀਆਂ ਅਟਕਲਾਂ ਵੀ ਲਗਾਈਆਂ ਜਾ ਰਹੀਆਂ ਹਨ। ਇਨ੍ਹਾਂ ਚਰਚਾਵਾਂ ਦੇ ਵਿਚਕਾਰ ਮੰਗਲਵਾਰ ਸਵੇਰੇ ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਹਰਦੀਪ ਸਿੰਘ ਮੁੰਡੀਆਂ ਅਤੇ ਮੋਹਿੰਦਰ ਭਗਤ ਨੂੰ ਦਿੱਲੀ ਪਹੁੰਚਣ ਦੇ ਨਿਰਦੇਸ਼ ਦਿੱਤੇ ਗਏ ਸਨ। ਇਨ੍ਹਾਂ ਤਿੰਨਾਂ ਮੰਤਰੀਆਂ ਦੇ ਨਾਲ ਵਿਧਾਇਕ ਪ੍ਰੋ.ਬਲਜਿੰਦਰ ਕੌਰ ਵੀ ਦਿੱਲੀ ਵਿੱਚ ਮੌਜੂਦ ਸਨ।

### ਦੇਸ਼ ਦੇ 10 ਸੂਬਿਆਂ ਦੀਆਂ 37 ਰਾਜ ਸਭਾ ਸੀਟਾਂ 'ਤੇ

ਐਮ. ਥੰਬੀਦੁਰਾਈ (ਏ.ਆਈ.ਏ.ਡੀ.ਐਮ.ਕੇ.) ਅਤੇ ਤਿਰੂਚੀ ਸ਼ਿਵਾ (ਡੀ.ਐਮ.ਕੇ.) ਸ਼ਾਮਲ ਹਨ।

ਭਾਜਪਾ ਰਹੇ ਸਭ ਤੋਂ ਜ਼ਿਆਦਾ ਫ਼ਾਇਦੇ 'ਚ: ਭਾਰਤੀ ਜਨਤਾ ਪਾਰਟੀ (ਭਾਜਪਾ) 16 ਮਾਰਚ ਨੂੰ ਰਾਜ ਸਭਾ ਦੀਆਂ 37 ਸੀਟਾਂ ਉੱਤੇ ਹੋਣ ਜਾ ਰਹੀਆਂ ਚੋਣਾਂ 'ਚ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਸੰਸਦ ਦੇ ਉਪਰਲੇ ਸਦਨ 'ਚ ਤਾਕਤ ਸਭ ਤੋਂ ਜ਼ਿਆਦਾ ਵਧੇਗੀ। ਮਹਾਰਾਸ਼ਟਰ, ਉੜੀਸਾ, ਬਿਹਾਰ, ਛੱਤੀਸਗੜ੍ਹ, ਹਰਿਆਣਾ ਅਤੇ ਅਸਾਮ 'ਚ ਭਾਜਪਾ ਦੀਆਂ ਸਰਕਾਰਾਂ ਹਨ ਜਾਂ ਗਠਜੋੜ ਦੀ ਭਾਈਵਾਲ ਹੈ। ਇਸ ਨਾਲ ਪਾਰਟੀ ਨੂੰ ਉਪਰਲੇ ਸਦਨ ਵਿਚ ਨੰਬਰ ਪ੍ਰਾਪਤ ਕਰਨ ਵਿਚ ਮੱਦਦ ਮਿਲੇਗੀ। ਹਿਮਾਚਲ ਪ੍ਰਦੇਸ਼, ਤਾਮਿਲਨਾਡੂ, ਤੇਲੰਗਾਨਾ ਅਤੇ ਪਛਮੀ ਬੰਗਾਲ 'ਚ ਵਿਰੋਧੀ ਪਾਰਟੀਆਂ ਆਪੋ-ਅਪਣੇ ਸੂਬਿਆਂ ਦੀਆਂ ਸਰਕਾਰਾਂ ਚਲਾਉਂਦੀਆਂ ਹਨ। ਮਹਾਰਾਸ਼ਟਰ 'ਚ ਜੇਕਰ ਵਿਰੋਧੀ ਧਿਰ ਐਮ.ਵੀ.ਏ. ਇਕਜੁੱਟ ਹੋ ਕੇ ਮੁਕਾਬਲਾ ਕਰਦੀ ਹੈ ਤਾਂ ਉਹ ਰਾਜ ਸਭਾ 'ਚ ਇਕ ਉਮੀਦਵਾਰ ਭੇਜ ਸਕਦੀ ਹੈ। ਸੂਬੇ ਵਿਚ ਸੱਤ ਸੀਟਾਂ ਖਾਲੀ ਹੋ ਰਹੀਆਂ ਹਨ।

### ਬਲਵੰਤ ਸਿੰਘ ਰਾਜੋਆਣਾ ਦੀ ਅਪੀਲ

ਘੱਟ ਕਰਨ ਤੋਂ ਇਨਕਾਰ ਕਰ ਦਿੱਤਾ ਸੀ ਅਤੇ ਕਿਹਾ ਸੀ ਕਿ ਸਮਰੱਥ ਅਥਾਰਟੀ ਉਸਦੀ ਰਹਿਮ ਦੀ ਅਪੀਲ ਨਾਲ ਨਜਿੱਠ ਸਕਦੀ ਹੈ। ਆਪਣੀ ਨਵੀਂ ਪਟੀਸ਼ਨ ਵਿੱਚ, ਰਾਜੋਆਣਾ ਨੇ ਜੇਲ੍ਹ ਵਿੱਚ 28.8 ਸਾਲ ਕੱਟਣ ਦਾ ਜ਼ਿਕਰ ਕੀਤਾ ਹੈ, ਜਿਸ ਵਿੱਚੋਂ ਉਸਨੇ 15 ਸਾਲਾਂ ਤੋਂ ਵੱਧ ਸਮਾਂ ਫਾਂਸੀ ਦੀ ਸਜ਼ਾ ਵਾਲੇ ਕੈਦੀ ਵਜੋਂ ਬਿਤਾਇਆ ਹੈ। ਉਸ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮਾਰਚ, 2012 ਵਿੱਚ ਉਸ ਦੀ ਤਰਫੋਂ ਧਾਰਾ 72 ਦੇ ਤਹਿਤ ਰਹਿਮ ਦੀ ਅਪੀਲ ਦਾਇਰ ਕੀਤੀ ਸੀ। ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਸਿਖਰਲੀ ਅਦਾਲਤ ਵੱਲੋਂ ਸਮਰੱਥ ਅਥਾਰਟੀ ਨੂੰ ਉਸਦੀ ਤਰਫੋਂ ਦਾਇਰ ਰਹਿਮ ਦੀ ਅਪੀਲ ਨਾਲ ਨਜਿੱਠਣ ਅਤੇ ਅਗਲਾ ਫੈਸਲਾ ਲੈਣ ਦੇ ਨਿਰਦੇਸ਼ ਦਿੱਤੇ ਜਾਣ ਨੂੰ ਇੱਕ ਸਾਲ ਤੋਂ ਵੱਧ ਦਾ ਸਮਾਂ ਬੀਤ ਚੁੱਕਾ ਹੈ। ਇਸ ਵਿੱਚ ਇੱਕ ਵੱਖਰੇ ਮਾਮਲੇ ਵਿੱਚ ਸਿਖਰਲੀ ਅਦਾਲਤ ਦੇ ਅਪਰੈਲ, 2023 ਦੇ ਹੁਕਮ ਦਾ ਹਵਾਲਾ ਦਿੱਤਾ ਗਿਆ ਹੈ ਜਿਸ ਵਿੱਚ ਅਦਾਲਤ ਨੇ ਸਾਰੇ ਰਾਜਾਂ ਅਤੇ ਉਚਿਤ ਅਧਿਕਾਰੀਆਂ ਨੂੰ ਲੰਬਿਤ ਰਹਿਮ ਦੀਆਂ ਅਪੀਲਾਂ ਦਾ ਜਲਦੀ ਤੋਂ ਜਲਦੀ ਅਤੇ ਬਿਨਾਂ ਕਿਸੇ ਬੇਲੋੜੀ ਦੇਰੀ ਦੇ ਫੈਸਲਾ ਕਰਨ ਦਾ ਨਿਰਦੇਸ਼ ਦਿੱਤਾ ਸੀ।

### ਏ.ਆਈ. ਇੰਪੈਕਟ ਸਮਿਟ 'ਚ ਚੀਨੀ ਉਤਪਾਦਾਂ

ਲਈ ਕਿਹਾ ਗਿਆ ਹੈ। ਗਾਂਧੀ ਨੇ ਕਾਂਗਰਸ ਦੀ ਇੱਕ ਪੋਸਟ ਨੂੰ ਵੀ ਟੈਗ ਕੀਤਾ ਜਿਸ ਵਿੱਚ ਦੋਸ਼ ਲਾਇਆ ਗਿਆ ਸੀ ਕਿ 'ਮੋਦੀ ਸਰਕਾਰ ਨੇ ਏ.ਆਈ. ਦੇ ਸਬੰਧ ਵਿੱਚ ਵਿਸ਼ਵ ਪੱਧਰ 'ਤੇ ਭਾਰਤ ਦਾ ਮਜ਼ਾਕ ਉਡਾਇਆ ਹੈ।' ਉਨ੍ਹਾਂ ਦੋਸ਼ ਲਾਇਆ ਕਿ ਚੱਲ ਰਹੀ ਏਆਈ ਸਮਿਟ ਵਿੱਚ ਚੀਨੀ ਰੋਬੋਟਾਂ ਨੂੰ ਸਾਡੇ ਆਪਣੇ ਦੱਸ ਕੇ ਪ੍ਰਦਰਸ਼ਿਤ ਕੀਤਾ ਜਾ ਰਿਹਾ ਹੈ। ਕਾਂਗਰਸ ਨੇ ਕਿਹਾ,'ਚੀਨੀ ਮੀਡੀਆ ਨੇ ਸਾਡਾ ਮਜ਼ਾਕ ਉਡਾਇਆ ਹੈ। ਇਹ ਭਾਰਤ ਲਈ ਸੱਚਮੁੱਚ ਸ਼ਰਮਨਾਕ ਹੈ। ਇਸ ਤੋਂ ਵੀ ਵੱਧ ਸ਼ਰਮਨਾਕ ਗੱਲ ਇਹ ਹੈ ਕਿ ਮੋਦੀ ਦੇ ਮੰਤਰੀ ਅਸ਼ਵਿਨੀ ਵੈਸ਼ਨਵ ਇਸੇ ਝੂਠ ਵਿੱਚ ਸ਼ਾਮਲ ਹਨ ਅਤੇ ਭਾਰਤੀ ਸੰਮੇਲਨ ਵਿੱਚ ਚੀਨ ਦੇ ਰੋਬੋਟਾਂ ਨੂੰ ਉਤਸ਼ਾਹਿਤ ਕਰ ਰਹੇ ਹਨ।' ਕਾਂਗਰਸ ਨੇ ਐਕਸ 'ਤੇ ਕਿਹਾ,'ਮੋਦੀ ਸਰਕਾਰ ਨੇ ਦੇਸ਼ ਦੇ ਅਕਸ ਨੂੰ ਨਾ ਪੂਰਾ ਹੋਣ ਵਾਲਾ ਨੁਕਸਾਨ ਪਹੁੰਚਾਇਆ ਹੈ- ਉਨ੍ਹਾਂ ਨੇ ਏ.ਆਈ. ਨੂੰ ਇੱਕ ਮਜ਼ਾਕ ਬਣਾ ਦਿੱਤਾ ਹੈ- ਇੱਕ ਅਜਿਹਾ ਖੇਤਰ ਜਿਸ ਵਿੱਚ ਅਸੀਂ ਆਪਣੇ ਡੇਟਾ ਦੀ ਤਾਕਤ ਦੇ ਮੱਦੇਨਜ਼ਰ ਵਿਸ਼ਵ ਲੀਡਰ ਬਣ ਸਕਦੇ ਸੀ। ਬਹੁਤ ਹੀ ਬੇਸ਼ਰਮੀ ਭਰਿਆ।'

### ਮਹਾਰਾਸ਼ਟਰ ਸਰਕਾਰ ਵੱਲੋਂ 5 ਫ਼ੀਸਦੀ ਮੁਸਲਿਮ

ਜਾਰੀ ਕਰਨ 'ਤੇ ਵੀ ਰੋਕ ਲਗਾ ਦਿੱਤੀ ਹੈ।

ਵਿਰੋਧੀ ਧਿਰ ਨੇ ਇਸ ਫੈਸਲੇ ਦੀ ਸਖ਼ਤ ਨਿਖੇਧੀ ਕਰਦਿਆਂ ਮਹਾਂਯੁਤੀ ਗੱਠਜੋੜ ਨੂੰ 'ਘੱਟ ਗਿਣਤੀ ਵਿਰੋਧੀ' ਕਰਾਰ ਦਿੱਤਾ ਹੈ। ਕਾਂਗਰਸ ਨੇਤਾ ਨਸੀਮ ਖਾਨ ਨੇ ਇਲਜ਼ਾਮ ਲਗਾਇਆ ਕਿ ਇਹ ਫੈਸਲਾ ਪੱਛੜੇ ਮੁਸਲਿਮ ਵਰਗਾਂ ਨੂੰ ਵਿਕਾਸ ਦੀ ਮੁੱਖ ਧਾਰਾ ਤੋਂ ਦੂਰ ਰੱਖਣ ਦੀ ਸਾਜ਼ਿਸ਼ ਹੈ।

ਦੂਜੇ ਪਾਸੇ, ਐਨ.ਸੀ.ਪੀ.(ਐਸਪੀ) ਦੇ ਬੁਲਾਰੇ ਨੇ ਕਿਹਾ ਕਿ ਇਹ ਕਦਮ ਸਾਬਤ ਕਰਦਾ ਹੈ ਕਿ ਭਾਜਪਾ ਆਪਣੇ ਸਹਿਯੋਗੀ ਮੁਸਲਿਮ ਨੇਤਾਵਾਂ ਦੀ ਵੀ ਕਦਰ ਨਹੀਂ ਕਰਦੀ।

ਵਿਰੋਧੀਆਂ ਦਾ ਕਹਿਣਾ ਹੈ ਕਿ ਜਦੋਂ ਬੰਬੇ ਹਾਈਕੋਰਟ ਨੇ ਸਿੱਖਿਆ ਵਿੱਚ 5 ਫੀਸਦ ਰਾਖਵੇਂਕਰਨ ਨੂੰ ਹਰੀ ਝੰਡੀ ਦਿੱਤੀ ਸੀ, ਤਾਂ ਸਰਕਾਰ ਨੇ ਇਸ ਨੂੰ ਜਾਣਬੁੱਝ ਕੇ ਲਾਗੂ ਨਹੀਂ ਕੀਤਾ।

### ਮੋਦੀ ਵੱਲੋਂ ਗੂਗਲ ਦੇ ਸੀ.ਈ.ਓ. ਸੁੰਦਰ ਪਿਚਾਈ

ਵਿਚ ਏ.ਆਈ. ਤੇਜ਼ੀ ਨਾਲ ਵਧ ਰਿਹਾ ਹੈ ਤੇ ਗੂਗਲ ਵਰਗੇ ਗਲੋਬਲ ਟੇਕ ਪਲੇਅਰਸ ਦੇ ਨਾਲ ਮਿਲ ਕੇ ਕੰਮ ਕਰਨ ਨਾਲ ਇਸ ਦੇ ਮੌਕੇ ਹੋਰ ਵਧਣਗੇ। ਮੋਦੀ ਨੇ ਆਪਣੇ 'ਐਕਸ' ਵਿਚ ਦੱਸਿਆ ਕਿ ਇਹ ਮੁਲਾਕਾਤ ਖੁਸ਼ੀ ਦਾ ਤਜਰਬਾ ਸੀ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਸੁੰਦਰ ਪਿਚਾਈ ਨਾਲ ਭਾਰਤ ਦੀ ਏ.ਆਈ. ਵਿਚ ਹੋ ਰਹੇ ਵਿਕਾਸ, ਭਾਰਤੀ ਸਟੂਡੈਂਟਸ ਤੇ ਪ੍ਰੋਫੈਸ਼ਨਲਸ ਦੇ ਟੇਲੈਂਟ ਦੇ ਗੂਗਲ ਦੇ ਨਾਲ ਅੱਗੇ ਕੰਮ ਕਰਨ ਦੇ ਮੌਕੇ 'ਤੇ ਗੱਲਬਾਤ ਕੀਤੀ। ਇਸੇ ਤਰ੍ਹਾਂ ਪੀ.ਐਮ. ਮੋਦੀ ਦੇ 'ਐਕਸ' ਪੋਸਟ ਮਗਰੋਂ ਗੂਗਲ ਸੀ.ਈ.ਓ. ਨੇ ਵੀ ਪੋਸਟ ਕੀਤਾ। ਸੁੰਦਰ ਪਿਚਾਈ ਨੇ ਕਿਹਾ ਕਿ ਪੀ.ਐਮ. ਮੋਦੀ ਨਾਲ ਮਿਲਣਾ ਇਕ ਚੰਗਾ ਤਜਰਬਾ ਸੀ। ਅਸੀਂ ਭਾਰਤ ਦੇ ਹੈਲਥ, ਐਗਰੀਕਲਚਰ ਤੇ ਲੈਂਗਵੇਜ ਸਪੋਰਟ ਲੈ ਕੇ ਦੂਜੇ ਸੈਕਟਰਸ ਵਿਚ ਏ.ਆਈ. 'ਤੇ ਗੱਲਬਾਤ ਕੀਤੀ ਹੈ।

### ਪ੍ਰਧਾਨ ਮੰਤਰੀ ਵੱਲੋਂ ਸਰਬੀਆ ਦੇ ਰਾਸ਼ਟਰਪਤੀ ਨਾਲ ਮੁਲਾਕਾਤ ਕਰਕੇ

ਬੁਨਿਆਦੀ ਢਾਂਚੇ ਵਰਗੇ ਖੇਤਰਾਂ ਵਿੱਚ ਸਾਂਝੇਦਾਰੀ ਨੂੰ ਹੋਰ ਡੂੰਘਾ ਕਰਨ 'ਤੇ ਚਰਚਾ ਕੀਤੀ ਗਈ। ਪ੍ਰਧਾਨ ਮੰਤਰੀ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਪੋਸਟ ਸਾਂਝੀ ਕਰਦੇ ਹੋਏ ਲਿਖਿਆ ਕਿ ਭਾਰਤ ਅਤੇ ਸਰਬੀਆ ਕਈ ਸਾਲਾਂ ਤੋਂ ਮਿਲ ਕੇ ਕੰਮ ਕਰ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਰਿਸ਼ਤਾ ਹੋਰ ਮਜ਼ਬੂਤ ਹੋਵੇਗਾ। ਰਾਸ਼ਟਰਪਤੀ ਵੂਸਿਕ ਨੇ ਭਾਰਤ ਨੂੰ ਇੱਕ ਭਰੋਸੇਮੰਦ ਸਾਥੀ ਦੱਸਦਿਆਂ ਕਿਹਾ ਕਿ ਉਹ ਆਰਥਿਕ ਅਦਾਨ-ਪ੍ਰਦਾਨ ਅਤੇ ਨਵੇਂ ਨਿਵੇਸ਼ ਪ੍ਰੋਜੈਕਟਾਂ ਨੂੰ ਉਤਸ਼ਾਹਿਤ ਕਰਨਾ ਚਾਹੁੰਦੇ ਹਨ। ਉਨ੍ਹਾਂ ਨੇ ਸਰਬੀਆਈ ਐਕਸਪੋ ਵਿੱਚ ਭਾਰਤ ਦੀ ਭਾਗੀਦਾਰੀ 'ਤੇ ਖੁਸ਼ੀ ਪ੍ਰਗਟਾਈ। ਦਿੱਲੀ ਵਿੱਚ 16 ਤੋਂ 20 ਫਰਵਰੀ ਤੱਕ ਚੱਲ ਰਹੇ ਇਸ ਏ.ਆਈ. ਸੰਮੇਲਨ ਵਿੱਚ ਦੁਨੀਆ ਦੇ 20 ਤੋਂ ਵੱਧ ਦੇਸ਼ਾਂ ਦੇ ਮੁਖੀ, 60 ਮੰਤਰੀ ਅਤੇ 500 ਤੋਂ ਵੱਧ ਗਲੋਬਲ ਏ.ਆਈ. ਲੀਡਰ ਹਿੱਸਾ ਲੈ ਰਹੇ ਹਨ। ਦੋਵਾਂ ਦੇਸ਼ਾਂ ਦੇ ਆਗੂਆਂ ਦੀ ਇਸ ਮੁਲਾਕਾਤ ਨਾਲ ਨਾ ਸਿਰਫ਼ ਤਕਨਾਲੋਜੀ ਦੇ ਖੇਤਰ ਵਿੱਚ, ਸਗੋਂ ਰਵਾਇਤੀ ਉਦਯੋਗਾਂ ਵਿੱਚ ਵੀ ਦੋਵਾਂ ਦੇਸ਼ਾਂ ਦੇ ਸਬੰਧਾਂ ਨੂੰ ਨਵੀਂ ਦਿਸ਼ਾ ਮਿਲਣ ਦੀ ਉਮੀਦ ਹੈ।

### ਪੰਜਾਬ ਡੀ.ਜੀ.ਪੀ. ਗੌਰਵ ਯਾਦਵ ਵੀਡੀਓ

ਅਧਿਕਾਰੀਆਂ ਦੀ ਜਾਣਕਾਰੀ ਮੰਗੀ ਹੈ ਜੋ 10 ਸਾਲਾਂ ਤੋਂ ਵੱਧ ਸਮੇਂ ਤੋਂ ਇੱਕੋ ਥਾਂ 'ਤੇ ਤਾਇਨਾਤ ਹਨ। ਡੀ.ਜੀ.ਪੀ. ਨੇ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਦੀ ਮੁੱਖ ਸਕੱਤਰ ਨਾਲ ਮੀਟਿੰਗ ਹੋਈ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਅਧਿਕਾਰੀ ਇੱਕ ਥਾਂ 'ਤੇ 9 ਸਾਲਾਂ ਤੋਂ ਵੱਧ ਨਾ ਰਹੇ। ਮੋਹਾਲੀ ਅਦਾਲਤ ਵਿੱਚ ਇੱਕ ਚੌਕੀ ਇੰਚਾਰਜ (ਕੋਰਟ ਮੁਲਾਜ਼ਮ) ਦੀ ਕੁੱਟਮਾਰ ਦੇ ਮਾਮਲੇ ਵਿੱਚ ਹਾਈਕੋਰਟ ਨੇ ਸਖ਼ਤ ਰੁਖ਼ ਅਖਤਿਆਰ ਕੀਤਾ। ਅਦਾਲਤ ਨੇ ਪੁੱਛਿਆ ਕਿ ਸੀ.ਸੀ.ਟੀ.ਵੀ. ਫੁਟੇਜ ਹੋਣ ਦੇ ਬਾਵਜੂਦ ਤੁਰੰਤ ਐੱਫ.ਆਈ.ਆਰ. ਦਰਜ ਕਿਉਂ ਨਹੀਂ ਕੀਤੀ ਗਈ। ਹਾਈਕੋਰਟ ਨੇ ਟਿੱਪਣੀ ਕੀਤੀ ਕਿ ਪੁਲਿਸ ਦੀ ਢਿੱਲੀ ਕਾਰਵਾਈ ਇਹ ਦਿਖਾਉਂਦੀ ਹੈ ਕਿ ਜਾਂ ਤਾਂ ਪੀੜਤ ਨੂੰ ਧਮਕਾਇਆ ਜਾ ਰਿਹਾ ਹੈ ਜਾਂ ਉਹ ਡਰ ਕਾਰਨ ਬਿਆਨ ਦੇਣ ਨਹੀਂ ਆ ਰਿਹਾ। ਅਦਾਲਤ ਨੇ ਨੋਟ ਕੀਤਾ ਕਿ ਜੁਡੀਸ਼ੀਅਲ ਅਧਿਕਾਰੀ ਦੀ ਸ਼ਿਕਾਇਤ ਦੇ ਬਾਵਜੂਦ ਕਾਰਵਾਈ ਨਹੀਂ ਹੋਈ ਅਤੇ ਹਾਈਕੋਰਟ ਦੇ ਦਖ਼ਲ ਤੋਂ ਬਾਅਦ ਹੀ ਚਲਾਨ ਪੇਸ਼ ਕੀਤਾ ਗਿਆ। ਹੁਣ ਅਦਾਲਤ ਨੇ 15 ਦਿਨਾਂ ਦੇ ਅੰਦਰ ਸਪਲੀਮੈਂਟਰੀ ਚਲਾਨ ਪੇਸ਼ ਕਰਨ ਦੇ ਹੁਕਮ ਦਿੱਤੇ ਹਨ। ਇਸ ਮਾਮਲੇ ਵਿੱਚ ਸਬੰਧਤ ਐੱਸ.ਐੱਚ.ਓ. ਨੂੰ ਪਹਿਲਾਂ ਹੀ ਮੁਅੱਤਲ ਕੀਤਾ ਜਾ ਚੁੱਕਾ ਹੈ। ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਵੀ ਅਹਿਮ ਹਦਾਇਤਾਂ ਜਾਰੀ ਕੀਤੀਆਂ ਗਈਆਂ। ਪੰਜਾਬ ਸਰਕਾਰ ਦੇ ਵਕੀਲ ਨੇ ਦੱਸਿਆ ਕਿ 9 ਫਰਵਰੀ ਨੂੰ ਇੱਕ ਸੁਰੱਖਿਆ ਕਮੇਟੀ ਬਣਾਈ ਗਈ ਹੈ ਜੋ ਮਿਲੀ ਹੋਈ ਸੁਰੱਖਿਆ ਦੀ ਜਾਂਚ ਕਰਦੀ ਹੈ। ਹਾਈਕੋਰਟ ਨੇ ਹੁਕਮ ਦਿੱਤਾ ਹੈ ਕਿ ਵੀ.ਆਈ.ਪੀ. ਅਤੇ ਸੁਰੱਖਿਆ ਪ੍ਰਾਪਤ ਵਿਅਕਤੀਆਂ ਦੀ ਸੁਰੱਖਿਆ ਦੀ 30 ਦਿਨਾਂ ਦੇ ਅੰਦਰ ਮੁੜ ਸਮੀਖਿਆ ਕੀਤੀ ਜਾਵੇ। ਅਦਾਲਤ ਨੇ ਡੀ.ਜੀ.ਪੀ. ਦੇ ਹਲਫ਼ਨਾਮੇ ਨੂੰ ਜਾਂਚਣ ਲਈ 'ਐਮੀਕਸ ਕਿਊਰੀ' ਨੂੰ ਕਿਹਾ ਹੈ ਅਤੇ ਮਾਮਲੇ ਦੀ ਅਗਲੀ ਸੁਣਵਾਈ ਹੁਣ 26 ਫਰਵਰੀ, 2026 ਨੂੰ ਹੋਵੇਗੀ।

### ਤਰਤ ਤਾਰਨ 'ਚ ਸਰਪੰਚ ਦਾ

ਹਰਪਿੰਦਰ ਸਿੰਘ ਦੇ ਪੇਟ ਤੇ ਸਿਰ ਵਿਚ ਚਾਰ ਗੋਲੀਆਂ ਮਾਰੀਆਂ ਜਿਸ ਨਾਲ ਉਨ੍ਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਦੋਂ ਚਚੇਰੇ ਭਰਾ ਜਰਮਨਜੀਤ ਸਿੰਘ ਨੇ ਹਮਲਾਵਰਾਂ ਦਾ ਪਿੱਛਾ ਕੀਤਾ ਤਾਂ ਉਨ੍ਹਾਂ ਨੇ ਉਸ ਦੇ ਪੇਟ ਵਿਚ ਗੋਲੀ ਮਾਰ ਦਿੱਤੀ। ਜ਼ਖ਼ਮੀ ਨੂੰ ਇਲਾਜ ਲਈ ਅੰਮ੍ਰਿਤਸਰ ਦੇ ਇਕ ਨਿੱਜੀ ਹਸਪਤਾਲ ਵਿਚ ਭਰਤੀ ਕਰਾਇਆ ਗਿਆ ਹੈ। ਘਟਨਾ ਵਾਲੀ ਥਾਂ 'ਤੇ ਹੜਤਾ-ਦਫੜੀ ਮਚ ਗਈ ਤੇ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਏ। ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚੀ ਤੇ ਜਾਂਚ ਸ਼ੁਰੂ ਕਰ ਦਿੱਤੀ। ਪੁਲਿਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਤੇ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ। ਮੁਲਜ਼ਮਾਂ ਦੀ ਭਾਲ ਜਾਰੀ ਹੈ। ਦੱਸ ਦੇਈਏ ਕਿ ਹਰਪਿੰਦਰ ਸਿੰਘ ਦੇ 2 ਪੁੱਤਰ ਹਨ। ਫਾਇਰਿੰਗ ਵਿਚ ਸਰਪੰਚ ਦਾ ਚਚੇਰਾ ਭਰਾ ਵੀ ਜ਼ਖ਼ਮੀ ਹੋ ਗਿਆ ਜਿਸ ਦੇ ਪੇਟ ਵਿਚ ਗੋਲੀ ਲੱਗੀ ਹੈ। ਜ਼ਖਮੀ ਨੂੰ ਇਲਾਜ ਲਈ ਅੰਮ੍ਰਿਤਸਰ ਦੇ ਇਕ ਨਿੱਜੀ ਹਸਪਤਾਲ ਵਿਚ ਭਰਤੀ ਕਰਾਇਆ ਗਿਆ ਹੈ। ਪੁਲਿਸ ਨੇ ਮਾਮਲੇ ਵਿਚ ਅੱਗੇ ਦੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### 'ਭੀਸ਼ਮ' ਅਤੇ 'ਵਜਰਾ' ਨੇ ਗੁਆਂਢੀ ਮੁਲਕ

ਦੇਖੀ ਗਈ। ਇਸ ਅਭਿਆਸ ਵਿੱਚ ਭਾਰਤੀ ਫੌਜ ਦੇ ਮੁੱਖ ਹਮਲਾਵਰ ਟੈਂਕ ਟੀ-90 'ਭੀਸ਼ਮ' ਅਤੇ ਆਟੋਮੈਟਿਕ ਟੈਂਕ ਕੇ-9 'ਵਜਰਾ' ਨੇ ਆਪਣੀ ਅਚੂਕ ਨਿਸ਼ਾਨੇਬਾਜ਼ੀ ਦਾ ਪ੍ਰਦਰਸ਼ਨ ਕੀਤਾ। ਇਹ ਹਥਿਆਰ ਦੁਸ਼ਮਣ ਦੇ ਬੰਕਰਾਂ ਨੂੰ ਪਲਾਂ ਵਿੱਚ ਤਬਾਹ ਕਰਨ ਦੀ ਸਮਰੱਥਾ ਰੱਖਦੇ ਹਨ। ਇਹ ਅਭਿਆਸ ਮਸ਼ਕ ਸਰਹੱਦ ਦੇ ਬਿਲਕੁਲ ਨੇੜੇ ਫਾਇਰਿੰਗ ਰੇਂਜ ਵਿੱਚ ਕੀਤਾ ਗਿਆ ਹੈ। ਰਿਪੋਰਟਾਂ ਅਨੁਸਾਰ, ਭਾਰਤੀ ਫੌਜ ਦੀ ਇਸ 'ਦਹਾੜ' ਨੇ ਪਾਕਿਸਤਾਨੀ ਹਾਕਮਾਂ ਨੂੰ ਹੈਰਾਨ ਕਰ ਦਿੱਤਾ ਹੈ ਕਿਉਂਕਿ ਭਾਰਤ ਨੇ ਇਸ ਰਾਹੀਂ ਆਪਣੀ ਹਮਲਾਵਰ ਸਮਰੱਥਾ ਦਾ ਟੈਸਟ ਕੀਤਾ ਹੈ। ਅਭਿਆਸ ਦੌਰਾਨ ਸਿਰਫ਼ ਟੈਂਕ ਹੀ ਨਹੀਂ, ਸਗੋਂ ਐਡਵਾਂਸਡ ਡਰੋਨ ਸਿਸਟਮ ਅਤੇ ਐਂਟੀ-ਟੈਂਕ ਮਿਜ਼ਾਈਲਾਂ ਦਾ ਵੀ ਸਫਲ ਪ੍ਰਯੋਗ ਕੀਤਾ ਗਿਆ। ਇਸ ਦਾ ਮਕਸਦ ਦੁਸ਼ਮਣ ਦੇ ਖੇਤਰ ਵਿੱਚ ਡੂੰਘਾਈ ਤੱਕ ਹਮਲਾ ਕਰਨ ਦੀ ਰਣਨੀਤੀ ਨੂੰ ਪਰਖਣਾ ਸੀ। ਇਹ ਅਭਿਆਸ ਅਜਿਹੇ ਸਮੇਂ ਹੋ ਰਿਹਾ ਹੈ ਜਦੋਂ ਭਾਰਤ ਆਪਣੀ ਪੱਛਮੀ ਸਰਹੱਦ 'ਤੇ ਸੁਰੱਖਿਆ ਪ੍ਰਬੰਧਾਂ ਨੂੰ ਆਧੁਨਿਕ ਬਣਾ ਰਿਹਾ ਹੈ। ਇਸ ਰਾਹੀਂ ਸਪੱਸ਼ਟ ਸੰਦੇਸ਼ ਦਿੱਤਾ ਗਿਆ ਹੈ ਕਿ ਭਾਰਤੀ ਫੌਜ ਕਿਸੇ ਵੀ ਚੁਣੌਤੀ ਦਾ ਜਵਾਬ ਦੇਣ ਲਈ ਪੂਰੀ ਤਰ੍ਹਾਂ ਤਿਆਰ ਹੈ। ਭਾਰਤੀ ਫੌਜ ਦੇ ਇਸ ਅਭਿਆਸ ਨੇ ਰੇਗਿਸਤਾਨੀ ਇਲਾਕੇ ਵਿੱਚ ਸੁਰੱਖਿਆ ਦੀ ਮਜ਼ਬੂਤੀ ਨੂੰ ਦਰਸਾਇਆ ਹੈ। ਸਰਹੱਦ ਪਾਰ ਪਾਕਿਸਤਾਨੀ ਰੇਂਜਰਸ ਵੀ ਇਸ ਗਤੀਵਿਧੀ 'ਤੇ ਨੇੜਿਓਂ ਨਜ਼ਰ ਰੱਖ ਰਹੇ ਹਨ, ਜਦਕਿ ਭਾਰਤੀ ਜਵਾਨ ਪੂਰੀ ਤਰ੍ਹਾਂ ਹਾਈ ਅਲਰਟ 'ਤੇ ਹਨ।

### 2 ਸੂਬਿਆਂ 'ਚ ਵੋਟਰ ਆਈ.ਡੀ. ਕਾਰਡ ਬਣਾਉਣ ਦੇ ਲੱਗੇ ਦੋਸ਼

ਵਿੱਚ ਉਸਦੇ ਜੱਦੀ ਪਿੰਡ ਹਰਦਾਖੇੜੀ ਵਿੱਚ ਰਜਿਸਟਰਡ ਹੈ। ਮੀਡੀਆ ਨੂੰ ਦਸਤਾਵੇਜ਼ ਪੇਸ਼ ਕਰਦੇ ਹੋਏ, ਸ਼ਿਕਾਇਤਕਰਤਾ ਸ਼ਮਸੁਦੀਨ ਚੌਧਰੀ ਨੇ ਕਿਹਾ ਕਿ ਇੱਕ ਉੱਚ-ਦਰਜੇ ਦੇ ਸਾਬਕਾ ਪੁਲਿਸ ਅਧਿਕਾਰੀ ਦੁਆਰਾ ਦੋ ਵੱਖ-ਵੱਖ ਵੋਟਰ ਆਈ.ਡੀ. ਕਾਰਡ ਰੱਖਣਾ ਕਾਨੂੰਨ ਦੀ ਉਲੰਘਣਾ ਅਤੇ ਇੱਕ ਗੰਭੀਰ ਅਪਰਾਧ ਹੈ। ਚੌਧਰੀ ਨੇ ਪੂਰੇ ਮਾਮਲੇ ਦੀ ਉੱਚ-ਪੱਧਰੀ ਅਤੇ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ। ਚੌਧਰੀ ਨੇ ਕਿਹਾ ਕਿ ਉਨ੍ਹਾਂ ਨੇ ਸਾਬਕਾ ਡੀ.ਜੀ.ਪੀ. ਦੇ ਪੁੱਤਰ ਅਕੀਲ ਅਖਤਰ ਦੀ ਮੌਤ ਨਾਲ ਸਬੰਧਤ ਇੱਕ ਮਹੱਤਵਪੂਰਨ ਵੀਡੀਓ ਪੰਚਕੂਲਾ ਪੁਲਿਸ ਨੂੰ ਸੌਂਪੀ ਸੀ, ਅਤੇ ਜਿਸਦੀ ਜਾਂਚ ਹੁਣ ਸੀ.ਬੀ.ਆਈ. ਕੋਲ ਪਹੁੰਚ ਗਈ ਹੈ। ਉਨ੍ਹਾਂ ਦਾ ਦੋਸ਼ ਹੈ ਕਿ ਇਸ ਕਾਰਵਾਈ ਤੋਂ ਬਾਅਦ ਉਨ੍ਹਾਂ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਰਹੀਆਂ ਹਨ ਅਤੇ ਸਹਾਰਨਪੁਰ ਵਿੱਚ ਉਨ੍ਹਾਂ ਵਿਰੁੱਧ ਮਾਣਹਾਨੀ ਦਾ ਕੇਸ ਵੀ ਦਰਜ ਕੀਤਾ ਗਿਆ ਹੈ। ਆਪਣੀ ਜਾਨ ਨੂੰ ਖ਼ਤਰਾ ਦੱਸਦੇ ਹੋਏ, ਸ਼ਮਸੁਦੀਨ ਚੌਧਰੀ ਨੇ ਸਹਾਰਨਪੁਰ ਦੇ ਸੀਨੀਅਰ ਪੁਲਿਸ ਸੁਪਰਡੈਂਟ (ਐਸ.ਐਸ.ਪੀ.) ਨੂੰ ਇੱਕ ਲਿਖਤੀ ਸ਼ਿਕਾਇਤ ਸੌਂਪੀ। ਪੱਤਰ ਵਿੱਚ, ਉਨ੍ਹਾਂ ਧਮਕੀਆਂ ਦਾ ਹਵਾਲਾ ਦਿੱਤਾ ਅਤੇ ਪੁਲਿਸ ਸੁਰੱਖਿਆ ਦੀ ਬੇਨਤੀ ਕੀਤੀ। ਇਸ ਮਾਮਲੇ ਨੇ ਪੰਜਾਬ ਅਤੇ ਉੱਤਰ ਪ੍ਰਦੇਸ਼ ਦੇ ਰਾਜਨੀਤਿਕ ਹਲਕਿਆਂ ਵਿੱਚ ਹਲਚਲ ਮਚਾ ਦਿੱਤੀ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਵੋਟਰ ਆਈ.ਡੀ. ਨਾਲ ਸਬੰਧਤ ਦੋਸ਼ਾਂ ਦੀ ਜਾਂਚ ਲਈ ਸਬੰਧਤ ਚੋਣ ਅਧਿਕਾਰੀਆਂ ਨੂੰ ਪੱਤਰ ਲਿਖੇ ਜਾ ਰਹੇ ਹਨ, ਅਤੇ ਸੁਰੱਖਿਆ ਦੀ ਬੇਨਤੀ 'ਤੇ ਨਿਯਮਾਂ ਅਨੁਸਾਰ ਵਿਚਾਰ ਕੀਤਾ ਜਾਵੇਗਾ।

### ਅਕਾਲੀ ਦਲ ਦਿੱਲੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਸ਼ੰਟੀ ਵੱਲੋਂ

ਕਿਵੇ ਜਾਗ ਗਿਆ ਕਿ ਉਹ ਧੱਤਲੇ ਨਾਲ ਖੁਲਾਸੇ ਕਰ ਰਹੇ ਹਨ। ਸੂਤਰ ਦਸਦੇ ਹਨ ਕਿ ਗਿਆਨੀ ਰਘਬੀਰ ਸਿੰਘ ਨੂੰ ਇਹ ਵਹਿਮ ਹੋ ਗਿਆ ਸੀ ਕਿ ਉਨ੍ਹਾਂ ਨੂੰ 19 ਫਰਵਰੀ ਨੂੰ ਹੋਣ ਵਾਲੀ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿਚ ਸੇਵਾ ਮੁਕਤ ਕੀਤਾ ਜਾ ਸਕਦਾ ਹੈ। ਇਸ ਤੋਂ ਪਹਿਲਾਂ ਵੀ ਗਿਆਨੀ ਰਘਬੀਰ ਸਿੰਘ ਆਪਣਾ ਆਹੁੱਦਾ ਬਚਾਉਣ ਲਈ ਪੰਜਾਬ ਤੇ ਹਰਿਆਣਾ ਹਾਈਕੋਰਟ ਵਿਚ ਜਾ ਚੁੱਕੇ ਹਨ। ਸ੍ਰੀ ਦਰਬਾਰ ਸਾਹਿਬ ਦੇ ਮੁੱਖ ਗ੍ਰੰਥੀ ਦਾ ਆਹੁੱਦਾ ਸਿੱਖ ਪੰਥ ਵਿਚ ਬੜੇ ਹੀ ਸਨਮਾਨ ਵਾਲਾ ਹੈ, ਪਰ ਜਿਸ ਤਰ੍ਹਾਂ ਨਾਲ ਗਿਆਨੀ ਰਘਬੀਰ ਸਿੰਘ ਨੇ ਇਸ ਅਹੁੱਦੇ ਦੀ ਮਾਣ ਮਰਿਯਾਦਾ ਨੂੰ ਤਾਕ ਵਿਚ ਰਖ ਕੇ ਮਾਣ ਮਤੀਆਂ ਸਿੱਖ ਸੰਸਥਾਵਾਂ ਨੂੰ ਸਵਾਲਾਂ ਦੇ ਘੇਰੇ ਵਿਚ ਲਿਆਉਣ ਦਾ ਯਤਨ ਕੀਤਾ ਹੈ ਉਸ ਨੇ ਸਿੰਘ ਸਾਹਿਬ ਦੀ ਸਤਿਕਾਰਤ ਪੋਸਟ ਦੇ ਅਕਸ ਨੂੰ ਧੁੰਦਲਾ ਕੀਤਾ ਹੈ। ਭਰੋਸੇਯੋਗ ਸੂਤਰਾਂ ਦੀ ਮੰਨੀ ਜਾਵੇ ਤਾਂ ਗਿਆਨੀ ਰਘਬੀਰ ਸਿੰਘ ਨੂੰ ਦਿੱਲੀ ਦੇ ਇਕ ਵੱਡੇ ਗੁਰੂ ਘਰ ਦੀ ਸੇਵਾ ਸੰਭਾਲ ਦਿੱਤੇ ਜਾਣ ਦੀਆਂ ਵੀ ਚਰਚਾਵਾਂ ਚੱਲ ਰਹੀਆਂ ਹਨ, ਚਰਚਾ ਹੈ ਕਿ ਗਿਆਨੀ ਰਘਬੀਰ ਸਿੰਘ ਵਲੋ ਵੀ ਇਸ ਨਵੀਂ ਸੇਵਾ ਸੰਭਾਲ ਲਈ ਸਹਿਮਤੀ ਦਿੱਤੀ ਜਾ ਚੁੱਕੀ ਹੈ।

### ਸਰੀਰਕ ਛੇੜਛਾੜ ਤੇ ਕੱਪੜੇ ਖਿੱਚਣਾ 'ਜਬਰ-ਜਨਾਹ ਦੀ

ਤਹਿਤ ਦੋਸ਼ਾਂ ਨੂੰ ਮੁੜ ਬਹਾਲ ਕਰ ਦਿੱਤਾ ਹੈ। ਇਹ ਮਾਮਲਾ 2021 ਦਾ ਹੈ ਜਿੱਥੇ ਇੱਕ 14 ਸਾਲਾ ਨਾਬਾਲਗ ਕੁੜੀ ਨਾਲ ਰਸਤੇ ਵਿੱਚ ਦੋ ਵਿਅਕਤੀਆਂ ਵੱਲੋਂ ਬਦਫੈਲੀ ਕਰਨ ਅਤੇ ਉਸ ਨੂੰ ਖਿੱਚ ਕੇ ਪੁਲ ਹੇਠਾਂ ਲਿਜਾਣ ਦੀ ਕੋਸ਼ਿਸ਼ ਕੀਤੀ ਗਈ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਦੋਸ਼ੀਆਂ ਦੀਆਂ ਹਰਕਤਾਂ ਤੋਂ ਉਨ੍ਹਾਂ ਦੀ ਮਾੜੀ ਨੀਅਤ ਸਾਫ਼ ਝਲਕਦੀ ਹੈ ਅਤੇ ਇਸ ਨੂੰ ਮਹਿਜ਼ ਸਰੀਰਕ ਹਮਲਾ ਮੰਨਣਾ ਨਿਆਂ ਦੇ ਸਿਧਾਂਤਾਂ ਦੇ ਖਿਲਾਫ਼ ਹੈ। ਅਦਾਲਤ ਨੇ ਕਾਸਗੰਜ ਦੀ ਵਿਸ਼ੇਸ਼ ਅਦਾਲਤ ਦੇ ਮੂਲ ਸੰਮਨ ਨੂੰ ਬਹਾਲ ਰੱਖਿਆ ਹੈ, ਜਿਸ ਨਾਲ ਹੁਣ ਦੋਸ਼ੀਆਂ 'ਤੇ ਜਬਰ-ਜਨਾਹ ਦੀ ਕੋਸ਼ਿਸ਼ ਦੇ ਗੰਭੀਰ ਇਲਜ਼ਾਮਾਂ ਤਹਿਤ ਮੁਕੱਦਮਾ ਚੱਲੇਗਾ।

### ਮਾਲਕ ਅਤੇ ਮੁਲਾਜ਼ਮ ਦੇ ਝਗੜੇ 'ਚ ਬਾਹਰੀ ਬੰਦਾ ਦਖ਼ਲ ਨਹੀਂ ਦੇ ਸਕਦਾ: ਹਾਈ ਕੋਰਟ

ਇਸ ਲਈ ਸਿਰਫ਼ ਉਹੀ ਵਿਅਕਤੀ ਅਦਾਲਤ ਦਾ ਦਰਵਾਜ਼ਾ ਖੜਕਾ ਸਕਦਾ ਹੈ, ਜਿਸ ਦੇ ਹੱਕਾਂ ਨੂੰ ਸਿੱਧੀ ਸੱਟ ਵੱਜੀ ਹੋਵੇ। ਵ੍ਹਿਸਲਬਲੋਅਰ ਜਾਂ ਸ਼ਿਕਾਇਤਕਰਤਾ ਵੱਧ ਤੋਂ ਵੱਧ ਇੱਕ ਗਵਾਹ ਵਜੋਂ ਸਬੂਤ ਦੇ ਸਕਦਾ ਹੈ, ਪਰ ਉਹ ਕੇਸ ਲੜਨ ਵਾਲੀ ਧਿਰ ਨਹੀਂ ਬਣ ਸਕਦਾ। ਅਦਾਲਤ ਨੇ ਚਿੰਤਾ ਜਤਾਉਂਦਿਆਂ ਕਿਹਾ ਕਿ ਜੇ ਹਰ ਕਿਸੇ ਨੂੰ ਅਜਿਹੇ ਕੇਸਾਂ ਵਿੱਚ ਦਖ਼ਲ ਦੇਣ ਦੀ ਇਜਾਜ਼ਤ ਦਿੱਤੀ ਗਈ, ਤਾਂ ਇਸ ਨਾਲ ਬੇਲੋੜੇ ਅਤੇ ਨਿੱਜੀ ਹਿੱਤਾਂ ਤੋਂ ਪ੍ਰੇਰਿਤ ਮੁਕੱਦਮਿਆਂ ਦਾ ਹੜ੍ਹ ਆ ਜਾਵੇਗਾ। ਜਸਟਿਸ ਬਰਾੜ ਨੇ ਫੈਸਲਾ ਸੁਣਾਇਆ ਕਿ ਸਿਰਫ਼ ਇਹ ਚਾਹੁਣਾ ਕਿ ਕਾਨੂੰਨ ਸਹੀ ਢੰਗ ਨਾਲ ਲਾਗੂ ਹੋਵੇ ਜਾਂ ਕਿਸੇ ਗੈਰ-ਕਾਨੂੰਨੀ ਕੰਮ 'ਤੇ ਸਿਰਫ਼ ਚਿੰਤਾ ਜਤਾਉਣਾ, ਕਿਸੇ ਨੂੰ ਅਦਾਲਤ ਵਿੱਚ ਕੇਸ ਕਰਨ ਦਾ ਹੱਕ ਨਹੀਂ ਦਿੰਦਾ। ਅਦਾਲਤ ਨੇ ਸਪੱਸ਼ਟ ਕੀਤਾ ਕਿ ਜੇਕਰ ਕਿਸੇ ਦੀ ਨਿਯੁਕਤੀ, ਤਰੱਕੀ ਜਾਂ ਕਿਸੇ ਵਿਰੁੱਧ ਕੀਤੀ ਗਈ ਅਨੁਸ਼ਾਸਨੀ ਕਾਰਵਾਈ ਨੂੰ ਚੁਣੌਤੀ ਦੇਣੀ ਹੈ, ਤਾਂ ਇਹ ਸਿਰਫ਼ ਉਹੀ ਕਰਮਚਾਰੀ ਕਰ ਸਕਦਾ ਹੈ ਜੋ ਇਸ ਤੋਂ ਪ੍ਰਭਾਵਿਤ ਹੋਇਆ ਹੋਵੇ। ਕੇਸ ਨਾਲ ਸਬੰਧ ਨਾ ਰੱਖਣ ਵਾਲੇ ਕਿਸੇ ਵੀ 'ਅਜਨਬੀ' ਨੂੰ ਅਦਾਲਤੀ ਕਾਰਵਾਈ ਵਿੱਚ ਦਖ਼ਲ ਦੇਣ ਦੀ ਮਨਾਹੀ ਹੈ।

### ਪੰਜਾਬ ਸਰਕਾਰ ਦਾ ਬਜਟ ਸੈਸ਼ਨ ਮਾਰਚ ਦੇ ਪਹਿਲੇ ਹਫ਼ਤੇ

ਪੈਣ ਦਾ ਅਨੁਮਾਨ ਹੈ। ਪੰਜਾਬ ਸਰਕਾਰ ਨੇ ਵਿੱਤੀ ਸਾਲ ਦੀਆਂ ਪਹਿਲੀਆਂ ਤਿੰਨ ਤਿਮਾਹੀਆਂ 'ਚ ਕਰਜ਼ਾ ਚੁੱਕਣ 'ਚ ਵੀ ਸੰਜਮ ਵਰਤਿਆ ਹੈ। ਤਿੰਨ ਤਿਮਾਹੀਆਂ 'ਚ ਸਰਕਾਰ 18,268.91 ਕਰੋੜ ਰੁਪਏ ਦਾ ਕਰਜ਼ਾ ਲੈ ਚੁੱਕੀ ਹੈ; ਸੂਬਾ ਸਰਕਾਰ ਮਾਰਚ ਤੱਕ 12 ਹਜ਼ਾਰ ਕਰੋੜ ਰੁਪਏ ਹੋਰ ਕਰਜ਼ਾ ਚੁੱਕਣ ਲਈ ਯੋਗ ਹੈ। ਵਿੱਤੀ ਸਾਲ 2026-27 ਦੇ ਬਜਟ 'ਚ ਮੁਲਾਜ਼ਮ ਵਰਗ ਦੇ ਰੋਹ ਨੂੰ ਸ਼ਾਂਤ ਕਰਨ 'ਤੇ ਵੀ ਫੋਕਸ ਰਹੇਗਾ। ਪੰਜਾਬ ਸਰਕਾਰ ਲੱਖਾਂ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਮਹਿੰਗਾਈ ਭੱਤਾ (ਡੀ ਏ) ਦੇਣ ਲਈ ਕੁਝ ਫੰਡ ਰਾਖਵੇਂ ਰੱਖੇਗੀ। ਹੁਣ ਤੱਕ ਪੈਨਸ਼ਨਰਾਂ ਦੀਆਂ ਡੀ ਏ ਦੀਆਂ ਪੰਜ ਕਿਸ਼ਤਾਂ ਬਕਾਇਆ ਹਨ। ਸੂਤਰ ਦਸਦੇ ਹਨ ਕਿ ਸਰਕਾਰ ਬਜਟ ਤੋਂ ਪਹਿਲਾਂ ਇੱਕ ਜਾਂ ਦੋ ਕਿਸ਼ਤਾਂ ਜਾਰੀ ਕਰ ਸਕਦੀ ਹੈ ਅਤੇ ਬਜਟ 2026-27 'ਚ ਬਾਕੀ ਕਿਸ਼ਤਾਂ ਦੇਣ ਲਈ ਪ੍ਰਬੰਧ ਕੀਤਾ ਜਾਵੇਗਾ। ਪੰਜਾਬ ਸਰਕਾਰ ਲਈ ਵੱਡੀ ਫ਼ਿਕਰਮੰਦੀ 16ਵੇਂ ਵਿੱਤ ਕਮਿਸ਼ਨ ਵਿੱਚ ਮਾਲੀਆ ਘਾਟਾ ਗ੍ਰਾਂਟ ਨੂੰ ਵਾਪਸ ਲੈਣ ਕਰਕੇ ਹੈ। ਅਗਲੇ ਪੰਜ ਸਾਲਾਂ ਵਿੱਚ ਰਾਜ ਸਰਕਾਰ ਨੂੰ 27 ਹਜ਼ਾਰ ਕਰੋੜ ਰੁਪਏ ਦੇ ਕਮੀ ਹੋ ਜਾਵੇਗੀ। ਸੂਬਾ ਸਰਕਾਰ ਆਪਣੀ ਆਮਦਨ ਦੇ ਵਸੀਲੇ ਅਥਾਹ ਨਹੀਂ ਹਨ ਅਤੇ ਨਾ ਹੀ ਸਰਕਾਰ ਚੋਣਾਂ ਵਾਲੇ ਵਰ੍ਹੇ 'ਚ ਕੋਈ ਨਵਾਂ ਬੋਝ ਲੋਕਾਂ 'ਤੇ ਪਾਉਣ ਦੇ ਸਮਰੱਥ ਹੈ। ਨਾ ਹੀ ਸਰਕਾਰ ਕਿਸੇ ਤਰ੍ਹਾਂ ਦਾ ਕੋਈ ਕੱਟ ਲਗਾਉਣ ਦਾ ਖ਼ਤਰਾ ਮੁੱਲ ਲੈ ਸਕਦੀ ਹੈ।

### 'ਨਸ਼ੇ ਲੈਣਾ ਜ਼ੋਮੈਟੋ ਤੋਂ ਖਾਣਾ ਮੰਗਵਾਉਣ ਵਾਂਗ'

2020-21 ਵਿੱਚ ਚੀਜ਼ਾਂ ਬਦਲਣੀਆਂ ਸ਼ੁਰੂ ਹੋ ਗਈਆਂ। ਉਸ ਸਮੇਂ, ਸੈਣੀ ਉੱਤਰ ਪ੍ਰਦੇਸ਼ ਵਿੱਚ ਚੋਣ ਡਿਊਟੀ 'ਤੇ ਸੀ ਜਦੋਂ ਉਸਨੂੰ ਫ਼ੋਨ 'ਤੇ ਪਤਾ ਲੱਗਾ ਕਿ ਉਸਦਾ ਪੁੱਤਰ ਬੁਰੀ ਸੰਗਤ ਵਿੱਚ ਪੈ ਗਿਆ ਹੈ। ਘਰ ਵਾਪਸ ਆਉਣ 'ਤੇ, ਉਸਦੇ ਡਰ ਦੀ ਪੁਸ਼ਟੀ ਹੋ ਗਈ। ਫਿਰ ਪਰਿਵਾਰ ਨੇ ਉਸਨੂੰ ਨਸ਼ੇ ਤੋਂ ਛੁਟਕਾਰਾ ਪਾਉਣ ਵਿੱਚ ਮਦਦ ਕਰਨ ਦੀ ਹਰ ਸੰਭਵ ਕੋਸ਼ਿਸ਼ ਕੀਤੀ। ਆਕਾਸ਼ ਨੂੰ ਇੱਕ ਪੁਨਰਵਾਸ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ ਸੀ ਆਕਾਸ਼ ਨੂੰ ਅੰਮ੍ਰਿਤਸਰ ਅਤੇ ਨੇੜਲੇ ਸ਼੍ਰੀ ਹਰਿਗੋਬਿੰਦਪੁਰ ਦੇ ਕਈ ਪੁਨਰਵਾਸ ਕੇਂਦਰਾਂ ਵਿੱਚ ਦਾਖਲ ਕਰਵਾਇਆ ਗਿਆ ਸੀ। ਪਰਿਵਾਰ ਪ੍ਰਤੀ ਮਹੀਨਾ 15,000 ਤੋਂ 20,000 ਰੁਪਏ ਖਰਚ ਕਰ ਰਿਹਾ ਸੀ। ਸੈਣੀ ਪਰਿਵਾਰ ਦਾ ਇਕਲੌਤਾ ਕਮਾਉਣ ਵਾਲਾ ਹੈ। ਉਹ ਕਹਿੰਦਾ ਹੈ ਕਿ ਜਦੋਂ ਅਨੁਸ਼ਾਸਨ ਅਤੇ ਦੇਖਭਾਲ ਨੇ ਕੇਂਦਰ ਦੇ ਅੰਦਰ ਉਸਦੀ ਹਾਲਤ ਵਿੱਚ ਸੁਧਾਰ ਕੀਤਾ, ਤਾਂ ਪੁਰਾਣੀਆਂ ਆਦਤਾਂ ਵਾਪਸ ਆ ਗਈਆਂ ਜਦੋਂ ਉਹ ਚਲਾ ਗਿਆ। ਸੈਣੀ ਨੇ ਆਪਣਾ ਘਰ ਵੇਚਣ ਅਤੇ ਆਪਣੇ ਪਰਿਵਾਰ ਨੂੰ ਕਿਸੇ ਹੋਰ ਖੇਤਰ ਵਿੱਚ ਜਾਣ ਦੀ ਕੋਸ਼ਿਸ਼ ਵੀ ਕੀਤੀ, ਪਰ ਗੁਰੂ ਨਾਨਕਪੁਰਾ ਦੀ ਸਾਖ ਨੇ ਉਸਨੂੰ ਸਹੀ ਕੀਮਤ ਮਿਲਣ ਤੋਂ ਰੋਕਿਆ।

ਪੁਲਿਸ ਅਧਿਕਾਰੀ ਏਸੀਪੀ ਜਸਪਾਲ ਸਿੰਘ ਦਾ ਕਹਿਣਾ ਹੈ ਕਿ ਨਸ਼ਾ ਵਿਰੋਧੀ ਮੁਹਿੰਮ ਦੇ ਹਿੱਸੇ ਵਜੋਂ ਕਈ ਛਾਪੇਮਾਰੀ ਅਤੇ ਮਾਮਲੇ ਦਰਜ ਕੀਤੇ ਗਏ ਹਨ। ਉਹ ਕਹਿੰਦੇ ਹਨ ਕਿ ਇਲਾਕੇ ਦੀ ਸਥਿਤੀ ਹੁਣ ਕਾਬੂ ਹੇਠ ਹੈ। ਉਨ੍ਹਾਂ ਇਹ ਵੀ ਕਿਹਾ ਕਿ ਆਕਾਸ਼ ਨੇ ਪਿਛਲੇ ਦੋ ਮਹੀਨਿਆਂ ਤੋਂ ਨਸ਼ਾ ਨਹੀਂ ਲਿਆ ਸੀ ਅਤੇ ਉਸਦੇ ਸਰੀਰ 'ਤੇ ਕੋਈ ਟੀਕੇ ਦੇ ਨਿਸ਼ਾਨ ਨਹੀਂ ਮਿਲੇ ਸਨ।

ਪਿਛਲੇ ਹਫ਼ਤੇ, ਸੈਣੀ ਆਪਣੇ ਪੁੱਤਰ ਨੂੰ ਦੋ ਮਹੀਨੇ 'ਨਸ਼ਾ ਮੁਕਤ' ਜੀਵਨ ਬਿਤਾਉਣ ਤੋਂ ਬਾਅਦ ਘਰ ਲੈ ਆਇਆ। ਉੱਥੇ ਇੱਕ ਪਰਿਵਾਰਕ ਸਮਾਗਮ ਸੀ, ਅਤੇ ਉਸਨੂੰ ਉਮੀਦ ਸੀ ਕਿ ਵਾਤਾਵਰਣ ਵਿੱਚ ਤਬਦੀਲੀ ਉਸਦੇ ਪੁੱਤਰ ਦੀ ਆਤਮਾ ਨੂੰ ਮਜ਼ਬੂਤ ਕਰੇਗੀ। ਹਾਲਾਂਕਿ, ਉਸ ਸ਼ਾਮ, ਆਕਾਸ਼ ਕੁਝ ਸਮੇਂ ਲਈ ਘਰੋਂ ਬਾਹਰ ਨਿਕਲਿਆ ਅਤੇ ਬਾਅਦ ਵਿੱਚ ਇੱਕ ਗੁਰਦੁਆਰੇ ਦੇ ਨੇੜੇ ਉਸਦੀ ਕਾਰ ਵਿੱਚ ਬੇਹੋਸ਼ ਪਾਇਆ ਗਿਆ। ਡਾਕਟਰਾਂ ਨੇ ਉਸਨੂੰ ਹਸਪਤਾਲ ਲਿਜਾਣ 'ਤੇ ਮ੍ਰਿਤਕ ਐਲਾਨ ਦਿੱਤਾ।

ਪੁਲਿਸ ਦੇ ਅਨੁਸਾਰ, ਮੌਤ ਦਾ ਕਾਰਨ ਸਪੱਸ਼ਟ ਤੌਰ 'ਤੇ ਨਸ਼ੇ ਦੀ ਦੁਰਵਰਤੋਂ ਵਜੋਂ ਸਥਾਪਿਤ ਨਹੀਂ ਹੋਇਆ ਸੀ। ਇੱਕ ਹੋਰ ਵੀਡੀਓ ਵਿੱਚ, ਸੈਣੀ ਨੇ ਸਰਕਾਰ ਵਿਰੁੱਧ ਆਪਣੀਆਂ ਟਿੱਪਣੀਆਂ ਲਈ ਭਾਵਨਾਤਮਕ ਅਫ਼ਸੋਸ ਪ੍ਰਗਟ ਕੀਤਾ ਅਤੇ ਕਿਹਾ ਕਿ ਉਸਨੂੰ ਨਹੀਂ ਪਤਾ ਕਿ ਮੌਤ ਦਿਲ ਦੇ ਦੌਰੇ ਕਾਰਨ ਹੋਈ ਹੈ ਜਾਂ ਕਿਸੇ ਹੋਰ ਕਾਰਨ ਕਰਕੇ।

ਹਾਲਾਂਕਿ, ਸ਼ਮਸ਼ੇਰ ਸਿੰਘ ਸੰਧੂ ਦਾ ਦੋਸ਼ ਹੈ ਕਿ ਕੁਝ ਪੁਲਿਸ ਅਧਿਕਾਰੀ ਨਸ਼ਾ ਤਸਕਰਾਂ ਨਾਲ ਮਿਲੀਭੁਗਤ ਵਿੱਚ ਹਨ ਅਤੇ ਛਾਪੇਮਾਰੀ ਤੋਂ ਪਹਿਲਾਂ ਜਾਣਕਾਰੀ ਲੀਕ ਹੋ ਜਾਂਦੀ ਹੈ। ਉਹ ਕਹਿੰਦਾ ਹੈ ਕਿ ਸਮੱਸਿਆ ਉਦੋਂ ਤੱਕ ਖਤਮ ਨਹੀਂ ਹੋਵੇਗੀ ਜਦੋਂ ਤੱਕ ਸਿਸਟਮ ਵਿੱਚ ਸੁਧਾਰ ਨਹੀਂ ਹੁੰਦਾ।

ਗੁਰਦਾਸਪੁਰ ਤੋਂ ਆਏ ਸੈਣੀ ਨੇ ਬਿਹਤਰ ਭਵਿੱਖ ਦੀ ਉਮੀਦ ਵਿੱਚ ਅੰਮ੍ਰਿਤਸਰ ਵਿੱਚ ਨੌਕਰੀ ਕੀਤੀ ਸੀ। ਹੁਣ, ਉਹ ਕਹਿੰਦਾ ਹੈ, ਉਸਦਾ ਭਵਿੱਖ ਉਸਦੇ ਪੁੱਤਰ ਤੋਂ ਬਿਨਾਂ ਉਜਾੜ ਹੈ। ਫਿਰ ਵੀ, ਉਹ ਸਰਕਾਰ ਨੂੰ ਅਪੀਲ ਕਰਦਾ ਹੈ ਕਿ ਨਸ਼ੇ ਦੀ ਦੁਰਵਰਤੋਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਜੋ ਕਿਸੇ ਹੋਰ ਪਰਿਵਾਰ ਨੂੰ ਇਹ ਦਰਦ ਨਾ ਸਹਿਣਾ ਪਵੇ। ਉਹ ਕਹਿੰਦਾ ਹੈ, 'ਕਿਰਪਾ ਕਰਕੇ ਆਪਣੇ ਬੱਚਿਆਂ ਨੂੰ ਬਚਾਓ। ਮੈਂ ਨਹੀਂ ਚਾਹੁੰਦਾ ਕਿ ਕਿਸੇ ਹੋਰ ਮਾਂ ਦੀ ਗੋਦ ਖਾਲੀ ਰਹੇ।'

ਨਸ਼ਾ ਨਾ ਸਿਰਫ਼ ਸਰੀਰਕ ਸਿਹਤ ਨੂੰ ਨੁਕਸਾਨ ਪਹੁੰਚਾਉਂਦਾ ਹੈ, ਸਗੋਂ ਮਾਨਸਿਕ ਅਤੇ ਸਮਾਜਿਕ ਜੀਵਨ ਨੂੰ ਵੀ ਪ੍ਰਭਾਵਿਤ ਕਰਦਾ ਹੈ। ਇਹ ਦੱਸਣਾ ਮੁਸ਼ਕਲ ਹੈ ਕਿ ਆਦਤ ਕਦੋਂ ਨਸ਼ੇ ਵਿੱਚ ਬਦਲ ਜਾਂਦੀ ਹੈ। ਆਦਤ ਨੂੰ ਅਕਸਰ ਇੱਕ ਸਕਾਰਾਤਮਕ ਸੰਕਲਪ ਵਜੋਂ ਦੇਖਿਆ ਜਾਂਦਾ ਹੈ, ਜਦੋਂ ਕਿ ਨਸ਼ਾ ਇੱਕ ਨਕਾਰਾਤਮਕ ਸੰਕਲਪ ਹੈ।

# ਕੇਂਦਰ ਸਰਕਾਰ ਅਪੋਲੋ ਹਸਪਤਾਲ ਦੇ ਡਾਕਟਰਾਂ ਵੱਲੋਂ ਦਿੱਤੀ ਸਲਾਹ 'ਤੇ ਧਿਆਨ ਦੇਵੇ: ਸੰਧਵਾਂ

ਚੰਡੀਗੜ੍ਹ, 18 ਫਰਵਰੀ (ਅੰਮ੍ਰਿਤਪਾਲ ਸਿੰਘ) :ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਅਪੋਲੋ ਹਸਪਤਾਲ ਦੇ ਮਾਹਰ ਡਾਕਟਰਾਂ ਵੱਲੋਂ ਦਿੱਤੀ ਗਈ ਸਲਾਹ ਵੱਲ ਧਿਆਨ ਦੇਣਾ ਚਾਹੀਦਾ ਹੈ ਅਤੇ ਭਾਰਤ ਦੇ ਕਿਸਾਨਾਂ ਦੇ ਮੁੱਦਿਆਂ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅਮਰੀਕਾ ਨਾਲ ਕੀਤੇ ਵਪਾਰਕ ਸਮਝੌਤੇ ਨਾਲ ਭਾਰਤੀ ਕਿਸਾਨਾਂ ਨੂੰ ਭਾਰੀ ਨੁਕਸਾਨ ਝੱਲਣਾ ਪਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੇ ਪ੍ਰਮੁੱਖ ਮੁੱਦਿਆਂ ਪ੍ਰਤੀ ਉਦਾਸੀਨਤਾ ਨਾਲ ਪੇਸ਼ ਆ ਰਹੀ ਹੈ ਜੋ ਕਿ ਬਹੁਤ ਹੀ ਮੰਦਭਾਗਾ ਅਤੇ ਨਿੰਦਣਯੋਗ ਹੈ।

ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਭਾਰਤੀ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ ਅਤੇ ਅਸੀਂ ਇਸ ਵਪਾਰਕ ਸਮਝੌਤੇ ਵਿਰੁੱਧ ਆਵਾਜ਼ ਬੁਲੰਦ ਕਰਾਂਗੇ ਅਤੇ ਕੇਂਦਰ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਦਾ ਵਿਰੋਧ ਕਰਾਂਗੇ।

ਸੰਧਵਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਪੋਲੋ ਹਸਪਤਾਲ ਦੇ ਡਾਕਟਰਾਂ ਦੀ ਸਲਾਹ ਅਨੁਸਾਰ ਆਯਾਤ ਕੀਤੇ ਸੇਬ ਭਾਰਤੀ ਸੇਬਾਂ ਨਾਲੋਂ ਘੱਟ ਪੌਸ਼ਟਿਕ ਹੁੰਦੇ ਹਨ, ਕਿਉਂਕਿ ਇਹ ਲੰਬੇ ਸਮੇਂ ਤੱਕ ਸਟੋਰ ਕਰਨ ਅਤੇ ਆਵਾਜਾਈ ਦੌਰਾਨ 40-85 ਫ਼ੀਸਦ ਪੌਸ਼ਟਿਕ ਤੱਤ, ਖਾਸ ਕਰਕੇ ਵਿਟਾਮਿਨ ਸੀ ਗੁਆ ਦਿੰਦੇ ਹਨ। ਉਨ੍ਹਾਂ ਕਿਹਾ ਕਿ ਇਹ ਸੇਬ ਦੇਖਣ ਨੂੰ ਚਮਕਦਾਰ ਹੁੰਦੇ ਹਨ ਪਰ ਇਹਨਾਂ ਦੀ ਗੁਣਵੱਤਾ ਘਟੀਆ ਦਰਜੇ ਦੀ ਹੁੰਦੀ ਹੈ। ਇਸ ਦੇ ਉਲਟ ਕਸ਼ਮੀਰੀ ਜਾਂ ਹਿਮਾਚਲੀ ਸੇਬ ਘੱਟ ਲਾਗਤ 'ਤੇ ਬਿਹਤਰ ਸਿਹਤ ਲਾਭ ਪ੍ਰਦਾਨ ਕਰ ਰਹੇ ਹਨ। ਆਯਾਤ ਕੀਤੇ ਸੇਬ ਘਰੇਲੂ ਸੇਬਾਂ ਨਾਲੋਂ ਘੱਟ ਪੌਸ਼ਟਿਕ ਹੁੰਦੇ ਹਨ। ਸਾਨੂੰ ਘਟੀਆ ਗੁਣਵੱਤਾ ਵਾਲੇ ਆਯਾਤ ਕੀਤੇ ਸੇਬਾਂ ਲਈ ਵੱਧ ਕੀਮਤ ਅਦਾ ਕਰਨੀ ਪੈਂਦੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਕੇਂਦਰ ਸਰਕਾਰ ਇਨ੍ਹਾਂ ਮੁੱਦਿਆਂ 'ਤੇ ਗੰਭੀਰਤਾ ਨਾਲ ਵਿਚਾਰ ਕਰੇਗੀ ਅਤੇ ਜਲਦ ਹੀ ਇਨ੍ਹਾਂ ਦਾ ਹੱਲ ਕਰੇਗੀ।

# ਗੁਰਚਰਨ ਸਿੰਘ ਨੇ ਕੈਬਨਿਟ ਮੰਤਰੀਆਂ ਦੀ ਹਾਜ਼ਰੀ ਵਿੱਚ ਪੈਸਕੋ ਦੇ ਚੇਅਰਮੈਨ ਦਾ ਅਹੁਦਾ ਸੰਭਾਲਿਆ

ਚੰਡੀਗੜ੍ਹ, 18 ਫਰਵਰੀ (ਚ.ਨ.ਸ.) : ਪੰਜਾਬ ਦੇ ਕੈਬਨਿਟ ਮੰਤਰੀਆਂ ਮੋਹਿੰਦਰ ਭਗਤ, ਲਾਲਜੀਤ ਸਿੰਘ ਭੁੱਲਰ, ਹਰਦੀਪ ਸਿੰਘ ਮੁੰਡੀਆਂ, ਤਰੁਨਪ੍ਰੀਤ ਸਿੰਘ ਸੌਂਦ ਅਤੇ ਡਾ. ਬਲਬੀਰ ਸਿੰਘ ਦੀ ਹਾਜ਼ਰੀ ਵਿੱਚ, ਮੇਜਰ (ਡਾ.) ਗੁਰਚਰਨ ਸਿੰਘ, ਸੇਵਾਮੁਕਤ ਨੇ ਅੱਜ ਪੰਜਾਬ ਐਕਸ-ਸਰਵਿਸਮੈਨ ਕਾਰਪੋਰੇਸ਼ਨ (ਪੈਸਕੋ) ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਕੈਬਨਿਟ ਮੰਤਰੀਆਂ ਨੇ ਮੇਜਰ (ਡਾ.) ਗੁਰਚਰਨ ਸਿੰਘ ਨੂੰ ਵਧਾਈ ਦਿੱਤੀ ਅਤੇ ਵਿਸ਼ਵਾਸ ਪ੍ਰਗਟਾਇਆ ਕਿ ਉਨ੍ਹਾਂ ਦਾ ਪ੍ਰਸ਼ਾਸਕੀ ਤਜਰਬਾ, ਅਨੁਸ਼ਾਸਿਤ ਪਿਛੋਕੜ ਅਤੇ ਸਾਬਕਾ ਫੌਜੀਆਂ ਦੀ ਭਲਾਈ ਪ੍ਰਤੀ ਵਚਨਬੱਧਤਾ ਨਾਲ ਕਾਰਪੋਰੇਸ਼ਨ ਦੇ ਕੰਮਕਾਜ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਸਾਬਕਾ ਫੌਜੀਆਂ ਦੇ ਰਾਸ਼ਟਰ ਪ੍ਰਤੀ ਵਡਮੁੱਲੇ ਯੋਗਦਾਨ ਨੂੰ ਸਤਿਕਾਰ ਦਿੰਦਿਆਂ ਪੰਜਾਬ ਸਰਕਾਰ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਅਤੇ ਮੁੜ ਵਸੇਬੇ ਲਈ ਵਚਨਬੱਧ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਉਨ੍ਹਾਂ ਵਿੱਚ ਭਰੋਸਾ ਦਿਖਾਉਣ ਲਈ ਧੰਨਵਾਦ ਕਰਦਿਆਂ ਮੇਜਰ (ਡਾ.) ਗੁਰਚਰਨ ਸਿੰਘ ਨੇ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੇ ਸਮਰਪਣ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਨੇ ਸੂਬੇ ਭਰ ਵਿੱਚ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਭਲਾਈ ਉਪਾਵਾਂ, ਰੁਜ਼ਗਾਰ ਮੌਕੇ ਅਤੇ ਸਹਾਇਤਾ ਪ੍ਰਣਾਲੀਆਂ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਭਾਰਤੀ ਫੌਜ ਵਿੱਚ 21 ਸਾਲ ਦੀ ਸੇਵਾ ਨਿਭਾਉਣ ਵਾਲੇ ਮੇਜਰ (ਡਾ.) ਗੁਰਚਰਨ ਸਿੰਘ, ਸੇਵਾਮੁਕਤ, ਇੱਕ ਤਜਰਬੇਕਾਰ ਸੈਨਿਕ ਹਨ, ਜੋ ਅੱਤਵਾਦ ਵਿਰੋਧੀ ਕਾਰਵਾਈਆਂ ਅਤੇ ਜੰਗਲ ਯੁੱਧ ਵਿੱਚ ਮਾਹਰ ਹਨ। ਉਨ੍ਹਾਂ ਨੇ ਕੰਪਨੀ ਕਮਾਂਡਰ ਅਤੇ ਸੈਕਿੰਡ-ਇਨ-ਕਮਾਂਡ ਸਮੇਤ ਮੁੱਖ ਲੀਡਰਸ਼ਿਪ ਭੂਮਿਕਾਵਾਂ



ਨਿਭਾਈਆਂ ਹਨ ਅਤੇ ਉਨ੍ਹਾਂ ਨੂੰ ਵਿਆਪਕ ਪ੍ਰਸ਼ਾਸਕੀ ਅਤੇ ਕੰਮਕਾਜੀ ਅਨੁਭਵ ਹਾਸਲ ਹੈ। ਸੇਵਾਮੁਕਤੀ ਤੋਂ ਬਾਅਦ, ਉਹ ਸਮਾਜ ਭਲਾਈ ਅਤੇ ਸਾਬਕਾ ਸੈਨਿਕਾਂ ਦੀ ਸਹਾਇਤਾ ਦੇ ਉਦੇਸ਼ ਨਾਲ ਕੀਤੀਆਂ ਗਈਆਂ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਜੁੜੇ ਰਹੇ ਹਨ। ਇਸ ਮੌਕੇ ਮੌਜੂਦ ਪਤਵੰਤਿਆਂ ਵਿੱਚ ਡੇਰਾਬੱਸੀ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ, ਮਾਨਸਾ ਤੋਂ ਵਿਧਾਇਕ ਵਿਜੇ ਐਨ. ਸਿੰਗਲਾ, ਵਾਟਰ ਵਰਕਸ ਦੇ ਚੇਅਰਮੈਨ ਅਤੇ 'ਆਪ' ਦੇ ਸਕੱਤਰ ਐਸ.ਐਸ. ਆਹਲੂਵਾਲੀਆ, ਚੇਅਰਮੈਨ (ਪੰਜਾਬ ਐਗਰੋ) ਸ਼ਵਿੰਦਰ ਸਿੰਘ ਖਿੰਡਾ, ਸਨੌਰ ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ, ਚੇਅਰਮੈਨ(ਯੋਜਨਾ ਬੋਰਡ) ਪ੍ਰਭਜੋਤ ਕੌਰ, ਚੇਅਰਮੈਨ( ਮਾਰਕੀਟ ਕਮੇਟੀ) ਮੋਹਾਲੀ, ਗੁਰਿੰਦਰ ਸਿੰਘ ਮਿੱਤਲ, ਕੌਂਸਲਰ( ਚੰਡੀਗੜ੍ਹ) ਦਮਨਪ੍ਰੀਤ ਸਿੰਘ ਬਾਦਲ, ਕੌਂਸਲਰ( ਚੰਡੀਗੜ੍ਹ) ਪ੍ਰੇਮ ਲਤਾ, ਕੌਂਸਲਰ, (ਚੰਡੀਗੜ੍ਹ) ਅੰਜੂ ਕਤਿਆਲ , ਕੌਂਸਲਰ(ਚੰਡੀਗੜ੍ਹ) ਹਰਦੀਪ ਸਿੰਘ, ਮੈਨੇਜਿੰਗ ਡਾਇਰੈਕਟਰ ਮੇਜਰ ਜਨਰਲ ਹਰਮਨਦੀਪ ਸਿੰਘ (ਸੇਵਾਮੁਕਤ) ਅਤੇ ਹੋਰ ਸੀਨੀਅਰ ਅਧਿਕਾਰੀ ਲੈਫਟੀਨੈਂਟ ਜਨਰਲ ਸੁਰਿੰਦਰ ਸਿੰਘ, ਸਾਬਕਾ ਆਰਮੀ ਕਮਾਂਡਰ, ਵੈਸਟਰਨ ਕਮਾਂਡ, ਲੈਫਟੀਨੈਂਟ ਜਨਰਲ ਗੁਰਪ੍ਰਤਾਪ ਸਿੰਘ (ਸੇਵਾਮੁਕਤ) ਅਤੇ ਟਰਾਈਸਿਟੀ ਦੇ ਵੱਡੀ ਗਿਣਤੀ ਵਿੱਚ ਫੌਜੀ ਅਧਿਕਾਰੀ ਵੀ ਮੌਜੂਦ ਸਨ।

# ਬਿਨਾਂ ਪ੍ਰਿੰਸੀਪਲਾਂ ਤੋਂ ਚੱਲ ਰਹੇ ਨੇ ਪੰਜਾਬ ਦੇ 51 ਫ਼ੀਸਦੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ

ਚੰਡੀਗੜ੍ਹ, 18 ਫਰਵਰੀ (ਚ.ਨ.ਸ.) : ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਲੈ ਕੇ ਵੱਡੇ ਸਵਾਲ ਖੜ੍ਹੇ ਹੋ ਰਹੇ ਹਨ। ਤਾਜ਼ਾ ਅੰਕੜਿਆਂ ਅਨੁਸਾਰ ਸੂਬੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪ੍ਰਿੰਸੀਪਲਾਂ ਦੀ ਭਾਰੀ ਕਮੀ ਨਾਲ ਜੂਝ ਰਹੇ ਹਨ। ਸਥਿਤੀ ਇੰਨੀ ਗੰਭੀਰ ਹੈ ਕਿ ਲੱਗਭੱਗ 51 ਫ਼ੀਸਦ ਅਸਾਮੀਆਂ ਖਾਲੀ ਪਈਆਂ ਹਨ, ਜਿਸ ਕਾਰਨ ਸਕੂਲਾਂ ਦਾ ਪ੍ਰਬੰਧਕੀ ਕੰਮ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਸਰਕਾਰੀ ਅੰਕੜਿਆਂ ਮੁਤਾਬਕ, ਸੂਬੇ ਭਰ ਦੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪ੍ਰਿੰਸੀਪਲਾਂ ਦੀਆਂ ਕੁੱਲ 1,927 ਮਨਜ਼ੂਰਸ਼ੁਦਾ ਅਸਾਮੀਆਂ ਹਨ ਪਰ ਇਨ੍ਹਾਂ ਵਿੱਚੋਂ 984 ਅਸਾਮੀਆਂ 'ਤੇ ਕੋਈ ਪ੍ਰਿੰਸੀਪਲ ਤਾਇਨਾਤ ਨਹੀਂ ਹੈ। ਕਈ ਜ਼ਿਲ੍ਹਿਆਂ ਵਿੱਚ ਤਾਂ ਹਾਲਾਤ ਹੋਰ ਵੀ ਮਾੜੇ ਹਨ, ਜਿੱਥੇ ਸਕੂਲ ਲੋੜੀਂਦੀ ਗਿਣਤੀ ਦੇ ਤੀਜੇ ਹਿੱਸੇ ਤੋਂ ਵੀ ਘੱਟ ਪ੍ਰਿੰਸੀਪਲਾਂ ਨਾਲ ਚੱਲ ਰਹੇ ਹਨ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਿਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਅਕਾਲੀਆਂ ਨਾਲ ਗੱਠਜੋੜ ਦਾ ਫ਼ੈਸਲਾ ਸੰਸਦੀ ਬੋਰਡ ਦੇ ਹੱਥ: ਲਾਲਪੁਰਾ

ਸ਼ੇਰਪੁਰ, 18 ਫਰਵਰੀ (ਬਲਜੀਤ ਸਿੰਘ ਟਿੱਬਾ): ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਅੱਜ ਸ਼ੇਰਪੁਰ ਨੇੜਲੇ ਪਿੰਡ ਰਜੋਮਜਰਾ ਵਿਖੇ ਆਪਣੇ ਨਿੱਜੀ ਤੇ ਪਰਿਵਾਰਿਕ ਸਾਥੀ ਮੇਜਰ ਰਵਿੰਦਰ ਸਿੰਘ ਸ਼ੇਰਗਿੱਲ ਦੇ ਗ੍ਰਹਿ ਵਿਖੇ ਪਹੁੰਚੇ।ਇਸ ਮੌਕੇ ਮੇਜਰ ਰਵਿੰਦਰ ਸਿੰਘ ਸ਼ੇਰਗਿੱਲ ਵਲੋ ਸਾਥੀਆਂ ਸਮੇਤ ਲਾਲਪੁਰਾ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਮੇਜਰ ਸ਼ੇਰਗਿੱਲ ਦੇ ਪਰਿਵਾਰਿਕ ਦੋਸਤਾਂ ਆਦਿ ਨੇ ਉਨ੍ਹਾਂ ਨਾਲ ਮੁਲਾਕਾਤ ਕਰਕੇ ਆਪਣੇ ਵਿਚਾਰ ਅਤੇ ਮਸਲੇ ਸਾਂਝੇ ਕੀਤੇ। ਉਨ੍ਹਾਂ ਨੇ ਅੱਜ ਦੀ ਫੇਰੀ ਬਾਰੇ ਕਿਹਾ ਕਿ ਸ਼ੇਰਗਿੱਲ ਸਾਹਿਬ ਮੇਰੇ ਛੋਟੇ ਭਰਾ ਹਨ ਤੇ ਇਹਨਾਂ ਕੋਲ ਅਉਣਾ ਹਮੇਸ਼ਾ ਖੁਸ਼ੀ ਦੀ ਗੱਲ ਹੈ, ਕਿਉਂਕਿ ਰਾਜਨੀਤੀ ਨਾਲ ਹੀ ਜੁੜਕੇ ਚੱਲਣੀ ਹੈ, ਰਾਜਨੀਤੀ ਤੇ ਸਮਾਜਿਕ ਰਿਸ਼ਤੇ ਨੂੰ ਹੁਣ ਵੱਖ ਨਹੀਂ ਕੀਤਾ ਜਾ ਸਕਦਾ ਇਸ ਕਰਕੇ ਸ਼ੇਰਗਿੱਲ ਸਾਬ ਨੇ ਭਾਜਪਾ ਚ ਪਹਿਲਾਂ ਵੀ ਬਹੁਤ ਕੰਮ ਕੀਤਾ ਅਸੀਂ ਹੁਣ ਇਹ ਚਾਹਵਾਂਗੇ ਇਹ ਅੱਗੇ ਵੀ ਆਪਣੇ ਇਲਾਕੇ ਹੋਰ ਵੀ ਕੰਮ ਕਰਨ ਅਤੇ ਇਸ ਇਲਾਕੇ ਦੀ ਨੁਮਾਇੰਦਗੀ ਕਰਨ।

ਉਹਨਾਂ ਨੇ ਦੇਸ਼ ਤੇ ਪੰਜਾਬ ਨਾਲ ਸੰਬੰਧਿਤ ਕਈ ਅਹਿਮ ਰਾਜਨੀਤਿਕ, ਧਾਰਮਿਕ ਤੇ ਸਮਾਜਿਕ ਮੁੱਦਿਆਂ 'ਤੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਮੀਡੀਆ ਨਾਲ ਸੰਖੇਪ ਗੱਲਬਾਤ ਕਰਦਿਆਂ ਲਾਲਪੁਰਾ ਨੇ ਕਿਹਾ ਕਿ ਪੰਜਾਬ ਅਤੇ



ਪੰਜਾਬੀ, ਪੰਜਾਬੀਅਤ ਅਤੇ ਪੰਜਾਬੀ ਬੋਲੀ ਦੀ ਤਰੱਕੀ, ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਨੇ ਇਹ ਵੀ ਆਖਿਆ ਕਿ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਉਨ੍ਹਾਂ ਦੇ ਭਰੋਸੇ ਨੂੰ ਕਾਇਮ ਰੱਖਣਾ ਸਰਕਾਰ ਦੀ ਪ੍ਰਾਥਮਿਕਤਾ ਹੈ। ਅਕਾਲੀ ਭਾਜਪਾ ਦੇ ਚੋਣ ਗੱਠਜੋੜ ਸਬੰਧੀ ਪੁਸੇ ਦੇ ਸਵਾਲ ਦੇ ਜਵਾਬ ਵਿੱਚ ਉਹਨਾਂ ਕਿਹਾ ਕਿ ਇਹ ਪਾਰਲੀਮੈਂਟਰੀ ਬੋਰਡ ਦਾ ਫੈਸਲਾ ਹੈ ਪਰ ਭਾਰਤੀ ਜਨਤਾ ਪਾਰਟੀ ਇੰਨੀ ਸਮਰੱਥ ਹੈ ਕਿ ਉਹ ਪੰਜਾਬ ਦੀਆਂ 117 ਵਿਧਾਨ ਸਭਾ ਸੀਟਾਂ ਤੇ ਖੁਦ ਚੋਣ ਲੜ ਸਕਦੀ ਹੈ।

ਪੰਜਾਬ ਦੇ ਮੌਜੂਦਾ ਹਾਲਾਤਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਰਾਜ ਨੂੰ ਅਮਨ-ਸ਼ਾਂਤੀ ਅਤੇ ਵਿਕਾਸ ਦੇ ਰਾਹ 'ਤੇ ਅੱਗੇ ਵਧਾਉਣ ਲਈ ਸਿਆਸੀ ਅਤੇ ਧਾਰਮਿਕ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਗਲਤ ਪ੍ਰਚਾਰ ਤੋਂ ਬਚਦੇ ਹੋਏ ਸਕਾਰਾਤਮਕ ਸੋਚ ਅਤੇ ਰਚਨਾਤਮਕ ਭੂਮਿਕਾ ਨਿਭਾਉਣ। ਇਸ ਮੌਕੇ ਤੇਜਿੰਦਰ ਸਿੰਘ (ਰਾਹੁਲ) ਸਾਬਕਾ ਮੈਂਬਰ ਪੀ.ਪੀ. ਐਸ.ਸੀ, ਸੁਰੇਸ਼ ਕੁਮਾਰ ਜਿੰਦਲ ਪ੍ਰਧਾਨ ਸ਼ੈਲਰ ਐਸੋਸੀਏਸ਼ਨ ਧੂਰੀ, ਜਤਿੰਦਰ ਸਿੰਘ (ਸੋਨੀ) ਮੰਡੇਰ ਪ੍ਰਧਾਨ, ਆੜਤੀਆ ਐਸੋਸੀਏਸ਼ਨ, ਵਿਜੇ ਬਾਂਸਲ ਚੇਅਰਮੈਨ ਸ਼ੈਲਰ ਐਸੋਸੀਏਸ਼ਨ, ਵਿਜੇ ਗੋਇਲ ਡਾਇਰੈਕਟਰ ਏਪੀ ਸੋਲਵੈਕਸ, ਵਿਪਨ ਕਾਂਝਲਾ ਪ੍ਰਧਾਨ ਉਦਯੋਗ ਚੈਂਬਰ, ਮੋਹਨ ਲਾਲ ਗਰਗ ਐਮਡੀ ਕੈਂਬਰਿਜ ਸਕੂਲਜ਼, ਅਸ਼ੋਕ ਕੁਮਾਰ ਜਿੰਦਲ ਜ਼ਿਲ੍ਹਾ ਪ੍ਰਧਾਨ ਸ਼ੈਲਰ ਐਸੋਸੀਏਸ਼ਨ, ਬਲਵਿੰਦਰ ਕੁਮਾਰ ਬਬਲੂ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ, ਰਾਕੇਸ਼ ਕੁਮਾਰ (ਰਿੰਕੂ) ਐਮ.ਸੀ, ਸੰਜੇ ਸਿੰਗਲਾ ਪ੍ਰਧਾਨ ਗਊਸ਼ਾਲਾ, ਤੇਜਿੰਦਰ ਸਿੰਘ ਐਮ.ਡੀ.ਪਰਮ ਐਗਰੋ , ਮਨਪ੍ਰੀਤ ਸਿੰਘ ਸਰਪੰਚ ਪਿੰਡ ਰਾਜੋਮਾਜਰਾ ਆਦਿ ਹਾਜਰ ਸਨ।

ਭਾਵੇਂ ਇਹ ਦੌਰਾ ਨਿੱਜੀ ਦੱਸਿਆ ਗਿਆ, ਪਰ ਲਾਲਪੁਰਾ ਦੇ ਬਿਆਨਾਂ ਨੇ ਸਿਆਸੀ ਹਲਕਿਆਂ ਵਿੱਚ ਚਰਚਾ ਨੂੰ ਜਨਮ ਦੇ ਦਿੱਤਾ ਹੈ। ਉਨ੍ਹਾਂ ਦੇ ਵਿਚਾਰਾਂ ਨੂੰ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਰਾਜਨੀਤੀ ਅਤੇ ਸਮਾਜਿਕ ਮਾਹੌਲ 'ਤੇ ਅਸਰਦਾਰਿਕ ਮੰਨਿਆ ਜਾ ਰਿਹਾ ਹੈ।

# ਜੰਗਲੀ ਜੀਵਾਂ ਦੀ ਸੁਰੱਖਿਆ ਸਬੰਧੀ ਮਾਨ ਸਰਕਾਰ ਦੀਆਂ ਪਹਿਲਕਦਮੀਆਂ ਸਦਕਾ 2 ਮਹੀਨਿਆਂ 'ਚ 80,508 ਸੈਲਾਨੀਆਂ ਦੀ ਹੋਈ ਆਮਦ : ਕਟਾਰੂਚੱਕ

ਚੰਡੀਗੜ੍ਹ, 18 ਫਰਵਰੀ (ਚ.ਨ.ਸ.): ਜੰਗਲੀ ਜੀਵਾਂ ਦੀ ਸੁਰੱਖਿਆ ਅਤੇ ਲੋਕਾਂ ਨੂੰ ਜਾਗਰੂਕ ਕਰਨ ਸਬੰਧੀ ਭਗਵੰਤ ਸਿੰਘ ਮਾਨ ਸਰਕਾਰ ਦੇ ਠੋਸ ਯਤਨਾਂ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ ਜਿਸ ਨਾਲ ਮਹਿੰਦਰ ਚੌਧਰੀ ਜ਼ੂਆਲੋਜੀਕਲ ਪਾਰਕ, ਛੱਤਬੀੜ ਵਿਖੇ ਸੈਲਾਨੀਆਂ ਦੀ ਆਮਦ ਵਿੱਚ ਕਾਫ਼ੀ ਵਾਧਾ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸਾਲ ਦੇ ਪਹਿਲੇ ਦੋ ਮਹੀਨਿਆਂ ਦੌਰਾਨ ਹੀ ਚਿੜੀਆਘਰ ਵਿੱਚ 80,508 ਸੈਲਾਨੀਆਂ ਦੀ ਆਮਦ ਹੋਈ ਹੈ ਜੋ ਕਿ ਜੰਗਲੀ ਜੀਵਾਂ ਦੀ ਸੁਰੱਖਿਆ ਸਬੰਧੀ ਲੋਕਾਂ ਦੀ ਵੱਧ ਰਹੀ ਜਾਗਰੂਕਤਾ ਤੇ ਸ਼ਮੂਲੀਅਤ ਨੂੰ ਦਰਸਾਉਂਦਾ ਹੈ। ਇਸ ਸਬੰਧੀ ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਗੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਾਡੀ ਸਰਕਾਰ ਵੱਲੋਂ ਲੋਕਾਂ ਨੂੰ ਜੰਗਲੀ ਜੀਵਾਂ ਦੀ ਸਾਂਭ-ਸੰਭਾਲ ਪ੍ਰਤੀ ਜਾਗਰੂਕ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਤੇ ਇਸ ਸਬੰਧੀ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।"

ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਨੇ ਦੱਸਿਆ, "ਸਿਰਫ਼ ਜਨਵਰੀ ਮਹੀਨੇ ਦੌਰਾਨ ਹੀ ਛੱਤਬੀੜ ਚਿੜੀਆਘਰ



ਵਿੱਚ 48,719 ਸੈਲਾਨੀਆਂ ਦੀ ਆਮਦ ਹੋਈ, ਜਦੋਂ ਕਿ ਫਰਵਰੀ ਵਿੱਚ 31,789 ਸੈਲਾਨੀ ਸ਼ਾਂਤ ਅਤੇ ਕੁਦਰਤੀ ਮਾਹੌਲ ਵਿੱਚ ਪੰਛੀਆਂ ਤੇ ਜਾਨਵਰਾਂ ਦੀਆਂ ਵੱਖ-ਵੱਖ ਪ੍ਰਜਾਤੀਆਂ ਨੂੰ ਦੇਖਣ ਲਈ ਆਏ।" ਚਿੜੀਆਘਰ ਵਿੱਚ ਪੰਛੀਆਂ ਅਤੇ ਜਾਨਵਰਾਂ ਦੀ ਸੁਰੱਖਿਆ ਤੇ ਸਾਂਭ-ਸੰਭਾਲ ਲਈ ਕੀਤੀਆਂ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ, "ਜੰਗਲੀ ਜੀਵਾਂ ਦੀ ਸਾਂਭ-ਸੰਭਾਲ ਅਤੇ ਸੁਰੱਖਿਆ ਪ੍ਰਤੀ ਸਾਡੀ ਵਚਨਬੱਧਤਾ ਦੇ ਹਿੱਸੇ ਵਜੋਂ, ਛੱਤਬੀੜ ਚਿੜੀਆਘਰ ਵਿੱਚ ਕਈ ਅਹਿਮ ਪਹਿਲਕਦਮੀਆਂ ਕੀਤੀਆਂ ਗਈਆਂ ਹਨ।" ਉਨ੍ਹਾਂ ਕਿਹਾ, "ਦੇਸ਼ ਦਾ ਸਭ ਤੋਂ ਵੱਡਾ ਅਤੇ ਸਭ ਤੋਂ ਲੰਬਾ ਵਾਕ-ਇਨ ਖੇਤਰ ਖਿੱਚ ਦਾ ਮੁੱਖ ਕੇਂਦਰ ਬਣ ਗਿਆ ਹੈ। ਇਸ ਦੇ ਨਾਲ, ਸੈਲਾਨੀਆਂ ਲਈ ਵਿੱਦਿਅਕ ਅਤੇ ਮਨੋਰੰਜਨ ਅਨੁਭਵ ਯਕੀਨੀ ਬਣਾਉਣ ਲਈ ਇੱਕ ਅਤਿ-ਆਧੁਨਿਕ ਡਾਇਨਾਸੌਰ ਪਾਰਕ ਸਥਾਪਿਤ ਕੀਤਾ ਗਿਆ ਹੈ।"

ਚਿੜੀਆਘਰ ਦੇ ਬੁਨਿਆਦੀ ਢਾਂਚੇ ਦੇ ਨਵੀਨੀਕਰਨ ਬਾਰੇ ਜਾਣਕਾਰੀ ਦਿੰਦਿਆਂ, ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ, "1,200 ਮੀਟਰ ਦੇ ਜੰਗਲੀ ਜੀਵ ਸਫਾਰੀ ਖੇਤਰ ਵਿੱਚ, ਚਾਰਦੀਵਾਰੀ ਨੂੰ ਮਜ਼ਬੂਤ ਕੀਤਾ ਗਿਆ ਹੈ ਅਤੇ ਸਾਫ਼-ਸੁਥਰੀ ਊਰਜਾ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ 260 ਕੇਵੀ ਸੋਲਰ ਪਲਾਂਟ ਲਗਾਇਆ ਗਿਆ ਹੈ।" ਉਨ੍ਹਾਂ ਕਿਹਾ, "ਮਾਸਾਹਾਰੀ ਜਾਨਵਰਾਂ ਨੂੰ ਵਿਸ਼ੇਸ਼ ਇਲਾਜ ਪ੍ਰਦਾਨ ਕਰਨ ਲਈ ਲੋਆਇਨ ਸਫਾਰੀ ਵਿੱਚ ਕ੍ਰਿਟੀਕਲ ਕੇਅਰ ਯੂਨਿਟ ਸਥਾਪਤ ਕੀਤੀ ਗਈ ਹੈ ਤੇ ਸੈਲਾਨੀਆਂ, ਖਾਸ ਕਰਕੇ ਸਕੂਲੀ ਬੱਚਿਆਂ ਲਈ ਇੱਕ ਓਪਨ-ਏਅਰ ਜ਼ੂ ਐਜੂਕੇਸ਼ਨ ਪਲਾਜ਼ਾ ਤਿਆਰ ਕੀਤਾ ਗਿਆ ਹੈ।" ਜੰਗਲੀ ਜੀਵਾਂ ਦੀ ਸੰਭਾਲ ਸਬੰਧੀ ਏਜੰਡੇ 'ਤੇ ਚਾਨਣਾ ਪਾਉਂਦਿਆਂ, ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ, "ਸਿੰਧੂ ਨਦੀ ਡੌਲਫਿਨ ਨੂੰ ਪੰਜਾਬ ਦਾ ਸੂਬਾਈ ਜਲ ਜੀਵ ਐਲਾਨਿਆ ਗਿਆ ਹੈ ਅਤੇ ਸੂਬੇ ਭਰ ਦੀਆਂ 13 ਜੰਗਲੀ ਜੀਵ ਰੱਖਾਂ ਨੂੰ ਪਲਾਸਟਿਕ ਮੁਕਤ ਐਲਾਨ ਕੀਤਾ ਗਿਆ ਹੈ।" ਉਨ੍ਹਾਂ ਕਿਹਾ, "ਕੇਂਦਰ ਸਰਕਾਰ ਵੱਲੋਂ ਤਰਜੀਹੀ ਵਿਕਾਸ ਲਈ ਚੁਣੇ ਗਏ 100 ਵੈਟਲੈਂਡਜ਼ ਵਿੱਚ ਸੂਬੇ ਦੇ ਪੰਜ ਵੈਟਲੈਂਡ ਹਰੀਕੇ, ਰੋਪੜ, ਕਾਂਝਲੀ, ਕੇਸ਼ੋਪੁਰ ਅਤੇ ਨੰਗਲ ਨੂੰ ਸ਼ਾਮਿਲ ਕੀਤਾ ਗਿਆ ਹੈ।"

# ਕਿਲ੍ਹਾ ਰਾਏਪੁਰ ਪੇਂਡੂ ਓਲੰਪਿਕ-2026 ਦੇ ਦੂਜੇ ਦਿਨ ਬੈਲ ਗੱਡੀਆਂ ਦੀ ਦੌੜ ਨਾਲ ਗੂੰਜਿਆ ਮੈਦਾਨ

## 12 ਸਾਲ ਬਾਅਦ ਬੈਲ ਗੱਡੀ ਦੌੜਾਂ ਦੀ ਪੁਨਰਸੁਰਜੀਤੀ ਇਤਿਹਾਸਕ ਮੀਲ ਪੱਥਰ : ਸੰਧਵਾਂ

ਕਿਲਾ ਰਾਏਪੁਰ (ਲੁਧਿਆਣਾ), 18 ਫਰਵਰੀ (ਅੰਮ੍ਰਿਤਪਾਲ ਸਿੰਘ/ਵਿਸ਼ਾਲ ਸ਼ਰਮਾ): ਕਿਲਾ ਰਾਏਪੁਰ ਪੇਂਡੂ ਓਲੰਪਿਕ ਦੇ ਦੂਜੇ ਦਿਨ ਉਤਸ਼ਾਹ ਦਾ ਇੱਕ ਬੇਮਿਸਾਲ ਉਛਾਲ ਦੇਖਣ ਨੂੰ ਮਿਲਿਆ, ਹਜ਼ਾਰਾਂ ਲੋਕ, ਖਾਸ ਕਰਕੇ ਨੌਜਵਾਨ, ਪੰਜਾਬ ਦੇ ਅਮੀਰ ਪੇਂਡੂ ਖੇਡ ਵਿਰਾਸਤ ਦਾ ਜਸ਼ਨ ਮਨਾਉਣ ਲਈ ਇਤਿਹਾਸਕ ਸਟੇਡੀਅਮ ਕਿਲਾ ਰਾਏਪੁਰ ਵਿੱਚ ਇਕੱਠੇ ਹੋਏ। ਦੂਜੇ ਦਿਨ ਦੀਆਂ ਖੇਡਾਂ ਨੇ ਦਰਸ਼ਕਾਂ ਦੇ ਮਨ ਨੂੰ ਮੋਹ ਲਿਆ ਕਿਉਂਕਿ ਇਤਿਹਾਸਕ ਬੈਲ ਗੱਡੀਆਂ ਦੀਆਂ ਦੌੜਾਂ 12 ਸਾਲਾਂ ਦੇ ਅੰਤਰਾਲ ਤੋਂ ਬਾਅਦ ਮੁੜ ਸੁਰਜੀਤ ਹੋਈਆਂ ਹਨ ਜੋ ਦਰਸ਼ਕਾਂ ਦੇ ਧਿਆਨ ਦਾ ਕੇਂਦਰ ਬਣੀਆ। ਸਟੇਡੀਅਮ ਵਿੱਚ ਬੈਠੇ ਦਰਸ਼ਕਾਂ/ਲੋਕਾਂ ਨੇ ਜ਼ੋਰਦਾਰ ਜੈਕਾਰਿਆਂ ਦੀ ਗੂੰਜ ਨਾਲ ਰਵਾਇਤੀ ਬੈਲ ਗੱਡੀਆਂ ਦੀਆਂ ਦੌੜਾਂ ਦਾ ਸਵਾਗਤ ਕੀਤਾ। ਦਰਸ਼ਕਾਂ ਨੇ ਨਾ ਸਿਰਫ਼ ਬੈਲ ਗੱਡੀਆਂ ਦੀਆਂ ਦੌੜਾਂ ਦਾ ਉਤਸ਼ਾਹ ਨਾਲ ਸਮਰਥਨ ਕੀਤਾ ਸਗੋਂ ਰਵਾਇਤੀ ਖੇਡਾਂ ਅਤੇ ਐਥਲੈਟਿਕ ਮੁਕਾਬਲਿਆਂ ਦੀ ਇੱਕ ਜੀਵੰਤ ਲੜੀ ਦਾ ਵੀ ਸਮਰਥਨ ਕੀਤਾ। ਜਿਸ ਵਿੱਚ ਹਾਕੀ ਮੈਚ, ਕਬੱਡੀ ਮੁਕਾਬਲੇ, ਸ਼ਾਟ ਪੁੱਟ ਥ੍ਰੋ, 100 ਮੀਟਰ ਸਪ੍ਰਿੰਟ, ਟੰਗ ਆਫ਼ ਵਾਰ ਮੁਕਾਬਲੇ, ਲੰਬੀ ਛਾਲ ਦੇ ਮੁਕਾਬਲੇ, ਬਾਜ਼ੀਗਰ ਸ਼ੋਅ ਅਤੇ ਕਈ ਹੋਰ ਪੇਂਡੂ ਐਥਲੈਟਿਕ ਖੇਡਾਂ ਸ਼ਾਮਲ ਸਨ। ਖੇਡ ਮੈਦਾਨ ਪਰਿਵਾਰਾਂ, ਕਿਸਾਨਾਂ, ਨੌਜਵਾਨਾਂ ਸਮੂਹਾਂ, ਰਾਜ ਅਤੇ ਇਸ ਤੋਂ ਬਾਹਰ ਦੇ ਦਰਸ਼ਕਾਂ ਦੇ ਨਾਲ ਖਚਾਖਚ ਭਰਿਆ ਹੋਇਆ ਸੀ ਜਿਸ ਨਾਲ



ਏਕਤਾ, ਉਤਸ਼ਾਹ ਅਤੇ ਭਾਈਚਾਰਕ ਭਾਵਨਾ ਦਾ ਇੱਕ ਵੱਖਰਾ ਹੀ ਮਾਹੌਲ ਪੈਦਾ ਹੋਇਆ।

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਤਸ਼ਾਹੀ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੈਲ ਗੱਡੀਆਂ ਦੀਆਂ ਦੌੜਾਂ ਦੀ ਪੁਨਰ ਸੁਰਜੀਤੀ ਇੱਕ ਇਤਿਹਾਸਕ ਮੀਲ ਪੱਥਰ ਵਜੋਂ ਸਾਬਤ ਹੋਈ ਹੈ। ਇਹ ਪ੍ਰਾਪਤੀ ਪੰਜਾਬ ਜਾਨਵਰਾਂ 'ਤੇ ਜ਼ੁਲਮ ਦੀ ਰੋਕਥਾਮ (ਪੰਜਾਬ ਸੋਧ) ਐਕਟ, 2025 ਵਿੱਚ ਦਰਜ ਸੋਚ-ਸਮਝ ਕੇ ਕੀਤੇ ਗਏ ਵਿਧਾਨਕ ਸੁਧਾਰਾਂ ਅਤੇ ਜਾਨਵਰਾਂ ਦੀ ਭਲਾਈ ਅਤੇ ਸੁਰੱਖਿਆ ਦੁਆਰਾ ਸੰਭਵ ਹੋਈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਰਵਾਇਤੀ ਖੇਡ ਦੀ ਵਾਪਸੀ ਨਾ ਸਿਰਫ਼ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸੁਰੱਖਿਅਤ ਰੱਖਦੀ ਹੈ ਬਲਕਿ ਨੌਜਵਾਨ ਪੀੜ੍ਹੀ ਵਿੱਚ ਰਵਾਇਤੀ ਪੇਂਡੂ ਖੇਡਾਂ ਲਈ ਨਵਾਂ ਉਤਸ਼ਾਹ ਵੀ ਜਗਾਉਂਦੀ ਹੈ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਇਹ ਖੇਡਾਂ ਨੌਜਵਾਨਾਂ ਨੂੰ ਖੇਡ ਮੈਦਾਨਾਂ ਵੱਲ ਵਾਪਸ ਖਿੱਚਣਗੀਆਂ ਅਤੇ ਉਨ੍ਹਾਂ ਨੂੰ ਨਸ਼ਿਆਂ ਅਤੇ ਬਹੁਤ ਜ਼ਿਆਦਾ ਮੋਬਾਈਲ ਦੀ ਵਰਤੋਂ ਤੋਂ ਦੂਰ ਕਰਨਗੀਆਂ। ਉਨ੍ਹਾਂ ਨੇ ਇਨ੍ਹਾਂ ਖੇਡਾਂ ਨਾਲ ਲੋਕਾਂ ਦੇ ਡੂੰਘੇ ਭਾਵਨਾਤਮਕ ਸਬੰਧਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਖੇਡਾਂ ਪੰਜਾਬ ਦੇ ਸੱਭਿਆਚਾਰ, ਵਿਰਾਸਤ ਨੂੰ ਜ਼ਿੰਦਾ ਅਤੇ ਬਰਕਰਾਰ ਰੱਖਣ ਵਿੱਚ ਸਹਾਇਤਾ ਕਰਦੀਆ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ ਕਿ ਅਸੀਂ ਨੌਜਵਾਨਾਂ ਨੂੰ ਇਨ੍ਹਾਂ ਪਰੰਪਰਾਵਾਂ ਨਾਲ ਦੁਬਾਰਾ ਜੋੜੀਏ ਖਾਸ ਕਰਕੇ ਅਜਿਹੇ ਸਮੇਂ ਵਿੱਚ ਜਦੋਂ ਰੀਲ ਸੱਭਿਆਚਾਰ ਤੇ ਡਿਜੀਟਲ ਭਟਕਣਾ ਨੇ ਉਨ੍ਹਾਂ ਨੂੰ ਅਸਲੀ ਪੰਜਾਬੀ ਜੜ੍ਹਾਂ ਤੋਂ ਦੂਰ ਕਰ ਦਿੱਤਾ ਹੈ।

ਇਸ ਤੋਂ ਪਹਿਲਾਂ ਦਿਨ ਵਿੱਚ ਪੰਜਾਬ ਸਰਕਾਰ ਦੇ ਸਟੇਟ ਮੀਡੀਆ ਹੈੱਡ ਬਲਤੇਜ ਪੰਨੂ ਨੇ ਪ੍ਰਬੰਧਕਾਂ ਅਤੇ ਦਰਸ਼ਕਾਂ ਦੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਦੀ ਸ਼ਲਾਘਾ ਕੀਤੀ ਜਿਸ ਨਾਲ ਇਹਨਾਂ ਖੇਡਾਂ ਨੂੰ ਇੱਕ ਸ਼ਾਨਦਾਰ ਸਫਲਤਾ ਵਿੱਚ ਬਦਲਿਆ ਗਿਆ। ਉਨ੍ਹਾਂ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਕਿਵੇਂ ਬੈਲ ਗੱਡੀਆਂ ਦੀਆਂ ਦੌੜਾਂ ਦੀ ਮੁੜ ਸ਼ੁਰੂਆਤ ਨੇ ਪੰਜਾਬ ਭਰ ਵਿੱਚ ਇੱਕ ਤਾਜ਼ਾ ਖੇਡ ਭਾਵਨਾ ਭਰੀ ਹੈ ਜਿਸ ਨਾਲ ਪੇਂਡੂ ਜੋਸ਼ ਅਤੇ ਸੱਭਿਆਚਾਰਕ ਪਛਾਣ ਦੇ ਪ੍ਰਤੀਕ ਵਜੋਂ ਪੇਂਡੂ ਓਲੰਪਿਕ ਕਿਲਾ ਰਾਏਪੁਰ ਦੀ ਸ਼ਾਨ ਨੂੰ ਬਹਾਲ ਕੀਤਾ ਗਿਆ ਹੈ। ਉਨ੍ਹਾਂ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਜ਼ਨ ਦੇ ਤਹਿਤ, ਅਸੀਂ ਪਿਛਲੀਆਂ ਚੁਣੌਤੀਆਂ ਨੂੰ ਪਾਰ ਕਰਕੇ ਇਸ ਸ਼ਾਨਦਾਰ ਖੇਡਾਂ ਨੂੰ ਸਹੀ ਸੁਰੱਖਿਆ ਪ੍ਰਬੰਧਾਂ ਨਾਲ ਵਾਪਸ ਲਿਆਂਦਾ ਹੈ ਤੇ ਅੱਜ ਲੋਕਾਂ ਦੇ ਚਿਹਰਿਆਂ 'ਤੇ ਖੁਸ਼ੀ ਦੇਖ ਕੇ ਪਤਾ ਲੱਗਦਾ ਹੈ ਕਿ ਇਹ ਕੋਸ਼ਿਸ਼ ਦੇ ਸ਼ਲਾਘਾਯੋਗ ਹੈ।" ਇਸ ਮੌਕੇ 'ਤੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਮਰਜੀਤ ਬੈਂਸ, ਐਸ.ਡੀ.ਐਮ ਲੁਧਿਆਣਾ ਪੂਰਬੀ ਜਸਲੀਨ ਕੌਰ ਭੁੱਲਰ, ਐਸ.ਡੀ.ਐਮ ਉਪਿੰਦਰਜੀਤ ਕੌਰ ਬਰਾੜ, ਸਹਾਇਕ ਕਮਿਸ਼ਨਰ ਡਾ. ਪ੍ਰਗਤੀ ਵਰਮਾ, ਜ਼ਿਲ੍ਹਾ ਖੇਡ ਅਫ਼ਸਰ ਕੁਲਦੀਪ ਚੁੱਘ ਅਤੇ ਹੋਰ ਸ਼ਖ਼ਸੀਅਤਾਂ ਤੇ ਵੱਡੀ ਗਿਣਤੀ ਵਿੱਚ ਦਰਸ਼ਕ ਸ਼ਾਮਲ ਸਨ।

## ਆਰ.ਟੀ.ਆਈ. ਕਮਿਸ਼ਨ ਵੱਲੋਂ ਪੀ.ਆਈ.ਓ.-ਕਮ-ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਅਬੋਹਰ ਖਿਲਾਫ਼ ਵਾਰੰਟ ਜਾਰੀ

ਚੰਡੀਗੜ੍ਹ, 18 ਫਰਵਰੀ (ਚ.ਨ.ਸ.): ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਇੱਕ ਮਾਮਲੇ ਦੀ ਸੁਣਵਾਈ ਦੌਰਾਨ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਬਲਾਕ ਅਬੋਹਰ ਜ਼ਿਲ੍ਹਾ ਫ਼ਾਜ਼ਿਲਕਾ ਖਿਲਾਫ਼ ਵਾਰੰਟ ਜਾਰੀ ਕੀਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਕਮਿਸ਼ਨਰ ਹਰਪ੍ਰੀਤ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਕਮ ਸਿੰਘ ਸਪੁੱਤਰ ਅਮਰ ਸਿੰਘ ਵਾਸੀ ਪਿੰਡ ਰਾਮਗੜ੍ਹ ਤਹਿਸੀਲ ਅਬੋਹਰ ਵੱਲੋਂ ਦਾਇਰ ਕੇਸ ਨੰ. 6508 ਆਫ 2023 ਵਿੱਚ ਅੰਤਰਪ੍ਰੀਤ ਸਿੰਘ ਦੇ ਪੀ.ਆਈ.ਓ. ਕਮ-ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ, ਅਬੋਹਰ ਜ਼ਿਲ੍ਹਾ ਫ਼ਾਜ਼ਿਲਕਾ 19 ਮਾਰਚ, 2026 ਨੂੰ ਕਮਿਸ਼ਨ ਵਿਖੇ ਪੇਸ਼ ਹੋਣ ਦੇ ਵਾਰੰਟ ਜਾਰੀ ਕੀਤੇ ਹਨ।

ਹਰਪ੍ਰੀਤ ਸਿੰਘ ਸੰਧੂ ਨੇ ਦੱਸਿਆ ਕਿ ਅੰਤਰਪ੍ਰੀਤ ਸਿੰਘ ਹੁਣ ਤੱਕ ਹੋਇਆਂ 5 ਸੁਣਵਾਈਆਂ ਮੌਕੇ ਕਮਿਸ਼ਨ ਦੀਆਂ ਹਦਾਇਤਾਂ ਦੇ ਬਾਵਜੂਦ ਗੈਰ ਹਾਜ਼ਰ ਰਿਹਾ। ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਅੰਤਰਪ੍ਰੀਤ ਸਿੰਘ ਦੀ ਤਨਖ਼ਾਹ ਵੀ ਅਟੈਚ ਕਰਨ ਸਬੰਧੀ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨੂੰ ਹੁਕਮ ਜਾਰੀ ਕਰ ਦਿੱਤੇ ਗਏ ਹਨ।

ਉਨ੍ਹਾਂ ਕਿਹਾ ਕਿ ਹੁਣ ਇਸ ਮਾਮਲੇ ਵਿੱਚ ਕਮਿਸ਼ਨ ਵੱਲੋਂ ਆਰ.ਟੀ.ਐਕਟ 2005 ਦੀ ਧਾਰਾ 18 (3) (ਏ) ਅਧੀਨ ਐਸ.ਐਸ.ਪੀ. ਫ਼ਾਜ਼ਿਲਕਾ ਨੂੰ ਹੁਕਮ ਜਾਰੀ ਕੀਤਾ ਗਿਆ ਹੈ ਕਿ ਉਹ ਅੰਤਰਪ੍ਰੀਤ ਸਿੰਘ ਦੇ ਪੀ.ਆਈ.ਓ. ਕਮ-ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ, ਅਬੋਹਰ ਨੂੰ ਇਨ੍ਹਾਂ ਵਾਰੰਟ ਦੀ ਕਾਪੀ ਤਾਮੀਲ ਕਰਵਾਉਣ ਅਤੇ ਕੇਸ ਦੀ ਅਗਲੀ ਤਾਰੀਕ 19 ਮਾਰਚ, 2026 ਨੂੰ ਕਮਿਸ਼ਨ ਅੱਗੇ ਪੇਸ਼ ਹੋਣ ਦੀ ਹਦਾਇਤ ਜਾਰੀ ਕਰਨ।

# ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਆਫ਼ ਕਾਮਰਸ 'ਚ ਸਕਿੱਲ ਡਿਵੈਲਪਮੈਂਟ ਸੈਂਟਰ ਦਾ ਉਦਘਾਟਨ

ਨਵੀਂ ਦਿੱਲੀ, 18 ਫਰਵਰੀ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ, ਕਾਲਜ ਦੇ ਚੇਅਰਮੈਨ ਐਮ ਪੀ ਐਸ ਚੱਢਾ, ਪ੍ਰਿੰਸੀਪਲ ਪ੍ਰੋਫੈਸਰ ਕਵਲ ਗਿੱਲ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਆਫ ਕਾਮਰਸ ਪੀਤਮਪੁਰਾ ਵਿਚ ਸਕਿੱਲ ਡਵੈਲਪਮੈਂਟ ਸੈਂਟਰ 'ਸਕਿੱਲ ਵਰਸ' ਦਾ ਉਦਘਾਟਨ ਕੀਤਾ। ਇਸ ਮੌਕੇ ਹਾਜ਼ਰ ਕਾਲਜ ਦੇ ਸਟਾਫ ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਾਲਕਾ ਤੇ ਕਾਹਲੋਂ ਨੇ ਕਿਹਾ ਕਿ ਅੱਜ ਦੇ ਯੁੱਗ ਵਿਚ ਸਕਿੱਲ ਯਾਨੀ ਹੁਨਰ ਸਿੱਖਿਆ ਸਭ ਤੋਂ ਜ਼ਰੂਰੀ ਹੈ। ਉਹਨਾਂ ਕਿਹਾ ਕਿ ਮੌਜੂਦਾ ਦੌਰ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਦਾ ਦੌਰ ਹੈ। ਉਹਨਾਂ ਕਿਹਾ ਕਿ ਉਹਨਾਂ ਨੂੰ ਖੁਸ਼ੀ ਹੈ ਕਿ ਉਹ ਇਸ ਸਕਿੱਲ ਡਵੈਲਪਮੈਂਟ ਸੈਂਟਰ ਦਾ ਉਦਘਾਟਨ ਉਸ ਵੇਲੇ ਕਰ ਰਹੇ ਹਨ ਜਦੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਯਤਨਾਂ ਸਦਕਾ ਦੇਸ਼ ਵਿਚ ਏ ਆਈ ਸੰਮੇਲਨ ਭਾਰਤ ਮੰਡਪਮ ਵਿਖੇ ਹੋ ਰਿਹਾ ਹੈ ਜਿਸ ਵਿਚ ਦੇਸ਼ ਤੋਂ ਵੱਡੀਆਂ ਵੱਡੀਆਂ ਸ਼ਖਸੀਅਤਾਂ ਸਮੇਤ 35 ਹਜ਼ਾਰ ਤੋਂ ਜ਼ਿਆਦਾ ਮਾਹਿਰਾਂ ਵੱਲੋਂ ਸ਼ਮੂਲੀਅਤ ਕੀਤੀ ਜਾ ਰਹੀ ਹੈ। ਉਹਨਾਂ ਨੇ ਕਾਲਜ ਦੇ ਪ੍ਰਿੰਸੀਪਲ ਕਵਲ ਗਿੱਲ ਨੂੰ ਵੀ ਇਹ ਅਪੀਲ ਕੀਤੀ



ਕਿ ਕਾਲਜ ਦੇ ਵਿਦਿਆਰਥੀਆਂ ਨੂੰ ਇਸ ਏ ਆਈ ਸੰਮੇਲਨ ਵਿਚ ਭੇਜਿਆ ਜਾਵੇ ਤਾਂ ਜੋ ਵਿਦਿਆਰਥੀ ਇਸ ਖੇਤਰ ਵਿਚ ਹੋਈ ਤਰੱਕੀ ਦੀ ਸਹੀ ਜਾਣਕਾਰੀ ਲੈ ਸਕਣ ਤੇ ਜ਼ਿੰਦਗੀ ਵਿਚ ਇਸ ਖੇਤਰ ਵਿਚ ਬੁਲੰਦੀਆਂ ਛੂਹ ਸਕਣ। ਉਹਨਾਂ ਕਿਹਾ ਕਿ ਉਹਨਾਂ ਨੂੰ ਇਸ ਗੱਲ ਦੀ ਵੀ ਬਹੁਤ ਖੁਸ਼ੀ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਆਫ ਕਾਮਰਸ ਵਿਚ ਪਿਛਲੇ ਕੁਝ ਸਾਲਾਂ ਵਿਚ ਬਹੁਤ ਤਰੱਕੀ ਹੋਈ ਹੈ ਜਿਸਦਾ ਸਿਹਰਾ ਪ੍ਰਿੰਸੀਪਲ ਤੇ ਸਟਾਫ ਨੂੰ ਜਾਂਦਾ ਹੈ ਜਿਹਨਾਂ ਨੇ ਆਪਣੀ ਮਿਹਨਤ ਦੀ ਬਦੌਲਤ ਇਹ ਸਭ ਕੁਝ ਖੜ੍ਹਾ ਕੀਤਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਕਵਲ ਗਿੱਲ ਨੇ ਕਾਲਕਾ ਤੇ ਕਾਹਲੋਂ ਦਾ ਧੰਨਵਾਦ ਕੀਤਾ ਤੇ ਭਰੋਸਾ ਦੁਆਇਆ ਕਿ ਉਹ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਹੁਨਰ ਸਿੱਖਿਆ ਪ੍ਰਦਾਨ ਕਰਨ ਵਾਸਤੇ ਇਸ ਕੇਂਦਰ ਨੂੰ ਇਸ ਮਿਆਰੀ ਕੇਂਦਰ ਵਜੋਂ ਸਾਹਮਣੇ ਲਿਆਉਣਗੇ। ਇਸ ਮੌਕੇ ਕਾਲਜ ਦੇ ਚੇਅਰਮੈਨ ਐਮ ਪੀ ਐਸ ਚੱਢਾ, ਕੈਸ਼ੀਅਰ ਗੁਰਿੰਦਰ ਸਿੰਘ ਰਾਜੂ ਤੇ ਸਕਿੱਲ ਡਵੈਲਪਮੈਂਟ ਸੈਂਟਰ ਦੇ ਕੋਆਰਡੀਨੇਟਰ ਜਸਲੀਨ ਕੌਰ ਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।

AI IMPACT SUMMIT
भारत 2026 INDIA
सर्वजन हिताय | सर्वजन सुखाय
WELFARE FOR ALL | HAPPINESS OF ALL

ਅਮਲ ਤੋਂ ਪ੍ਰਭਾਵ ਤੱਕ ਭਾਰਤ ਦੀ ਏਆਈ ਪੁਲਾਂਘ
ਇੰਡੀਆ ਏਆਈ ਇੰਪੈਕਟ ਸੰਮੇਲਨ 2026
ਉਦਘਾਟਨ ਕਰਤਾ
ਨਰੇਂਦਰ ਮੋਦੀ
ਪ੍ਰਧਾਨ ਮੰਤਰੀ



19 ਫਰਵਰੀ, 2026 | ਸਮਾਂ : ਸਵੇਰੇ 9.40 ਵਜੇ | ਭਾਰਤ ਮੰਡਪਮ, ਨਵੀਂ ਦਿੱਲੀ, ਭਾਰਤ

ਦ੍ਰਿਸ਼ਟੀ ਤੋਂ ਪ੍ਰਭਾਵ ਤੱਕ

20 ਸਰਕਾਰਾਂ ਦੇ ਮੁਖੀ
59 ਮੰਤਰੀ ਪੱਧਰ ਦੀਆਂ ਪ੍ਰਤੀਨਿਧਤਾਵਾਂ
118 ਸਰਕਾਰੀ ਪ੍ਰਤੀਨਿਧੀਆਂ ਸਮੇਤ ਦੇਸ਼
100+ ਆਲਮੀ ਏਆਈ ਆਗੂ, ਸੀਈਓਜ਼ ਅਤੇ ਸੀਐਕਸਓਜ਼
500 ਵਿਸ਼ਵ ਦੇ ਮੋਹਰੀ ਏਆਈ ਮਾਹਿਰ
500+ ਸੰਮੇਲਨ ਦੇ ਦੌਰਾਨ ਅਤੇ ਇਸ ਦੇ ਵੱਲ ਸਹਾਇਕ ਸਮਾਗਮ
300,000+ ਸੰਮੇਲਨ ਵਿੱਚ ਪੰਜੀਕਰਨ
550 30 ਦੇਸ਼ਾਂ ਵਿੱਚ ਆਯੋਜਿਤ ਪੂਰਵ-ਸੰਮੇਲਨ ਸਮਾਗਮ

ਆਲਮੀ ਭਲਾਈ ਲਈ ਏਆਈ ਉਤਪ੍ਰੇਰਕ

- ਆਲਮੀ ਪ੍ਰਭਾਵੀ ਸਿਰਜਦੇ ਹੋਏ ਭਾਰਤ ਅਤੇ ਵਿਸ਼ਵ ਦੇ ਲਈ ਭਾਰਤ ਵਿੱਚ ਆਤਮਨਿਰਭਰ ਭਾਰਤ ਏਆਈ ਹੱਲ ਦਾ ਨਿਰਮਾਣ
- ਜਨਤਕ ਭਲਾਈ ਲਈ ਸਿਹਤ ਸੰਭਾਲ, ਖੇਤੀਬਾੜੀ, ਸਿੱਖਿਆ ਅਤੇ ਸ਼ਾਸਨ ਦੇ ਰੂਪਾਂਤਰਣ ਲਈ ਏਆਈ ਨੂੰ ਅਪਣਾਉਣਾ
- ਆਲਮੀ ਦੱਖਣ ਦੀਆਂ ਤਰਜੀਹਾਂ ਨੂੰ ਪ੍ਰਤੀਬਿੰਬਤ ਕਰਦੇ ਹੋਏ, ਭਾਰਤ ਦੀ ਆਵਾਜ਼ ਨਾਲ ਆਲਮੀ ਏਆਈ ਮਾਪਦੰਡਾਂ ਅਤੇ ਢਾਂਚਿਆਂ ਨੂੰ ਆਕਾਰ ਦੇਣਾ
- ਜ਼ਿੰਮੇਵਾਰ ਅਤੇ ਸਮਾਵੇਸ਼ੀ ਏਆਈ 'ਤੇ ਆਲਮੀ ਆਵਾਜ਼ ਵਿਚ ਏਆਈ ਦੀਆਂ ਆਵਾਜ਼ਾਂ ਨੂੰ ਬਲ ਦੇਣਾ
- ਭਾਰਤ ਦੀਆਂ ਕਦਰਾਂ ਕੀਮਤਾਂ, ਦ੍ਰਿਸ਼ਟੀ ਅਤੇ ਪੈਮਾਨੇ ਦੇ ਨਾਲ ਆਲਮੀ ਏਆਈ ਸੰਵਾਦ ਦੀ ਅਗਵਾਈ ਕਰਨਾ

ਪੰਜੀਕਰਨ ਲਈ ਸਕੈਨ ਕਰੋ
'ਤੇ ਸਮਾਗਮ ਦਾ ਸਿੱਧਾ ਪ੍ਰਸਾਰਣ ਦੇਖੋ।
CBC 06124/13/0002/2526

## ਸੰਪਾਦਕੀ

# ਇੱਕ ਚੁਣੌਤੀ

ਅੱਜ ਕੱਲ੍ਹ ਆਰਟੀਫਿਸ਼ੀਅਲ ਕੰਟੈਂਟ ਨੂੰ ਲੈ ਕੇ ਤਿੱਖੀ ਬਹਿਸ ਚੱਲ ਰਹੀ ਹੈ। ਇਕ ਪਾਸੇ ਜਿੱਥੇ ਬਹੁਤ ਸਾਰੇ ਲੋਕ ਡਰੇ ਹੋਏ ਹਨ ਕਿ ਇਸ ਨਾਲ ਨੌਕਰੀਆਂ ਜਾ ਸਕਦੀਆਂ ਹਨ, ਉੱਥੇ ਹੀ ਇਸ ਕਾਰਨ ਬਹੁਤ ਸਾਰੇ ਫਰਾਡ ਵੀ ਹੋ ਰਹੇ ਹਨ ਅਤੇ ਲੋਕਾਂ ਨੂੰ ਲੁੱਟਿਆ ਜਾ ਰਿਹਾ ਹੈ। ਇਸ ਨਾਲ ਬਹੁਤ ਸਾਰੇ ਲੋਕਾਂ ਦੀਆਂ ਝੂਠੀਆਂ ਵੀਡੀਓ ਬਣਾ ਕੇ ਉਨ੍ਹਾਂ ਦੀ ਬਦਨਾਮੀ ਵੀ ਕੀਤੀ ਜਾ ਰਹੀ ਹੈ। ਇਸ ਲਈ ਇਹ ਇੱਕ ਵੱਡੀ ਚੁਣੌਤੀ ਬਣਦੀ ਜਾ ਰਹੀ ਹੈ। ਕੇਂਦਰ ਸਰਕਾਰ ਨੇ ਡੀਪਫੇਕ ਅਤੇ ਏਆਈ-ਜਨਰੇਟਿਡ ਸਮੱਗਰੀ ਸਬੰਧੀ ਡਿਜੀਟਲ ਨਿਯਮਾਂ ਨੂੰ ਸਖ਼ਤ ਕਰ ਦਿੱਤਾ ਹੈ। ਤਕਨਾਲੋਜੀ ਦੀ ਦੁਰਵਰਤੋਂ ਨੂੰ ਰੋਕਣ ਲਈ ਇਸਦੀ ਤੁਰੰਤ ਲੋੜ ਸੀ। ਹੇਰਾਫੇਰੀ ਕੀਤੀ ਆਡੀਓ, ਵੀਡੀਓ ਅਤੇ ਇਮੇਜਰੀ, ਨਕਲੀ ਸਮੱਗਰੀ ਦੇ ਨਾਲ, ਸਮਾਜਿਕ ਸਦਭਾਵਨਾ ਨੂੰ ਭੰਗ ਕਰ ਰਹੇ ਹਨ ਅਤੇ ਜਨਤਾ ਅਤੇ ਰਾਸ਼ਟਰ ਦੀ ਸੁਰੱਖਿਆ ਲਈ ਖ਼ਤਰਾ ਪੈਦਾ ਕਰ ਰਹੇ ਹਨ। ਨਿਯੰਤਰਣ ਉਦੇਸ਼ ਨਹੀਂ ਹੈ। ਸੋਸ਼ਲ ਮੀਡੀਆ 'ਤੇ ਕਿਸੇ ਵੀ ਨਿਯਮ ਦਾ ਅਕਸਰ ਪ੍ਰਗਟਾਵੇ ਦੀ ਆਜ਼ਾਦੀ ਅਤੇ ਸਰਕਾਰ ਇਸਦੀ ਨਿਗਰਾਨੀ ਕਰਨ ਦੀ ਹੱਦ ਤੱਕ ਸਵਾਲ ਹੁੰਦਾ ਹੈ। ਇਸ ਸਬੰਧ ਵਿੱਚ ਨਵੇਂ ਨਿਯਮ ਮਹੱਤਵਪੂਰਨ ਹਨ; ਉਹ ਨਿਯੰਤਰਣ ਨਾਲੋਂ ਨਿਯਮ ਨੂੰ ਤਰਜੀਹ ਦਿੰਦੇ ਹਨ। ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਦਰਸ਼ਕ ਅਸਲੀ ਅਤੇ ਨਕਲੀ ਸਮੱਗਰੀ ਵਿੱਚ ਅੰਤਰ ਨੂੰ ਸਮਝਣ ਤਾਂ ਜੋ ਇਸਦੀ ਵਰਤੋਂ ਖਤਰਨਾਕ ਉਦੇਸ਼ਾਂ ਲਈ ਨਾ ਕੀਤੀ ਜਾ ਸਕੇ। ਕੰਪਨੀਆਂ ਜ਼ਿੰਮੇਵਾਰ ਹਨ। ਨਵੇਂ ਨਿਯਮਾਂ ਦੇ ਅਨੁਸਾਰ, ਏਆਈ-ਜਨਰੇਟਿਡ ਸਮੱਗਰੀ ਨੂੰ ਹਰ ਸਮੇਂ ਲੇਬਲ ਕੀਤਾ ਜਾਣਾ ਚਾਹੀਦਾ ਹੈ। ਇਸ ਲਈ ਸਮੱਗਰੀ ਦੇ ਸਰੋਤ ਦੀ ਵੀ ਲੋੜ ਹੁੰਦੀ ਹੈ ਅਤੇ ਜੇਕਰ ਇਹ ਗੈਰ-ਕਾਨੂੰਨੀ ਹੈ ਤਾਂ ਇਸਨੂੰ ਤਿੰਨ ਘੰਟਿਆਂ ਦੇ ਅੰਦਰ ਹਟਾ ਦਿੱਤਾ ਜਾਣਾ ਚਾਹੀਦਾ ਹੈ। ਸਰਕਾਰ ਨੇ ਪਾਲਣਾ ਲਈ ਸਮਾਂ-ਸੀਮਾ ਵੀ ਘਟਾ ਦਿੱਤੀ ਹੈ। ਜਿਸ ਤੇਜ਼ੀ ਨਾਲ ਸਮੱਗਰੀ ਔਨਲਾਈਨ ਵਾਇਰਲ ਹੁੰਦੀ ਹੈ, ਉਸ ਨੂੰ ਦੇਖਦੇ ਹੋਏ ਕਾਰਵਾਈ ਦੀ ਗਤੀ ਵਧਾਉਣੀ ਜ਼ਰੂਰੀ ਸੀ। ਸੋਸ਼ਲ ਮੀਡੀਆ ਪਲੇਟਫਾਰਮਾਂ ਅਤੇ ਉਨ੍ਹਾਂ ਦੇ ਸੀਨੀਅਰ ਅਧਿਕਾਰੀਆਂ ਨੂੰ ਕਾਰਵਾਈ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ ਜੋ ਕਿ ਬਿਲਕੁਲ ਸਹੀ ਹੈ। ਇਹ ਕੰਪਨੀਆਂ ਉਪਭੋਗਤਾ ਅਧਿਕਾਰਾਂ ਅਤੇ ਗੋਪਨੀਯਤਾ 'ਤੇ ਵਾਰ ਕਰਕੇ ਹਰ ਚੀਜ਼ ਤੋਂ ਬਚ ਨਹੀਂ ਸਕਦੀਆਂ; ਉਨ੍ਹਾਂ ਨੂੰ ਵੀ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ।

**ਤਕਨਾਲੋਜੀ ਦੀਆਂ ਚੁਣੌਤੀਆਂ:** ਭਾਰਤ ਵਿੱਚ ਦੁਨੀਆ ਵਿੱਚ ਸਭ ਤੋਂ ਵੱਧ ਸੋਸ਼ਲ ਮੀਡੀਆ ਉਪਭੋਗਤਾ ਹਨ ਅਤੇ ਇੰਟਰਨੈੱਟ ਦੀ ਪਹੁੰਚ 86% ਤੋਂ ਵੱਧ ਘਰਾਂ ਤੱਕ ਪਹੁੰਚ ਗਈ ਹੈ। ਡਿਜੀਟਲ ਇੰਡੀਆ ਅੱਜ ਤਰੱਕੀ ਦਾ ਸੰਕੇਤ ਹੈ, ਪਰ ਇਸਦੇ ਨਾਲ ਵਧਦੀਆਂ ਚੁਣੌਤੀਆਂ ਵੀ ਆਉਂਦੀਆਂ ਹਨ। ਏਆਈ ਰਾਹੀਂ ਡੀਪਫੇਕ ਅਤੇ ਆਡੀਓ-ਵੀਡੀਓ ਹੇਰਾਫੇਰੀ ਇੱਕ ਅਜਿਹੀ ਹੀ ਗੰਭੀਰ ਚੁਣੌਤੀ ਹੈ। ਸਰਕਾਰ ਅਤੇ ਸੁਪਰੀਮ ਕੋਰਟ ਦੁਆਰਾ ਚਿੰਤਾਵਾਂ ਪ੍ਰਗਟ ਕੀਤੀਆਂ ਗਈਆਂ ਹਨ। 2024 ਵਿੱਚ, ਸਾਈਬਰ ਅਪਰਾਧ ਦੇ 2.268 ਮਿਲੀਅਨ ਮਾਮਲੇ ਰਿਪੋਰਟ ਕੀਤੇ ਗਏ ਸਨ। ਬਹੁਤ ਸਾਰੀਆਂ ਮਸ਼ਹੂਰ ਹਸਤੀਆਂ ਨੇ ਸ਼ਿਕਾਇਤ ਕੀਤੀ ਹੈ ਕਿ ਉਨ੍ਹਾਂ ਦੀਆਂ ਫੋਟੋਆਂ ਅਤੇ ਵੀਡੀਓਜ਼ ਦੀ ਇੰਟਰਨੈੱਟ 'ਤੇ ਦੁਰਵਰਤੋਂ ਕੀਤੀ ਗਈ ਸੀ। ਆਰਟੀਫਿਸ਼ੀਅਲ ਇੰਟੈਲੀਜੈਂਸ ਦਾ ਵਿਸਥਾਰ ਹੋਣਾ ਸ਼ੁਰੂ ਹੋਇਆ ਹੈ। ਇਸਦੇ ਨਾਲ, ਰਾਜਨੀਤੀ, ਸਮਾਜ ਅਤੇ ਦੇਸ਼ਾਂ ਦੀ ਆਰਥਿਕਤਾ ਸਾਰੇ ਨਵੇਂ ਰੂਪ ਲੈ ਰਹੇ ਹਨ। ਨਵੀਂ ਦਿੱਲੀ ਵਿੱਚ ਇੱਕ ਏਆਈ ਸੰਮੇਲਨ ਹੋ ਰਿਹਾ ਹੈ, ਜਿਸ ਵਿੱਚ ਇਸ ਖੇਤਰ ਦੀਆਂ ਪ੍ਰਮੁੱਖ ਹਸਤੀਆਂ ਹਿੱਸਾ ਲੈ ਰਹੀਆਂ ਹਨ। ਇਹ ਕਾਨਫਰੰਸ ਸਰਕਾਰ ਦੇ ਇੰਡੀਆ ਏਆਈ ਮਿਸ਼ਨ ਦੀ ਸਫਲਤਾ ਲਈ ਮਹੱਤਵਪੂਰਨ ਹੈ। ਭਾਰਤ ਨੇ ਆਰਟੀਫਿਸ਼ੀਅਲ ਇੰਟੈਲੀਜੈਂਸ ਵਿੱਚ ਆਪਣਾ ਸਫ਼ਰ ਹੁਣੇ ਸ਼ੁਰੂ ਕੀਤਾ ਹੈ। ਯਾਤਰਾ ਨੂੰ ਉਮੀਦ ਅਨੁਸਾਰ ਸਫਲ ਬਣਾਉਣ ਲਈ ਬਿਹਤਰ ਨਿਯਮਨ ਜ਼ਰੂਰੀ ਹੈ।

-ਜਗਜੀਤ ਸਿੰਘ ਦਰਦੀ

### ਪੰਜਾਬੀਅਤ ਅਤੇ ਅਮਨ ਦੀ ਹੈਡਲਾਈਨ ਦੀ ਤਲਾਸ਼

# ਪੰਜਾਬੀ ਜੀਵਨ ਧਾਰਾ ਅਤੇ ਪੰਜਾਬੀਅਤ ਦੀ ਹੈਡਲਾਈਨ ਗੁੰਮ ਹੋ ਗਈ ?

## ਗੈਂਗਸਟਰ ਭ੍ਰਿਸ਼ਟਾਚਾਰ, ਬੇਰੁਜ਼ਗਾਰੀ ਤੇ ਗੋਲੀਆਂ ਦੀ ਗੂੰਜ ਨੇ ਪੰਜਾਬ ਦੀ ਪਛਾਣ ਨੂੰ ਖਤਮ ਕਰ ਦਿੱਤਾ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਪੰਜਾਬ ਵਿੱਚ ਗੋਲੀਆਂ ਦੀ ਗੂੰਜ ਵਿੱਚ ਡੁੱਬਦੀ ਹੋਈ ਸਮਾਜਿਕ ਚੇਤਨਾ ਅਤੇ ਬਰਬਾਦ ਹੁੰਦਾ ਸਮਾਂ ਪੰਜਾਬੀਆਂ ਨੂੰ ਖਤਮ ਕਰ ਰਿਹਾ ਹੈ।

ਅੱਜ ਪੰਜਾਬ ਦੀ ਮਿੱਟੀ ਜਿਸ ਨੇ ਇਤਿਹਾਸ ਦੇ ਹਰ ਮੋੜ 'ਤੇ ਦੁਨੀਆ ਨੂੰ ਹਿੰਮਤ, ਮਿਹਨਤ ਅਤੇ ਭਾਈਚਾਰੇ ਦਾ ਸਬਕ ਦਿੱਤਾ ਹੈ। ਇਹ ਉਹ ਧਰਤੀ ਹੈ, ਜਿਸ ਨੇ ਹਰੇ ਭਰੇ ਖੇਤਾਂ ਤੋਂ ਲੈ ਕੇ ਵਿਦੇਸ਼ੀ ਧਰਤੀ ਤੱਕ ਆਪਣੀ ਮਿਹਨਤ ਦਾ ਝੰਡਾ ਲਹਿਰਾਇਆ। ਪਰ ਅੱਜ ਇੱਕ ਵੱਡਾ ਸਵਾਲ ਸਾਡੇ ਸਾਹਮਣੇ ਖੜ੍ਹਾ ਹੈ—ਕੀ ਪੰਜਾਬ ਦੀ ਅਸਲ ਤਸਵੀਰ ਹੁਣ ਗੋਲੀਆਂ ਦੀ ਗੂੰਜ, ਮਰਡਰ ਦੀਆਂ ਹੈਡਲਾਈਨਾਂ ਅਤੇ ਗੈਂਗਸਟਰਾਂ ਦੀਆਂ ਧਮਕੀਆਂ ਵਿੱਚ ਹੀ ਕੈਦ ਹੋ ਕੇ ਰਹਿ ਗਈ ਹੈ?

ਪਿਛਲੇ ਦੋ ਸਾਲਾਂ ਵਿੱਚ ਪੰਜਾਬ ਦੀਆਂ ਹੈਡਲਾਈਨਾਂ 'ਚ ਵਿਕਾਸ, ਖੇਤੀ ਸੁਧਾਰ, ਸਿੱਖਿਆ ਦੀ ਤਰੱਕੀ, ਸੱਭਿਆਚਾਰਕ ਉਤਸਵ ਜਾਂ ਨੌਜਵਾਨੀ ਦੀ ਕਾਮਯਾਬੀ ਘੱਟ ਤੇ ਟਾਰਗੇਟ ਕਿਲਿੰਗ, ਗੈਂਗ ਵਾਰ ਅਤੇ ਪੁਲਿਸ ਐਨਕਾਊਂਟਰ ਵੱਧ ਦਿੱਖ ਰਹੇ ਹਨ।

2025-2026 ਦੇ ਦੌਰ ਵਿੱਚ ਗੈਂਗ ਰਾਈਵਲਰੀ—ਖ਼ਾਸਕਰ ਲਾਰੈਂਸ ਬਿਸ਼ਨੋਈ ਅਤੇ ਗੋਲਡੀ ਬਰਾੜ ਨਾਲ ਜੁੜੀਆਂ ਖਬਰਾਂ—ਮੀਡੀਆ ਦਾ ਕੇਂਦਰ ਬਣੀਆਂ ਹੋਈਆਂ ਹਨ। ਕੈਨੇਡਾ, ਅਮਰੀਕਾ ਅਤੇ ਦੁਬਈ ਤੱਕ ਫੈਲੇ ਇਸ ਨੈੱਟਵਰਕ ਦੀਆਂ ਕਹਾਣੀਆਂ ਪੰਜਾਬੀ ਮੀਡੀਆ ਲਈ ਸੈਂਸੇਸ਼ਨਲ ਸਮੱਗਰੀ ਬਣ ਗਈਆਂ ਹਨ ਪਰ ਸਵਾਲ ਇਹ ਹੈ—ਕੀ ਪੰਜਾਬ ਦੀ ਤਕਦੀਰ ਸਿਰਫ਼ ਇਨ੍ਹਾਂ ਹੈਡਲਾਈਨਾਂ ਵਿੱਚ ਹੀ ਲਿਖੀ ਜਾਵੇਗੀ?

ਅੱਜ ਹੈਡਲਾਈਨਾਂ ਦੀ ਖਬਰ ਜਾਂ ਖੌਫ ਵਿੱਚ ਅੱਜ ਪੰਜਾਬ ਦੇ ਅਖਬਾਰ ਖੋਲ੍ਹੋ ਤਾਂ ਪਹਿਲੀ ਲਾਈਨ ਵਿੱਚ ਗੋਲੀਬਾਰੀ, ਦੂਜੀ ਵਿੱਚ ਗ੍ਰਿਫ਼ਤਾਰੀ, ਤੀਜੀ ਵਿੱਚ ਧਮਕੀ। ਟੀਵੀ ਚੈਨਲਾਂ 'ਤੇ "ਬ੍ਰੇਕਿੰਗ ਨਿਊਜ਼" ਦੇ ਨਾਮ 'ਤੇ ਕ੍ਰਾਈਮ ਦੀ ਲਾਈਵ ਕਵਰੇਜ। ਡਿਜੀਟਲ ਪਲੇਟਫਾਰਮਾਂ 'ਤੇ ਗੈਂਗਸਟਰਾਂ ਦੇ ਆਡੀਓ ਕਲਿੱਪ ਅਤੇ ਸੋਸ਼ਲ ਮੀਡੀਆ ਪੋਸਟਾਂ ਨੂੰ ਵਾਇਰਲ ਕਰਕੇ ਕਲਿੱਕਾਂ ਦੀ, ਦੌੜਦੇ ਇਸ ਦੌਰ ਵਿੱਚ ਮੀਡੀਆ ਇੱਕ ਦੋਹਰੇ ਸੰਕਟ ਵਿੱਚ ਹੈ।

ਅੱਜ ਇੱਕ ਪਾਸੇ ਟੀਆਰਪੀ ਅਤੇ ਕਲਿੱਕਸ ਦੀ ਰੇਸ ਦੂਜੇ ਪਾਸੇ ਜ਼ਿੰਮੇਵਾਰ ਪੱਤਰਕਾਰਤਾ ਦੀ ਮਰਯਾਦਾ ਅਨੁਸਾਰ ਦੁੱਖ ਦੀ ਗੱਲ ਇਹ ਹੈ ਕਿ ਅਕਸਰ ਪਹਿਲਾ ਪਾਸਾ ਜਿੱਤ ਜਾਂਦਾ ਹੈ। ਇਹ ਗੈਂਗਸਟਰ ਕਲਚਰ ਦੀ ਗਲੋਰੀਫਿਕੇਸ਼ਨ ਹੈ।

ਅੱਜ ਪੰਜਾਬ ਵਿੱਚ ਜਦੋਂ ਕਿਸੇ ਗੈਂਗਸਟਰ ਦਾ ਨਾਮ ਹਰ ਰੋਜ਼ ਹੈਡਲਾਈਨ ਬਣਦਾ ਹੈ, ਉਸ ਦੀ ਤਸਵੀਰ ਅਤੇ ਆਡੀਓ ਕਲਿੱਪ ਵਾਰ-ਵਾਰ ਚਲਾਏ ਜਾਂਦੇ ਹਨ, ਤਾਂ ਉਹ ਅਪਰਾਧੀ ਦੀ ਬਜਾਏ ਇੱਕ "ਸੈਲੇਬ੍ਰਿਟੀ" ਵਾਂਗ ਪੇਸ਼ ਹੋਣ ਲੱਗਦਾ ਹੈ। ਨੌਜਵਾਨੀ, ਜੋ ਪਹਿਲਾਂ ਹੀ ਬੇਰੁਜ਼ਗਾਰੀ, ਨਸ਼ੇ ਅਤੇ ਅਸਥਿਰਤਾ ਨਾਲ ਜੂਝ ਰਹੀ ਹੈ, ਉਸ ਲਈ ਇਹ ਇੱਕ ਖਤਰਨਾਕ ਸੰਕੇਤ ਹੈ।

ਕੱਬਡੀ ਮੈਚਾਂ ਵਿੱਚ ਗੋਲੀਬਾਰੀ, ਵਿਆਹ ਸਮਾਰੋਹਾਂ ਵਿੱਚ ਟਾਰਗੇਟ ਕਿਲਿੰਗ, ਜਨਤਕ ਥਾਵਾਂ 'ਤੇ ਧਮਕੀਆਂ—ਇਹ ਸਿਰਫ਼ ਕ੍ਰਾਈਮ ਨਹੀਂ, ਇਹ ਸਮਾਜਿਕ ਮਨੋਵਿਗਿਆਨ ਦੀ ਬਿਮਾਰੀ ਹੈ। ਜਦੋਂ ਮੀਡੀਆ ਇਸਨੂੰ ਵੱਡਾ ਕਰਕੇ ਦਿਖਾਉਂਦਾ ਹੈ ਤਾਂ ਗੈਂਗਸਟਰ ਕਲਚਰ ਨੂੰ ਅਣਜਾਣੇ ਵਿੱਚ ਆਕਰਸ਼ਕ ਬਣਾਇਆ ਜਾਂਦਾ ਹੈ।

ਅੱਜ ਪੰਜਾਬ ਦਾ ਬਰਬਾਦ ਹੁੰਦਾ ਸਮਾਂ ਕਚਹਿਰੀਆਂ ਅਤੇ ਕੋਰਟਾਂ ਦਾ ਚੱਕਰ ਇੱਕ ਹੋਰ ਵੱਡਾ ਸੰਕਟ ਹੈ—ਪੰਜਾਬੀ ਸਮਾਜ ਦਾ ਬੇਹਿਸਾਬ ਸਮਾਂ ਕਚਹਿਰੀਆਂ, ਕੋਰਟ ਕੇਸਾਂ ਅਤੇ ਫ਼ਾਲਤੂ ਝਗੜਿਆਂ ਵਿੱਚ ਬੀਤ ਰਿਹਾ ਹੈ। ਜ਼ਮੀਨੀ ਵਿਵਾਦ ਪਰਿਵਾਰਕ ਮੁਕੱਦਮੇ ਰਾਜਨੀਤਿਕ ਰੰਜਿਸ਼ਾਂ ਤੇ ਠੇਕਿਆਂ ਅਤੇ ਟੈਂਡਰਾਂ ਦੀ ਲੜਾਈ ਪਿੰਡਾਂ ਵਿੱਚ ਅੱਜ ਵੀ ਪੰਜ-ਪੰਜ ਸਾਲਾਂ ਤੋਂ ਕੇਸ ਚੱਲ ਰਹੇ ਹਨ। ਕਈ ਘਰਾਂ ਦੀ ਕਮਾਈ ਵਕੀਲਾਂ ਦੀ ਫੀਸ ਵਿੱਚ ਲੱਗ ਰਹੀ ਹੈ। ਨੌਜਵਾਨ ਜੋ ਕਾਰੋਬਾਰ ਖੜ੍ਹਾ ਕਰ ਸਕਦੇ ਸਨ, ਉਹ ਮੁਕੱਦਮਿਆਂ ਦੇ ਚੱਕਰਾਂ ਵਿੱਚ ਫਸੇ ਹੋਏ ਹਨ।

ਇਹ ਸਮਾਂ, ਜੋ ਉਦਯੋਗ, ਸਿੱਖਿਆ ਜਾਂ ਨਵੀਂ ਤਕਨੀਕ ਸਿੱਖਣ ਵਿੱਚ ਲੱਗ ਸਕਦਾ ਸੀ, ਉਹ ਨਕਾਰਾਤਮਕਤਾ ਵਿੱਚ ਬਰਬਾਦ ਹੋ ਰਿਹਾ ਹੈ। ਅੱਜ ਸਿਆਸੀ ਬਹਿਸ ਅਤੇ ਮੂਲ ਮੁੱਦੇ ਸੱਤਾ ਅਤੇ ਵਿਰੋਧੀ ਪਾਰਟੀਆਂ ਵਿਚਕਾਰ ਹਰ ਗੈਂਗ ਵਾਰ ਇੱਕ ਸਿਆਸੀ ਹਥਿਆਰ ਬਣ ਜਾਂਦਾ ਹੈ। ਦੋਸ਼ਾਰੋਪਣ ਦੀ ਰਾਜਨੀਤੀ ਵਿੱਚ ਮੂਲ ਸਵਾਲ ਗੁੰਮ ਹੋ ਜਾਂਦਾ ਹੈ—ਸਮਾਜ ਨੂੰ ਕਿਵੇਂ ਬਚਾਇਆ ਜਾਵੇ?

ਅੱਜ ਲਾਅ ਐਂਡ ਆਰਡਰ ਦੀ ਗਿਰਾਵਟ ਸਿਰਫ਼ ਪੁਲਿਸ ਦੀ ਨਾਕਾਮੀ ਨਹੀਂ ਹੈ। ਇਹ ਸਮਾਜਿਕ ਅਤੇ ਆਰਥਿਕ ਤਬਦੀਲੀਆਂ ਦਾ ਨਤੀਜਾ ਵੀ ਹੈ। ਬੇਰੁਜ਼ਗਾਰੀ, ਨਸ਼ਾ, ਵਿਦੇਸ਼ ਜਾਣ ਦੀ ਦੌੜ, ਤੇਜ਼ੀ ਨਾਲ ਬਦਲਦੀ ਸੱਭਿਆਚਾਰਕ ਪਹਿਚਾਣ—ਇਹ ਸਭ ਮਿਲ ਕੇ ਨੌਜਵਾਨ ਮਨ ਵਿੱਚ ਅਸਥਿਰਤਾ ਪੈਦਾ ਕਰ ਰਹੇ ਹਨ। ਅੱਜ ਪੰਜਾਬੀ ਮਿਹਨਤ ਦੀ ਤਾਕਤ ਕਿੱਥੇ ਗੁੰਮ ਹੋ ਰਹੀ ਹੈ? ਪੰਜਾਬੀ ਮਨੁੱਖ ਦੀ ਪਹਿਚਾਣ ਮਿਹਨਤ ਅਤੇ ਹਿੰਮਤ ਹੈ। ਕੈਨੇਡਾ ਦੇ ਖੇਤਾਂ ਤੋਂ ਲੈ ਕੇ ਯੂਰਪ ਦੇ ਉਦਯੋਗਾਂ ਤੱਕ ਪੰਜਾਬੀ ਆਪਣੀ ਲਗਨ ਨਾਲ ਕਾਮਯਾਬ ਹੋਏ ਹਨ। ਪਰ ਆਪਣੇ ਘਰ ਵਿੱਚ ਉਹੀ ਤਾਕਤ ਕਿਉਂ ਕਮਜ਼ੋਰ ਪੈ ਰਹੀ ਹੈ?

ਅੱਜ ਨੌਜਵਾਨੀ ਵਿਦੇਸ਼ੀ ਵੀਜ਼ਿਆਂ ਦੇ ਚੱਕਰ ਵਿੱਚ ਕਿਸਾਨ ਕਰਜ਼ੇ ਅਤੇ ਮੁਕੱਦਮਿਆਂ ਵਿੱਚ, ਵਪਾਰੀ ਟੈਕਸ ਅਤੇ ਰਾਜਨੀਤਿਕ ਦਬਾਅ ਵਿੱਚ ਅਤੇ ਆਮ ਆਦਮੀ ਡਰ ਅਤੇ ਅਸਥਿਰਤਾ ਵਿੱਚ ਜੇ ਇਹੀ ਹਾਲਤ ਰਹੀ ਤਾਂ ਪੰਜਾਬ ਦੀ ਊਰਜਾ ਵਿਅਰਥ ਵਿਵਾਦਾਂ ਵਿੱਚ ਹੀ ਖਰਚ ਹੋ ਜਾਵੇਗੀ।

ਅੱਜ ਮੀਡੀਆ ਦੀ ਨੈਤਿਕ ਜ਼ਿੰਮੇਵਾਰੀ ਪੱਤਰਕਾਰਤਾ ਸਿਰਫ਼ ਘਟਨਾ ਦੱਸਣ ਦਾ ਨਾਮ ਨਹੀਂ; ਇਹ ਦਿਸ਼ਾ ਦੇਣ ਦਾ ਸਾਧਨ ਵੀ ਹੈ। ਜੇ ਮੀਡੀਆ ਵਿਕਾਸ ਪ੍ਰੋਜੈਕਟਾਂ ਦੀ ਪੜਤਾਲ ਕਰੇ ਤੇ ਸਕੂਲਾਂ ਦੀਆਂ ਸਫਲਤਾਵਾਂ ਦਿਖਾਏ। ਖੇਤੀ ਵਿੱਚ ਨਵੀਨਤਾ ਨੂੰ ਉਭਾਰੇ ਨੌਜਵਾਨ ਉਦਮੀਆਂ ਦੀਆਂ ਕਹਾਣੀਆਂ ਦੱਸੇ ਤਾਂ ਹੈਡਲਾਈਨ ਦੀ ਦਿਸ਼ਾ ਬਦਲ ਸਕਦੀ ਹੈ।

**ਪਰ ਜੇ ਇਹ ਰੁਝਾਨ ਨਾ ਬਦਲਿਆ ਤਾਂ ਜੇ ਪੰਜਾਬ ਦੀ ਜਵਾਨੀ:** ਗੈਂਗ ਵਾਰ ਦੀਆਂ ਕਹਾਣੀਆਂ ਵਿੱਚ ਹੀ ਪ੍ਰੇਰਨਾ ਲੱਭਦੀ ਰਹੀ ਕਚਹਿਰੀਆਂ ਦੇ ਚੱਕਰਾਂ ਵਿੱਚ ਸਮਾਂ ਗੁਆਉਂਦੀ ਰਹੀ। ਵਿਦੇਸ਼ ਜਾਣ ਨੂੰ ਹੀ ਇਕੱਲਾ ਵਿਕਲਪ ਮੰਨਦੀ ਰਹੀ ਤਾਂ ਪੰਜਾਬ ਉਥੇ ਦਾ ਉਥੇ ਰਹਿ ਜਾਵੇਗਾ। ਵਿਕਾਸ ਦੀ ਗਤੀ ਠਹਿਰ ਜਾਵੇਗੀ। ਸੱਭਿਆਚਾਰਕ ਖੁਸ਼ਹਾਲੀ ਮੰਦ ਪੈ ਜਾਵੇਗੀ।

ਅੱਜ ਹੱਲ ਦੀ ਦਿਸ਼ਾ ਕਾਨੂੰਨੀ ਸੁਧਾਰ ਅਤੇ ਤੇਜ਼ ਨਿਆਂ ਪ੍ਰਣਾਲੀ ਮੁਕੱਦਮਿਆਂ ਦਾ ਤੇਜ਼ ਨਿਪਟਾਰਾ ਹੋਵੇ। ਲੋਕਾਂ ਨੂੰ ਸਲਾਹ-ਮਸ਼ਵਰੇ ਰਾਹੀਂ ਸਮਝੌਤੇ ਵੱਲ ਪ੍ਰੇਰਿਤ ਕੀਤਾ ਜਾਵੇ। ਨੌਜਵਾਨਾਂ ਲਈ ਸਕਾਰਾਤਮਕ ਮੰਚ ਖੇਡਾਂ, ਸਟਾਰਟਅੱਪ, ਟੈਕਨੋਲੋਜੀ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਨੂੰ ਉਤਸ਼ਾਹਿਤ ਕੀਤਾ ਜਾਵੇ। ਮੀਡੀਆ ਰੀਫਾਰਮ ਕ੍ਰਾਈਮ ਦੀ ਰਿਪੋਰਟਿੰਗ ਜ਼ਰੂਰੀ ਹੈ, ਪਰ ਗਲੋਰੀਫਿਕੇਸ਼ਨ ਨਹੀਂ। ਸੰਤੁਲਿਤ ਭਾਸ਼ਾ ਅਤੇ ਤੱਥਾਂ 'ਤੇ ਆਧਾਰਿਤ ਕਵਰੇਜ ਹੋਵੇ। ਅੱਜ ਸਮਾਜਿਕ ਜਾਗਰੂਕਤਾ ਪਿੰਡ ਪੱਧਰ 'ਤੇ ਨਸ਼ਾ ਮੁਕਤੀ, ਰੋਜ਼ਗਾਰ ਅਤੇ ਕਾਨੂੰਨੀ ਸਹਾਇਤਾ ਕੈਂਪ ਲਗਾਏ ਜਾਣ।

ਅੱਜ ਵੀ ਹੈਡਲਾਈਨ ਵਾਪਸ ਆ ਸਕਦੀ ਹੈ ਪੰਜਾਬ ਦੀ ਹੈਡਲਾਈਨ ਗੁੰਮ ਨਹੀਂ ਹੋਈ; ਉਹ ਧੂੜ ਹੇਠ ਦੱਬ ਗਈ ਹੈ। ਜਦੋਂ ਕਿਸੇ ਪਿੰਡ ਦਾ ਨੌਜਵਾਨ ਨਵੀਂ ਤਕਨੀਕ ਨਾਲ ਖੇਤੀ ਕਰਦਾ ਹੈ, ਜਦੋਂ ਕੋਈ ਕੁੜੀ ਅੰਤਰਰਾਸ਼ਟਰੀ ਮੁਕਾਬਲੇ ਵਿੱਚ ਮੈਡਲ ਜਿੱਤਦੀ ਹੈ, ਜਦੋਂ ਕੋਈ ਉਦਮੀ ਨਵਾਂ ਉਦਯੋਗ ਖੜ੍ਹਾ ਕਰਦਾ ਹੈ—ਉਹ ਵੀ ਹੈਡਲਾਈਨ ਬਣ ਸਕਦੀ ਹੈ ਪਰ ਇਸ ਲਈ ਲੋੜ ਹੈ।

**ਸਮਾਜ ਦੀ ਸਾਂਝੀ ਇੱਛਾ ਤੇ ਸਰਕਾਰ ਦੀ ਸਖ਼ਤੀ ਅਤੇ ਦੂਰਦਰਸ਼ਤਾ:** ਮੀਡੀਆ ਦੀ ਨੈਤਿਕਤਾ ਅਤੇ ਪੰਜਾਬ ਦੀ ਅਸਲੀ ਪਛਾਣ ਗੋਲੀਆਂ ਦੀ ਆਵਾਜ਼ ਨਹੀਂ, ਗੁਰਬਾਣੀ ਦੀ ਧੁੰਨ, ਖੇਤਾਂ ਦੀ ਹਰਿਆਵਲ ਅਤੇ ਮਿਹਨਤ ਦੀ ਖੁਸ਼ਬੂ ਹੈ।

ਅੱਜ ਜੇ ਅਸੀਂ ਆਪਣਾ ਸਮਾਂ ਕੋਰਟਾਂ ਦੇ ਚੱਕਰਾਂ, ਰੰਜਿਸ਼ਾਂ ਅਤੇ ਸੈਂਸੇਸ਼ਨਲ ਖਬਰਾਂ ਵਿੱਚ ਗੁਆਉਂਦੇ ਰਹੇ ਤਾਂ ਅਗਲੀ ਪੀੜ੍ਹੀ ਸਾਨੂੰ ਮਾਫ਼ ਨਹੀਂ ਕਰੇਗੀ ਪਰ ਜੇ ਅਸੀਂ ਸਮੇਂ ਨੂੰ ਸਮਝ ਕੇ ਉਸਦੀ ਕਦਰ ਕਰੀਏ, ਆਪਣੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਮੋੜੀਏ, ਤਾਂ ਪੰਜਾਬ ਦੀ ਹੈਡਲਾਈਨ ਫਿਰ ਬਦਲੇਗੀ ਗੋਲੀਆਂ ਤੋਂ ਵਿਕਾਸ ਵੱਲ, ਡਰ ਤੋਂ ਭਰੋਸੇ ਵੱਲ, ਅੰਧਕਾਰ ਤੋਂ ਚਾਨਣ ਵੱਲ ਅਤੇ ਉਹ ਦਿਨ ਦੂਰ ਨਹੀਂ ਹੋਵੇਗਾ ਜਦੋਂ ਪੰਜਾਬ ਦੀ ਪਹਿਲੀ ਹੈਡਲਾਈਨ ਮੁੜ ਖੁਸ਼ਹਾਲੀ, ਭਾਈਚਾਰੇ ਅਤੇ ਤਰੱਕੀ ਦੀ ਹੋਵੇਗੀ।

# ਕਾਂਗਰਸ ਦੀ 'ਡਿਨਰ ਡਿਪਲੋਮੇਸੀ' ਕੀ ਰੰਗ ਲਿਆਏਗੀ !

ਕਮਲਜੀਤ ਸਿੰਘ ਬਨਵੈਤ
98147 34035



- ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਵੜਿੰਗ ਨੇ ਪਾਰਟੀ ਦੇ ਮੌਜੂਦਾ ਐਮ ਪੀਜ਼ ਨੂੰ ਵਿਧਾਨ ਸਭਾ ਚੋਣਾਂ ਵਿੱਚ ਟਿਕਟਾਂ ਨਾ ਦੇਣ ਦੀ ਦਿੱਤੀ ਸਲਾਹ
- ਰਾਤਰੀ ਭੋਜਨ ਵੇਲੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕੱਢਿਆ ਦਿਲ ਦਾ ਗੁੱਭ-ਗੁਲਾਟ
- ਪਾਰਟੀ ਦੇ ਦੋ ਵਿਧਾਇਕ ਰਾਣਾ ਗੁਰਜੀਤ ਸਿੰਘ ਅਤੇ ਪ੍ਰਗਟ ਸਿੰਘ ਰਾਤ ਦੇ ਭੋਜਨ ਵੇਲੇ ਰਹੇ ਗ਼ੈਰ ਹਾਜ਼ਰ
- ਚੰਨੀ ਧੜੇ ਦੇ ਵਿਧਾਇਕਾਂ ਨੇ ਭੁਪੇਸ਼ ਬਘੇਲ ਤੋਂ ਬੰਦ ਕਮਰਾ ਮੀਟਿੰਗ ਲਈ ਮੰਗਿਆ ਪੰਜ-ਪੰਜ ਮਿੰਟ ਦਾ ਸਮਾਂ

ਹਾਂ ਪੱਖੀ ਸੋਚ ਵਾਲੇ ਪੰਜਾਬੀਆਂ ਉੱਤੇ ਨਾਂਹ ਪੱਖੀ ਸੋਚ ਵਾਲੀਆਂ ਸਿਆਸੀ ਪਾਰਟੀਆਂ ਰਾਜ ਕਰਨ ਲਈ ਤੀਂਘੜ ਰਹੀਆਂ ਹਨ। ਕਾਂਗਰਸ ਹੋਵੇ, ਅਕਾਲੀ ਹੋਣ, ਭਾਰਤੀ ਜਨਤਾ ਪਾਰਟੀ ਜਾਂ ਫਿਰ ਆਮ ਆਦਮੀ ਪਾਰਟੀ ਸਾਰੇ ਆਪਣੇ ਆਪ ਨੂੰ ਦੁੱਧ ਧੋਤਾ ਤੇ ਦੂਜਿਆਂ ਨੂੰ ਚਿੱਕੜ ਵਿੱਚ ਲਿਬੜਿਆ ਦੱਸ ਰਹੀਆਂ ਹਨ। ਪੰਜਾਬ ਲਈ ਕਿਸੇ ਦੇ ਬੋਝੇ ਵਿੱਚ ਵੀ ਕੁਝ ਨਹੀਂ ਹੈ। ਇੰਝ ਲੱਗਦੈ ਜਿਵੇਂ ਰਵਾਇਤੀ ਸਿਆਸੀ ਪਾਰਟੀਆਂ ਦੀਆਂ ਜੇਬਾਂ ਨੂੰ ਵੀ ਭਰਾੜ ਆ ਗਿਆ ਹੋਵੇ। ਪੰਜਾਬੀਆਂ ਨੂੰ ਸਭ ਤੋਂ ਵੱਧ ਹਿਰਖ ਖੇਤਰੀ ਪਾਰਟੀ ਉੱਤੇ ਹੈ। ਉਹ ਜਿਸ ਨੂੰ ਪੰਜਾਬੀ ਆਪਣਾ ਸਮਝ ਰਹੇ ਹਨ।

ਪੰਜਾਬੀ ਖੁੱਲ ਦਿਲੇ ਹਨ। ਪੰਜਾਬੀਆਂ ਨੂੰ ਮੁਆਫ਼ ਕਰਨਾ ਆਉਂਦਾ ਹੈ। ਪੰਜਾਬੀਆਂ ਵਿੱਚ ਮੁਆਫ਼ ਕਰਨ ਦਾ ਮਾਦਾ ਨਾ ਹੁੰਦਾ ਤਾਂ ਸ਼੍ਰੀ ਅਕਾਲ ਤਖ਼ਤ ਸਾਹਿਬ ਉੱਤੇ ਹਮਲਾ ਕਰਨ ਵਾਲੀ ਕਾਂਗਰਸ ਨੂੰ ਦੋ ਵਾਰ ਪੰਜਾਬ ਉੱਤੇ ਰਾਜ ਕਰਨ ਦਾ ਮੌਕਾ ਨਹੀਂ ਸੀ ਦੇਣਾ। ਕਾਂਗਰਸ ਪਾਰਟੀ ਜਿਹੜੀ 2027 ਦੀਆਂ ਚੋਣਾਂ ਵਿੱਚ ਵੱਡੀ ਆਸ ਰੱਖੀ ਬੈਠੀ ਹੈ, ਉਸ ਨੇ ਲੋਕਾਂ ਦਾ ਤਾਂ ਕੀ ਸੁਆਰਨਾ ਹੋਇਆ ਆਪਣਾ ਘਰ ਨਹੀਂ ਸੰਭਲ ਰਿਹਾ ਹੈ। ਕਾਂਗਰਸ ਦੀ ਉੱਪਰਲੀ ਲੀਡਰਸ਼ਿਪ ਵੀ ਹੰਭ ਗਈ ਲੱਗਦੀ ਹੈ। ਸੱਚ ਤਾਂ ਇਹ ਹੈ ਕਿ ਕਾਂਗਰਸ ਹਾਈ ਕਮਾਨ ਲਈ ਆਪਣਾ ਘਰ ਸੰਭਾਲਣਾ ਵੀ ਔਖਾ ਹੋਇਆ ਪਿਆ ਹੈ।

ਪੰਜਾਬ ਮਾਮਲਿਆਂ ਦੇ ਇੰਚਾਰਜ ਭੂਪੇਸ਼ ਬਘੇਲ ਨੇ ਪੰਜਾਬ ਕਾਂਗਰਸ ਨੂੰ ਇੱਕ ਟੀਮ ਵਜੋਂ ਰਲ ਕੇ ਖੇਡਣ ਲਈ ਮੁੜ ਕੌਡੀ ਪਾਈ ਹੈ। ਉਹਨਾਂ ਨੇ ਦੋ ਦਿਨ ਪਹਿਲਾਂ ਪੰਜਾਬ ਕਾਂਗਰਸ ਦੀਆਂ ਦਿਨ ਭਰ, ਇੱਕ ਨਹੀਂ ਕਈ ਮੀਟਿੰਗਾਂ ਕੀਤੀਆਂ। ਸਭ ਦੀ ਕਲਾਸ ਵੀ ਲਈ ਅਤੇ ਏਕਤਾ ਦਾ ਪਾਠ ਵੀ ਪੜ੍ਹਾਇਆ।

ਕਾਂਗਰਸੀਆਂ ਨੂੰ ਮੱਤ ਦੇਣ ਲਈ ਡਿਨਰ ਡਿਪਲੋਮੇਸੀ ਦਾ ਸਹਾਰਾ ਲਿਆ ਹੈ। ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਪਾਰਟੀ ਦੇ ਲੀਡਰਾਂ ਨੂੰ ਸੱਦਾ ਲਾਉਣ ਵੇਲੇ ਹੀ ਸਪੱਸ਼ਟ ਕਰ ਦਿੱਤਾ ਕਿ ਉਨਾਂ ਨੂੰ ਭੁਪੇਸ਼ ਬਘੇਲ ਨੇ ਇਸ ਰਾਹੇ ਤੋਰਿਆ ਹੈ। ਕੁਝ ਵਿਧਾਇਕਾਂ ਨੂੰ ਛੱਡ ਕੇ ਪਾਰਲੀਮੈਂਟ ਦੇ ਮੈਂਬਰਾਂ ਸਮੇਤ ਹਾਜ਼ਰੀ ਭਰਵੀਂ ਰਹੀ। ਜਿਨ੍ਹਾਂ ਦੀ ਗ਼ੈਰ ਹਾਜ਼ਰੀ ਵਿਸ਼ੇਸ਼ ਤੌਰ 'ਤੇ ਰੜਕੀ, ਉਹਨਾਂ ਵਿੱਚ ਸਾਬਕਾ ਮੰਤਰੀ ਪਰਗਟ ਸਿੰਘ ਅਤੇ ਵਿਧਾਇਕ ਰਾਣਾ ਗੁਰਜੀਤ ਸਿੰਘ ਦੇ ਨਾਂ ਦੱਸੇ ਗਏ ਹਨ। ਸਾਬਕਾ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਅਤੇ ਸੁੱਖ ਸਰਕਾਰੀਆ ਹਮੇਸ਼ਾ ਦੀ ਤਰ੍ਹਾਂ ਅਟੰਕ ਹੋ ਕੇ ਬੈਠੇ ਰਹੇ।

ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਖਿੱਚ ਦਾ ਕੇਂਦਰ ਬਣੇ। ਉਹਨਾਂ ਨੇ ਵੈਸੇ ਤਾਂ 22 ਜਨਵਰੀ, ਜਦੋਂ ਹਾਈ ਕਮਾਨ ਨੇ ਉਹਨਾਂ ਦੀ ਕਲਾਸ ਲਈ ਸੀ, ਤੋਂ ਬਾਅਦ ਹਾਲੇ ਤੱਕ ਚੁੱਪ ਵੱਟੀ ਬੈਠੇ ਸਨ ਪਰ ਕੱਲ ਉਹਨਾਂ ਨੇ ਦਿਲ ਦਾ ਉਬਾਲ ਵੀ ਕੱਢਿਆ। ਉਹ ਕਹਿ ਰਹੇ ਸਨ ਤੇ ਉਹ ਮੁੱਖ ਮੰਤਰੀ ਦੇ ਅਹੁਦੇ ਦੇ ਚਾਹਵਾਨ ਨਹੀਂ ਹਨ। ਇੱਥੋਂ ਤੱਕ ਕਹਿ ਦਿੱਤਾ ਕਿ ਜਦੋਂ ਉਹਨਾਂ ਨੂੰ ਮੁੱਖ ਮੰਤਰੀ ਬਣਾਇਆ ਗਿਆ ਸੀ ਤਦ ਵੀ ਉਹਨਾਂ ਨੇ ਵੋਟ ਕਿਸੇ ਹੋਰ ਦੇ ਹੱਕ ਵਿੱਚ ਪਾਈ ਸੀ ਪਰ ਹਾਈ ਕਮਾਨ ਦਾ ਹੁਕਮ ਸਿਰ ਮੱਥੇ ਲਿਆ। ਉਹਨਾਂ ਨੇ ਸਿਆਸਤ ਤੋਂ ਕਿਨਾਰਾ ਕਰਨ ਦੀ ਗੱਲ ਵੀ ਕਹੀ ਪਰ ਨਾਲ ਹੀ ਕਿਹਾ ਕਿ ਉਹ ਪਾਰਟੀ ਦੇ ਹਰ ਹੁਕਮ 'ਤੇ ਹਮੇਸ਼ਾ ਦੀ ਤਰ੍ਹਾਂ ਫੁੱਲ ਚੜ੍ਹਾਉਣਗੇ। ਇਸ ਤੋਂ ਪਹਿਲਾਂ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਰਾਜਾ ਅਮਰਿੰਦਰ ਸਿੰਘ ਵੜਿੰਗ ਹੁਕਮ ਦੀ ਬੇਗੀ ਉੱਤੇ ਬਾਦਸ਼ਾਹ ਸੁੱਟ ਗਏ ਸਨ। ਉਹਨਾਂ ਨੇ ਪਾਰਟੀ ਨੂੰ ਵਿਧਾਨ ਸਭਾ ਦੀਆਂ ਅਗਲੀਆਂ ਚੋਣਾਂ ਵੇਲੇ ਮੌਜੂਦਾ ਵਿਧਾਇਕਾਂ ਨੂੰ ਟਿਕਟ ਨਾ ਦੇਣ ਦੀ ਸਲਾਹ ਦਿੱਤੀ।

ਭਾਵੇਂ ਮੌਜੂਦਾ ਵਿਧਾਇਕਾਂ ਵਿੱਚ ਉਹ ਆਪ, ਚਰਨਜੀਤ ਸਿੰਘ ਚੰਨੀ ਅਤੇ ਸੁਖਜਿੰਦਰ ਸਿੰਘ ਰੰਧਾਵਾ ਆਉਂਦੇ ਹਨ ਪਰ ਉਹਨਾਂ ਨੇ ਸਿੱਧੇ ਤੌਰ 'ਤੇ ਚੰਨੀ ਨੂੰ ਦਰੜਨ ਦੀ ਚਾਲ ਖੇਡੀ ਹੈ। ਉਹ ਆਪ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਹਨ। ਕਈ ਵਾਰ ਕਹਿ ਚੁੱਕੇ ਹਨ ਕਿ ਮੁੱਖ ਮੰਤਰੀ ਦੇ ਅਹੁਦੇ ਦੇ ਦਾਅਵੇਦਾਰ ਨਹੀਂ ਹਨ। ਮੁੱਖ ਮੰਤਰੀ ਅਹੁਦੇ ਦੇ ਮਜ਼ਬੂਤ ਦਾਅਵੇਦਾਰ ਚਰਨਜੀਤ ਸਿੰਘ ਚੰਨੀ ਤੇ ਸੁਖਜਿੰਦਰ ਸਿੰਘ ਰੰਧਾਵਾ ਪਾਸੇ ਹੋ ਜਾਂਦੇ ਹਨ ਤਾਂ ਪ੍ਰਤਾਪ ਸਿੰਘ ਬਾਜਵਾ ਵਾਸਤੇ ਰਾਹ ਕਾਫ਼ੀ ਹੱਦ ਤੱਕ ਸਾਫ ਹੋ ਜਾਂਦਾ ਹੈ। ਸਾਬਕਾ ਕੈਬਨਿਟ ਮੰਤਰੀ ਪ੍ਰਗਟ ਸਿੰਘ ਅਤੇ ਵਿਧਾਇਕ ਰਾਣਾ ਗੁਰਜੀਤ ਸਿੰਘ ਉਹਨਾਂ ਤੋਂ ਕਾਫ਼ੀ ਜੂਨੀਅਰ ਹਨ। ਰਾਜਾ ਵੜਿੰਗ ਅਤੇ ਬਾਜਵਾ ਦੀ ਦੋਸਤੀ ਕਿਸੇ ਤੋਂ ਲੁਕੀ ਨਹੀਂ ਹੋਈ ਹੈ।

ਭੁਪੇਸ਼ ਬਘੇਲ ਵੱਲੋਂ ਕਾਂਗਰਸ ਨੇਤਾਵਾਂ ਦੀ ਸੱਦੀ ਮੀਟਿੰਗ ਦੀ ਗੱਲ ਕਰੀਏ ਤਾਂ ਉਹਨਾਂ ਨੇ ਸਪੱਸ਼ਟ ਕਰ ਦਿੱਤਾ ਕਿ ਅੱਧੀਆਂ ਟਿਕਟਾਂ ਨੌਜਵਾਨਾਂ ਨੂੰ ਦਿੱਤੀਆਂ ਜਾਣਗੀਆਂ। ਇਸ ਵਾਰ ਉਹ ਪਹਿਲਾਂ ਤੋਂ ਹੱਟ ਕੇ ਨੌਜਵਾਨੀ ਲਈ ਉਮਰ ਦੀ ਸੀਮਾ 50 ਸਾਲ ਮੁਕੱਰਰ ਕਰਦੇ ਹਨ, ਜਿਸ ਨਾਲ ਕਈ ਟਕਸਾਲੀ ਕਾਂਗਰਸੀਆਂ ਨੂੰ ਸੁੱਖ ਦਾ ਸਾਹ ਆਇਆ ਹੈ। ਹੋ ਇਹ ਵੀ ਸਕਦਾ ਹੈ ਕਿ ਉਨ੍ਹਾਂ ਦੀ ਇਹ ਚਾਲ ਘਰਾਂ ਅੰਦਰ ਵੜ ਕੇ ਬੈਠੇ ਕਾਂਗਰਸੀਆਂ ਨੂੰ ਬਾਹਰ ਸੜਕਾਂ ਉੱਤੇ ਕੱਢਣ ਦੀ ਹੋਵੇ।

ਕਾਂਗਰਸ ਦੀ ਅੰਦਰਲੀ ਪਾਟੋਧਾੜ 'ਤੇ ਕੀਤੇ ਜਾਂਦੇ ਸਿਆਸੀ ਹਮਲੇ ਦਾ ਜਵਾਬ ਦੇਣ ਲਈ ਪ੍ਰਤਾਪ ਸਿੰਘ ਬਾਜਵਾ ਨੇ ਇੱਕ ਮੇਜ 'ਤੇ ਸਭ ਸੀਨੀਅਰ ਆਗੂਆਂ ਨੂੰ ਬਿਠਾ ਕੇ ਇੱਕਜੁੱਟ ਹੋਣ ਦਾ ਪ੍ਰਗਟਾਵਾ ਕੀਤਾ ਹੈ, ਨਾਲ ਇੱਕ ਉਮੀਦ ਦੀ ਆਸ ਜ਼ਰੂਰ ਬੱਝੀ ਹੈ। ਹੋ ਸਕਦੈ ਕਿ ਭਵਿੱਖ ਵਿੱਚ ਵੀ ਆਗੂਆਂ ਦੇ ਘਰੇ ਵਾਰੋ ਵਾਰੀ ਅਜਿਹੇ ਰਾਤਰੀ ਭੋਜਨ ਕਰਨ ਦਾ ਸਬੱਬ ਬਣਦਾ ਰਵੇ। ਇਸ ਨਾਲ ਚੋਣਾਂ ਤੋਂ ਪਹਿਲਾਂ ਪੰਜਾਬੀਆਂ ਨੂੰ ਇਹ ਸੁਨੇਹਾ ਦਿੱਤਾ ਜਾ ਸਕੇ ਕਿ ਪਾਰਟੀਆਂ ਅੰਦਰ ਸਭ ਅੱਛਾ ਚੱਲ ਰਿਹਾ ਹੈ। ਇਸ ਨਾਲ ਦੋਵੇਂ ਤਰ੍ਹਾਂ ਦਾ ਸੁਨੇਹਾ ਵੀ ਜਾਵੇਗਾ ਕਿ ਹਾਈ ਕਮਾਨ ਨੇਤਾਵਾਂ ਨੂੰ ਪਲੋਸ ਵੀ ਰਹੀ ਹੈ ਅਤੇ ਤਾੜਦੀ ਵੀ ਹੈ।

ਰਾਤਰੀ ਭੋਜਨ ਵੇਲੇ ਕਾਂਗਰਸੀ ਆਗੂਆਂ ਨੇ ਇੱਕ ਦੂਜੇ ਦੀ ਤਾਰੀਫ ਵੀ ਕੀਤੀ ਅਤੇ ਮਾਹੌਲ ਵਿੱਚ ਨਿੱਘ ਵੀ ਦਿਸਿਆ। ਬਾਵਜੂਦ ਇਸਦੇ ਕਈਆਂ ਨੇ ਇੱਕ ਦੂਜੇ ਦੇ ਭਰਵਾਂ ਟੀਕਾ ਲਾਉਣ ਵਿੱਚ ਕੋਈ ਕਸਰ ਨਾ ਛੱਡੀ। ਇੱਟ ਉੱਤੇ ਪੱਕੀ ਲਕੀਰ ਵਰਗੀ ਗੱਲ ਤਾਂ ਨਹੀਂ ਪਰ ਪੰਜਾਬੀ ਬਦਲਾਅ ਤੋਂ ਬਾਗੋ ਬਾਗ਼ ਨਜ਼ਰ ਨਹੀਂ ਆਉਂਦੇ ਹਨ। ਉਹਨਾਂ ਨੂੰ ਕੋਈ ਬਾਂਹ ਫੜਨ ਵਾਲਾ ਦਿਸਦਾ ਵੀ ਨਹੀਂ ਹੈ। ਸੱਤਾ ਉੱਤੇ ਕਾਬਜ਼ ਹੋਣ ਲਈ ਇੱਕ ਦੂਜੇ ਤੋਂ ਮੂਹਰੇ ਨਿਕਲਣ ਵਾਸਤੇ ਇੱਕ ਦੂਜੇ ਵਿੱਚ ਵੱਜਦੇ ਫਿਰਦੇ ਹਨ। ਕਈ ਵਾਰ ਇਹ ਹੁੰਦਾ ਹੈ ਕਿ ਇਹੋ ਜਿਹੇ ਹਾਲਾਤਾਂ ਵਿੱਚ ਕੋਈ ਤੀਜਾ ਉੱਪਰੋਂ ਦੀ ਦਰੜ ਕੇ ਵੀ ਲੰਘ ਜਾਂਦਾ ਹੈ। ਪੰਜਾਬੀਆਂ ਦੇ ਸੁਭਾਅ ਦੀ ਕਿਸੇ ਨੇ ਥਾਹ ਨਹੀਂ ਪਾਈ ਹੈ। ਪਲਕਾਂ ਦੀਆਂ ਛਾਵਾਂ ਕਰਨ ਵਾਲੇ ਪਟਕਾ ਕੇ ਮਾਰਨ ਵੇਲੇ ਬਿੰਦ ਵੀ ਨਹੀਂ ਲਾਉਂਦੇ ਹਨ।



ਵਿੰਕਲਜੀਤ ਸਿੰਘ ਸਰਾ
9501477889

# ਅਮਰੀਕਾ ਵਿੱਚ ਸਿੱਖ ਟਰੱਕਿੰਗ ਇੰਡਸਟਰੀ 'ਤੇ ਸੰਕਟ ਦੇ ਬੱਦਲ

## ਹਜ਼ਾਰਾਂ ਲਾਇਸੈਂਸ ਰੱਦ, ਸਖ਼ਤ ਕਾਨੂੰਨ ਅਤੇ ਭਵਿੱਖ ਦੀਆਂ ਚੁਣੌਤੀਆਂ

**ਇੱਕ ਸੁਪਨੇ ਤੋਂ ਸੰਕਟ ਤੱਕ ਦਾ ਸਫ਼ਰ :** ਅਮਰੀਕਾ ਜਿਸ ਨੂੰ ਮੌਕਿਆਂ ਦੀ ਧਰਤੀ ਕਿਹਾ ਜਾਂਦਾ ਹੈ, ਉੱਥੇ ਪੰਜਾਬੀਆਂ ਅਤੇ ਖ਼ਾਸ ਕਰਕੇ ਸਿੱਖਾਂ ਨੇ ਆਪਣੀ ਮਿਹਨਤ ਦੇ ਦਮ 'ਤੇ **'ਟਰੱਕਿੰਗ'** ਦੇ ਕਿੱਤੇ ਨੂੰ ਇੱਕ ਨਵੀਂ ਉਚਾਈ ਦਿੱਤੀ ਹੈ। ਅੱਜ ਅਮਰੀਕਾ ਦੇ ਹਾਈਵੇਅ 'ਤੇ ਚੱਲਦਾ ਹਰ ਚੌਥਾ ਟਰੱਕ ਇੱਕ ਸਿੱਖ ਡਰਾਈਵਰ ਦੁਆਰਾ ਚਲਾਇਆ ਜਾਂਦਾ ਹੈ। ਪਰ ਫਰਵਰੀ 2026 ਦੇ ਮੌਜੂਦਾ ਹਾਲਾਤ ਦੱਸ ਰਹੇ ਹਨ ਕਿ ਇਹ ਮਿਹਨਤੀ ਭਾਈਚਾਰਾ ਇਸ ਵੇਲੇ ਆਪਣੀ ਹੋਂਦ ਦੀ ਸਭ ਤੋਂ ਵੱਡੀ ਲੜਾਈ ਲੜ ਰਿਹਾ ਹੈ। ਫਲੋਰੀਡਾ ਵਿੱਚ ਹੋਏ ਇੱਕ ਮੰਦਭਾਗੇ ਟਰੱਕ ਹਾਦਸੇ ਨੇ ਨਾ ਸਿਰਫ਼ ਕਾਨੂੰਨੀ ਤਾਣੇ-ਬਾਣੇ ਨੂੰ ਉਲਝਾ ਦਿੱਤਾ ਹੈ ਸਗੋਂ ਹਜ਼ਾਰਾਂ ਪਰਿਵਾਰਾਂ ਦੇ ਚੁੱਲ੍ਹੇ ਠੰਢੇ ਹੋਣ ਦੀ ਨੌਬਤ ਲਿਆ ਦਿੱਤੀ ਹੈ।

**ਉਹ ਹਾਦਸਾ ਜਿਸ ਨੇ ਨੀਂਹ ਹਿਲਾ ਦਿੱਤੀ :** ਇਸ ਪੂਰੇ ਵਿਵਾਦ ਦੀ ਸ਼ੁਰੂਆਤ ਫਲੋਰੀਡਾ ਦੇ ਇਲਾਕੇ ਵਿੱਚ ਹੋਏ ਇੱਕ ਦਰਦਨਾਕ ਸੜਕ ਹਾਦਸੇ ਨਾਲ ਹੋਈ। ਰਿਪੋਰਟਾਂ ਅਨੁਸਾਰ ਇਸ ਹਾਦਸੇ ਵਿੱਚ ਇੱਕ ਟਰੱਕ ਅਤੇ ਕਾਰ ਦੀ ਟੱਕਰ ਦੌਰਾਨ ਤਿੰਨ ਕੀਮਤੀ ਜਾਨਾਂ ਚਲੀਆਂ ਗਈਆਂ। ਟਰੱਕ ਡਰਾਈਵਰ ਹਰਜਿੰਦਰ ਸਿੰਘ 'ਤੇ ਦੋਸ਼ ਹੈ ਕਿ ਉਸ ਨੇ ਸੜਕ ਦੇ ਵਿਚਕਾਰ ਗਲਤ ਤਰੀਕੇ ਨਾਲ ਟਰੱਕ ਮੋੜਨ (U-turn) ਦੀ ਕੋਸ਼ਿਸ਼ ਕੀਤੀ, ਜਿਸ ਕਾਰਨ ਪਿੱਛੇ ਤੋਂ ਆ ਰਹੀ ਕਾਰ ਟਰੱਕ ਦੇ ਹੇਠਾਂ ਆ ਗਈ।

ਜਾਂਚ ਦੌਰਾਨ ਜਦੋਂ ਹਰਜਿੰਦਰ ਸਿੰਘ ਦੇ ਦਸਤਾਵੇਜ਼ਾਂ ਦੀ ਪੜਤਾਲ ਹੋਈ ਤਾਂ ਕਈ ਹੈਰਾਨ ਕਰਨ ਵਾਲੇ ਤੱਥ ਸਾਹਮਣੇ ਆਏ। ਪਤਾ ਲੱਗਾ ਕਿ ਉਹ 2018 ਵਿੱਚ ਮੈਕਸੀਕੋ ਸਰਹੱਦ ਰਾਹੀਂ ਗੈਰ-ਕਾਨੂੰਨੀ ਤਰੀਕੇ ਨਾਲ ਅਮਰੀਕਾ ਦਾਖ਼ਲ ਹੋਇਆ ਸੀ। ਭਾਵੇਂ ਉਸ ਕੋਲ ਲਾਇਸੈਂਸ ਸੀ ਪਰ ਉਸਦੀ ਇਮੀਗ੍ਰੇਸ਼ਨ ਸਥਿਤੀ ਅਤੇ ਹਾਦਸੇ ਦੀ ਗੰਭੀਰਤਾ ਨੇ ਅਮਰੀਕੀ ਪ੍ਰਸ਼ਾਸਨ ਨੂੰ ਟਰੱਕਿੰਗ ਨਿਯਮਾਂ ਦੀ ਸਮੀਖਿਆ ਕਰਨ ਲਈ ਮਜਬੂਰ ਕਰ ਦਿੱਤਾ। ਰਾਸ਼ਟਰਪਤੀ ਡੋਨਾਲਡ ਟਰੰਪ ਦੇ ਸਖ਼ਤ ਰੁਖ਼ ਨੇ ਇਸ ਮੁੱਦੇ ਨੂੰ ਸੁਰੱਖਿਆ ਅਤੇ ਇਮੀਗ੍ਰੇਸ਼ਨ ਦੇ ਵੱਡੇ ਮੁੱਦੇ ਵਿੱਚ ਬਦਲ ਦਿੱਤਾ ਹੈ।

**ਲਾਇਸੈਂਸ ਪ੍ਰਣਾਲੀ ਵਿੱਚ ਵੱਡੀ ਤਬਦੀਲੀ, ਨਵੇਂ ਨਿਯਮਾਂ ਦੀ ਮਾਰ :** ਅਮਰੀਕੀ ਸਰਕਾਰ ਅਤੇ ਫੈਡਰਲ ਮੋਟਰ ਕੈਰੀਅਰ ਸੇਫਟੀ ਐਡਮਿਨਿਸਟਰੇਸ਼ਨ (FMCSA) ਨੇ ਹੁਣ ਲਾਇਸੈਂਸ ਜਾਰੀ ਕਰਨ ਦੇ ਨਿਯਮਾਂ ਵਿੱਚ ਜੜ੍ਹੋਂ ਤਬਦੀਲੀ ਕਰ ਦਿੱਤੀ ਹੈ। ਪਹਿਲਾਂ ਬਹੁਤ ਸਾਰੇ ਲੋਕ **'ਵਰਕ ਪਰਮਿਟ'** ਜਾਂ **'ਸ਼ਰਨ' (Asylum)** ਦੇ ਕੇਸਾਂ ਦੇ ਆਧਾਰ 'ਤੇ ਵਪਾਰਕ ਲਾਇਸੈਂਸ (CDL) ਪ੍ਰਾਪਤ ਕਰ ਲੈਂਦੇ ਸਨ। ਪਰ ਹੁਣ ਅਜਿਹਾ ਨਹੀਂ ਹੈ।

**ਨਵੇਂ ਨਿਯਮਾਂ ਦੇ ਮੁੱਖ ਨੁਕਤੇ : ਵੀਜ਼ਾ ਦੀ ਸ਼ਰਤ:** ਹੁਣ ਸਿਰਫ਼ ਉਨ੍ਹਾਂ ਲੋਕਾਂ ਨੂੰ ਹੀ CDL ਜਾਰੀ ਕੀਤੇ ਜਾਣਗੇ ਜਾਂ ਰੀਨਿਊ ਕੀਤੇ ਜਾਣਗੇ ਜਿਨ੍ਹਾਂ ਕੋਲ ਵੈਧ 8-21, 8-22 ਜਾਂ 5-2 ਵੀਜ਼ਾ ਹੋਵੇਗਾ।

**ਸ਼ਰਨਾਰਥੀਆਂ ਲਈ ਰੋਕ:** ਜਿਹੜੇ ਲੋਕਾਂ ਦੇ ਕੇਸ ਅਦਾਲਤਾਂ ਵਿੱਚ ਚੱਲ ਰਹੇ ਹਨ ਅਤੇ ਜਿਨ੍ਹਾਂ ਕੋਲ ਸਿਰਫ਼ ਆਰਜ਼ੀ ਵਰਕ ਪਰਮਿਟ ਹੈ, ਉਨ੍ਹਾਂ ਦੇ ਲਾਇਸੈਂਸ ਰੱਦ ਕੀਤੇ ਜਾ ਰਹੇ ਹਨ। ਅੰਕੜਿਆਂ ਮੁਤਾਬਕ ਲਗਭਗ 20,000 ਅਜਿਹੇ ਡਰਾਈਵਰਾਂ ਦੇ ਲਾਇਸੈਂਸ ਰੱਦ ਕੀਤੇ ਜਾ ਰਹੇ ਹਨ ਜੋ ਇਸ ਸ਼੍ਰੇਣੀ ਵਿੱਚ ਆਉਂਦੇ ਹਨ।




**SAVE ਸਿਸਟਮ ਦੀ ਸਖ਼ਤੀ:** ਹਰ ਰਾਜ ਦੀ DMV ਹੁਣ ਫੈਡਰਲ ਡਾਟਾਬੇਸ ਰਾਹੀਂ ਹਰ ਡਰਾਈਵਰ ਦੀ ਇਮੀਗ੍ਰੇਸ਼ਨ ਸਥਿਤੀ ਦੀ ਰੋਜ਼ਾਨਾ ਪੁਸ਼ਟੀ ਕਰ ਰਹੀ ਹੈ।

**ਅੰਗਰੇਜ਼ੀ ਭਾਸ਼ਾ, ਇੱਕ ਵੱਡੀ ਰੁਕਾਵਟ :** ਅਮਰੀਕੀ ਸਰਕਾਰ ਨੇ ਹੁਣ ਹਾਈਵੇਅ 'ਤੇ ਵਿਸ਼ੇਸ਼ ਇੰਸਪੈਕਟਰ ਤਾਇਨਾਤ ਕੀਤੇ ਹਨ। ਇਨ੍ਹਾਂ ਇੰਸਪੈਕਟਰਾਂ ਦਾ ਕੰਮ ਸਿਰਫ਼ ਕਾਗਜ਼ਾਂ ਦੀ ਜਾਂਚ ਕਰਨਾ ਹੀ ਨਹੀਂ ਸਗੋਂ ਡਰਾਈਵਰ ਦੀ ਭਾਸ਼ਾਈ ਸਮਰੱਥਾ ਨੂੰ ਪਰਖਣਾ ਵੀ ਹੈ।

**7,000 ਲਾਇਸੈਂਸ ਰੱਦ:** ਹੁਣ ਤੱਕ ਲਗਭਗ 7,000 ਡਰਾਈਵਰਾਂ ਦੇ ਲਾਇਸੈਂਸ ਸਿਰਫ਼ ਇਸ ਲਈ ਰੱਦ ਕਰ ਦਿੱਤੇ ਗਏ ਹਨ ਕਿਉਂਕਿ ਉਹ ਅੰਗਰੇਜ਼ੀ ਵਿੱਚ ਗੱਲਬਾਤ ਕਰਨ ਜਾਂ ਸੜਕੀ ਚਿੰਨ੍ਹਾਂ ਨੂੰ ਸਮਝਣ ਵਿੱਚ ਅਸਮਰੱਥ ਸਨ। ਨਿਯਮ ਕਹਿੰਦੇ ਹਨ ਕਿ ਡਰਾਈਵਰ ਨੂੰ ਇੰਨੀ ਅੰਗਰੇਜ਼ੀ ਆਉਣੀ ਚਾਹੀਦੀ ਹੈ ਕਿ ਉਹ ਕਿਸੇ ਹਾਦਸੇ ਜਾਂ ਜਾਂਚ ਸਮੇਂ ਅਧਿਕਾਰੀਆਂ ਨੂੰ ਸਹੀ ਜਾਣਕਾਰੀ ਦੇ ਸਕੇ। ਪੰਜਾਬੀ ਮੂਲ ਦੇ ਡਰਾਈਵਰਾਂ ਲਈ ਜੋ ਨਵੇਂ-ਨਵੇਂ ਅਮਰੀਕਾ ਆਏ ਹਨ ਇਹ ਇੱਕ ਬਹੁਤ ਵੱਡੀ ਚੁਣੌਤੀ ਬਣ ਗਈ ਹੈ।

**ਆਰਥਿਕਤਾ 'ਤੇ ਪ੍ਰਭਾਵ, ਲੱਖਾਂ ਡਾਲਰਾਂ ਦਾ ਨੁਕਸਾਨ :** ਅਮਰੀਕਾ ਵਿੱਚ ਲਗਭਗ 1,50,000 ਸਿੱਖ ਡਰਾਈਵਰ ਹਨ। ਕੈਲੀਫੋਰਨੀਆ ਜੋ ਕਿ ਟਰੱਕਿੰਗ ਦਾ ਗੜ੍ਹ ਹੈ ਉੱਥੇ 20 ਫੀਸਦੀ ਤੋਂ ਵੱਧ ਡਰਾਈਵਰ ਸਿੱਖ ਹਨ।

**ਟਰੱਕਾਂ ਦਾ ਖੜ੍ਹਨਾ:** ਜਦੋਂ ਡਰਾਈਵਰ ਦਾ ਲਾਇਸੈਂਸ ਰੱਦ ਹੁੰਦਾ ਹੈ ਤਾਂ ਸਿਰਫ਼ ਇੱਕ ਵਿਅਕਤੀ ਦੀ ਨੌਕਰੀ ਨਹੀਂ ਜਾਂਦੀ ਸਗੋਂ ਲੱਖਾਂ ਡਾਲਰਾਂ ਦਾ ਟਰੱਕ ਵੀ ਖੜ੍ਹਾ ਹੋ ਜਾਂਦਾ ਹੈ। ਕਈ ਟਰੱਕ ਕੰਪਨੀ ਮਾਲਕਾਂ ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਪਿਛਲੇ ਕੁਝ ਮਹੀਨਿਆਂ ਵਿੱਚ 2 ਮਿਲੀਅਨ ਡਾਲਰ ਤੋਂ ਵੱਧ ਦਾ ਨੁਕਸਾਨ ਹੋ ਚੁੱਕਾ ਹੈ।

**ਬੀਮਾ ਦਰਾਂ ਵਿੱਚ ਵਾਧਾ:** ਹਾਦਸਿਆਂ ਅਤੇ ਸਖ਼ਤ ਨਿਯਮਾਂ ਕਾਰਨ ਬੀਮਾ ਕੰਪਨੀਆਂ ਨੇ ਟਰੱਕਿੰਗ ਬੀਮਾ ਬਹੁਤ ਮਹਿੰਗਾ ਕਰ ਦਿੱਤਾ ਹੈ, ਜਿਸ ਦਾ ਸਿੱਧਾ ਅਸਰ ਛੋਟੇ ਕਾਰੋਬਾਰੀਆਂ 'ਤੇ ਪੈ ਰਿਹਾ ਹੈ।

**ਕੀ ਇਹ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਹੈ ? : 'ਯੂਨਾਈਟਿਡ ਸਿੱਖਸ'** ਅਤੇ ਹੋਰ ਸਮਾਜਿਕ ਜਥੇਬੰਦੀਆਂ ਨੇ ਇਸ ਗੱਲ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਦਾ ਕਹਿਣਾ ਹੈ ਕਿ: ਅਮਰੀਕਾ ਦੀ ਤਰੱਕੀ ਵਿੱਚ ਸਿੱਖਾਂ ਦਾ ਯੋਗਦਾਨ 100 ਸਾਲ ਪੁਰਾਣਾ ਹੈ। ਸਿਰਫ਼ ਇੱਕ ਹਾਦਸੇ ਨੂੰ ਆਧਾਰ ਬਣਾ ਕੇ ਪੂਰੇ ਭਾਈਚਾਰੇ ਨੂੰ **'ਗੈਰ-ਕਾਨੂੰਨੀ'** ਜਾਂ **'ਅਣਸੁਰੱਖਿਅਤ'** ਵਜੋਂ ਪੇਸ਼ ਕਰਨਾ ਗਲਤ ਹੈ। ਸਿੱਖਾਂ ਦੀ ਸੜਕ ਸੁਰੱਖਿਆ ਰੇਟਿੰਗ ਅਸਲ ਵਿੱਚ ਰਾਸ਼ਟਰੀ ਔਸਤ ਨਾਲੋਂ ਬਿਹਤਰ ਹੈ ਪਰ ਇਸ ਦੇ ਬਾਵਜੂਦ ਉਨ੍ਹਾਂ ਨੂੰ ਚੈਕਿੰਗਾਂ ਦੌਰਾਨ ਜ਼ਿਆਦਾ ਤੰਗ ਕੀਤਾ ਜਾ ਰਿਹਾ ਹੈ।

**ਸੜਕ ਸੁਰੱਖਿਆ ਦੇ ਅੰਕੜੇ ਅਤੇ ਸੱਚਾਈ :** ਜੇਕਰ ਅਸੀਂ ਨਿਰਪੱਖ ਹੋ ਕੇ ਦੇਖੀਏ ਤਾਂ ਅਮਰੀਕੀ ਹਾਈਵੇਅ 'ਤੇ ਸੁਰੱਖਿਆ ਸਭ ਤੋਂ ਉੱਪਰ ਹੈ। **ਡਾਟਾ:** ਅਮਰੀਕਾ ਵਿੱਚ ਹਰ ਸਾਲ ਹਜ਼ਾਰਾਂ ਟਰੱਕ ਹਾਦਸੇ ਹੁੰਦੇ ਹਨ, ਜਿਨ੍ਹਾਂ ਵਿੱਚ ਹਰ ਨਸਲ ਦੇ ਡਰਾਈਵਰ ਸ਼ਾਮਲ ਹੁੰਦੇ ਹਨ। **ਤੱਥ:** ਸਿੱਖ ਡਰਾਈਵਰ ਜ਼ਿਆਦਾਤਰ **'ਟੀਮ ਡਰਾਈਵਿੰਗ'** ਕਰਦੇ ਹਨ, ਜਿਸ ਨਾਲ ਥਕਾਵਟ ਘੱਟ ਹੁੰਦੀ ਹੈ ਅਤੇ ਹਾਦਸਿਆਂ ਦੀ ਸੰਭਾਵਨਾ ਘਟਦੀ ਹੈ। ਪਰ ਭਾਸ਼ਾ ਦੀ ਕਮੀ ਕਾਰਨ ਕਈ ਵਾਰ ਉਹ ਆਪਣਾ ਪੱਖ ਸਹੀ ਤਰੀਕੇ ਨਾਲ ਨਹੀਂ ਰੱਖ ਪਾਉਂਦੇ, ਜਿਸ ਦਾ ਫ਼ਾਇਦਾ ਪ੍ਰਸ਼ਾਸਨ ਚੁੱਕ ਰਿਹਾ ਹੈ।

**ਭਵਿੱਖ ਦਾ ਰਾਹ, ਹੱਲ ਕੀ ਹਨ ? : ਇਸ ਸੰਕਟ ਵਿੱਚੋਂ ਨਿਕਲਣ ਲਈ ਪੰਜਾਬੀ ਭਾਈਚਾਰੇ ਨੂੰ ਕੁਝ ਠੋਸ ਕਦਮ ਚੁੱਕਣੇ ਪੈਣਗੇ: ਸਿੱਖਿਆ ਅਤੇ ਸਿਖਲਾਈ:** ਟਰੱਕ ਡਰਾਈਵਿੰਗ ਸਿਰਫ਼ ਸਟੇਅਰਿੰਗ ਫੜਨਾ ਨਹੀਂ ਹੈ। ਡਰਾਈਵਰਾਂ ਨੂੰ ਅੰਗਰੇਜ਼ੀ ਭਾਸ਼ਾ ਅਤੇ ਅਮਰੀਕੀ ਟਰੈਫਿਕ ਕਾਨੂੰਨਾਂ (FMCSA Regulations) ਦੀ ਡੂੰਘੀ ਜਾਣਕਾਰੀ ਲੈਣੀ ਹੋਵੇਗੀ।

**ਕਾਨੂੰਨੀ ਜਾਗਰੂਕਤਾ:** ਗੈਰ-ਕਾਨੂੰਨੀ ਤਰੀਕੇ ਨਾਲ ਅਮਰੀਕਾ ਆਉਣ ਦੀ ਬਜਾਏ, ਸਹੀ ਵੀਜ਼ਾ ਪ੍ਰਣਾਲੀ ਦੀ ਵਰਤੋਂ ਕਰਨੀ ਚਾਹੀਦੀ ਹੈ ਤਾਂ ਜੋ ਭਵਿੱਖ ਵਿੱਚ ਲਾਇਸੈਂਸ ਵਰਗੀਆਂ ਮੁਸ਼ਕਲਾਂ ਨਾ ਆਉਣ।

**ਸਾਂਝੀ ਆਵਾਜ਼:** ਟਰੱਕਿੰਗ ਐਸੋਸੀਏਸ਼ਨਾਂ ਨੂੰ ਵਹਾਈਟ ਹਾਊਸ ਅਤੇ ਟਰਾਂਸਪੋਰਟ ਵਿਭਾਗ ਨਾਲ ਗੱਲਬਾਤ ਕਰਨੀ ਚਾਹੀਦੀ ਹੈ ਤਾਂ ਜੋ ਸੁਰੱਖਿਆ ਦੇ ਨਾਂ 'ਤੇ ਹੋ ਰਹੇ ਵਿਤਕਰੇ ਨੂੰ ਰੋਕਿਆ ਜਾ ਸਕੇ।

ਅਮਰੀਕਾ ਵਿੱਚ ਸਿੱਖ ਟਰੱਕ ਡਰਾਈਵਰਾਂ 'ਤੇ ਆਇਆ ਇਹ ਸੰਕਟ ਸਿਰਫ਼ ਇੱਕ ਰੁਜ਼ਗਾਰ ਦਾ ਮੁੱਦਾ ਨਹੀਂ ਸਗੋਂ ਸਾਡੇ ਭਾਈਚਾਰੇ ਦੀ ਸਾਖ ਦਾ ਮੁੱਦਾ ਹੈ। ਸਾਨੂੰ ਇਹ ਸਮਝਣਾ ਹੋਵੇਗਾ ਕਿ ਅਮਰੀਕਾ ਵਰਗੇ ਮੁਲਕ ਵਿੱਚ **'ਸੱਚ'** ਅਤੇ **'ਕਾਨੂੰਨ'** ਦੀ ਪਾਲਣਾ ਹੀ ਸਭ ਤੋਂ ਵੱਡੀ ਤਾਕਤ ਹੈ। ਜੇਕਰ ਅਸੀਂ ਆਪਣੀਆਂ ਕਮੀਆਂ ਨੂੰ ਸੁਧਾਰ ਕੇ ਅਤੇ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਕੰਮ ਕਰਾਂਗੇ ਤਾਂ ਦੁਨੀਆਂ ਦੀ ਕੋਈ ਵੀ ਤਾਕਤ ਸਾਨੂੰ ਤਰੱਕੀ ਕਰਨ ਤੋਂ ਨਹੀਂ ਰੋਕ ਸਕਦੀ। ਪਰ ਜੇਕਰ ਲਾਪਰਵਾਹੀ ਜਾਰੀ ਰਹੀ ਤਾਂ 2026 ਦਾ ਇਹ ਸਾਲ ਅਮਰੀਕੀ ਪੰਜਾਬੀ ਇਤਿਹਾਸ ਵਿੱਚ ਇੱਕ ਕਾਲੇ ਅਧਿਆਇ ਵਜੋਂ ਜਾਣਿਆ ਜਾਵੇਗਾ।

**ਲੇਖਕ ਦਾ ਸੰਦੇਸ਼:** ਇਹ ਰਿਪੋਰਟ ਸਿਰਫ਼ ਜਾਣਕਾਰੀ ਦੇਣ ਲਈ ਨਹੀਂ ਸਗੋਂ ਸਾਡੇ ਭਾਈਚਾਰੇ ਨੂੰ ਜਗਾਉਣ ਲਈ ਹੈ। ਸੱਚ ਲਿਖਣਾ ਅਤੇ ਸੱਚ ਪੜ੍ਹਨਾ ਹੀ ਤਬਦੀਲੀ ਦਾ ਪਹਿਲਾ ਕਦਮ ਹੈ।

## ਮੰਦਰ ਨਾਨਕ ਚੱਕ ਵਿਖੇ ਸ਼ਿਵਰਾਤਰੀ ਮਨਾਈ

ਫਤਹਿਗੜ੍ਹ ਚੂੜੀਆਂ, 18 ਫਰਵਰੀ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਨਜ਼ਦੀਕ ਤਪ ਅਸਥਾਨ ਭਗਵਾਨ ਬਾਬਾ ਸ੍ਰੀ ਚੰਦਰ ਜੀ ਨਾਨਕ ਚੱਕ ਦੇ ਪੂਜਨੀਯ ਗੱਦੀਨਸ਼ੀਨ ਮਹੰਤ ਹਰੀ ਕੁੰਭ ਦਾਸ ਦੀ ਰਹਿਨੁਮਾਈ ਹੇਠ ਸ਼ਿਵਰਾਤਰੀ



ਮਨਾਈ ਗਈ। ਜਿਸ ਵਿੱਚ ਰਾਜੀਵ ਵੈਸ਼ਨਵ ਨੇ ਸ਼ਿਵਰਾਤਰੀ ਦੇ ਸ਼ੁਭ ਦਿਹਾੜੇ 'ਤੇ ਭਜਨ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਮਹੰਤ ਹਰੀ ਕੁੰਭ ਦਾਸ ਨੇ ਦੇਸ਼ਾਂ ਵਿਦੇਸ਼ਾਂ ਵਿੱਚ ਵੱਸਦੇ ਲੋਕਾਂ ਨੂੰ ਸ਼ਿਵਰਾਤਰੀ ਦੀ ਵਧਾਈ ਵੀ ਦਿੱਤੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਆਈਆਂ ਹੋਈਆਂ ਸੰਗਤਾਂ ਦੇ ਲਈ ਸਵੇਰ ਤੋਂ ਲੈ ਕੇ ਦੇਰ-ਰਾਤ ਤੱਕ ਲੰਗਰ ਵੀ ਲਗਾਏ ਗਏ ਸਨ।ਇਸ ਮੌਕੇ 'ਤੇ ਮਹੰਤ ਹਰੀ ਕੁੰਭ ਦਾਸ, ਰਵਿੰਦਰ ਮੁਨੀ, ਰਣਜੋਧ ਸਿੰਘ, ਜੱਸ ਲੋਧੀ ਨੰਗਲ, ਸੰਦੀਪ ਬੇਦੀ, ਰੰਮੀ ਅਲੀਵਾਲ, ਗੁਰਪ੍ਰੀਤ ਸਿੰਘ ਸਰਪੰਚ ਜਾਂਗਲਾ, ਗੁਰਲਾਲ ਗੇਲਾ, ਹੈਪੀ ਨਾਨਕ ਚੱਕ, ਦੁਰਗਾ ਪ੍ਰਸਾਦ, ਦੁਰਲਭਜੀਤ ਸਿੰਘ, ਯਾਦਵਿੰਦਰ ਸਿੰਘ, ਸੰਦੀਪ ਸਿੰਘ, ਅੰਮ੍ਰਿਤ ਪਾਲ ਸਿੰਘ ਸ਼ੈਕੀ, ਪ੍ਰਿੰਸ ਢੱਲਾ, ਮੰਨਾ ਸੀੜਾ, ਗੁਰਲਾਲ ਫੌਜੀ, ਪਵਨ ਗੁੱਜਰਪੁਰਾ, ਜੋਬਨ ਢੁਲਟ, ਜਸ਼ਨ ਕੋਟਲਾ ਬਾਮਾ, ਧਰਮਵੀਰ, ਨੀਰਜ ਬੇਦੀ, ਕੁਲਦੀਪ ਪੇਟਰ, ਰਣਜੀਤ ਸਿੰਘ, ਜਗਰੂਪ ਸਿੰਘ, ਸਤਨਾਮ ਸਿੰਘ ਕਾਦਰਾਬਾਦ, ਇੰਦਰਜੀਤ ਸਿੰਘ ਨਾਨਕ ਚੱਕ ਰਜਿੰਦਰ ਸਿੰਘ, ਮਨਪ੍ਰੀਤ ਪਟਵਾਰੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਖਾਰਗਰ ਨਵੀਂ ਮੁੰਬਈ 'ਚ ਹੋਣ ਜਾ ਰਹੇ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੀਆਂ ਤਿਆਰੀਆਂ ਜ਼ੋਰਾਂ 'ਤੇ

### ☛ਮੁੱਖ ਮੰਤਰੀ ਫੜਨਵੀਸ ਨੇ ਆਪਣੀ ਵਚਨਬੱਧਤਾ ਨੂੰ ਇੰਨ-ਬਿੰਨ ਪੂਰਾ ਕੀਤਾ: ਗਿ. ਹਰਨਾਮ ਸਿੰਘ ਖ਼ਾਲਸਾ

ਚੌਕ ਮਹਿਤਾ, 18 ਫਰਵਰੀ (ਚ.ਨ.ਸ): ਮਹਾਰਾਸ਼ਟਰ ਵਿਖੇ ਤੀਸਰੇ ਪੜਾਅ 'ਚ ਖਾਰਗਰ (ਨਵੀਂ ਮੁੰਬਈ) ਦੇ ਉਵੇਂ ਮੈਦਾਨ ਵਿਖੇ 28 ਫਰਵਰੀ ਤੇ 1 ਮਾਰਚ ਨੂੰ ਰਾਜ ਪੱਧਰ 'ਤੇ ਮਨਾਏ ਜਾ ਰਹੇ ਹਿੰਦ ਦੀ ਚਾਦਰ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਕਾਰਨ ਗਰਾਊਂਡ ਅੰਦਰ ਸੁੰਦਰ ਪੰਡਾਲ ਦਾ ਨਿਰਮਾਣ ਕਾਰਜ ਸ਼ੁਰੂ ਕਰ ਦਿੱਤਾ ਗਿਆ ਹੈ। ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੇ ਸਹਿਯੋਗ ਨਾਲ ਤੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ, ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਹੋ ਰਹੇ ਇਨ੍ਹਾਂ ਦੋ ਦਿਨਾਂ ਧਾਰਮਿਕ ਸਮਾਗਮਾਂ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣਗੇ। ਇਸ ਦੇ ਨਾਲ ਹੀ ਹੋਰ ਵੀ ਬਹੁਤ ਸਾਰੀਆਂ ਪ੍ਰਮੁੱਖ ਧਾਰਮਿਕ, ਰਾਜਨੀਤਿਕ ਤੇ ਸਮਾਜਿਕ ਸ਼ਖ਼ਸੀਅਤਾਂ ਸਮਾਗਮਾਂ 'ਚ ਹਾਜ਼ਰੀ ਭਰਨਗੀਆਂ। ਇਸ ਮੌਕੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਸਿੱਖ ਕੌਮ ਦੇ ਸ਼ਾਨਦਾਰ ਤੇ ਕੁਰਬਾਨੀਆਂ ਨਾਲ ਭਰੇ ਮਾਨਮੱਤੇ ਇਤਿਹਾਸ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਆਪਣਾ ਸੰਕਲਪ ਦੁਹਰਾਉਂਦੇ ਹੋਏ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਮੁਗ਼ਲ ਕਾਲ ਦੌਰਾਨ ਧਰਮ ਤੇ ਸੱਚਾਈ ਲਈ ਆਪਣਾ ਸ਼ੀਸ ਨਿਸ਼ਾਵਰ ਕਰ ਦਿੱਤਾ ਤੇ ਢਾਲ ਬਣ ਕੇ ਹਿੰਦੂ ਸਮਾਜ ਤੇ ਸੱਭਿਆਚਾਰ ਦੀ ਰੱਖਿਆ ਲਈ ਕੁਰਬਾਨੀ ਦਿੱਤੀ । ਫੜਨਵੀਸ ਨੇ ਕਿਹਾ ਕਿ ਮਹਾਰਾਸ਼ਟਰ ਸਰਕਾਰ ਆਪਣੇ ਸਿੱਖ ਭਰਾਵਾਂ ਦੇ ਨਾਲ ਮਿਲ ਕੇ ਅੱਗੇ ਵੀ ਗੁਰੂ ਸਾਹਿਬਾਨ ਦੇ ਗੁਰਪੁਰਬ ਪੂਰੀ ਸ਼ਰਧਾ ਤੋਂ ਸਤਿਕਾਰ ਨਾਲ ਮਨਾਉਂਦੀ ਰਹੇਗੀ। ਇਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਮਹਾਰਾਸ਼ਟਰ ਸਰਕਾਰ ਵੱਲੋਂ ਦਿਖਾਏ ਜਾ ਰਹੇ ਉਤਸ਼ਾਹ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਵੱਲੋਂ ਆਪਣੀ ਵਚਨਬੱਧਤਾ ਇੰਨ-ਬਿੰਨ ਪੂਰੀ ਕੀਤੀ ਜਾਣਾ ਕੌਮ ਲਈ ਵੱਡੀ ਸੌਗਾਤ ਹੈ। ਉਨ੍ਹਾਂ ਕਿਹਾ ਕਿ ਫੜਨਵੀਸ ਨੇ ਸਿੱਖ ਗੁਰੂਆਂ ਪ੍ਰਤੀ ਆਪਣੀ ਅਥਾਹ ਸ਼ਰਧਾ ਨੂੰ ਪੂਰੀ ਨਿਮਰਤਾ ਨਾਲ ਪ੍ਰਗਟ ਕੀਤਾ ਹੈ।



## ਇੰਸਟਾਗ੍ਰਾਮ ਰੀਲਾਂ ਦੇ ਵਿਵਾਦ ਨੇ ਲਿਆ ਖ਼ੌਫ਼ਨਾਕ ਰੂਪ

### ☛ਸਾਬਕਾ ਸਾਥੀ ਨੇ ਮਹਿਲਾ ਦੇ ਚਿਹਰੇ 'ਤੇ ਸੁੱਟਿਆ ਤੇਜ਼ਾਬ

ਲੁਧਿਆਣਾ, 18 ਫਰਵਰੀ (ਚ.ਨ.ਸ): ਲੁਧਿਆਣਾ ਦੇ ਦੁੱਗਰੀ ਇਲਾਕੇ ਵਿੱਚ ਸੋਸ਼ਲ ਮੀਡੀਆ ਦੀ ਵਰਤੋਂ ਤੇ ਇੰਸਟਾਗ੍ਰਾਮ ਰੀਲਾਂ ਨੂੰ ਲੈ ਕੇ ਹੋਏ ਵਿਵਾਦ ਤੋਂ ਬਾਅਦ ਇੱਕ ਸਿਰਫਿਰੇ ਆਸ਼ਿਕ ਵੱਲੋਂ ਆਪਣੀ ਸਾਬਕਾ ਸਾਥਣ 'ਤੇ ਤੇਜ਼ਾਬ ਸੁੱਟਣ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਪੁਲਿਸ ਨੇ ਮੁਲਜ਼ਮ ਪਾਨ ਸਿੰਘ (35), ਜੋ ਕਿ ਜ਼ੀਰਕਪੁਰ ਦੇ ਬਾਲਟਾਨਾ ਦਾ ਰਹਿਣ ਵਾਲਾ ਹੈ ਤੇ ਪੇਸ਼ੇ ਤੋਂ ਰਾਜ ਮਿਸਤਰੀ ਹੈ, ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜਾਣਕਾਰੀ ਅਨੁਸਾਰ ਮੁਲਜ਼ਮ ਪਾਨ ਸਿੰਘ ਤੇ ਪੀੜਤ ਮਹਿਲਾ ਕੁਝ ਸਮਾਂ ਪਹਿਲਾਂ ਜ਼ੀਰਕਪੁਰ ਵਿੱਚ ਉਸਾਰੀ ਦੇ ਕੰਮ ਦੌਰਾਨ ਇੱਕ-ਦੂਜੇ ਦੇ ਸੰਪਰਕ ਵਿੱਚ ਆਏ ਸਨ। ਦੋਵੇਂ ਪਹਿਲਾਂ ਤੋਂ ਹੀ ਸ਼ਾਦੀਸ਼ੁਦਾ ਸਨ ਤੇ ਉਨ੍ਹਾਂ ਦੇ ਜੀਵਨ ਸਾਥੀ ਆਪੋ-ਆਪਣੇ ਜੱਦੀ ਪਿੰਡਾਂ ਵਿੱਚ ਰਹਿੰਦੇ ਸਨ।ਕੁਝ ਸਮਾਂ ਲਿਵ-ਇੰਨ ਰਿਲੇਸ਼ਨਸ਼ਿਪ ਵਿੱਚ ਰਹਿਣ ਤੋਂ ਬਾਅਦ ਦੋਵਾਂ ਵਿਚਕਾਰ ਸੋਸ਼ਲ ਮੀਡੀਆ ਨੂੰ ਲੈ ਕੇ ਤਕਰਾਰ ਸ਼ੁਰੂ ਹੋ ਗਈ।




ਪੁਲਿਸ ਮੁਤਾਬਿਕ ਪਾਨ ਸਿੰਘ ਖੁਦ ਇੰਸਟਾਗ੍ਰਾਮ 'ਤੇ ਰੀਲਾਂ ਬਣਾਉਣ ਦਾ ਸ਼ੌਕੀਨ ਸੀ, ਪਰ ਜਦੋਂ ਮਹਿਲਾ ਨੇ ਵੀ ਆਪਣੀਆਂ ਵੀਡੀਓਜ਼ ਬਣਾ ਕੇ ਸੋਸ਼ਲ ਮੀਡੀਆ 'ਤੇ ਪਾਉਣੀਆਂ ਸ਼ੁਰੂ ਕੀਤੀਆਂ, ਤਾਂ ਉਸ ਨੂੰ ਇਹ ਗੱਲ ਬਰਦਾਸ਼ਤ ਨਹੀਂ ਹੋਈ। ਦੱਸਿਆ ਜਾ ਰਿਹਾ ਹੈ ਕਿ ਮੁਲਜ਼ਮ ਮਹਿਲਾ 'ਤੇ ਲਗਾਤਾਰ ਸੋਸ਼ਲ ਮੀਡੀਆ ਛੱਡਣ ਲਈ ਦਬਾਅ ਪਾ ਰਿਹਾ ਸੀ ਤੇ ਉਸ ਦੇ ਚਰਿੱਤਰ 'ਤੇ ਸ਼ੱਕ ਕਰਦਾ ਸੀ। ਤਕਰਾਰ ਇੰਨੀ ਵੱਧ ਗਈ ਕਿ ਮਹਿਲਾ ਡੇਢ ਮਹੀਨਾ ਪਹਿਲਾਂ ਉਸ ਦਾ ਘਰ ਛੱਡ ਕੇ ਲੁਧਿਆਣਾ ਦੇ ਗੁਰੂ ਗਿਆਨ ਵਿਹਾਰ ਵਿੱਚ ਆਪਣੀ ਭੈਣ ਕੋਲ ਰਹਿਣ ਆ ਗਈ ਸੀ। ਪੀੜਤਾ ਦੀ ਭੈਣ ਲਾਜਵੰਤੀ ਨੇ ਦੱਸਿਆ ਕਿ ਪਾਨ ਸਿੰਘ ਅਕਸਰ ਸੋਸ਼ਲ ਮੀਡੀਆ 'ਤੇ ਮਹਿਲਾ ਖ਼ਿਲਾਫ਼ ਇਤਰਾਜ਼ਯੋਗ ਟਿੱਪਣੀਆਂ ਤੇ ਗਾਲੀ-ਗਲੋਚ ਵਾਲੀਆਂ ਪੋਸਟਾਂ ਪਾਉਂਦਾ ਰਹਿੰਦਾ ਸੀ।ਇਸ ਸਬੰਧੀ ਪਹਿਲਾਂ ਪੁਲਿਸ ਨੂੰ ਸ਼ਿਕਾਇਤ ਵੀ ਦਿੱਤੀ ਗਈ ਸੀ, ਪਰ ਕੋਈ ਸਖ਼ਤ ਕਾਰਵਾਈ ਨਾ ਹੋਣ ਕਾਰਨ ਮੁਲਜ਼ਮ ਦੇ ਹੌਸਲੇ ਵੱਧ ਗਏ।

## ਰਮਨ ਬਹਿਲ ਨੇ ਸਰਬਸੰਮਤੀ ਨਾਲ ਚੁਣੀਆਂ 50 ਪੰਚਾਇਤਾਂ ਨੂੰ 2.50 ਕਰੋੜ ਰੁਪਏ ਦੇ ਵਿਕਾਸ ਫੰਡ ਵੰਡੇ



ਗੁਰਦਾਸਪੁਰ, 18 ਫਰਵਰੀ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਪਿੰਡ ਵਾਸੀਆਂ ਨਾਲ ਕੀਤੇ ਵਾਅਦੇ ਨੂੰ ਪੂਰਾ ਕੀਤਾ ਹੈ ਤੇ ਅੱਜ ਗੁਰਦਾਸਪੁਰ ਹਲਕੇ ਦੀਆਂ ਸਰਬਸੰਮਤੀ ਨਾਲ ਚੁਣੀਆਂ ਗਈਆਂ 50 ਪੰਚਾਇਤਾਂ ਨੂੰ 2.50 ਕਰੋੜ ਰੁਪਏ ਵਿਕਾਸ ਫੰਡ ਵੰਡੇ ਗਏ ਹਨ। ਇਹ ਪ੍ਰਗਟਾਵਾ ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਨੇ ਕਰਵਾਏ ਸਮਾਗਮ ਦੌਰਾਨ 50 ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੇ ਫੰਡ ਵਿਕਾਸ ਕਾਰਜਾਂ ਕਰਨ ਲਈ ਵੰਡਣ ਉਪਰੰਤ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਲੋਕਾਂ ਦੇ ਹਿੱਤ ਵਿੱਚ ਸਰਬਪੱਖੀ ਵਿਕਾਸ ਕੰਮ ਕਰਵਾਏ ਤੇ ਪਿੰਡਾਂ ਵਿੱਚ ਸ਼ਹਿਰਾਂ ਦੀ ਤਰਜ਼ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਹਲਕੇ ਦੇ ਪਿੰਡਾਂ ਵਿੱਚ ਚਹੁੰਪੱਖੀ ਵਿਕਾਸ ਕੰਮ ਕਰਵਾਏ ਗਏ ਹਨ ਤੇ ਰੰਗਲਾ ਪੰਜਾਬ ਤਹਿਤ ਪਿੰਡਾਂ ਵਿੱਚ ਵਿਕਾਸ ਕੰਮਾਂ ਲਈ ਫੰਡ ਮੁਹੱਈਆ ਕਰਵਾਏ ਗਏ ਹਨ ਤੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀ ਆਉਣ ਦਿੱਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਉਹ ਗੁਰਦਾਸਪੁਰ ਹਲਕੇ ਵਿਕਾਸ ਕਾਰਜਾਂ ਲਈ ਸਮਰਪਿਤ ਹਨ ਤੇ ਪਿਛਲੇ ਚਾਰ ਸਾਲਾਂ ਦੌਰਾਨ ਹਲਕੇ ਅੰਦਰ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਫੰਡਾਂ ਨਾਲ ਪਿੰਡਾਂ ਵਿੱਚ ਪਾਰਦਰਸ਼ੀ ਢੰਗ ਨਾਲ ਵਿਕਾਸ ਕਰਵਾਉਣ। ਇਸ ਮੌਕੇ 'ਤੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਬੀਡੀਪੀਓ ਸ੍ਰੀਮਤੀ ਪਰਮਜੀਤ ਕੌਰ, ਅਜੈ ਬਹਿਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਐਡਵੋਕੈਟ ਸੁੱਚਾ ਸਿੰਘ ਮੁਲਤਾਨੀ, ਰਣਜੀਤ ਸਿੰਘ ਤੇ ਜਤਿੰਦਰ ਕੌਰ, ਬਲਾਕ ਸੰਮਤੀ ਮੈਂਬਰ ਰਣਜੀਤ ਸਿੰਘ ਰਾਣਾ, ਸਿਮਰਨਜੀਤ ਸਿੰਘ, ਦਪਿੰਦਰ ਸਿੰਘ ਜੋਤੀ, ਕੁਲਵਿੰਦਰ ਸਿੰਘ, ਲਖਵਿੰਦਰ ਸਿੰਘ, ਸੁਰਿੰਦਰ ਸਿੰਘ, ਰਾਕੇਸ਼ ਸ਼ਰਮਾ, ਨਿਸ਼ਾਨ ਸਿੰਘ, ਪ੍ਰਗਟ ਸਿੰਘ, ਮੇਜਰ ਸਿੰਘ ਪ੍ਰਭੂ ਮਸੀਹ, ਯਸ਼ਪਾਲ ਸਿੰਘ, ਵਿਕਰਮ ਸਿੰਘ, ਜਤਿੰਦਰ ਕੌਰ, ਸਰਬਜੀਤ ਸਿੰਘ, ਲਖਵਿੰਦਰ ਸਿੰਘ ਲੱਖਾ, ਕੁਲਵਿੰਦਰ ਸਿੰਘ, ਦਪਿੰਦਰ ਸਿੰਘ ਤੇ ਵਿਕਰਮਜੀਤ ਸਿੰਘ ਮੌਜੂਦ ਸਨ।

## ਪੁਲਿਸ ਤੇ ਬਦਮਾਸ਼ਾਂ ਵਿਚਾਲੇ ਮੁਠਭੇੜ 'ਚ 5 ਕਾਬੂ, ਮੁੱਖ ਮੁਲਜ਼ਮ ਦੀ ਲੱਤ 'ਚ ਗੋਲੀ ਲੱਗੀ

ਬਠਿੰਡਾ, 18 ਫਰਵਰੀ (ਚ.ਨ.ਸ): ਬਠਿੰਡਾ ਪੁਲਿਸ ਨੇ ਬੀਤੇ ਦਿਨ ਸਵੇਰੇ ਰੇਲਵੇ ਸਟੇਸ਼ਨ ਦੇ ਨਜ਼ਦੀਕ ਇੱਕ ਖਾਲੀ ਪਏ ਸ਼ਾਪਿੰਗ ਮਾਲ ਵਿੱਚ ਹੋਈ ਸੰਖੇਪ ਗੋਲੀਬਾਰੀ ਤੋਂ ਬਾਅਦ ਪੰਜ ਕਥਿਤ ਨਸ਼ੇੜੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪੁਲਿਸ ਅਨੁਸਾਰ ਇਹ ਵਿਅਕਤੀ ਰੇਲਵੇ ਸਟੇਸ਼ਨ ਤੋਂ ਆਉਣ-ਜਾਣ ਵਾਲੇ ਮੁਸਾਫ਼ਰਾਂ ਨੂੰ ਲੁੱਟਣ ਦੀਆਂ ਵਾਰਦਾਤਾਂ ਵਿੱਚ ਸ਼ਾਮਲ ਸਨ।



ਐਸ.ਪੀ. (ਸਿਟੀ) ਨਰਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵਿੱਚ ਦੋ ਸਕੇ ਭਰਾ ਨੀਰਜ ਉਰਫ਼ ਕਾਲਾ ਤੇ ਘੋਟਾ ਸ਼ਾਮਲ ਹਨ, ਜਿਨ੍ਹਾਂ ਖ਼ਿਲਾਫ਼ ਪਹਿਲਾਂ ਹੀ ਸੱਤ-ਸੱਤ ਅਪਰਾਧਿਕ ਮਾਮਲੇ ਦਰਜ ਹਨ। ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਕੁਝ ਸ਼ਰਾਰਤੀ ਅਨਸਰ ਇਸ ਇਮਾਰਤ ਵਿੱਚ ਲੁਕੇ ਹੋਏ ਹਨ। ਇਸ ਸੂਚਨਾ ਦੇ ਆਧਾਰ 'ਤੇ ਇੰਸਪੈਕਟਰ ਪਰਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਿਸ ਟੀਮ ਨੇ ਇਮਾਰਤ 'ਤੇ ਛਾਪੇਮਾਰੀ ਕੀਤੀ। ਪੁਲਿਸ ਟੀਮ ਨੂੰ ਦੇਖ ਕੇ ਨੀਰਜ ਨੇ ਦੇਸੀ ਪਿਸਤੌਲ ਨਾਲ ਪੁਲਿਸ 'ਤੇ ਫਾਇਰਿੰਗ ਸ਼ੁਰੂ ਕਰ ਦਿੱਤੀ। ਜਵਾਬੀ ਕਾਰਵਾਈ ਵਿੱਚ ਪੁਲਿਸ ਨੇ ਪਹਿਲਾਂ ਹਵਾਈ ਫਾਇਰ ਕੀਤੇ, ਪਰ ਜਦੋਂ ਮੁਲਜ਼ਮ ਨੇ ਦੁਬਾਰਾ ਗੋਲੀ ਚਲਾਉਣ ਦੀ ਕੋਸ਼ਿਸ਼ ਕੀਤੀ ਤਾਂ ਪੁਲਿਸ ਵੱਲੋਂ ਚਲਾਈ ਗੋਲੀ ਉਸ ਦੀ ਲੱਤ ਵਿੱਚ ਜਾ ਲੱਗੀ, ਜਿਸ ਕਾਰਨ ਉਹ ਜ਼ਖ਼ਮੀ ਹੋ ਗਿਆ। ਪੁਲਿਸ ਨੇ ਮੌਕੇ 'ਤੇ ਹੀ ਨੀਰਜ ਸਮੇਤ ਪੰਜ ਜਣਿਆਂ ਨੂੰ ਦਬੋਚ ਲਿਆ। ਬਾਕੀ ਮੁਲਜ਼ਮਾਂ ਦੀ ਪਛਾਣ ਵਿਕਰਮਜੀਤ, ਕਰਨ ਤੇ ਰਾਹੁਲ ਵਜੋਂ ਹੋਈ ਹੈ। ਵਿਕਰਮਜੀਤ ਤੇ ਕਰਨ ਖ਼ਿਲਾਫ਼ ਵੀ ਪਹਿਲਾਂ ਦੋ-ਦੋ ਮਾਮਲੇ ਦਰਜ ਹਨ। ਥਾਣਾ ਕੋਤਵਾਲੀ ਵਿਖੇ ਮੁਲਜ਼ਮਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤੇ ਭਾਰਤੀ ਨਿਆ ਸੰਹਿਤਾ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਨੇ ਇਹ ਵੀ ਸਪੱਸ਼ਟ ਕੀਤਾ ਕਿ ਇਹ ਮੁਲਜ਼ਮ ਉਨ੍ਹਾਂ ਵਾਇਰਲ ਵੀਡੀਓਜ਼ ਵਿੱਚ ਸ਼ਾਮਲ ਨਹੀਂ ਸਨ, ਜਿਨ੍ਹਾਂ ਵਿੱਚ ਨੌਜਵਾਨ ਕਥਿਤ ਤੌਰ 'ਤੇ ਨਸ਼ੇ ਦੇ ਟੀਕੇ ਲਗਾਉਂਦੇ ਦਿਖਾਈ ਦੇ ਰਹੇ ਸਨ। ਜ਼ਿਕਰਯੋਗ ਹੈ ਕਿ ਬਠਿੰਡਾ ਦੀ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਹਾਲ ਹੀ ਵਿੱਚ ਅਜਿਹੀ ਇੱਕ ਵੀਡੀਓ ਫੇਸਬੁੱਕ 'ਤੇ ਸਾਂਝੀ ਕੀਤੀ ਸੀ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਘਟਨਾਵਾਂ ਦੇ ਸਬੰਧ ਵਿੱਚ ਸੋਮਵਾਰ ਨੂੰ ਸੱਤ ਹੋਰ ਵਿਅਕਤੀਆਂ ਨੂੰ ਇਹਤਿਆਤ ਵਜੋਂ ਹਿਰਾਸਤ ਵਿੱਚ ਲਿਆ ਗਿਆ ਸੀ।

## ਗੁਰਜੰਟ ਸਿੰਘ ਤੇ ਹਰਵੰਤ ਸਿੰਘ ਨੇ ਬਲਬੀਰ ਪੰਨੂੰ ਦਾ ਧੰਨਵਾਦ ਕੀਤਾ

ਫਤਹਿਗੜ੍ਹ ਚੂੜੀਆਂ, 18 ਫਰਵਰੀ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਨਜ਼ਦੀਕ ਪਿੰਡ ਘਾੜਕੀਆਂ ਵਿਖੇ ਮੁੱਖ ਗਲੀ ਦੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਤੇ ਪਿੰਡ ਦੀ ਮੁੱਖ ਗਲੀ ਦਾ ਕੰਮ ਸ਼ੁਰੂ ਕਰਵਾਉਣ ਦੇ ਲਈ ਗੁਰਜੰਟ ਸਿੰਘ ਘਾੜਕੀਆਂ ਤੇ ਹਰਵੰਤ ਸਿੰਘ ਘਾੜਕੀਆਂ ਨੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਤੇ ਬਲਬੀਰ ਸਿੰਘ ਪੰਨੂੰ ਦਾ ਪਿੰਡ ਵਿੱਚ ਪਹੁੰਚਣ ਉਪਰ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਤਹਿ ਦਿਲ ਤੋਂ ਸਵਾਗਤ ਕੀਤਾ ਤੇ ਦਿਲ ਦੀਆਂ ਗਹਿਰਾਈਆਂ ਤੋਂ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਤੇ ਬਲਬੀਰ ਸਿੰਘ ਪੰਨੂੰ ਦਾ ਧੰਨਵਾਦ ਕੀਤਾ। ਗੱਲਬਾਤ ਦੌਰਾਨ ਸੀਨੀਅਰ ਆਗੂ ਗੁਰਜੰਟ ਸਿੰਘ ਘਾੜਕੀਆਂ ਤੇ ਹਰਵੰਤ ਸਿੰਘ ਘਾੜਕੀਆਂ ਨੇ ਗੱਲਬਾਤ ਦੌਰਾਨ ਕਿਹਾ ਕਿ ਪਿਛਲੇ ਤਕਰੀਬਨ 50 ਸਾਲ ਤੋਂ



ਕਿਸੇ ਵੀ ਸਰਕਾਰ ਨੇ ਕੋਈ ਵੀ ਸਾਰ ਨਹੀਂ ਲਈ ਸੀ ਪਰ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਿਸੇ ਵੀ ਪਿੰਡ ਵਿੱਚ ਵਿਕਾਸ ਕਾਰਜਾਂ ਦੀ ਕੋਈ ਵੀ ਕਸਰ ਨਹੀਂ ਛੱਡੀ ਜਾ ਰਹੀ ਜਿਸ ਦੇ ਨਾਲ ਪਿੰਡ ਵਾਸੀ ਕਾਫੀ ਖੁਸ਼ ਹਨ। ਬਲਬੀਰ ਸਿੰਘ ਪੰਨੂੰ ਨੇ ਵਿਸ਼ਵਾਸ ਦਿਵਾਇਆ ਕਿ ਕੋਈ ਵੀ ਪਿੰਡ ਵਿੱਚ ਬਿਨਾਂ ਕਿਸੇ ਭੇਦਭਾਵ ਤੋਂ ਕੰਮ ਕਰਵਾਏ ਜਾਣਗੇ। ਆਖਿਰ ਵਿੱਚ ਪਿੰਡ ਘਾੜਕੀਆਂ ਵੱਲੋਂ ਬਲਬੀਰ ਸਿੰਘ ਪੰਨੂੰ ਦਾ ਦਿਲ ਤੋਂ ਧੰਨਵਾਦ ਕੀਤਾ ਗਿਆ।

## ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਦੀ ਜਲ ਸਪਲਾਈ ਸਕੱਤਰ ਤੇ ਉਚ-ਅਧਿਕਾਰੀਆਂ ਨਾਲ ਮੀਟਿੰਗ

ਗੜ੍ਹਦੀਵਾਲਾ, 18 ਫਰਵਰੀ (ਗੌਰਵ): ਅੱਜ ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ 26 ਦੀ ਮੀਟਿੰਗ ਵਿੱਤ ਮੰਤਰੀ ਪੰਜਾਬ ਦੀ ਪ੍ਰਧਾਨਗੀ ਹੇਠ ਸਿਵਲ ਸਕੱਤਰੇਤ ਪੰਜਾਬ ਵਿੱਚ ਹੋਣੀ ਸੀ ਪਰ ਸਮੇਂ ਤੇ ਵਿੱਤ ਮੰਤਰੀ ਸਾਹਿਬ ਵੱਲੋਂ ਕੋਈ ਜ਼ਰੂਰੀ ਰੁਜੇਵਾਂ ਹੋਣ ਕਾਰਨ ਮੀਟਿੰਗ ਜਲ ਸਪਲਾਈ ਪ੍ਰਮੁੱਖ ਸਕੱਤਰ ਨੀਲ ਕੰਠ ਅਵਧ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਵਿੱਚ ਵਿਭਾਗੀ ਮੁਖੀ ਤੇ ਡਿਪਟੀ ਡਾਇਰੈਕਟਰ ਪ੍ਰਸ਼ਾਸਨ ਸ਼ਾਮਲ ਸਨ। ਇਸ ਮੀਟਿੰਗ ਵਿੱਚ ਜਥੇਬੰਦੀ ਦੇ ਮੰਗ ਪੱਤਰ ਵਿੱਚ ਦਰਜ ਮੰਗਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ, ਜਿਸ ਵਿੱਚ ਮੁੱਖ ਮੰਗ ਇੰਨਲਿਸਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਵਿਭਾਗ ਵਿੱਚ ਸ਼ਾਮਲ ਕਰਨ ਵਾਲੀ ਮੰਗ 'ਤੇ ਜਥੇਬੰਦੀ ਨੇ ਕਿਹਾ ਕਿ ਜੋ ਪ੍ਰੋਪੋਜ਼ਲ ਵਿਭਾਗ ਵੱਲੋਂ ਬਣਾਈ ਗਈ ਹੈ। ਉਸ ਨੂੰ ਜਥੇਬੰਦੀ ਦੀ ਸਹਿਮਤੀ ਤੋਂ ਬਿਨਾਂ ਲਾਗੂ ਨਾ ਕੀਤਾ ਜਾਵੇ ਤਾਂ ਕਿ ਕਿਸੇ ਵੀ ਵਰਕਰ ਦਾ ਨੁਕਸਾਨ ਨਾ ਹੋਵੇ। ਇਸ ਤੋਂ ਇਲਾਵਾ ਕਈ ਮੰਗਾਂ 'ਤੇ ਸਹਿਮਤੀ ਪ੍ਰਗਟਾਈ ਗਈ ਤੇ ਕਈ ਮੰਗਾਂ 'ਤੇ ਵਿਚਾਰ ਕਰਕੇ ਦੁਬਾਰਾ ਮੀਟਿੰਗ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਤੋਂ ਇਲਾਵਾ ਵਰਕਰਾਂ ਦੀਆਂ ਤਨਖਾਹਾਂ ਦੇ ਫੰਡ ਦਾ ਮੁੱਦਾ ਚੁੱਕਿਆ ਗਿਆ ਜਿਸ ਬਾਰੇ ਸੈਕਟਰੀ ਸਾਹਿਬ ਨੇ ਕਿਹਾ ਕਿ ਜਲਦ ਹੀ ਰਹਿੰਦਾ ਫੰਡ ਜਾਰੀ ਕਰ ਦਿੱਤਾ ਜਾਵੇਗਾ। ਇਸ ਮੀਟਿੰਗ ਵਿੱਚ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ, ਸੂਬਾ ਜਰਨਲ ਸਕੱਤਰ ਕੁਲਦੀਪ ਸਿੰਘ, ਸੂਬਾ ਜੁਆਇੰਟ ਜਰਨਲ ਸਕੱਤਰ ਸੁੱਖਵਿੰਦਰ ਸਿੰਘ ਖਰਲ, ਬਲਵੀਰ ਸਿੰਘ ਹਿਰਦਾਪੁਰ, ਸੂਬਾ ਖਜ਼ਾਨਚੀ ਬਲਜਿੰਦਰ ਸਿੰਘ ਸਮਾਣਾ, ਸ਼ਾਮ ਸੁੰਦਰ ਪਰਮਾਰ, ਕੁਲਦੀਪ ਸਿੰਘ ਖੱਖ, ਕੁਲਦੀਪ ਸਿੰਘ ਰਾਣਾ ਹਾਜ਼ਰ ਸਨ।

## ਸਰਕਾਰ 308 ਉਪ-ਸਿਹਤ ਕੇਂਦਰਾਂ ਨੂੰ ਆਮ ਆਦਮੀ ਕਲੀਨਿਕ ਵਜੋਂ ਅਪਗ੍ਰੇਡ ਤੇ 243 ਨਵੇਂ ਕਲੀਨਿਕ ਖੋਲ੍ਹਣ ਜਾ ਰਹੀ ਹੈ: ਧਾਲੀਵਾਲ

### ☛ਸਿਹਤ ਕੇਂਦਰ ਰਮਦਾਸ ਨੂੰ 32 ਲੱਖ ਰੁਪਏ ਮੁੱਲ ਦੀ ਐਂਬੂਲੈਂਸ ਭੇਟ ਕਰਕੇ ਕੇਂਦਰ ਨੂੰ ਅਪਗ੍ਰੇਡ ਕਰਨ ਦਾ ਐਲਾਨ

ਅਜਨਾਲਾ, 18 ਫਰਵਰੀ (ਸੁਖਦੇਵ ਸਿੰਘ ਖ਼ਾਲਸਾ): ਅੱਜ ਪ੍ਰਾਇਮਰੀ ਹੈਲਥ ਸੈਂਟਰ ਰਮਦਾਸ ਵਿਖੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਬਜ਼ੁਰਗਾਂ ਨੂੰ ਸੇਵਾ ਸੰਭਾਲ ਤੇ ਹੋਰ ਮੁੱਢਲੀਆਂ ਜ਼ਰੂਰਤਾਂ ਦੀ ਪੂਰਤੀ ਲਈ ਸ਼ੁਰੂ ਕੀਤੀ ਗਈ ਯੋਜਨਾ ਸਾਡੇ ਬਜ਼ੁਰਗ-ਸਾਡਾ ਮਾਣ ਤਹਿਤ ਮੁਫ਼ਤ ਮੈਗਾ ਮੈਡੀਕਲ ਕੈਂਪ ਲਗਾਇਆ ਗਿਆ। ਜਿਸ ਦਾ ਉਦਘਾਟਨ ਬਤੌਰ ਮੁੱਖ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕੀਤਾ ਤੇ ਗੰਭੀਰ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਲਈ ਦੂਰੋਂ-ਨੇੜਿਓਂ ਹਸਪਤਾਲ 'ਚ ਆਮਦ ਯਕੀਨੀ ਬਣਾਉਣ ਤੇ ਉਚੇਰੇ ਇਲਾਜ ਲਈ ਜ਼ਿਲ੍ਹਾ ਪੱਧਰੀ ਸਿਵਲ ਹਸਪਤਾਲ ਰੈਫਰ ਕਰਨ ਲਈ ਸਹੂਲਤ ਵਜੋਂ 32 ਲੱਖ ਰੁਪਏ ਮੁੱਲ ਦੀ ਐਂਬੂਲੈਂਸ ਭੇਟ ਕਰਦਿਆਂ ਪ੍ਰਇਮਰੀ ਹੈਲਥ ਸੈਂਟਰ ਰਮਦਾਸ ਨੂੰ ਜਲਦੀ ਹੀ ਅਪਗ੍ਰੇਡ ਕਰਨ ਦਾ ਐਲਾਨ



ਕੀਤਾ। ਕੈਂਪ ਦੇ ਉਦਘਾਟਨੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਇਹ ਵੀ ਪ੍ਰਗਟਾਵਾ ਕੀਤਾ ਕਿ ਸੂਬਾ ਮਾਨ ਸਰਕਾਰ ਨੇ ਬਜ਼ੁਰਗਾਂ ਦੀ ਸਿਹਤ ਸੇਵਾ ਸੰਭਾਲ ਤੋਂ ਇਲਾਵਾ ਪੰਜਾਬ ਦੇ ਆਮ ਨਾਗਰਿਕਾਂ ਦੇ ਮੁਫਤ ਮਿਆਰੀ ਇਲਾਜ ਲਈ ਰੀੜ ਦੀ ਹੱਡੀ ਸਮਝੇ ਜਾਂਦੇ ਆਮ ਆਦਮੀ ਕਲੀਨਿਕ 881 ਸਥਾਪਤ ਕੀਤੇ ਹਨ। 243 ਹੋਰ ਨਵੇਂ ਆਮ ਆਦਮੀ ਕਲੀਨਿਕ ਜਲਦੀ ਖੋਲ੍ਹੇ ਜਾ ਰਹੇ ਹਨ। ਜਦੋਂਕਿ ਪ੍ਰਾਇਮਰੀ ਹੈਲਥ ਸੈਂਟਰਾਂ ਨੂੰ ਅਪਗ੍ਰੇਡ ਕਰਨ ਸਮੇਤ 308 ਉਪ ਸਿਹਤ ਕੇਂਦਰਾਂ ਨੂੰ ਵੀ ਆਮ ਆਦਮੀ ਕਲੀਨਿਕਾ ਦੇ ਤੌਰ 'ਤੇ ਅਪਗ੍ਰੇਡ ਕਰਨ ਲਈ ਵਿਭਾਗੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਆਪਣੇ ਸੰਬੋਧਨ 'ਚ ਮੁੱਖ ਮਹਿਮਾਨ ਧਾਲੀਵਾਲ ਨੇ ਇਹ ਵੀ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸਾਡੇ ਬਜ਼ੁਰਗ ਸਾਡਾ ਮਾਣ ਵਿਸ਼ੇਸ਼ ਤੌਰ 'ਤੇ ਸ਼ੁਰੂ ਕੀਤੀ ਗਈ ਮੁਹਿੰਮ ਸਿਰਫ ਨਾਅਰਾ ਹੀ ਨਹੀਂ ਸਗੋਂ ਬਜ਼ੁਰਗਾਂ ਦੀ ਸਵੈਮਾਨ ਸੁਰੱਖਿਆ, ਸਿਹਤ ਤੇ ਸਮਾਜਿਕ ਸੰਭਾਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਸਾਬਕਾ ਕੈਬਨਿਟ ਮੰਤਰੀ ਬਾਜਵਾ ਤੇ ਹੋਰ ਰਾਜਨੇਤਾਵਾਂ ਨੇ ਐਸਐਚਓ ਸੁਖਜਿੰਦਰ ਸਿੰਘ ਨਾਲ ਕੀਤਾ ਦੁੱਖ ਸਾਂਝਾ

ਬਟਾਲਾ, 18 ਫਰਵਰੀ (ਸਤਿੰਦਰ ਸਿੰਘ): ਨਜ਼ਦੀਕੀ ਪਿੰਡ ਪੰਜਗਰਾਈਆਂ ਦੀ ਨੇਕ ਦਿਲ ਰੂਹ ਤੇ ਲੋੜਵੰਦ ਪਰਿਵਾਰਾਂ ਦੀ ਹਰ ਸੰਭਵ ਮਦਦ ਕਰਨ ਵਾਲੀ, ਮਾਤਾ ਜਸਬੀਰ ਕੌਰ ਜੀ (ਪਤਨੀ ਸਵ. ਗੁਰਵੇਲ ਸਿੰਘ ਸੈਕਟਰੀ) ਨਮਿਤ ਰੱਖੇ ਅਖੰਡ ਪਾਠ ਸਾਹਿਬ ਦੇ ਭੋਗ ਕੱਲ੍ਹ 19 ਤਰੀਕ ਦਿਨ ਵੀਰਵਾਰ ਨੂੰ ਉਨ੍ਹਾਂ ਦੇ ਜੱਦੀ ਗ੍ਰਹਿ ਵਿਖੇ ਪੈਣਗੇ, ਉਪਰੰਤ ਨੇੜਲੇ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ ਗੰਜ ਸਾਹਿਬ ਵਿਖੇ ਕੀਰਤਨ ਸਮਾਗਮ ਤੇ ਅੰਤਿਮ ਅਰਦਾਸ ਹੋਵੇਗੀ। ਬਟਾਲਾ ਸਿਟੀ ਦੇ ਐਸਐਚਓ ਸੁਖਜਿੰਦਰ ਸਿੰਘ ਤੇ ਸੁਖਵਿੰਦਰ ਸਿੰਘ ਹੇਅਰ ਨਾਲ ਦੁੱਖ ਸਾਂਝਾ ਕਰਨ ਆਏ ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੇ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕਰਦਿਆਂ ਦੱਸਿਆ ਕਿ ਅਸੀਂ (ਸਵ. ਗੁਰਵੇਲ ਸਿੰਘ ਸੈਕਟਰੀ, ਕੈਬਨਿਟ ਮੰਤਰੀ ਬਲਬੀਰ ਸਿੰਘ ਬਾਠ, ਤੇ ਮੈਂ) ਤਿੰਨੋ ਸਿੱਖ ਨੈਸ਼ਨਲ ਖਾਲਸਾ ਸਕੂਲ ਕਾਦੀਆਂ ਵਿਖੇ ਇਕੱਠੇ ਪੜ੍ਹਦੇ ਰਹੇ ਹਾਂ।ਸਵ. ਗੁਰਵੇਲ ਸਿੰਘ ਸੈਕਟਰੀ ਸਭ ਤੋਂ ਪਹਿਲੀ ਭਾਰਤੀ ਕਿਸਾਨ ਯੂਨੀਅਨ (ਭੁਪਿੰਦਰ ਸਿੰਘ ਮਾਨ ਗਰੁੱਪ) ਵਿਖੇ ਤਾਂ ਉਮਰ ਸੇਵਾ ਕਰਦੇ ਰਹੇ, ਕੈਪ.ਬਲਬੀਰ ਸਿੰਘ ਬਾਠ ਫ਼ੌਜ ਵਿੱਚ ਸਰਵਿਸ ਕਰਨ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੀ ਨੁਮਾਇੰਦਗੀ ਕਰਦੇ ਰਹੇ ਤੇ ਮੈਂ ਕਾਂਗਰਸ ਪਾਰਟੀ ਵਿੱਚ ਬਤੌਰ ਸਿਪਾਹੀ ਕੰਮ ਕਰਦਾ ਰਿਹਾ ਤੇ ਅੱਜ ਜੋ ਵੀ ਹਾਂ ਤੁਹਾਡੇ ਸਾਹਮਣੇ ਹਾਂ। ਇਸ ਮੌਕੇ ਹਲਕਾ ਬਟਾਲਾ ਦੇ ਨੌਜਵਾਨ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਉਨ੍ਹਾਂ ਦੇ ਭਰਾਤਾ ਅੰਮ੍ਰਿਤ ਕਲਸੀ, ਕਾਂਗਰਸ ਪਾਰਟੀ ਦੇ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਹਲਕਾ ਇੰਚਾਰਜ



ਮਨਦੀਪ ਸਿੰਘ ਰੰਗੜ ਨੰਗਲ, ਸ਼੍ਰੋਮਣੀ ਅਕਾਲੀ ਦਲ ਦੇ ਰਾਜਨਬੀਰ ਸਿੰਘ ਘੁਮਾਣ, ਆਮ ਆਦਮੀ ਪਾਰਟੀ ਦੇ ਐਮਐਲਏ ਅਮਰਪਾਲ ਸਿੰਘ ਕਿਸ਼ਨ ਕੋਟ ਦੇ ਭਰਾਤਾ ਅਮਰੀਕ ਸਿੰਘ ਗੋਲਡੀ, ਡੀਐਸਪੀ ਸੰਜੀਵ ਕੁਮਾਰ, ਐਸਐਚਓ ਬਿਕਰਮ ਸਿੰਘ, ਐਸਐਚਓ ਸੁਖਵਿੰਦਰ ਸਿੰਘ, ਐਸਐਚਓ ਗਗਨਦੀਪ ਸਿੰਘ, ਐਸਐਚਓ ਹਰਮੀਕ ਸਿੰਘ, ਐਸਐਚਓ ਲਖਵਿੰਦਰ ਸਿੰਘ, ਚੌਕੀ ਇੰਚਾਰਜ ਪੰਜਗਰਾਈਆਂ ਪੰਜਾਬ ਸਿੰਘ, ਥਾਣੇਦਾਰ ਕੁਲਦੀਪ ਸਿੰਘ, ਬਲਵਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਪਰਮਜੀਤ ਸਿੰਘ ਟੀਟਾ ਬਾਜਵਾ, ਸਾਬਕਾ ਸਰਪੰਚ ਝਿਰਮਲ ਸਿੰਘ ਜਵੰਦਾ, ਸਾਬਕਾ ਸਰਪੰਚ ਕਰਮਜੀਤ ਸਿੰਘ ਬਾਜਵਾ, ਪੰਚ ਧਰਮਿੰਦਰ ਸਿੰਘ, ਜਥੇ. ਜੋਗਿੰਦਰ ਸਿੰਘ ਸੁਖਰਾਜ ਸਿੰਘ ਤੇ ਹੋਰ ਵੀ ਪੁਲਿਸ ਵਿਭਾਗ ਦੇ ਬਹੁਤ ਸਾਰੇ ਆਲਾ ਅਧਿਕਾਰੀਆਂ ਨੇ ਐਸਐਚਓ ਸੁਖਜਿੰਦਰ ਸਿੰਘ ਤੇ ਉਨ੍ਹਾਂ ਦੇ ਵੱਡੇ ਭਰਾਤਾ ਸੁਖਵਿੰਦਰ ਸਿੰਘ ਨਾਲ ਦੁੱਖ ਸਾਂਝਾ ਕੀਤਾ।

## ਪ੍ਰਿੰਸੀਪਲ ਗੁਰਮੀਤ ਸਿੰਘ ਭਾਰਤ ਦੇ 100 ਪ੍ਰਭਾਵਸ਼ਾਲੀ ਸਕੂਲ ਲੀਡਰਾਂ 'ਚੋਂ ਸਨਮਾਨਤ

ਬਟਾਲਾ, 18 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ): ਬਟਾਲਾ ਦੇ ਜਲੰਧਰ ਰੋਡ ਉਪਰ ਸਥਿਤ ਦਾ ਮਿਲੇਨੀਅਮ ਸੀਨੀਅਰ ਸੈਕੰਡਰੀ ਸਕੂਲ, ਮਾਣ ਨਾਲ ਐਲਾਨ ਕਰਦਾ ਹੈ ਕਿ ਇਸਦੇ ਮਾਣਯੋਗ ਪ੍ਰਿੰਸੀਪਲ ਗੁਰਮੀਤ ਸਿੰਘ ਨੂੰ ਇੰਡੀਅਨ ਪ੍ਰਿੰਸੀਪਲਜ਼ ਨੈਟਵਰਕ (IPN ਫਾਊਂਡੇਸ਼ਨ) ਦੁਆਰਾ ਆਯੋਜਿਤ ਵੱਕਾਰੀ IPN-ਇੰਡੀਆਜ਼ ਮੋਸਟ ਇਮਪੈਕਟਫੁੱਲ ਸਕੂਲ ਲੀਡਰਜ਼ 2025 ਨੌਰਦਰਨ ਸਮਾਰੋਹ ਵਿੱਚ 2025 ਦੇ 100 ਪ੍ਰਭਾਵਸ਼ਾਲੀ ਸਕੂਲ ਲੀਡਰਾਂ ਵਿੱਚੋਂ ਇੱਕ ਸਿਰਮੌਰ ਲੀਡਰ ਵਜੋਂ ਮਾਨਤਾ ਦਿੱਤੀ ਗਈ ਹੈ। ਇਹ ਵਿਸ਼ੇਸ਼ ਸਨਮਾਨ ਉਨ੍ਹਾਂ ਦੀ ਦੂਰਦਰਸ਼ੀ ਅਗਵਾਈ, ਪ੍ਰਗਤੀਸ਼ੀਲ ਦ੍ਰਿਸ਼ਟੀਕੋਣ ਤੇ ਅਕਾਦਮਿਕ ਉਤਮਤਾ ਤੇ ਸੰਪੂਰਨ ਵਿਕਾਸ ਪ੍ਰਤੀ ਅਟੁੱਟ ਵਚਨਬੱਧਤਾ ਦਾ ਪ੍ਰਮਾਣ ਹੈ। ਉਨ੍ਹਾਂ ਦੀ ਗਤੀਸ਼ੀਲ ਅਗਵਾਈ ਹੇਠ ਸਕੂਲ ਨੇ ਸ਼ਾਨਦਾਰ ਵਿਕਾਸ ਪ੍ਰਾਪਤ ਕੀਤਾ ਹੈ ਤੇ ਉਚ ਵਿਦਿਅਕ ਮਿਆਰਾਂ ਨੂੰ ਬਣਾਈ ਰੱਖਿਆ ਹੈ। ਚੇਅਰਮੈਨ ਵਰੁਣ ਨੇ ਆਪਣਾ ਮਾਣ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਮਾਨਤਾ ਦਾ ਮਿਲੇਨੀਅਮ ਸੀਨੀਅਰ ਸੈਕੰਡਰੀ ਸਕੂਲ ਪਰਿਵਾਰ ਲਈ ਇੱਕ ਮਾਣ ਵਾਲਾ ਪਲ ਹੈ। ਗੁਰਮੀਤ ਸਿੰਘ ਦਾ ਸਮਰਪਣ, ਨਵੀਨਤਾਕਾਰੀ ਸੋਚ ਤੇ ਵਿਦਿਆਰਥੀ-ਕੇਂਦ੍ਰਿਤ ਪਹੁੰਚ, ਸੱਚਮੁੱਚ ਸਾਡੀ ਸੰਸਥਾ ਦੇ ਮੁੱਲਾਂ ਤੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ। ਅਸੀਂ ਉਨ੍ਹਾਂ ਨੂੰ ਇਸ ਯੋਗ ਸਨਮਾਨ ਲਈ ਵਧਾਈ ਦਿੰਦੇ ਹਾਂ। ਡਾਇਰੈਕਟਰ ਸ੍ਰੀਮਤੀ ਪਾਇਲ ਖੋਸਲਾ ਨੇ ਵੀ ਆਪਣੀਆਂ ਦਿਲੋਂ ਵਧਾਈਆਂ ਦਿੰਦੇ ਹੋਏ ਕਿਹਾ ਕਿ ਗੁਰਮੀਤ ਸਿੰਘ ਦਾ ਗੁਣਵੱਤਾ ਭਰਪੂਰ ਸਿੱਖਿਆ ਤੇ ਨਿਰੰਤਰ ਸੁਧਾਰ ਪ੍ਰਤੀ ਜਨੂੰਨ, ਸਟਾਫ ਤੇ ਵਿਦਿਆਰਥੀਆਂ ਦੋਵਾਂ ਨੂੰ ਪ੍ਰੇਰਿਤ ਕਰਦਾ ਹੈ।ਉਨ੍ਹਾਂ ਦੀ ਅਗਵਾਈ ਨੇ ਸਾਡੇ ਸਕੂਲ ਦੇ ਅਕਾਦਮਿਕ ਸੱਭਿਆਚਾਰ ਨੂੰ ਮਜ਼ਬੂਤ ਕੀਤਾ ਹੈ।ਸਾਨੂੰ ਵਿਸ਼ਵਾਸ ਹੈ ਕਿ ਉਹ ਹੋਰ ਵੀ ਉਚਾਈਆਂ 'ਤੇ ਪਹੁੰਚਣਗੇ। ਇਸ ਪ੍ਰਾਪਤੀ ਦੀ ਖ਼ਬਰ ਨੇ ਪੂਰੇ ਸਕੂਲ ਭਾਈਚਾਰੇ ਨੂੰ ਬਹੁਤ ਖੁਸ਼ੀ ਦਿੱਤੀ। ਮਾਪਿਆਂ ਨੇ ਆਪਣੀ ਖੁਸ਼ੀ ਤੇ ਪ੍ਰਸ਼ੰਸਾ ਪ੍ਰਗਟ ਕੀਤੀ, ਜਦੋਂ ਕਿ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਅਜਿਹੇ ਪ੍ਰੇਰਨਾਦਾਇਕ ਨੇਤਾ ਤੋਂ ਅਗਵਾਈ ਪ੍ਰਾਪਤ ਕਰਨ 'ਤੇ ਮਾਣ ਮਹਿਸੂਸ ਕੀਤਾ।



## ਵਿਧਾਇਕ ਸ਼ੈਰੀ ਕਲਸੀ ਨੇ ਨਗਰ ਨਿਗਮ ਦਫ਼ਤਰ ਵਿਖੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ



ਬਟਾਲਾ, 18 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸਿੰਘ ਸੰਧੂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਨੇ ਅੱਜ ਨਗਰ ਨਿਗਮ ਦਫਤਰ ਬਟਾਲਾ ਵਿਖੇ ਪਹੁੰਚ ਕੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਸੁਣ ਕੇ ਸਬੰਧਤ ਵਿਭਾਗ ਰਾਹੀਂ ਹੱਲ ਕਰਵਾਈਆਂ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਅੰਦਰ ਸਰਬਪੱਖੀ ਵਿਕਾਸ ਕਰਨ ਤੇ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਤੇ ਪਿਛਲੇ ਚਾਰ ਸਾਲਾਂ ਦੌਰਾਨ ਬਟਾਲਾ ਸ਼ਹਿਰ ਸਮੇਤ ਸਮੁੱਚੇ ਹਲਕੇ ਵਿੱਚ ਲੋਕ ਹਿੱਤ ਵਿੱਚ ਵੱਖ-ਵੱਖ ਵਿਕਾਸ ਕਾਰਜ ਕੀਤੇ ਗਏ ਹਨ ਤੇ ਨਿਰੰਤਰ ਵਿਕਾਸ ਕੰਮ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ। ਵਿਧਾਇਕ ਸ਼ੈਰੀ ਕਲਸੀ ਨੇ ਗੱਲਬਾਤ ਕਰਦਿਆਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖਾਂ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਉਨ੍ਹਾਂ ਦੱਸਿਆ ਕਿ ਬਟਾਲਾ ਸਮੇਤ ਜ਼ਿਲ੍ਹੇ ਗੁਰਦਾਸਪੁਰ ਵਿੱਚ ਸਿਹਤ ਯੋਜਨਾ ਤਹਿਤ ਹੈਲਥ ਕਾਰਡ ਬਣਾਉਣ ਲਈ ਰਜਿਸਟ੍ਰੇਸ਼ਨ ਲਈ ਵਿਸ਼ੇਸ਼ ਕੈਂਪ ਲਗਾਏ ਹਨ ਤਾਂ ਜੋ ਲੋਕ ਆਪਣਾ ਹੈਲਥ ਕਾਰਡ ਬਣਾ ਸਕਣ ਤੇ ਲੋੜ ਪੈਣ 'ਤੇ ਉਸਦੀ ਵਰਤੋਂ ਕਰ ਸਕਣ। ਉਨ੍ਹਾਂ ਦੱਸਿਆ ਕਿ ਸਿਹਤ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਤੇ ਲੋਕ ਹਿੱਤ ਵਿੱਚ ਨਿਰੰਤਰ ਕੰਮ ਕਰ ਰਹੀ ਹੈ।

## ਐਨ.ਆਰ.ਆਈ. ਪਰਿਵਾਰਾਂ ਦੇ ਸਹਿਯੋਗ ਨਾਲ ਲੋੜਵੰਦ ਧੀ ਦੇ ਅਨੰਦ ਕਾਰਜ ਮੌਕੇ ਅਲਮਾਰੀ ਦਿੱਤੀ



ਧਾਰੀਵਾਲ, 18 ਫਰਵਰੀ (ਅਸ਼ੋਕ ਕੁਮਾਰ): ਗੁਰਦੁਆਰਾ ਸਿੰਘ ਸਭਾ ਮੂਲਿਆਂਵਾਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਮੰਗਲ ਸਿੰਘ ਤੇ ਸੈਕਟਰੀ ਭਾਈ ਗੁਰਮੁੱਖ ਸਿੰਘ ਸਮੇਤ ਸਮੁੱਚੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਐਨ.ਆਰ.ਆਈ. ਸੱਜਣਾਂ ਦੇ ਸਹਿਯੋਗ ਨਾਲ ਲੋੜਵੰਦ ਪਰਿਵਾਰਾਂ ਦੀ ਮਦਦ ਕਰਦੇ ਰਹਿੰਦੇ ਹਨ ਤੇ ਪਿੰਡਾਂ ਦੇ ਬੱਚਿਆਂ ਨੂੰ ਗਰਮ ਕੱਪੜੇ, ਵਰਦੀਆਂ, ਬੈਗ, ਕਾਪੀਆਂ -ਕਿਤਾਬਾਂ ਤੇ ਬੂਟ ਆਦਿ ਦੀ ਹਰ ਸਾਲ ਸੇਵਾ ਕੀਤੀ ਜਾਂਦੀ ਹੈ। ਪ੍ਰਧਾਨ ਮੰਗਲ ਸਿੰਘ ਤੇ ਸਕੱਤਰ ਗੁਰਮੁੱਖ ਸਿੰਘ ਨੇ ਦੱਸਿਆ ਕਿ ਚਰਨਜੀਤ ਸਿੰਘ ਖ਼ਾਲਸਾ ਤੇ ਡਾ. ਮਨਜੀਤ ਸਿੰਘ ਵੱਲੋਂ ਆਪਣੀ ਨੇਕ ਕਮਾਈ ਦਾ ਦਸਵੰਧ ਭੇਜ ਕੇ ਪਿੰਡ ਦੀ ਲੋੜਵੰਦ ਧੀ ਮਨਜਿੰਦਰ ਕੌਰ ਪੁੱਤਰੀ ਲਖਵਿੰਦਰ ਸਿੰਘ ਵਾਸੀ ਮੂਲਿਆਂਵਾਲ ਦੇ ਅਨੰਦ ਕਾਰਜ ਮੌਕੇ ਗੌਦਰੇਜ ਦੀ ਮਜ਼ਬੂਤ ਅਲਮਾਰੀ ਦਿੱਤੀ ਗਈ। ਧੀ ਮਨਜਿੰਦਰ ਕੌਰ ਨੇ ਐਨ.ਆਰ.ਆਈ. ਦਾਨੀ ਸੱਜਣਾਂ ਤੇ ਗੁਰਦੁਆਰਾ ਸਿੰਘ ਸਭਾ ਮੂਲਿਆਂਵਾਲ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਇਨ੍ਹਾਂ ਦੀ ਚੜ੍ਹਦੀਕਲਾ ਤੇ ਤੰਦਰੁਸਤੀ ਦੀ ਕਾਮਨਾ ਕੀਤੀ ਤਾਂ ਜੋ ਭਵਿੱਖ ਵਿੱਚ ਵੀ ਲੋੜਵੰਦਾਂ ਦੀ ਮਦਦ ਕਰਦੇ ਰਹਿਣ। ਇਸ ਮੌਕੇ 'ਤੇ ਪ੍ਰਧਾਨ ਮੰਗਲ ਸਿੰਘ ਤੋਂ ਇਲਾਵਾ ਸਕੱਤਰ ਗੁਰਮੁੱਖ ਸਿੰਘ, ਮੁਖਵਿੰਦਰ ਸਿੰਘ, ਤਰਸੇਮ ਸਿੰਘ, ਦੌਲਤ ਸਿੰਘ, ਪੂਰਨ ਸਿੰਘ ਤੋਂ ਇਲਾਵਾ ਪਿੰਡ ਵਾਸੀ ਮੌਜੂਦ ਸਨ।

## ਚੋਅ ਤਾਂ ਚੋਅ, ਪਹਾੜੀ ਧਰੋਹਰ ਨੂੰ ਵੀ ਨਹੀਂ ਬਖ਼ਸ਼ ਰਿਹੇ ਮਾਈਨਿੰਗ ਮਾਫ਼ੀਆ

### ☛ਕਰੈਸ਼ਰ ਲਗਾਉਣ ਲਈ ਪਹਾੜੀ ਦੀ ਦਿੱਤੀ ਜਾ ਰਹੀ ਹੈ ਬਲੀ

ਹੁਸ਼ਿਆਰਪੁਰ, 18 ਫਰਵਰੀ (ਦੀਪਕ ਅਗਨੀਹੋਤਰੀ): ਜ਼ਿਲ੍ਹਾ ਹੁਸ਼ਿਆਰਪੁਰ ਦੇ ਜੰਮੂ-ਕਸ਼ਮੀਰ ਤੋਂ ਲੈ ਕੇ ਬਲਾਚੌਰ ਤੱਕ ਦੇ ਨੀਮ ਪਹਾੜੀ ਖ਼ੇਤਰਾਂ ਵਿੱਚੋਂ ਲੰਘਦੇ ਚੋਆਂ ਵਿੱਚ ਮਾਈਨਿੰਗ ਮਾਫੀਆ ਜਿੱਥੇ ਪੂਰੀ ਤਰ੍ਹਾਂ ਨਾਲ ਸਰਗਰਮ ਹੈ, ਉਥੇ ਲਗਾਤਾਰ ਹੁਸ਼ਿਆਰਪੁਰ ਦੀ ਸ਼ਾਨ ਵਜੋਂ ਜਾਣੇ ਜਾਂਦੇ ਪਹਾੜਾਂ ਨੂੰ ਵੀ ਖ਼ੋਰਾ ਲਗਾਇਆ ਜਾ ਰਿਹਾ ਹੈ। ਇਸ ਦੀ ਤਾਜ਼ਾ ਉਦਾਹਰਣ ਜ਼ਿਲ੍ਹਾ ਹੁਸ਼ਿਆਰਪੁਰ ਦੀ ਤਹਸੀਲ ਗੜ੍ਹਸ਼ੰਕਰ ਦੇ ਨੀਮ ਪਹਾੜੀ ਖ਼ੇਤਰਾਂ ਦੇ ਪੈਰਾਂ ਵਿੱਚ ਵੱਸਦੇ ਪਿੰਡਾਂ ਵਿੱਚ ਹੁਣ ਸ਼ਿਵਾਲਿਕ ਦੇ ਜੰਗਲਾਂ ਦੇ ਨਾਲ-ਨਾਲ ਪਹਾੜਾਂ ਦਾ ਵੀ ਘਾਣ ਸ਼ੁਰੂ ਹੋ ਚੁੱਕਾ ਹੈ। ਤਹਿਸੀਲ ਦੇ ਨੰਗਲ ਰੋਡ 'ਤੇ ਸਥਿਤ ਬੀਤ ਇਲਾਕੇ ਦਾ ਕੁਦਰਤੀ ਤੇ ਰਮਣੀਕ ਵਾਤਾਵਰਨ ਇਸ ਵੇਲੇ



ਮਾਈਨਿੰਗ ਦਾ ਕਹਿਰ ਹੰਢਾ ਰਿਹਾ ਹੈ। ਇਸ ਇਲਾਕੇ ਵਿੱਚ ਜਿੱਥੇ ਹਿਮਾਚਲ ਪ੍ਰਦੇਸ਼ ਤੋਂ ਮਾਈਨਿੰਗ ਸਮੱਗਰੀ ਨਾਲ ਭਰੇ ਟਿੱਪਰਾਂ ਦੇ ਗੁਜ਼ਰਨ ਨਾਲ ਲੋਕਾਂ ਦਾ ਰਹਿਣ-ਸਹਿਣ ਪ੍ਰਭਾਵਿਤ ਹੋ ਰਿਹਾ ਹੈ, ਉਥੇ ਹੀ ਖੇਤਰ ਵਿੱਚ ਕਰੈਸ਼ਰਾਂ ਦੀ ਲਗਾਤਾਰ ਵੱਧਦੀ ਗਿਣਤੀ ਨੇ ਇਸ ਖੇਤਰ ਦਾ ਸਾਰਾ ਭੂਗੋਲ ਵਿਗਾੜ ਦਿੱਤਾ ਹੈ। ਇਸ ਦੀ ਨਵੀਂ ਮਿਸਾਲ ਤਹਿਸੀਲ ਦੇ ਨੀਮ ਪਹਾੜੀ ਪਿੰਡਾਂ ਭੜਿਆਰ, ਡੱਲੇਵਾਲ ਤੇ ਮੇਰਾ ਦੀਆਂ ਮਿਲਦੀਆਂ ਹੱਦਾਂ ਵਿੱਚ ਕਥਿਤ ਤੌਰ 'ਤੇ ਨਵਾਂ ਬੀਤ ਦੇ ਪਿੰਡ ਭੜਿਆਰ ਨੇੜੇ ਪਹਾੜ ਕੱਟ ਕੇ ਕੱਢਿਆ ਲਾਂਘਾ ਹੈ।ਸ਼ਿਵਾਲਿਕ ਪਹਾੜ ਨੂੰ ਕੱਟ ਕੇ ਵੀਹ ਪੰਝੀ ਫੁੱਟ ਚੌੜੇ ਰਸਤੇ ਦਾ ਨਿਰਮਾਣ ਕੀਤਾ ਜਾ ਰਿਹਾ ਹੈ।ਜ਼ਿਕਰਯੋਗ ਹੈ ਕਿ ਬੀਤ ਦਾ ਇਹ ਕੰਢੀ ਖੇਤਰ ਅਧੀਨ ਪੈਂਦਾ ਜੰਗਲੀ ਰਕਬਾ ਜੰਗਲਾਤ ਵਿਭਾਗ ਦੀਆਂ ਦਫਾ 4 ਤੇ 5 ਦੀਆਂ ਸਜ਼ਾਯੋਗ ਧਾਰਾਵਾਂ ਅਧੀਨ ਆਉਂਦਾ ਹੈ, ਜਿੱਥੋਂ ਦੀ ਕੁਦਰਤੀ ਧਰੋਹਰ ਦੀ ਨਾਜਾਇਜ਼ ਚੁਕਾਈ ਤੇ ਜੰਗਲਾਂ ਦੀ ਕਟਾਈ ਕਰਨ ਦੀ ਸਖ਼ਤ ਮਨਾਹੀ ਹੈ।ਇਸ ਦੇ ਬਾਵਜੂਦ ਕੰਢੀ ਦੇ ਇਸ ਇਲਾਕੇ ਵਿੱਚ ਕਰੈਸ਼ਰ ਮਾਫੀਆ ਵੱਲੋਂ ਇਨ੍ਹਾਂ ਨਿਯਮਾਂ ਦੀਆਂ ਸ਼ਰੇਆਮ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਇਸ ਬਾਰੇ ਕਾਮਰੇਡ ਕੁਲਭੂਸ਼ਨ ਮਹਿੰਦਵਾਨੀ ਨੇ ਕਿਹਾ ਕਿ ਬੀਤ ਦੇ ਇਸ ਇਲਾਕੇ ਵਿੱਚ ਨਾਜਾਇਜ਼ ਖਣਨ ਦੇ ਵੱਧਦੇ ਵਰਤਾਰੇ ਨਾਲ ਲੋਕਾਂ ਦਾ ਜਿਉਣਾ ਦੁੱਭਰ ਹੋ ਗਿਆ ਹੈ। ਇਲਾਕੇ ਦੀ ਕੁਦਰਤੀ ਧਰੋਹਰ ਦਾ ਨਾਸ਼ ਹੋ ਰਿਹਾ ਹੈ। ਹਿਮਾਚਲ ਪ੍ਰਦੇਸ਼ ਤੋਂ ਖਣਨ ਸਮੱਗਰੀ ਲੈ ਕੇ ਪੰਜਾਬ ਵਿੱਚ ਦਾਖਲ ਹੁੰਦੇ ਟਿੱਪਰਾਂ ਨਾਲ ਬੀਣੇਵਾਲ ਗੜ੍ਹਸ਼ੰਕਰ ਮਾਰਗ 'ਤੇ ਪਿਛਲੇ ਦੋ ਸਾਲਾਂ ਵਿੱਚ ਕਰੀਬ 25 ਜਣਿਆਂ ਦੀ ਜਾਨ ਜਾ ਚੁੱਕੀ ਹੈ।ਇਲਾਕੇ ਦੀਆਂ ਲਿੰਕ ਸੜਕਾਂ ਖਸਤਾ ਹਾਲ ਹੋ ਗਈਆਂ ਹਨ ਪਰ ਇਸ ਪਾਸੇ ਕੋਈ ਵੀ ਕਾਰਵਾਈ ਨਹੀਂ ਹੋ ਰਹੀ।

**ਇਸ ਸਬੰਧੀ ਪਤਾ ਕੀਤਾ ਜਾ ਰਿਹਾ ਹੈ: ਡੀਐਫਓ**

ਡੀਐਫਓ ਹਰਭਜਨ ਸਿੰਘ ਨੇ ਕਿਹਾ ਕਿ ਉਹ ਸਬੰਧਤ ਪਿੰਡਾਂ ਵਿੱਚ ਪਹਾੜ ਨੂੰ ਕੱਟ ਕੇ ਕੱਢੇ ਰਸਤੇ ਬਾਰੇ ਕੁਝ ਨਹੀਂ ਜਾਣਦੇ ਤੇ ਇਸ ਬਾਰੇ ਪਤਾ ਕੀਤਾ ਜਾਵੇਗਾ। ਉਨ੍ਹਾਂ ਇਸ ਸਬੰਧੀ ਹੋਰ ਸਵਾਲਾਂ ਤੋਂ ਟਾਲਾ ਵੱਟ ਲਿਆ। ਉਨ੍ਹਾਂ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਮਾਮਲੇ ਤੋਂ ਪੂਰੀ ਤਰ੍ਹਾਂ ਅਣਜਾਣ ਹੋਣ ਦਾ ਦਾਅਵਾ ਕੀਤਾ ਹੈ।

## ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਵੱਲੋਂ ਮੀਟਿੰਗ

ਬਟਾਲਾ, 18 ਫਰਵਰੀ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਅੱਜ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਵੱਲੋਂ ਆਮ ਆਦਮੀ ਪਾਰਟੀ ਦੇ ਮੁੱਖ ਦਫ਼ਤਰ ਬੁੱਲੋਵਾਲ ਵਿਖੇ ਪੰਚਾਇਤ ਡਿਮਾਂਡ ਫੰਡ ਮੁੱਦੇ 'ਤੇ ਮੰਡੀ ਬੋਰਡ ਤੇ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਸਾਰੇ ਪਿੰਡ ਦੇ ਸਰਪੰਚਾਂ, ਅਹੁਦੇਦਾਰਾਂ ਤੇ ਮੋਹਤਬਰਾਂ ਨਾਲ ਮੀਟਿੰਗ ਕੀਤੀ ਗਈ।




ਗਲੀਆਂ, ਨਾਲੀਆਂ, ਖੇਡ ਦੇ ਮੈਦਾਨ, ਡੇਰੇ ਦੇ ਰਸਤੇ ਆਦਿ ਵਿਕਾਸ ਕਾਰਜਾਂ ਦਾ ਵਿਸਤਾਰ ਕੀਤਾ। ਇਸ ਮੌਕੇ 'ਤੇ ਹਲਕਾ ਯੂਥ ਪ੍ਰਧਾਨ ਗੁਰਬਿੰਦਰ ਕਾਦੀਆਂ ਹਲਕਾ ਸੰਗਠਨ ਇੰਚਾਰਜ ਗਗਨਦੀਪ ਸਿੰਘ ਬਲਾਕ ਪ੍ਰਧਾਨ ਰਘਬੀਰ ਸਿੰਘ ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ ਬਲਾਕ ਪ੍ਰਧਾਨ ਮਲਜਿੰਦਰ ਸਿੰਘ ਬਲਾਕ ਪ੍ਰਧਾਨ ਹਰਦੀਪ ਸਿੰਘ ਬਲਦੇਵ ਸਿੰਘ ਬਾਜਪੁਰ ਕਲੋਨੀ ਨਿਰੰਜਨ ਸਿੰਘ ਭਾਰਥਵਾਲ ਰਾਜਬੀਰ ਸਿੰਘ ਬੱਦੋਵਾਲ ਖੁਰਦ ਰਣਜੀਤ ਸਿੰਘ ਬੱਦੋਵਾਲ ਕਲਾਂ ਹਰਪਾਲ ਸਿੰਘ ਬੱਲੋਵਾਲ ਅਵਤਾਰ ਸਿੰਘ ਚੰਦੂਸੁਜਾ ਹਰਜੀਤ ਚੱਠਾ ਪ੍ਰਗਟ ਛਿਛਰੇਵਾਲ ਪਰਮਜੀਤ ਦੁਲਟ ਗੁਰਪ੍ਰੀਤ ਡਾਲੇਚੱਕ ਮਜੀਤ ਦੁਬੁਰਜੀ ਫੱਤੇਵਾਲੀ ਆਸ਼ੂ ਫੱਤੇਵਾਲੀ ਨਿਸ਼ਾਨ ਹਰਵੰਤ ਘਰਕਿਆਂ ਝੰਜੀਆਂ ਕਲਾਂ ਅਮਨਦੀਪ ਝੰਜੀਆਂ ਖੁਰਦ ਸੁਖਦੇਵ ਜੀਵਨ ਨੰਗਲ ਗੁਰਵਿੰਦਰ ਕੋਠੇ ਹਰਦੀਪ ਕੋਟ ਖਜ਼ਾਨਾ ਜਗਜੀਤ ਕਾਲੂਵਾਲ ਸੁਖਜੀਤ ਕੌਰ ਕੋਟਲੀ ਢਾਡੀਆਂ ਕੋਟਲੀ ਥਾਬਲਾਂ ਰਾਣਾ ਜਵੰਦਾ ਲੰਗਰਵਾਲ ਦਵਿੰਦਰ ਬਖਸ਼ੀਸ਼ ਮਾਨ ਸੈਡਵਾਲ ਆਦਿ ਹਾਜ਼ਰ ਰਹੇ।

## ਪੱਤਰਕਾਰੀ ਦੇ ਖੇਤਰ 'ਚ ਬੇਦਾਗ ਸੇਵਾਵਾਂ ਬਦਲੇ ਸ਼੍ਰੋਮਣੀ ਪੱਤਰਕਾਰ ਭੂਸ਼ਨ ਸੂਦ ਦਾ ਸਨਮਾਨ

ਅਮਲੋਹ, 18 ਫਰਵਰੀ (ਜਸਵੰਤ ਸਿੰਘ): ਪੱਤਰਕਾਰੀ ਦੇ ਖੇਤਰ ਵਿੱਚ ਲੰਬੇ ਸਮੇਂ ਤੋਂ ਬੇਦਾਗ ਸੇਵਾਵਾਂ ਦੇਣ ਬਦਲੇ ਸ਼੍ਰੋਮਣੀ ਤੇ ਵੈਟਰਨ ਪੱਤਰਕਾਰ ਭੂਸ਼ਨ ਸੂਦ ਦਾ ਉਘੇ ਸਿੱਖ ਵਿਦਵਾਨ ਸੰਤ ਬਾਬਾ ਦਲਵਾਰਾ ਸਿੰਘ ਰੋਹੀਸਰ ਸਾਹਿਬ ਮਾਲੋਵਾਲ ਵਾਲਿਆਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸ੍ਰੀ ਸੂਦ ਵੱਲੋਂ ਕਰੀਬ 48 ਸਾਲ ਤੋਂ ਪੱਤਰਕਾਰੀ ਦੇ ਖੇਤਰ ਵਿੱਚ ਕੀਤੀਆਂ ਸੇਵਾਵਾਂ ਲਾ-ਮਿਸਾਲ ਹਨ, ਜਿਸ ਦੌਰਾਨ ਉਨ੍ਹਾਂ ਲੋਕਾਂ ਦੇ ਮਸਲੇ ਸਰਕਾਰ ਦੇ ਧਿਆਨ ਵਿੱਚ ਲਿਆ ਕੇ ਹੱਲ ਕਰਵਾਉਣ ਦਾ ਯਤਨ ਕੀਤਾ, ਉਥੇ ਸਰਕਾਰ ਦੀ ਕਾਰਗੁਜ਼ਾਰੀ ਬਾਰੇ ਵੀ ਲੋਕਾਂ ਨੂੰ ਹੇਠਲੇ ਪੱਧਰ ਤੱਕ ਮੀਡੀਏ ਰਾਹੀਂ ਜਾਗਰੂਕ ਕੀਤਾ, ਜਿਸ ਤੋਂ ਸੇਧ ਲੈਣ ਦੀ ਜ਼ਰੂਰਤ ਹੈ। ਇਸ ਮੌਕੇ 'ਤੇ ਉਘੇ ਸਮਾਜ ਡਾ. ਰਘਬੀਰ ਸ਼ੁਕਲਾ, ਭਾਜਪਾ ਦੇ ਯੁਵਾ ਮੋਰਚੇ ਦੇ ਕੌਮੀ ਕਾਰਜਕਾਰਨੀ ਦੇ ਮੈਂਬਰ ਸੁਖਵਿੰਦਰ ਸਿੰਘ ਸੁੱਖੀ, ਸੀਨੀਅਰ ਪੱਤਰਕਾਰ ਗੁਰਪ੍ਰੀਤ ਸਿੰਘ ਮਹਿਕ, ਗੁਰਚਰਨ ਸਿੰਘ ਜੰਜੂਆਂ, ਗੁਰਪ੍ਰੀਤ ਸਿੰਘ, ਸਵਰਨਜੀਤ ਸਿੰਘ ਸੇਠੀ ਤੇ ਨਾਹਰ ਸਿੰਘ ਰੰਗੀਲਾ ਆਦਿ ਹਾਜ਼ਰ ਸਨ।



## ਘਰੇਲੂ ਕਾਨੂੰਨਾਂ ਦੀ ਉਲੰਘਣਾ ਬਰਦਾਸ਼ਤ ਨਹੀਂ: ਵੈਸ਼ਨਵ

### ☛ਕੇਂਦਰੀ ਮੰਤਰੀ ਵੱਲੋਂ ਨੈਟਫਲਿਕਸ ਤੇ ਯੂਟਿਊਬ ਸਣੇ ਹੋਰਨਾਂ ਨੂੰ ਚੇਤਾਵਨੀ

ਨਵੀਂ ਦਿੱਲੀ, 18 ਫਰਵਰੀ (ਚ.ਨ.ਸ): ਭਾਰਤ ਨੇ ਆਲਮੀ ਸੋਸ਼ਲ ਡੇਟਾ ਤੇ ਆਨਲਾਈਨ ਦਿੱਗਜ਼ਾਂ ਨੂੰ ਘਰੇਲੂ ਕਾਨੂੰਨਾਂ ਦੀ ਉਲੰਘਣਾ ਖ਼ਿਲਾਫ਼ ਚਿਤਾਵਨੀ ਦਿੱਤੀ ਹੈ। ਏਆਈ ਇੰਪੈਕਟ ਸੰਮੇਲਨ ਕੇਂਦਰੀ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਭਾਰਤ ਦੇ ਕਾਨੂੰਨ ਸਰਬਉੱਚ ਹਨ। ਉਨ੍ਹਾਂ ਨੈਟਫਲਿਕਸ, ਯੂਟਿਊਬ ਤੇ ਮੈਟਾ ਸਣੇ ਹੋਰਨਾਂ ਕੰਪਨੀਆਂ ਨੂੰ ਸਪੱਸ਼ਟ ਸੁਨੇਹੇ ਵਿੱਚ ਸੰਕੇਤ ਦਿੱਤਾ ਕਿ ਕਾਨੂੰਨ ਦੀ ਉਲੰਘਣਾ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਵੈਸ਼ਨਵ ਨੇ ਇੰਡੀਆ ਏਆਈ ਇੰਪੈਕਟ ਸੰਮੇਲਨ ਦੇ ਪਹਿਲੇ ਦਿਨ ਹਾਜ਼ਰੀਨ ਨੂੰ ਆਈਆਂ ਮੁਸ਼ਕਿਲਾਂ ਲਈ ਮੁਆਫ਼ੀ ਵੀ ਮੰਗੀ। ਏਆਈ ਸੰਮੇਲਨ ਦੌਰਾਨ ਮੀਡੀਆ ਬ੍ਰੀਫਿੰਗ ਮੌਕੇ ਵੈਸ਼ਨਵ ਨੇ ਕਿਹਾ ਕਿ ਨੈਟਫਲਿਕਸ, ਯੂਟਿਊਬ, ਮੈਟਾ ਜਾਂ ਐਕਸ, ਕੰਪਨੀ ਕੋਈ ਵੀ ਹੋਵੇ, ਸਭ ਨੂੰ ਭਾਰਤ ਦੇ ਸੰਵਿਧਾਨ ਤੇ ਕਾਨੂੰਨੀ ਚੌਖਟੇ ਦੀ ਪਾਲਣਾ ਯਕੀਨੀ ਬਣਾਉਣੀ ਹੋਵੇਗੀ। ਵੈਸ਼ਨਵ ਨੇ ਕਿਹਾ ਕਿ ਡੀਪਫੇਕ ਦੀ ਸਮੱਸਿਆ ਤੇਜ਼ੀ ਨਾਲ ਵੱਧ ਰਹੀ ਹੈ ਤੇ ਬੱਚਿਆਂ ਤੇ ਸਮਾਜ ਨੂੰ ਬਚਾਉਣ ਲਈ ਵਧੇਰੇ ਮਜ਼ਬੂਤ ਕਾਨੂੰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਮੌਜੂਦਾ ਕਾਨੂੰਨਾਂ ਦੇ ਨਾਲ ਵਧੇਰੇ ਸੁਰੱਖਿਆ ਲਈ ਇੰਡਸਟਰੀ ਨਾਲ ਸਲਾਹ-ਮਸ਼ਵਰਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਡੀਪਫੇਕ 'ਤੇ ਉਮਰ ਆਧਾਰਿਤ ਪਾਬੰਦੀਆਂ ਨਾਲ ਨਜਿੱਠਣ ਲਈ ਸੋਸ਼ਲ ਮੀਡੀਆ ਪਲੇਟਫਾਰਮਾਂ ਨਾਲ ਵਿਚਾਰ-ਵਟਾਂਦਰਾ ਜਾਰੀ ਹੈ ਤਾਂ ਜੋ ਇਸ ਮੁੱਦੇ 'ਤੇ ਅਗਲੇਰੀ ਪੇਸ਼ਕਦਮੀ ਲਈ ਸਭ ਤੋਂ ਢੁਕਵਾਂ ਤਰੀਕਾ ਨਿਰਧਾਰਿਤ ਕੀਤਾ ਜਾ ਸਕੇ। ਮੰਤਰੀ ਨੇ ਕਿਹਾ ਕਿ ਸਾਨੂੰ ਡੀਪਫੇਕਸ ਬਾਰੇ ਬਹੁਤ ਸਖ਼ਤ ਨਿਯਮਾਂ ਦੀ ਲੋੜ ਹੈ ਤੇ ਸਾਨੂੰ ਸਖ਼ਤ ਪਾਬੰਦੀਆਂ ਲਈ ਸੰਸਦ ਅੰਦਰ ਸਹਿਮਤੀ ਬਣਾਉਣੀ ਚਾਹੀਦੀ ਹੈ ਤਾਂ ਜੋ ਸਮਾਜ ਨੂੰ ਇਨ੍ਹਾਂ ਨੁਕਸਾਨਾਂ ਤੋਂ ਬਚਾਇਆ ਜਾ ਸਕੇ। ਉਨ੍ਹਾਂ ਨੇ ਦੱਸਿਆ ਕਿ ਬਹੁਤ ਸਾਰੇ ਮੁਲਕਾਂ ਨੇ ਉਮਰ-ਆਧਾਰਿਤ ਪਾਬੰਦੀਆਂ ਦੀ ਲੋੜ ਨੂੰ ਸਵੀਕਾਰ ਕੀਤਾ ਹੈ।




## ਅੰਮ੍ਰਿਤਧਾਰੀ ਸਿੱਖ ਪ੍ਰਚਾਰਕ 'ਤੇ ਹਮਲਾ, ਦਾੜ੍ਹੀ ਤੇ ਕੇਸਾਂ ਦੀ ਕੀਤੀ ਬੇਅਦਬੀ

### ☛ਪੁਲਿਸ ਨੇ 3 ਲੋਕਾਂ 'ਤੇ ਮਾਮਲਾ ਦਰਜ ਕੀਤਾ

ਬਠਿੰਡਾ, 18 ਫਰਵਰੀ (ਚ.ਨ.ਸ): ਬਠਿੰਡਾ ਦੇ ਪਿੰਡ ਖਿਆਲੀਵਾਲਾ ਵਿੱਚ ਇੱਕ ਅੰਮ੍ਰਿਤਧਾਰੀ ਸਿੱਖ ਪ੍ਰਚਾਰਕ 'ਤੇ ਹਮਲਾ ਕੀਤਾ ਗਿਆ ਤੇ ਉਸ ਦੇ ਕੇਸ ਤੇ ਦਾੜ੍ਹੀ ਦੀ ਬੇਅਦਬੀ ਕੀਤੀ ਗਈ। ਜਦੋਂ ਉਸ ਨੇ ਵਿਰੋਧ ਕੀਤਾ ਤਾਂ ਉਸ ਨੂੰ ਕੁੱਟਿਆ ਗਿਆ ਤੇ ਕੈਂਚੀ ਨਾਲ ਹਮਲਾ ਕਰ ਦਿੱਤਾ ਗਿਆ। ਪੀੜਤ ਰਘਵੀਰ ਸਿੰਘ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਤਿੰਨ ਮੁਲਜ਼ਮਾਂ ਖ਼ਿਲਾਫ਼ ਕੇਸ ਦਰਜ ਕਰ ਲਿਆ ਗਿਆ ਹੈ। ਰਘਵੀਰ ਸਿੰਘ ਨੇ ਪੁਲਿਸ ਨੂੰ ਦੱਸਿਆ ਕਿ ਇਹ ਘਟਨਾ ਸਵੇਰੇ 7:30 ਵਜੇ ਦੇ ਕਰੀਬ ਵਾਪਰੀ। ਉਹ ਪਿੰਡ ਦੇ ਹੀ ਇੱਕ ਮਿਸਤਰੀ ਅਮਰਜੀਤ ਸਿੰਘ ਦੇ ਘਰ ਕਿਸੇ ਕੰਮ ਲਈ ਗਿਆ ਸੀ। ਪਿੰਡ ਦੇ ਹੀ ਹਰਦੀਪ ਸਿੰਘ ਤੇ ਜਸਵੰਤ ਸਿੰਘ ਨੇ ਆ ਕੇ ਉਸ 'ਤੇ ਹਮਲਾ ਕਰ ਦਿੱਤਾ। ਪੀੜਤ ਦੇ ਅਨੁਸਾਰ ਮੁਲਜ਼ਮਾਂ ਨੇ ਉਸ ਦੀ ਪੱਗ ਉਤਾਰ ਦਿੱਤੀ ਤੇ ਕੈਂਚੀ ਨਾਲ ਉਸ ਦੇ ਕੇਸ ਤੇ ਦਾੜ੍ਹੀ ਕਤਲ ਕਰ ਦਿੱਤੀ। ਜਦੋਂ ਰਘਵੀਰ ਸਿੰਘ ਤੇ ਮਿਸਤਰੀ ਅਮਰਜੀਤ ਸਿੰਘ ਨੇ ਵਿਰੋਧ ਕੀਤਾ ਤਾਂ ਹਮਲਾਵਰਾਂ ਨੇ ਉਨ੍ਹਾਂ 'ਤੇ ਕੈਂਚੀ ਨਾਲ ਹਮਲਾ ਕਰ ਦਿੱਤਾ ਤੇ ਕੁੱਟਮਾਰ ਕੀਤੀ ਤੇ ਫਿਰ ਮੌਕੇ ਤੋਂ ਭੱਜ ਗਏ। ਹਮਲੇ ਤੋਂ ਬਾਅਦ ਰਘਵੀਰ ਸਿੰਘ ਨੂੰ ਤੁਰੰਤ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ। ਨੇਹੀਆਂਵਾਲਾ ਪੁਲਿਸ ਸਟੇਸ਼ਨ ਦੇ ਇੰਚਾਰਜ ਦਿਲਬਾਗ ਸਿੰਘ ਨੇ ਦੱਸਿਆ ਕਿ ਪੀੜਤ ਦੇ ਬਿਆਨ ਦੇ ਆਧਾਰ 'ਤੇ, ਖਿਆਲੀਵਾਲਾ ਪਿੰਡ ਦੇ ਹਰਦੀਪ ਸਿੰਘ, ਜਸਵੰਤ ਸਿੰਘ ਤੇ ਅੰਮ੍ਰਿਤਪਾਲ ਸਿੰਘ ਵਿਰੁੱਧ ਭਾਰਤੀ ਦੰਡਾਵਲੀ (ਆਈਪੀਸੀ) ਦੀਆਂ ਧਾਰਾਵਾਂ 299, 351(2), 115(2) ਤੇ 61(2) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕਰ ਰਹੀ ਹੈ। ਉਨ੍ਹਾਂ ਨੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।



## ਕੀ ਜੰਮੂ-ਕਸ਼ਮੀਰ ਰਾਜ ਦਾ ਦਰਜਾ ਜਲਦੀ ਬਹਾਲ ਹੋਵੇਗਾ?

ਸ੍ਰੀਨਗਰ, 18 ਫਰਵਰੀ (ਚ.ਨ.ਸ): ਕੇਂਦਰੀ ਕਾਨੂੰਨ ਤੇ ਨਿਆਂ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਮੰਗਲਵਾਰ ਨੂੰ ਜੰਮੂ-ਕਸ਼ਮੀਰ ਲਈ ਰਾਜ ਦਾ ਦਰਜਾ ਜਲਦੀ ਬਹਾਲ ਹੋਣ ਦੀ ਉਮੀਦ ਪ੍ਰਗਟ ਕਰਦੇ ਹੋਏ ਕਿਹਾ ਕਿ ਮੈਨੂੰ ਲਗਦਾ ਹੈ ਕਿ ਤੁਸੀਂ ਇਸ ਬਾਰੇ ਬਹੁਤ ਜਲਦੀ ਕੁਝ ਚੰਗਾ ਸੁਣੋਗੇ। ਅੱਜ ਇਥੇ ਸ਼ੇਰ-ਏ-ਕਸ਼ਮੀਰ ਇੰਟਰਨੈਸ਼ਨਲ ਕਨਵੈਨਸ਼ਨ ਸੈਂਟਰ ਵਿਖੇ ਟੈਲੀ-ਲਾਅ ਇਨੀਸ਼ੀਏਟਿਵ ਅਧੀਨ ਕਰਵਾਏ ਖੇਤਰੀ ਸਮਾਗਮ ਤੇ ਵਰਕਸ਼ਾਪ ਦਾ ਉਦਘਾਟਨ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਪਹਿਲਾਂ ਹੀ ਕਹਿ ਚੁੱਕੇ ਹਨ ਕਿ ਰਾਜ ਦਾ ਦਰਜਾ ਬਹਾਲ ਕਰਨ ਲਈ ਪੂਰੀ ਪ੍ਰਕਿਰਿਆ ਦੀ ਪਾਲਣਾ ਕੀਤੀ ਜਾਵੇਗੀ। ਅਦਾਲਤਾਂ ਵਿੱਚ ਕੇਸਾਂ ਦੇ ਵੱਧਦੇ ਬੈਕਲਾਗ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਸਰਕਾਰ ਅਦਾਲਤਾਂ 'ਤੇ ਬੋਝ ਘਟਾਉਣ ਤੇ ਵਿਵਾਦ ਦੇ ਹੱਲ ਨੂੰ ਤੇਜ਼ ਕਰਨ ਲਈ ਕਾਨੂੰਨੀ ਸਹਾਇਤਾ ਤੇ ਤਕਨਾਲੋਜੀ-ਸਮਰੱਥ ਪ੍ਰੀ-ਮੁਕੱਦਮੇਬਾਜ਼ੀ ਸਾਧਨਾਂ ਨੂੰ ਉਤਸ਼ਾਹਿਤ ਕਰ ਰਹੀ ਹੈ। ਮੇਘਵਾਲ ਨੇ ਕਿਹਾ ਕਿ ਜੰਮੂ-ਕਸ਼ਮੀਰ ਨੂੰ ਰਾਜ ਦਾ ਦਰਜਾ ਬਹਾਲ ਕਰਨ ਦਾ ਮੁੱਦਾ ਬਹੁਤ ਸੰਵੇਦਨਸ਼ੀਲ ਹੈ। ਕੇਂਦਰੀ ਗ੍ਰਹਿ ਮੰਤਰੀ ਪਹਿਲਾਂ ਹੀ ਲੋਕ ਸਭਾ ਵਿਚ ਕਹਿ ਚੁੱਕੇ ਹਨ ਕਿ ਜੰਮੂ-ਕਸ਼ਮੀਰ ਨੂੰ ਰਾਜ ਦਾ ਦਰਜਾ ਦਿੱਤਾ ਜਾਵੇਗਾ। ਇਹ ਜੰਮੂ-ਕਸ਼ਮੀਰ ਦੇ ਲੋਕਾਂ ਦਾ ਅਧਿਕਾਰ ਹੈ। ਬੱਸ ਇੰਤਜ਼ਾਰ ਕਰੋ, ਮੈਨੂੰ ਉਮੀਦ ਹੈ ਕਿ ਤੁਸੀਂ ਜਲਦੀ ਹੀ ਕੁਝ ਸਕਾਰਾਤਮਕ ਸੁਣੋਗੇ। ਮੇਘਾਵਲ ਨੇ ਕਿਹਾ ਕਿ ਜੰਮੂ-ਕਸ਼ਮੀਰ ਦੇ ਲੋਕਾਂ ਦਾ ਜੋ ਵੀ ਹੱਕ ਹੈ, ਉਹ ਦਿੱਤਾ ਜਾਵੇਗਾ। ਜ਼ਿਕਰਯੋਗ ਹੈ ਕਿ ਅਗਸਤ 2019 ਵਿੱਚ ਭਾਰਤ ਸਰਕਾਰ ਨੇ ਸੰਵਿਧਾਨ ਦੀ ਧਾਰਾ 370 ਤਹਿਤ ਜੰਮੂ-ਕਸ਼ਮੀਰ ਨੂੰ ਮਿਲਿਆ ਵਿਸ਼ੇਸ਼ ਦਰਜਾ ਖ਼ਤਮ ਕਰ ਦਿੱਤਾ ਸੀ ਤੇ ਉਸ ਵੇਲੇ ਸੂਬੇ ਨੂੰ ਦੋ ਹਿੱਸਿਆਂ ਵਿੱਚ ਵੰਡ ਦਿੱਤਾ ਸੀ। ਉਦੋਂ ਤੋਂ ਸੂਬੇ ਦਾ ਦਰਜਾ ਹਾਲ ਕਰਨ ਦਾ ਮੁੱਦਾ ਲਗਾਤਾਰ ਚਰਚਾ ਵਿੱਚ ਹੈ। ਕੇਂਦਰੀ ਮੰਤਰੀ ਦੇ ਇਸ ਤਾਜ਼ਾ ਬਿਆਨ ਨੇ ਸਿਆਸੀ ਹਲਕਿਆਂ ਤੇ ਜੰਮੂ-ਕਸ਼ਮੀਰ ਦੇ ਲੋਕਾਂ ਵਿੱਚ ਨਵੀਂ ਉਮੀਦ ਜਗਾਈ ਹੈ। ਜਾਣਕਾਰਾਂ ਦਾ ਕਹਿਣਾ ਹੈ ਕਿ ਜੇਕਰ ਸੂਬੇ ਦਾ ਦਰਜਾ ਬਹਾਲ ਕਰਨ ਦਾ ਫ਼ੈਸਲਾ ਵਾਕਿਆ ਹੀ ਜਲਦੀ ਹੁੰਦਾ ਹੈ ਤਾਂ ਇਹ ਪਿਛਲੇ ਕਈ ਸਾਲਾਂ ਵਿੱਚ ਸਭ ਤੋਂ ਵੱਡਾ ਸਿਆਸੀ ਵਿਕਾਸ ਹੋਵੇਗਾ। ਕੇਂਦਰ ਸਰਕਾਰ ਨੇ ਪਹਿਲਾਂ ਵੀ ਇਸ਼ਾਰਾ ਕੀਤਾ ਸੀ ਕਿ ਰਾਜ ਦਾ ਦਰਜਾ ਬਹਾਲ ਕਰਨ ਦਾ ਫ਼ੈਸਲਾ ਵਿਧਾਨ ਸਭਾ ਚੋਣਾਂ ਤੋਂ ਬਾਅਦ ਲਿਆ ਜਾ ਸਕਦਾ ਹੈ।



## ਦਿੱਲੀ ਦੇ ਸਰਕਾਰੀ ਹਸਪਤਾਲ 'ਚੋਂ ਨਵਜੰਮਿਆ ਬੱਚਾ ਚੋਰੀ

### ☛ਅਣਜਾਣ ਔਰਤ ਨੇ ਵਾਰਦਾਤ ਨੂੰ ਦਿੱਤਾ ਅੰਜਾਮ

ਨਵੀਂ ਦਿੱਲੀ, 18 ਫਰਵਰੀ (ਚ.ਨ.ਸ): ਰਾਜਧਾਨੀ ਦਿੱਲੀ ਦੇ ਰੋਹਿਣੀ ਸੈਕਟਰ-6 ਸਥਿਤ ਬਾਬਾ ਸਾਹਿਬ ਅੰਬੇਡਕਰ ਹਸਪਤਾਲ ਤੋਂ ਇੱਕ ਨਵਜੰਮੇ ਬੱਚੇ ਦੇ ਅਗਵਾ ਹੋਣ ਦੀ ਸਨਸਨੀਖੇਜ਼ ਵਾਰਦਾਤ ਸਾਹਮਣੇ ਆਈ ਹੈ। ਇਸ ਘਟਨਾ ਤੋਂ ਬਾਅਦ ਹਸਪਤਾਲ ਵਿੱਚ ਹੜਕੰਪ ਮਚ ਗਿਆ ਹੈ ਤੇ ਪੁਲਿਸ ਨੇ ਬੱਚੇ ਦੀ ਭਾਲ ਲਈ ਸਰਗਰਮੀ ਤੇਜ਼ ਕਰ ਦਿੱਤੀ ਹੈ। ਪੀੜਤ ਮਹਿਲਾ ਸ਼ਾਹੀਨ, ਜੋ ਕਿ ਨਰੇਲਾ (ਦਿੱਲੀ) ਦੀ ਰਹਿਣ ਵਾਲੀ ਹੈ, ਨੇ ਪੁਲਿਸ ਨੂੰ ਦੱਸਿਆ ਕਿ ਉਸ ਨੂੰ 12 ਫਰਵਰੀ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਸੀ ਤੇ 14 ਫਰਵਰੀ ਨੂੰ ਉਸ ਨੇ ਇੱਕ ਪੁੱਤਰ ਨੂੰ ਜਨਮ ਦਿੱਤਾ ਸੀ। ਹਸਪਤਾਲ ਵਿੱਚ ਇਲਾਜ ਦੌਰਾਨ ਲਗਭਗ 30 ਸਾਲ ਦੀ ਇੱਕ ਅਣਜਾਣ ਮਹਿਲਾ ਉਸ ਨੂੰ ਵਾਰ-ਵਾਰ ਮਿਲਣ ਆਉਂਦੀ ਰਹੀ ਤੇ ਉਸ ਦਾ ਵਿਸ਼ਵਾਸ ਜਿੱਤਣ ਵਿੱਚ ਸਫਲ ਹੋ ਗਈ। ਮੰਗਲਵਾਰ (17 ਫਰਵਰੀ) ਦੀ ਸਵੇਰ ਲਗਭਗ 5 ਵਜੇ, ਉਕਤ ਮਹਿਲਾ ਦੁੱਧ ਪਿਲਾਉਣ ਦੇ ਬਹਾਨੇ ਨਵਜੰਮੇ ਬੱਚੇ ਨੂੰ ਆਪਣੇ ਨਾਲ ਲੈ ਗਈ। ਇਸ ਤੋਂ ਬਾਅਦ ਸ਼ਾਹੀਨ ਸੌਂ ਗਈ ਤੇ ਜਦੋਂ ਉਹ ਸਵੇਰੇ ਲਗਭਗ 8 ਵਜੇ ਜਾਗੀ ਤਾਂ ਉਥੇ ਨਾ ਤਾਂ ਉਹ ਮਹਿਲਾ ਮੌਜੂਦ ਸੀ ਤੇ ਨਾ ਹੀ ਉਸ ਦਾ ਬੱਚਾ। ਘਟਨਾ ਦਾ ਪਤਾ ਲੱਗਦਿਆਂ ਹੀ ਪੀੜਤ ਦੇ ਪਤੀ ਨੇ ਤੁਰੰਤ ਪੁਲਿਸ ਨੂੰ ਸੂਚਨਾ ਦਿੱਤੀ। ਸ਼ਿਕਾਇਤ ਦੇ ਆਧਾਰ 'ਤੇ ਉਤਰੀ ਰੋਹਿਣੀ ਥਾਣੇ ਵਿੱਚ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਵੱਲੋਂ ਹਸਪਤਾਲ ਤੇ ਆਲੇ-ਦੁਆਲੇ ਦੇ ਖੇਤਰਾਂ ਦੇ ਸੀਸੀਟੀਵੀ ਫੁਟੇਜ ਖੰਗਾਲੇ ਜਾ ਰਹੇ ਹਨ, ਜਿਸ ਵਿੱਚ ਦੋਸ਼ੀ ਮਹਿਲਾ ਬੱਚੇ ਨੂੰ ਲੈ ਕੇ ਜਾਂਦੀ ਹੋਈ ਦਿਖਾਈ ਦੇ ਰਹੀ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੁਲਿਸ ਦੀਆਂ ਕਈ ਟੀਮਾਂ ਗਠਿਤ ਕੀਤੀਆਂ ਗਈਆਂ ਹਨ, ਜੋ ਬੱਚੇ ਦੀ ਬ੍ਰਾਮਦਗੀ ਲਈ ਛਾਪੇਮਾਰੀ ਕਰ ਰਹੀਆਂ ਹਨ।



## ਪੰਜਾਬ ਸਟੇਟ ਟਰੇਡ ਕਮਿਸ਼ਨ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਸੁਣੀਆਂ



ਮੋਗਾ, 18 ਫਰਵਰੀ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਪੰਜਾਬ ਸਟੇਟ ਟਰੇਡ ਕਮਿਸ਼ਨ ਵੱਲੋਂ ਆਯੋਜਿਤ ਪ੍ਰੋਗਰਾਮ ਦੌਰਾਨ ਮੋਗਾ ਵਿੱਚ ਵਪਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ। ਸਬੰਧਤ ਅਧਿਕਾਰੀਆਂ ਨੂੰ ਤੁਰੰਤ ਤੇ ਢੁਕਵੇਂ ਹੱਲ ਯਕੀਨੀ ਬਣਾਉਣ ਲਈ ਦਿਸ਼ਾ-ਨਿਰਦੇਸ਼ ਦਿੱਤੇ। ਸਾਡੇ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ, ਇਸ ਲਈ ਪੰਜਾਬ ਸਰਕਾਰ ਦਾ ਟਰੇਡ ਕਮਿਸ਼ਨ ਲਗਾਤਾਰ ਪ੍ਰਭਾਵਸ਼ਾਲੀ ਭੂਮਿਕਾ ਨਿਭਾ ਰਿਹਾ ਹੈ। ਵਪਾਰੀਆਂ ਦੀ ਭਲਾਈ ਤੇ ਸਹੂਲਤ ਸਾਡੀ ਪ੍ਰਾਥਮਿਕਤਾ ਹੈ। ਇਸ ਮੌਕੇ 'ਤੇ ਹਲਕਾ ਮੋਗਾ ਟਰੇਡ ਕਮਿਸ਼ਨ ਦੇ ਚੇਅਰਮੈਨ ਸੰਜੀਵ ਨਰੂਲਾ, ਮੇਅਰ ਪ੍ਰਵੀਨ ਸ਼ਰਮਾ, ADC ਜਸਪਿੰਦਰ ਸਿੰਘ, ATP ਪੂਨਮ GST, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਪ੍ਰੇਮ ਚੰਦ ਚੱਕੀ ਵਾਲੇ, ਚੰਦਰ ਸ਼ੇਖਰ ਫਤਹਿਗੜ੍ਹ ਪੰਜਤੂਰ ਕੌਂਸਲਰ ਸਾਹਿਬਾਨ ਤੇ ਵਪਾਰੀ ਵਰਗ ਮੌਜੂਦ ਸਨ ਤੇ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਸਮੱਸਿਆ ਨਹੀਂ ਆਵੇਗੀ, ਮੋਗਾ ਦੇ ਐਮਐਲਏ ਆਮ ਦੇ ਅਮਨਦੀਪ ਅਰੋੜਾ ਨੇ ਸਾਰੀਆਂ ਵਪਾਰੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਤੇ ਵਿਸ਼ਵਾਸ ਦਿਵਾਇਆ ਕਿ ਕਿਸੇ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।

## ਪ੍ਰਾਪਰਟੀ ਡੀਲਰਾਂ ਵੱਲੋਂ ਨਵ-ਨਿਯੁਕਤ ਨਾਇਬ ਤਹਿਸੀਲਦਾਰ ਅਵਤਾਰ ਸਿੰਘ ਦਾ ਸਵਾਗਤ



ਮੰਡੀ ਗੋਬਿੰਦਗੜ੍ਹ, 18 ਫਰਵਰੀ (ਸੂਦ): ਮੰਡੀ ਗੋਬਿੰਦਗੜ੍ਹ ਵਿੱਚ ਨਾਇਬ ਤਹਿਸੀਲਦਾਰ ਵਜੋਂ ਡਿਊਟੀ ਸੰਭਾਲਣ 'ਤੇ ਪ੍ਰਾਪਰਟੀ ਡੀਲਰਾਂ ਤੇ ਅਧਿਕਾਰੀਆਂ ਤੇ ਪ੍ਰਾਪਰਟੀ ਐਸੋਸੀਏਸ਼ਨ ਦੇ ਮੈਂਬਰਾਂ ਦੇ ਸਮੂਹ ਨੇ ਉਨ੍ਹਾਂ ਦਾ ਸਵਾਗਤ ਕੀਤਾ। ਐਸੋਸੀਏਸ਼ਨ ਦੇ ਪ੍ਰਧਾਨ ਲਾਰੈਂਸ ਗਿੱਲ ਨੇ ਨਾਇਬ ਤਹਿਸੀਲਦਾਰ ਅਵਤਾਰ ਸਿੰਘ ਨੂੰ ਫੁੱਲਾਂ ਦਾ ਗੁਲਦਸਤਾ ਤੇ ਯਾਦਗਾਰੀ ਚਿੰਨ੍ਹ ਦਿੱਤਾ ਤੇ ਆਸ ਕੀਤੀ ਕਿ ਉਨ੍ਹਾਂ ਦੀ ਅਗਵਾਈ ਹੇਠ ਤਹਿਸੀਲ ਦਫ਼ਤਰ ਵਿੱਚ ਪਾਰਦਰਸ਼ਤਾ, ਸੁਸ਼ਾਸਨ ਤੇ ਜਨਤਕ ਸੇਵਾ ਨੂੰ ਇੱਕ ਨਵੀਂ ਦਿਸ਼ਾ ਮਿਲੇਗੀ। ਇਸ ਮੌਕੇ 'ਤੇ ਮੀਤ ਪ੍ਰਧਾਨ ਵਿਨੈ ਸ਼ਰਮਾ, ਕੈਸ਼ੀਅਰ ਚੰਦਰਸ਼ੇਖਰ, ਸੰਯੁਕਤ ਸਕੱਤਰ ਦੀਪਕ ਤਲਵਾੜ, ਰਾਮ ਮੂਰਤੀ, ਰਜਿੰਦਰ ਸਿੰਘ, ਕਮਲ ਬੜਿੰਗ, ਜਸਪਾਲ ਸਿੰਘ, ਰਾਜ ਕੁਮਾਰ, ਵਿਕਰਮ, ਕੁਲਵਿੰਦਰ ਸਿੰਘ, ਮਨੋਜ, ਸੰਜੇ ਸਡਾਨਾ, ਨਿਰਮਲ ਸਿੰਘ, ਵਿੱਕੀ, ਗੁਰਜਿੰਦਰ ਮਾਗੋ, ਭਗਵਤੀ ਭਾਂਬਰੀ, ਰਾਜੇਸ਼ ਸਿੰਘ, ਗੁਰਜਿੰਦਰ ਸਿੰਘ, ਗੁਰਜਿੰਦਰ ਸਿੰਘ ਸਤਪਾਲ, ਗੁਰਜੀਤ ਸਿੰਘ ਤੇ ਹਰਜੀਤ ਸਿੰਘ ਹਾਜ਼ਰ ਸਨ।

## ਰੋਟਰੀ ਫਾਊਂਡੇਸ਼ਨ ਡਿਜਾਸਟਰ ਗ੍ਰਾਂਟ ਤਹਿਤ ਸਕੂਲਾਂ 'ਚ ਪਖਾਨਾ ਬਲਾਕ ਦਾ ਨੀਂਹ ਪੱਥਰ ਰੱਖਿਆ

ਫਾਜ਼ਿਲਕਾ, 18 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਰੋਟਰੀ ਡਿਸਟ੍ਰਿਕਟ 3090 ਦੇ ਜ਼ਿਲ੍ਹਾ ਗਵਰਨਰ ਰੋਟੇਰੀਅਨ ਭੁਪੇਸ਼ ਮਹਿਤਾ ਤੇ ਉਪ-ਜ਼ਿਲ੍ਹਾ ਗਵਰਨਰ ਡਾ. ਅਜੈ ਕੁਮਾਰ ਧਵਨ ਨੇ ਪਿੰਡ ਨੂਰ ਸ਼ਾਹ ਸਥਿਤ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਰੋਟਰੀ ਫਾਊਂਡੇਸ਼ਨ ਡਿਜਾਸਟਰ ਗ੍ਰਾਂਟ ਦੇ ਅਧੀਨ ਪਖਾਨਾ ਬਲਾਕ ਦਾ ਨੀਂਹ ਪੱਥਰ ਰੱਖਿਆ। ਇਸ ਪ੍ਰੋਜੈਕਟ ਤਹਿਤ ਸਕੂਲ ਵਿੱਚ ਲੜਕਿਆਂ ਤੇ ਲੜਕੀਆਂ ਲਈ ਵੱਖ-ਵੱਖ ਪਖਾਨਿਆਂ ਦੇ ਨਾਲ ਆਧੁਨਿਕ ਹੈਂਡ ਵਾਸ਼ ਸਟੇਸ਼ਨ ਦਾ ਨਿਰਮਾਣ ਕੀਤਾ ਜਾਵੇਗਾ, ਜਿਸ ਵਿੱਚ ਸਾਰੀਆਂ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਉਪਲਬਧ ਹੋਣਗੀਆਂ। ਜ਼ਿਕਰਯੋਗ ਹੈ ਕਿ ਕੁਝ ਮਹੀਨੇ ਪਹਿਲਾਂ ਆਏ ਹੜ੍ਹਾਂ ਕਾਰਨ ਪਿੰਡ ਨੂਰ ਸ਼ਾਹ ਸਮੇਤ ਪਿੰਡ ਝੰਗੜਭੈਣੀ ਤੇ ਮੁਹਾਰਖੀਵਾ ਦੇ ਸਰਕਾਰੀ ਸਕੂਲਾਂ ਵਿੱਚ ਬਣੇ ਪਖਾਨੇ ਨੁਕਸਾਨੇ ਗਏ ਸਨ। ਰੋਟਰੀ ਫਾਊਂਡੇਸ਼ਨ ਦੇ ਸਹਿਯੋਗ ਨਾਲ ਇਨ੍ਹਾਂ ਸਕੂਲਾਂ ਵਿੱਚ ਨਵੇਂ ਪਖਾਨਾ ਬਲਾਕਾਂ ਦਾ ਨਿਰਮਾਣ ਕਾਰਜ ਚੱਲ ਰਿਹਾ ਹੈ। ਇਸ ਲੋਕ ਭਲਾਈ ਕੰਮ ਦੀ ਪਹਿਲ ਰੋਟੇਰੀਅਨ ਡਾ. ਅਜੈ ਧਵਨ ਵੱਲੋਂ ਕੀਤੀ ਗਈ, ਜਿਸ 'ਤੇ ਜ਼ਿਲ੍ਹਾ ਗਵਰਨਰ ਭੁਪੇਸ਼ ਮਹਿਤਾ ਨੇ ਤੁਰੰਤ ਸਹਿਮਤੀ ਦਿੰਦਿਆਂ ਗ੍ਰਾਂਟ ਪ੍ਰਵਾਨ ਕੀਤੀ। ਉਨ੍ਹਾਂ ਨੇ ਕਿਹਾ ਕਿ ਅਜਿਹੇ ਸਮਾਜਿਕ ਕੰਮਾਂ ਵਿੱਚ ਪੈਸਾ ਕੋਈ ਰੁਕਾਵਟ ਨਹੀਂ ਬਣੇਗਾ। ਜ਼ਿਲ੍ਹਾ ਗਵਰਨਰ ਮਹਿਤਾ ਵਿਸ਼ੇਸ਼ ਤੌਰ 'ਤੇ ਸਿਰਸਾ ਤੋਂ ਪਹੁੰਚ ਕੇ ਪ੍ਰੋਜੈਕਟਾਂ ਦਾ ਨਿਰੀਖਣ ਕਰਨ ਆਏ। ਇਸ ਮੌਕੇ 'ਤੇ ਰੋਟਰੀ ਕਲੱਬ ਫਾਜ਼ਿਲਕਾ ਦੇ ਮੈਂਬਰ, ਸਕੂਲ ਦੀ ਮੁੱਖ ਅਧਿਆਪਕਾ ਸ੍ਰੀਮਤੀ ਅਨੀਤਾ ਤੇ ਸਮੂਹ ਸਟਾਫ ਹਾਜ਼ਰ ਸੀ। ਨਿਰਮਾਣ ਕਾਰਜ ਅਗਲੇ ਦੋ ਮਹੀਨਿਆਂ ਵਿੱਚ ਮੁਕੰਮਲ ਹੋਣ ਦੀ ਉਮੀਦ ਹੈ। ਨੀਂਹ ਪੱਥਰ ਰੱਖਣ ਮੌਕੇ ਜ਼ਿਲ੍ਹਾ ਗਵਰਨਰ ਭੁਪੇਸ਼ ਮਹਿਤਾ ਤੇ ਉਪ-ਜ਼ਿਲ੍ਹਾ ਗਵਰਨਰ ਡਾ. ਅਜੈ ਕੁਮਾਰ ਧਵਨ ਸਮੇਤ ਸਕੂਲ ਦਾ ਸਟਾਫ ਮੌਜੂਦ ਸੀ।



## ਡੀ.ਏ.ਵੀ. ਸਕੂਲ ਦਾ ਵਾਸੂ ਜੋਸ਼ੀ 99.6 ਫੀਸਦੀ ਅੰਕਾਂ ਨਾਲ ਜੇਈਈ ਮੇਨਜ਼ 'ਚ ਜ਼ਿਲ੍ਹਾ ਟਾਪਰ

ਕੋਟਕਪੂਰਾ, 18 ਫਰਵਰੀ (ਵਿਪਨ ਗੋਇਲ): ਡੀ.ਏ.ਵੀ. ਪਬਲਿਕ ਸਕੂਲ ਕੋਟਕਪੂਰਾ ਦੇ ਹੋਣਹਾਰ ਵਿਦਿਆਰਥੀਆਂ ਨੇ ਇੰਜੀਨੀਅਰਿੰਗ ਦਾਖਲਾ ਪ੍ਰੀਖਿਆ ਜੇਈਈ ਮੇਨਜ਼ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹਾ ਪੱਧਰ 'ਤੇ ਸਕੂਲ ਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ। ਸਕੂਲ ਦੇ ਵਿਦਿਆਰਥੀ ਵਾਸੂ ਜੋਸ਼ੀ ਨੇ 99.6 ਫੀਸਦੀ ਅੰਕ ਹਾਸਲ ਕਰਕੇ ਜ਼ਿਲ੍ਹਾ ਟਾਪਰ ਬਣਨ ਦਾ ਮਾਣ ਪ੍ਰਾਪਤ ਕੀਤਾ ਹੈ। ਇਸ ਤੋਂ ਇਲਾਵਾ ਤੋਸ਼ਿਤ ਨੇ 96.3 ਫੀਸਦੀ, ਸ਼ਿਵਮ ਨੰਦਵਾਨੀ ਨੇ 92.7 ਫੀਸਦੀ, ਖੁਸ਼ਦੀਪ ਗੁਪਤਾ ਨੇ 92.3 ਫੀਸਦੀ ਤੇ ਆਸਥਾ ਨੇ 90.6 ਫੀਸਦੀ ਅੰਕ ਪ੍ਰਾਪਤ ਕਰਕੇ ਵੱਡੀ ਸਫਲਤਾ ਦਰਜ ਕਰਵਾਈ। ਇਨ੍ਹਾਂ ਪੰਜਾਂ ਵਿਦਿਆਰਥੀਆਂ ਦੀ ਇਸ ਕਾਮਯਾਬੀ ਨਾਲ ਸਕੂਲ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਵਿਦਿਆਰਥੀਆਂ ਨੇ ਆਪਣੀ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਇਹ ਸਫਲਤਾ ਪਰਿਵਾਰਕ ਸਹਿਯੋਗ ਤੇ ਅਧਿਆਪਕਾਂ ਦੇ ਲਗਾਤਾਰ ਮਾਰਗਦਰਸ਼ਨ ਦਾ ਨਤੀਜਾ ਹੈ। ਉਨ੍ਹਾਂ ਦੱਸਿਆ ਕਿ ਸਕੂਲ ਵਿੱਚ ਬਿਤਾਇਆ ਸਮਾਂ ਸਦਾ ਯਾਦਗਾਰ ਰਹੇਗਾ ਤੇ ਅਧਿਆਪਕਾਂ ਨੇ ਹਰ ਪੜਾਅ 'ਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਮਾਪਿਆਂ ਦੇ ਸੁਪਨੇ ਸਾਕਾਰ ਕਰਨ ਦੀ ਸੰਤੁਸ਼ਟੀ ਸਭ ਤੋਂ ਵੱਡੀ ਪ੍ਰਾਪਤੀ ਹੈ। ਸਕੂਲ ਦੇ ਪ੍ਰਿੰਸੀਪਲ ਡਾ. ਰਾਜਵੀਰ ਸਿੰਘ ਕੰਗ ਵੱਲੋਂ ਸਵੇਰ ਦੀ ਸਭਾ ਦੌਰਾਨ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਦੱਸਿਆ ਕਿ ਜੇਈਈ ਮੇਨਜ਼ ਦੀ ਪ੍ਰੀਖਿਆ ਐਨਟੀਏ ਦੁਆਰਾ ਦੇਸ਼ ਭਰ ਵਿੱਚ ਕਰਵਾਈ ਜਾਂਦੀ ਹੈ। ਇਸ ਸਾਲ ਇਹ ਪ੍ਰੀਖਿਆ 21 ਤੋਂ 29 ਜਨਵਰੀ ਤੱਕ ਹੋਈ, ਜਿਸ ਵਿੱਚ ਲਗਭਗ 13.55 ਲੱਖ ਉਮੀਦਵਾਰਾਂ ਨੇ ਹਿੱਸਾ ਲਿਆ। ਇਸ ਸਖ਼ਤ ਮੁਕਾਬਲੇ ਵਿੱਚ ਸਕੂਲ ਦੇ ਪੰਜ ਵਿਦਿਆਰਥੀਆਂ ਵੱਲੋਂ ਪ੍ਰਾਪਤ ਕੀਤੀ ਗਈ ਸਫਲਤਾ ਸੱਚਮੁੱਚ ਮਾਣ ਵਾਲੀ ਗੱਲ ਹੈ। ਪ੍ਰਿੰਸੀਪਲ ਡਾ. ਕੰਗ ਨੇ ਖੁਸ਼ੀ ਜਤਾਉਂਦਿਆਂ ਦੱਸਿਆ ਕਿ ਸਕੂਲ ਦੇ ਚੇਅਰਮੈਨ ਅਜੈ ਗੋਸੁਆਮੀ, ਡਾਇਰੈਕਟਰ ਵੀ.ਕੇ. ਚੋਪੜਾ, ਮੈਨੇਜਰ ਡਾ. ਸਤਵੰਤ ਕੌਰ ਭੁੱਲਰ, ਐਲ.ਐਮ.ਸੀ. ਮੈਂਬਰ ਰਾਜ ਕੁਮਾਰ ਅਗਰਵਾਲ ਤੇ ਸ਼ਹਿਰ ਦੀਆਂ ਕਈ ਜਾਣੀਆਂ-ਮਾਣੀਆਂ ਹਸਤੀਆਂ ਵੱਲੋਂ ਵੀ ਵਧਾਈ ਸੰਦੇਸ਼ ਪ੍ਰਾਪਤ ਹੋ ਰਹੇ ਹਨ।




## ਜੁਆਇੰਟ ਫੋਰਮ ਦੇ ਸੱਦੇ 'ਤੇ ਗੁਨੋਪਰ ਇੰਪਲਾਈਜ਼ ਫੈਡਰੇਸ਼ਨ ਪੀਐਸਈਬੀ ਪਹਿਲਵਾਨ ਗਰੁੱਪ ਵੱਲੋਂ ਭਰਵੀਂ ਗੇਟ ਰੈਲੀ



ਮੁਕੇਰੀਆਂ, 18 ਫਰਵਰੀ (ਧਰਮ ਚੰਦ): ਮੰਡਲ ਮੁਕੇਰੀਆਂ ਵਿਖੇ ਜੁਆਇੰਟ ਫੋਰਮ ਦੇ ਸੱਦੇ 'ਤੇ ਮੰਡਲ ਪ੍ਰਧਾਨ ਜਗਦੀਸ਼ ਸਿੰਘ ਗੁਨੋਪਰ ਇੰਪਲਾਇਜ਼ ਫੈਡਰੇਸ਼ਨ ਪੀਐਸਈਬੀ ਪਹਿਲਵਾਨ ਗਰੁੱਪ ਮੰਡਲ ਪ੍ਰਧਾਨ ਸੁਰਜੀਤ ਸਿੰਘ ਬੀਐਮਐਸ ਦੀ ਪ੍ਰਧਾਨਗੀ ਹੇਠ ਇੱਕ ਭਰਵੀਂ ਗੇਟ ਰੈਲੀ ਕੀਤੀ ਗਈ, ਜਿਸ ਵਿੱਚ ਸਰਕਲ ਦੇ ਪ੍ਰਧਾਨ ਤਰਲੋਚਨ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਬੀਐਮਐਸ ਦੇ ਸਟੇਟ ਪ੍ਰੈਜ਼ੀਡੈਂਟ ਮੰਡਲ ਸੁਪਰੀਡੈਂਟ ਸੁੱਚਾ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ, ਇਸ ਵਿੱਚ ਸਰਕਾਰ ਤੇ ਬਿਜਲੀ ਬੋਰਡ ਦੀ ਮੈਨੇਜਮੈਂਟ ਵੱਲੋਂ ਜੋ ਸਰਕਾਰੀ ਜਾਇਦਾਦਾਂ ਵੇਚਣ ਦਾ ਫੈਸਲਾ ਲਿਆ ਹੈ, ਉਸ ਦਾ ਪੁਰਜ਼ੋਰ ਸ਼ਬਦਾਂ ਵਿੱਚ ਵਿਰੋਧ ਕੀਤਾ ਗਿਆ ਤੇ ਸਰਕਾਰ ਨੂੰ ਇਹ ਫੈਸਲਾ ਰੱਦ ਕਰਨ ਲਈ ਕਿਹਾ ਗਿਆ ਤੇ ਬੁਲਾਰਿਆਂ ਵੱਲੋਂ ਇਹ ਵੀ ਕਿਹਾ ਗਿਆ ਕਿ ਜੇਕਰ ਸਰਕਾਰ ਇਸ ਫੈਸਲੇ ਨੂੰ ਰੱਦ ਨਹੀਂ ਕਰਦੀ ਹੈ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਇਸ ਗੇਟ ਰੈਲੀ ਵਿੱਚ ਸ਼ਾਮਲ ਹੋਏ ਇੰਜੀਨੀਅਰ ਹਰਚਰਨ ਸਿੰਘ ਰਣਵੀਰ ਸਿੰਘ ਇੰਜੀਨੀਅਰ ਬਲਵਿੰਦਰ ਸਿੰਘ ਇੰਜੀਨੀਅਰ ਸੁਖਵਿੰਦਰ ਸਿੰਘ ਭੰਗਾਲਾ ਇੰਜੀਨੀਅਰ ਮੰਗਲ ਸਿੰਘ ਇੰਜੀਨੀਅਰ ਕਮਲ ਕਿਸ਼ੋਰ ਇੰਜੀਨੀਅਰ ਚੰਦਰਸ਼ੇਖਰ ਇੰਜੀਨੀਅਰ ਸਰਬਜੀਤ ਸਿੰਘ ਤੋਂ ਇਲਾਵਾ ਸਤਨਾਮ ਸਿੰਘ ਕੋਟਲੀ ਸਹਾਇਕ ਸਕੱਤਰ ਮੰਡਲ ਮੁਕੇਰੀਆਂ ਸੁਮਿਤ ਸ਼ਰਮਾ ਉਪ-ਮੰਡਲ ਪ੍ਰਧਾਨ ਮੁਕੇਰੀਆਂ ਹਰਜਿੰਦਰ ਸਿੰਘ ਧਨੋਆ ਇੰਦਰਜੀਤ ਸਿੰਘ ਬਿਕਰਮ ਠਾਕੁਰ ਮਨਿੰਦਰ ਸਿੰਘ ਠਾਕਰ ਸੁਰਿੰਦਰ ਸਿੰਘ, ਰਕੇਸ਼ ਕੁਮਾਰ, ਸਰਬਜੀਤ ਸਿੰਘ, ਮਨਜੀਤ ਸਿੰਘ, ਪਰਮਿੰਦਰ ਸਿੰਘ, ਸ਼ਮਸ਼ੇਰ ਸਿੰਘ, ਵਿਜੇ ਮਾਲੀਆ, ਵਿਸ਼ਾਲ ਚੌਧਰੀ, ਤਰਲੋਕ ਸਿੰਘ, ਜਤਿੰਦਰ ਸਿੰਘ, ਸਾਹਿਲ ਸ਼ਰਮਾ, ਕਮਲ ਕੁਮਾਰ, ਇਨ੍ਹਾਂ ਤੋਂ ਇਲਾਵਾ ਸ੍ਰੀਮਤੀ ਸੁਖਬੀਰ ਕੌਰ, ਸੁਖਵਿੰਦਰ ਕੌਰ, ਮਨਪ੍ਰੀਤ ਕੌਰ, ਸਪਨਾ ਠਾਕੁਰ, ਸ੍ਰੀਮਤੀ ਸਰੂ ਰੇਖਾ ਕੁਮਾਰੀ, ਕਮਲੇਸ਼ ਕੁਮਾਰੀ ਆਦਿ ਸ਼ਾਮਲ ਹੋਏ।

## ਆਟਾ ਚੱਕੀ 'ਚ ਚੋਰੀ

ਮੋਗਾ, 18 ਫਰਵਰੀ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਵਿੱਚ ਅੱਜ ਅਕਾਲਸਰ ਰੋਡ ਉਤੇ ਆਟੇ ਦੀ ਚੱਕੀ ਵਿੱਚ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਚੋਰ ਜਦੋਂ ਚੋਰੀ ਕਰ ਰਿਹਾ ਸੀ ਤਾਂ ਚੱਕੀ ਮਾਲਕ ਨੇ ਦੇਖ ਲਿਆ ਤੇ ਉਸਨੂੰ ਫੜਨ ਦੀ ਕੋਸ਼ਿਸ਼ ਕੀਤੀ। ਚੋਰ ਨੇ ਆਉਂਦੇ ਹੀ ਦੁਕਾਨ ਵਿੱਚ ਬਣੇ ਮਾਤਾ ਦੇ ਮੰਦਰ ਵਿੱਚ ਚੋਰੀ ਕੀਤੀ। ਉਸ ਵਿੱਚ ਪਏ ਪੈਸੇ ਜਦੋਂ ਡਿੱਗ ਪਏ ਚੋਰ ਚੁੱਕਣ ਲੱਗ ਪਿਆ ਇੰਨੇ ਨੂੰ ਚੱਕੀ ਦੇ ਮਾਲਕ ਨੂੰ ਪਤਾ ਲੱਗ ਗਿਆ, ਉਹ ਚੋਰ ਦੇ ਮਗਰ ਪੈ ਗਿਆ। ਇਸ ਨਾਲ ਚੋਰ ਭੱਜ ਗਿਆ ਪਰ ਫਿਰ ਵੀ ਲੋਕਾਂ ਨਾਲ ਰਲ ਕੇ ਮਾਲਕ ਨੇ ਚੋਰ ਫੜ ਲਿਆ ਤੇ ਪੁਲਿਸ ਹਵਾਲੇ ਕਰ ਦਿੱਤਾ। ਕਿਸੇ ਤਰ੍ਹਾਂ ਦਾ ਵੀ ਆਟਾ ਚੱਕੀ ਵਿੱਚ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਪ੍ਰੈਸ ਨਾਲ ਗੱਲ ਕਰਦਿਆਂ ਚੋਰ ਨੇ ਕਿਹਾ ਕਿ ਮੈਂ ਨਸ਼ੇ ਦਾ ਆਦੀ ਹਾਂ ਮੇਰੀ ਨਸ਼ੇ ਬਿਨਾਂ ਜਾਨ ਨਿਕਲ ਰਹੀ ਸੀ, ਇਸ ਲਈ ਮੈਂ ਚੋਰੀ ਕੀਤੀ।



## ਸਿਲਵਰ ਓਕਸ ਸਕੂਲ ਸੇਵੇਵਾਲਾ ਵਿਖੇ 22 ਨੂੰ ਨਵੇਂ ਦਾਖਲਿਆਂ ਸਬੰਧੀ ਸਕਾਲਰਸ਼ਿਪ ਟੈਸਟ

ਜੈਤੋ, 18 ਫਰਵਰੀ (ਸੰਜੀਵ ਗੋਇਲ ਸੰਜੂ): ਸਿਲਵਰ ਓਕਸ ਸਕੂਲ ਸੇਵੇਵਾਲਾ, ਜੈਤੋ ਵੱਲੋਂ ਅਕਾਦਮਿਕ ਸੈਸ਼ਨ 2026-2027 ਲਈ ਦਾਖਲਾ ਲੈਣ ਦੇ ਇੱਛੁਕ ਵਿਦਿਆਰਥੀਆਂ ਲਈ ਸਕਾਲਰਸ਼ਿਪ ਟੈਸਟ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਟੈਸਟ ਐਲਕੇਜੀ ਤੋਂ ਨੌਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਕਰਵਾਇਆ ਜਾ ਰਿਹਾ ਹੈ। ਸਕੂਲ ਪ੍ਰਬੰਧਨ ਅਨੁਸਾਰ ਸਕਾਲਰਸ਼ਿਪ ਟੈਸਟ ਐਤਵਾਰ, 22 ਫਰਵਰੀ ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਸਕੂਲ ਕੈਂਪਸ ਵਿੱਚ ਕਰਵਾਇਆ ਜਾਵੇਗਾ। ਟੈਸਟ ਦੌਰਾਨ ਵਿਦਿਆਰਥੀਆਂ ਦੀ ਜਾਂਚ ਉਨ੍ਹਾਂ ਦੀ ਜਮਾਤ ਅਨੁਸਾਰ ਵਿਸ਼ਿਆਂ ਦੇ ਗਿਆਨ ਦੇ ਆਧਾਰ 'ਤੇ ਕੀਤੀ ਜਾਵੇਗੀ। ਸਕੂਲ ਦਾ ਮਕਸਦ ਮਿਹਨਤੀ ਤੇ ਯੋਗ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨਾ ਤੇ ਉਨ੍ਹਾਂ ਨੂੰ ਗੁਣਵੱਤਾ-ਯੁਕਤ ਸਿੱਖਿਆ ਪ੍ਰਦਾਨ ਕਰਨਾ ਹੈ। ਰੁਚੀ ਰੱਖਣ ਵਾਲੇ ਮਾਪੇ ਆਖਰੀ ਮਿਤੀ 20 ਫਰਵਰੀ ਤੋਂ ਪਹਿਲਾਂ ਆਨਲਾਈਨ ਜਾਂ ਆਫਲਾਈਨ ਮਾਧਿਅਮ ਰਾਹੀਂ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਟੈਸਟ ਵਿੱਚ ਸ਼ਾਮਲ ਹੋਣ ਲਈ ਰਜਿਸਟ੍ਰੇਸ਼ਨ ਕਰਨਾ ਲਾਜ਼ਮੀ ਹੈ ਤੇ ਕਿਸੇ ਵੀ ਸਥਿਤੀ ਵਿੱਚ ਟੈਸਟ ਦੀ ਮਿਤੀ ਮੁੜ ਨਿਰਧਾਰਿਤ ਨਹੀਂ ਕੀਤੀ ਜਾਵੇਗੀ। ਸਿਲੇਬਸ, ਯੋਗਤਾ ਮਾਪਦੰਡ ਤੇ ਸਕਾਲਰਸ਼ਿਪ ਦੇ ਲਾਭਾਂ ਸਬੰਧੀ ਵਧੇਰੇ ਜਾਣਕਾਰੀ ਸਕੂਲ ਦਫ਼ਤਰ ਤੋਂ ਦਫ਼ਤਰੀ ਸਮੇਂ ਦੌਰਾਨ ਪ੍ਰਾਪਤ ਕੀਤੀ ਜਾ ਸਕਦੀ ਹੈ। ਸਕਾਲਰਸ਼ਿਪ ਸਕੂਲ ਦੀ ਨੀਤੀ ਤੇ ਨਿਯਮਾਂ ਅਨੁਸਾਰ ਹੀ ਦਿੱਤੀ ਜਾਵੇਗੀ ਤੇ ਸਕੂਲ ਪ੍ਰਬੰਧਨ ਦਾ ਫੈਸਲਾ ਅੰਤਿਮ ਤੇ ਬਾਧਕ ਹੋਵੇਗਾ। ਵਧੇਰੇ ਜਾਣਕਾਰੀ ਲਈ ਸਕੂਲ ਨਾਲ ਸੰਪਰਕ ਦਿੱਤੇ ਹੋਏ ਨੰਬਰ 81463-33233 'ਤੇ ਕੀਤਾ ਜਾ ਸਕਦਾ ਹੈ।

## ਪਿੰਡ ਲੜੋਆ 'ਚ ਦਵਿੰਦਰ ਦਿਆਲਪੁਰੀ ਨੇ ਲਗਾਈਆਂ ਰੌਣਕਾਂ

ਭੋਗਪੁਰ, 18 ਫਰਵਰੀ (ਜੰਡੀਰ ਸੈਣੀ): ਭੋਗਪੁਰ ਦੇ ਪਿੰਡ ਲੜੋਆ ਵਿਖੇ ਸ਼ਿਵ ਸ਼ਕਤੀ ਬਗਲਾਮੁਖੀ ਧਾਮ ਵਿਖੇ ਸ਼ਿਵਰਾਤਰੀ ਦਾ ਤਿਉਹਾਰ ਬਹੁਤ ਹੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ, ਜਿਸ ਵਿੱਚ ਪਹੁੰਚ ਕੇ ਵਿਸ਼ਵ ਪ੍ਰਸਿੱਧ ਗਾਇਕ ਤੇ ਮੇਲਿਆਂ ਦੇ ਬਾਦਸ਼ਾਹ ਦਲਵਿੰਦਰ ਦਿਆਲਪੁਰੀ ਨੇ ਸ਼ਿਵ ਭੋਲੇ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਮੌਕੇ ਦਲਵਿੰਦਰ ਦਿਆਲਪੁਰੀ ਨੇ ਆਪਣੇ ਭਜਨਾਂ ਰਾਹੀਂ ਸ਼ਿਵ ਸ਼ੰਕਰ ਦੇ ਭਗਤਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ, ਧਾਮ ਵਿਖੇ ਝੰਡੇ ਦੀ ਰਸਮ ਮੁੱਖ ਸੇਵਾਦਾਰ ਹਰਮਿੰਦਰ ਜੀਤ ਸਿੰਘ ਵੱਲੋਂ ਅਦਾ ਕੀਤੀ ਗਈ। ਉਪਰੰਤ ਵੱਖ-ਵੱਖ ਗਾਇਕਾਂ ਵੱਲੋਂ ਸ਼ਿਵਰਾਤਰੀ ਮੌਕੇ ਸ਼ਿਵ ਜੀ ਭਜਨਾਂ ਨਾਲ ਭਗਤਾਂ ਨੂੰ ਮੰਤਰ-ਮੁਗਧ ਕੀਤਾ। ਪ੍ਰਬੰਧਕਾਂ ਨੇ ਹਲਕਾ ਇੰਚਾਰਜ ਪਵਨ ਟੀਨੂ ਤੇ ਹੋਰ ਪਹੁੰਚੇ ਆਗੂਆਂ ਨੂੰ ਸਨਮਾਨਤ ਕੀਤਾ। ਇਸ ਮੌਕੇ 'ਤੇ ਪਵਨ ਕੁਮਾਰ ਟੀਨੂੰ ਹਲਕਾ ਇੰਚਾਰਜ ਆਦਮਪੁਰ, ਰਾਜ ਕੁਮਾਰ ਰਾਜਾ ਪ੍ਰਧਾਨ ਨਗਰ ਕੌਂਸਲ ਭੋਗਪੁਰ, ਜਸਦਿਆਲ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਪਰਮਜੀਤ ਪੰਮਾ, ਬਲਵਿੰਦਰ ਭੰਡਾਰੀ ਤੇ ਹੋਰ ਹਾਜ਼ਰ ਸਨ।



## ਊਧਮ ਸਿੰਘ ਮੈਨੇਜਰ ਯਾਦਗਾਰੀ ਸਨਮਾਨ ਸਮਾਰੋਹ 21 ਨੂੰ

ਮੰਡੀ ਗੋਬਿੰਦਗੜ੍ਹ, 18 ਫਰਵਰੀ (ਸੂਦ): ਜ਼ਿਲ੍ਹਾ ਲਿਖਾਰੀ ਸਭਾ (ਰਜਿ:) ਫਤਹਿਗੜ੍ਹ ਸਾਹਿਬ ਦੀ ਮੀਟਿੰਗ ਸਭਾ ਦੀ ਪ੍ਰਧਾਨ ਪਰਮਜੀਤ ਕੌਰ ਸਰਹਿੰਦ ਦੇ ਗ੍ਰਹਿ ਵਿਖੇ ਹੋਈ, ਜਿਸ ਵਿੱਚ ਸਭਾ ਦੇ ਜਨਰਲ ਸਕੱਤਰ ਹਰਜਿੰਦਰ ਸਿੰਘ ਗੋਪਾਲੋਂ, ਮੀਤ ਪ੍ਰਧਾਨ ਬਲਤੇਜ ਸਿੰਘ ਬਠਿੰਡਾ, ਪ੍ਰੈਸ ਸਕੱਤਰ ਅਮਰਬੀਰ ਸਿੰਘ ਚੀਮਾ ਤੇ ਸੀਨੀਅਰ ਮੈਂਬਰ ਅਜਮੇਰ ਸਿੰਘ ਮਾਨ ਆਦਿ ਸ਼ਾਮਲ ਹੋਏ। ਇਸ ਮੌਕੇ 28 ਮਾਰਚ 2024 ਨੂੰ ਸ੍ਰ. ਊਧਮ ਸਿੰਘ ਮੈਨੇਜਰ ਦੀ ਹੋਈ ਮੌਤ ਨੂੰ ਮੁੱਖ ਰੱਖ ਕੇ ਉਨ੍ਹਾਂ ਦੀ ਯਾਦ ਵਿੱਚ ਸਨਮਾਨ ਸਮਾਰੋਹ 21 ਫਰਵਰੀ ਨੂੰ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ, ਜਿਸ ਵਿੱਚ ਚਾਰ ਸਾਹਿਤਕਾਰਾਂ ਨੂੰ ਪਰਿਵਾਰ ਤੇ ਸਭਾ ਵੱਲੋਂ ਸਨਮਾਨਤ ਕੀਤਾ ਜਾਵੇਗਾ ਜਿਨ੍ਹਾਂ ਵਿੱਚ ਉਘੀ ਲੇਖਿਕਾ ਪਰਮਜੀਤ ਪਰਮ ਚੰਡੀਗੜ੍ਹ ਤੇ ਉਘੇ ਗੀਤਕਾਰ ਹਰਜਿੰਦਰ ਸਿੰਘ ਗੋਪਾਲੋਂ ਨੂੰ ਪਹਿਲਾ, ਦੂਜਾ ਯਾਦਗਾਰੀ ਸਨਮਾਨ ਨਾਮੀ ਸ਼ਾਇਰ ਬਚਨ ਸਿੰਘ ਗੁਰਮ, ਪ੍ਰਸਿੱਧ ਗ਼ਜ਼ਲਗੋ ਅਵਤਾਰ ਸਿੰਘ ਪੁਆਰ ਪਿਲਖਣੀ ਰਾਜਪੁਰਾ ਨੂੰ ਦਿੱਤਾ ਜਾਵੇਗਾ। ਸਮਾਗਮ ਲਈ ਸਵਰਗੀ ਊਧਮ ਸਿੰਘ ਦੇ ਪਰਿਵਾਰ ਤੋਂ ਇਲਾਵਾ ਵਿਦੇਸ਼ ਤੋਂ ਉਨ੍ਹਾਂ ਦੀਆਂ ਦੋਵੇਂ ਧੀਆਂ ਵੀ ਵਿਸ਼ੇਸ਼ ਯੋਗਦਾਨ ਦੇ ਰਹੀਆਂ ਹਨ। ਸਮਾਗਮ ਦੀ ਪ੍ਰਧਾਨਗੀ ਸ਼੍ਰੋਮਣੀ ਕਵੀ ਦਰਸ਼ਨ ਬੁੱਟਰ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਕਰਨਗੇ, ਜਦੋਂ ਕਿ ਮੁੱਖ-ਮਹਿਮਾਨ ਵਜੋਂ ਦਿਲਮੇਘ ਸਿੰਘ ਸਾਬਕਾ ਸਕੱਤਰ ਸ਼੍ਰੋਮਣੀ ਕਮੇਟੀ ਸ਼ਿਰਕਤ ਕਰਨਗੇ। ਮੁੱਖ ਵਕਤਾ ਕਰਨੈਲ ਸਿੰਘ ਪੀਰ ਮੁਹੰਮਦ ਹੋਣਗੇ, ਜਦੋਂ ਕਿ ਪ੍ਰਿਤਪਾਲ ਸਿੰਘ ਜੱਸੀ ਵਿਸ਼ੇਸ਼ ਮਹਿਮਾਨ ਹੋਣਗੇ।

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਵਿਧਾਇਕ ਨੇ ਵਾਰਡ ਨੰਬਰ 5 'ਚ ਪਹੁੰਚ ਕੇ ਬਣ ਰਹੇ ਕਾਰਡਾਂ ਦਾ ਜਾਇਜ਼ਾ ਲਿਆ

ਫ਼ਿਰੋਜ਼ਪੁਰ, 18 ਫਰਵਰੀ (ਤਿਵਾੜੀ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਾਸੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ, ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਮਹੱਤਵਪੂਰਨ ਯੋਜਨਾ ਨਾਲ ਪੰਜਾਬ ਦੇ ਹਰ ਵਰਗ ਦੇ ਲੋਕਾਂ ਨੂੰ ਵੱਡਾ ਲਾਭ ਮਿਲੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਫਿਰੋਜ਼ਪੁਰ ਸ਼ਹਿਰ ਦੇ ਵਾਰਡ ਨੰਬਰ 5 ਵਿੱਚ ਪਹੁੰਚ ਕੇ ਬਣ ਰਹੇ ਕਾਰਡਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ। ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਇਹ ਸਿਹਤ ਬੀਮਾ ਕਾਰਡ ਪੰਜਾਬ ਦੇ ਹਰ ਵਾਸੀ ਲਈ ਲਾਭਕਾਰੀ ਸਾਬਤ ਹੋਵੇਗਾ। ਇਸ ਕਾਰਡ ਰਾਹੀਂ ਸਰਕਾਰੀ ਹੀ ਨਹੀਂ ਸਗੋਂ ਨਿੱਜੀ ਹਸਪਤਾਲਾਂ ਵਿੱਚ ਵੀ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ ਤਾਂ ਜੋ ਕੋਈ ਵੀ ਵਿਅਕਤੀ ਆਰਥਿਕ ਤੰਗੀ ਕਾਰਨ ਇਲਾਜ ਤੋਂ ਵਾਂਝਾ ਨਾ ਰਹੇ। ਉਨ੍ਹਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿਹਤ ਖੇਤਰ ਵਿੱਚ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ, ਜੋ ਸੂਬੇ ਦੇ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਸਿਹਤ ਬੀਮਾ ਕਾਰਡ ਜ਼ਰੂਰ ਬਣਵਾਉਣ।



## ਵਿਧਾਇਕ ਭੁੱਲਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੰਮ੍ਰਿਤਸਰ ਲਈ ਛੇਵੀਂ ਬੱਸ ਰਵਾਨਾ

ਫ਼ਿਰੋਜ਼ਪੁਰ, 18 ਫਰਵਰੀ (ਤਿਵਾੜੀ): ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਅੱਜ ਫਿਰੋਜ਼ਪੁਰ ਸ਼ਹਿਰੀ ਹਲਕੇ ਤੋਂ ਸ਼ਰਧਾਲੂਆਂ ਦੀ ਛੇਵੀਂ ਬੱਸ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਹ ਬੱਸ ਸ੍ਰੀ ਅੰਮ੍ਰਿਤਸਰ ਸਾਹਿਬ ਤੇ ਨੇੜਲੇ ਪ੍ਰਸਿੱਧ ਧਾਰਮਿਕ ਤੇ ਇਤਿਹਾਸਕ ਸਥਾਨਾਂ ਦੇ ਦਰਸ਼ਨਾਂ ਲਈ ਭੇਜੀ ਗਈ ਹੈ। ਇਸ ਮੌਕੇ ਵਿਧਾਇਕ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਇਸ ਯੋਜਨਾ ਦਾ ਮਕਸਦ ਲੋਕਾਂ ਨੂੰ ਸੁਵਿਧਾਜਨਕ ਤੇ ਮੁਫ਼ਤ ਤੀਰਥ ਯਾਤਰਾ ਦੀ ਸਹੂਲਤ ਪ੍ਰਦਾਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਬੱਸ ਰਾਹੀਂ ਸ਼ਰਧਾਲੂ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ ਤੇ ਭਗਵਾਨ ਵਾਲਮੀਕਿ ਤੀਰਥ ਸਥਲ ਦੇ ਦਰਸ਼ਨ ਕਰਨਗੇ। ਇਸ ਦੇ ਨਾਲ-ਨਾਲ ਯਾਤਰੀਆਂ ਨੂੰ ਜਲਿਆਂਵਾਲਾ ਬਾਗ, ਪਾਰਟੀਸ਼ਨ ਮਿਊਜ਼ੀਅਮ ਤੇ ਵਾਹਗਾ ਬਾਰਡਰ ਵਿਖੇ ਰੀਟਰੀਟ ਸਮਾਰੋਹ ਵੀ ਵੇਖਣ ਦਾ ਮੌਕਾ ਮਿਲੇਗਾ। ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਇਹ ਯੋਜਨਾ ਵਿਸ਼ੇਸ਼ ਤੌਰ 'ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਤੇ ਸੀਨੀਅਰ ਨਾਗਰਿਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖ ਕੇ ਸ਼ੁਰੂ ਕੀਤੀ ਗਈ ਹੈ। ਯਾਤਰਾ ਦੌਰਾਨ ਆਵਾਜਾਈ, ਰਹਿਣ-ਸਹਿਣ, ਭੋਜਨ ਤੇ ਹੋਰ ਲੋੜੀਂਦੀਆਂ ਸਹੂਲਤਾਂ ਸਰਕਾਰ ਵੱਲੋਂ ਮੁਫ਼ਤ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਯਾਤਰਾ 'ਤੇ ਜਾਣ ਵਾਲੇ ਸਮੂਹ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।



# ਲੁਧਿਆਣਾ ਪ੍ਰਦਰਸ਼ਨੀ ਕੇਂਦਰ, ਸਾਹਨੇਵਾਲ 'ਚ 20 ਤੋਂ 23 ਫਰਵਰੀ ਤੱਕ ਹੋਵੇਗਾ ਮੈਕ ਆਟੋ ਐਕਸਪੋ ਦਾ 15ਵਾਂ ਐਡੀਸ਼ਨ

## *13 ਤੋਂ ਵੱਧ ਦੇਸ਼ਾਂ ਤੋਂ 650 ਤੋਂ ਵੱਧ ਪ੍ਰਤੀਭਾਗੀ ਲੈਣਗੇ ਹਿੱਸਾ, 50 ਹਜ਼ਾਰ ਤੋਂ ਵੱਧ ਵਿਜੀਟਰਾਂ ਦੇ ਪਹੁੰਚਣ ਦੀ ਉਮੀਦ*




ਸਾਹਨੇਵਾਲ/ਕੁਹਾੜਾ, 18 ਫਰਵਰੀ (ਕੁਲਦੀਪ ਸਿੰਘ ਕੁਹਾੜਾ) : ਲੁਧਿਆਣਾ ਦਿੱਲੀ ਹਾਈਵੇਅ 'ਤੇ ਬਣੇ ਲੁਧਿਆਣਾ ਐਗਜੀਵੇਸ਼ਨ ਸੈਂਟਰ ਦੇ ਵਿਹੜੇ ਵਿੱਚ ਮਸ਼ੀਨ ਟੂਲਸ ਅਤੇ ਆਟੋਮੇਸ਼ਨ ਟੈਕਨੋਲੋਜੀ ਵਿੱਚ ਇੰਡੀਆ ਦੀ ਪ੍ਰਮੁੱਖ ਪ੍ਰਦਰਸ਼ਨੀ ਮੈਕ ਆਟੋ ਐਕਸਪੋ ਦੇ 15ਵੇਂ ਐਡੀਸ਼ਨ ਦਾ 20 ਤੋਂ 23 ਫਰਵਰੀ, ਤੱਕ ਲੁਧਿਆਣਾ ਪ੍ਰਦਰਸ਼ਨੀ ਮੇਲਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਅੱਜ ਲੁਧਿਆਣਾ ਦੇ ਪਾਰਕ ਪਲਾਜ਼ਾ ਹੋਟਲ ਵਿਖੇ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਅਯੋਜਕਾਂ ਵੱਲੋਂ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।

ਜ਼ਿਕਰਯੋਗ ਹੈ ਕਿ ਉਡਾਨ ਮੀਡੀਆ ਐਂਡ ਕਮਿਊਨੀਕੇਸ਼ਨਜ਼ ਪ੍ਰਾਈਵੇਟ ਲਿਮਿਟਡ ਵੱਲੋਂ ਆਯੋਜਿਤ ਮੈਕ ਆਟੋ ਐਕਸਪੋ 2026 ਭਾਰਤ ਦੇ ਪ੍ਰਮੁੱਖ ਉਦਯੋਗਿਕ ਕੇਂਦਰਾਂ ਵਿੱਚੋਂ ਇੱਕ ਲੁਧਿਆਣਾ ਨੂੰ ਹੋਰ ਮਜ਼ਬੂਤ ਸਥਾਨ ਦਿਵਾਉਂਦੀ ਹੋਈ। ਜਿੱਥੇ ਦੇਸ਼ ਅਤੇ ਵਿਦੇਸ਼ ਦੇ ਪ੍ਰਮੁੱਖ ਨਿਰਮਾਤਾਵਾਂ, ਸਪਲਾਇਰਾਂ, ਟੈਕਨਾਲੋਜੀ ਪ੍ਰਦਾਤਾਵਾਂ, ਉਦਯੋਗਿਕ ਖਰੀਦਦਾਰਾਂ, ਐਮ.ਐਸ.ਐਮ.ਈ, ਓ.ਈ.ਐਮ. ਅਤੇ ਟ੍ਰੇਡ ਵਿਜ਼ਿਟਰਾਂ ਨੂੰ ਇੱਕ ਛੱਤ ਹੇਠ ਇਕੱਠਾ ਹੋਣ ਦਾ ਮੌਕਾ ਮਿਲੇਗਾ।ਇਹ ਪ੍ਰਦਰਸ਼ਨੀ ਨਵੀਨਤਾ, ਕਾਰੋਬਾਰੀ ਨੈੱਟਵਰਕਿੰਗ ਅਤੇ ਤਕਨੀਕੀ ਤਰੱਕੀ ਲਈ ਇੱਕ ਗਤੀਸ਼ੀਲ ਮੰਚ ਸਾਬਤ ਹੋਵੇਗੀ।

ਇਸ ਤੋਂ ਇਲਾਵਾ, ਐਕਸਪੋ ਵਿੱਚ ਮਸ਼ੀਨ ਟੂਲਜ਼ ਅਤੇ ਆਟੋਮੇਸ਼ਨ ਟੈਕਨਾਲੋਜੀ ਨਾਲ ਸੰਬੰਧਿਤ ਵਿਸ਼ਾਲ ਸ਼੍ਰੇਣੀਆਂ ਸ਼ਾਮਲ ਹੋਣਗੀਆਂ। ਜਿਵੇਂ ਕਿ ਸੀਐਨਸੀ ਮਸ਼ੀਨਾਂ, ਵੀਐਮਸੀ, ਐਚਐਮਸੀ, ਟਰਨਿੰਗ ਸੈਂਟਰ, ਗ੍ਰਾਈਂਡਿੰਗ ਅਤੇ ਫਿਨਿਸ਼ਿੰਗ ਮਸ਼ੀਨਰੀ, ਕੱਟਿੰਗ ਟੂਲਜ਼, ਇੰਡਸਟਰੀਅਲ ਰੋਬੋਟਿਕਸ, ਫੈਕਟਰੀ ਆਟੋਮੇਸ਼ਨ ਸਿਸਟਮ, ਮਟੀਰੀਅਲ ਹੈਂਡਲਿੰਗ ਹੱਲ, ਵੈਲਡਿੰਗ ਅਤੇ ਫੈਬ੍ਰਿਕੇਸ਼ਨ ਟੈਕਨਾਲੋਜੀ, ਨਿਊਮੈਟਿਕ ਅਤੇ ਹਾਈਡ੍ਰੌਲਿਕ ਸਿਸਟਮ, ਇੰਡਸਟਰੀਅਲ ਇਲੈਕਟ੍ਰਾਨਿਕਸ, ਸਮਾਰਟ ਮੈਨੂਫੈਕਚਰਿੰਗ ਹੱਲ, ਇੰਡਸਟਰੀ 4.0 ਟੈਕਨਾਲੋਜੀ, 19-ਆਧਾਰਿਤ ਆਟੋਮੇਸ਼ਨ ਸਿਸਟਮ ਅਤੇ ਪ੍ਰਿਸੀਜ਼ਨ ਇੰਜੀਨੀਅਰਿੰਗ ਉਪਕਰਨ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਹੋਣਗੇ। ਦਰਸ਼ਕ ਲਾਈਵ ਡੈਮੋਨਸਟ੍ਰੇਸ਼ਨ, ਨਵੇਂ ਉਤਪਾਦਾਂ ਦੀ ਲਾਂਚਿੰਗ ਅਤੇ ਅਗਲੀ ਪੀੜ੍ਹੀ ਦੀ ਉਤਪਾਦਨ ਟੈਕਨਾਲੋਜੀ ਨੂੰ ਦੇਖ ਸਕਣਗੇ, ਜਿਹੜੀ ਉਤਪਾਦਕਤਾ ਅਤੇ ਦੱਖਲਤਾ ਵਧਾਉਣ ਲਈ ਤਿਆਰ ਕੀਤੀ ਗਈ ਹੈ।

ਇਸ ਮੌਕੇ ਚੈਂਬਰ ਆਫ ਇੰਡਸਟਰੀਅਲ ਐਂਡ ਕਮਰਸ਼ੀਅਲ ਅੰਡਰਟੇਕਿੰਗ (ਸੀਆਈਸੀਯੂ) ਦੇ ਪ੍ਰਧਾਨ ਉਪਕਾਰ ਸਿੰਘ ਆਹੂਜਾ ਨੇ ਇਸ ਵਾਰ ਪਰਦਰਸ਼ਨੀ ਦਾ ਪਿਛਲੀ ਵਾਰ ਤੋਂ ਵੀ ਹੋਰ ਬਿਹਤਰ ਤਰੀਕੇ ਨਾਲ ਆਯੋਜਨ ਕੀਤਾ । ਇਸ ਵਿੱਚ 13 ਤੋਂ ਵੱਧ ਦੇਸ਼ਾਂ ਤੋਂ ਪ੍ਰਤਿਨਿਧੀ ਆਪਣੀਆਂ ਉੱਨਤ ਤਕਨੀਕਾਂ ਲੈ ਕੇ ਸ਼ਾਮਲ ਹੋਣਗੇ। ਉਹਨਾਂ ਦੱਸਿਆ ਕਿ ਮੌਜੂਦਾ ਹਾਲਾਤਾਂ ਵਿੱਚ ਹੁਣ ਭਾਰਤ ਵਿੱਚ ਉਦਯੋਗਿਕ ਤਰੱਕੀ ਲਈ ਕਾਫੀ ਅਹਿਮ ਸਮਾਂ ਹੈ, ਜਦੋਂ ਭਾਰਤ ਅਤੇ ਯੂਰੋਪੀਅਨ ਯੂਨੀਅਨ ਵਿਚਾਲੇ ਹੋਏ ਐਫਟੀਏ, ਜੀਐਸਟੀ ਦੀਆਂ ਦਰਾਂ ਵਿੱਚ ਕਮੀ, ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਇਨਵੈਸਟ ਪੰਜਾਬ ਅਤੇ ਨਵੀਆਂ ਤਕਨੀਕਾਂ ਦੇ ਆਮਦ ਨਾਲ ਉਦਯੋਗਿਕ ਤਰੱਕੀ ਲਈ ਮੌਕੇ ਹੋਰ ਵੀ ਵੱਧ ਗਏ ਹਨ।

ਉਨ੍ਹਾਂ ਨੇ ਇਹ ਵੀ ਕਿਹਾ ਕਿ ਇੰਡਸਟਰੀ ਨੂੰ ਭਵਿੱਖ ਦੀਆਂ ਚੁਣੌਤੀਆਂ 'ਤੇ ਕਾਬੂ ਪਾਉਣ ਲਈ ਆਪਣੀ ਉਤਪਾਦਨ ਲਾਗਤ ਨੂੰ ਘੱਟ ਕਰਨ ਦੀ ਲੋੜ ਹੈ। ਪਰਦਰਸ਼ਨੀ ਵਿੱਚ ਆਧੁਨਿਕ ਸੀਐਨਸੀ, ਵੀਐਨਸੀ ਮਸ਼ੀਨਾਂ, ਰੋਬਟ ਲੇਜ਼ਰ ਕਟਿੰਗ ਵਰਗੀਆਂ ਆਧੁਨਿਕ ਤਕਨੀਕਾਂ ਇੰਡਸਟਰੀ ਸਾਹਮਣੇ ਆਉਣਗੀਆਂ। ਉਹਨਾਂ ਨੂੰ ਉਮੀਦ ਹੈ ਕਿ ਇਸ ਪ੍ਰਦਰਸ਼ਨੀ ਦੌਰਾਨ 1,000 ਕਰੋੜ ਰੁਪਏ ਤੋਂ ਵੱਧ ਦਾ ਕਾਰੋਬਾਰ ਹੋਵੇਗਾ ਅਤੇ ਇਹ ਉੱਤਰ ਭਾਰਤ ਦੀ ਸਭ ਤੋਂ ਵੱਡੀ ਪ੍ਰਦਰਸ਼ਨੀ ਸਾਬਤ ਹੋਵੇਗੀ।

ਐਸੋਸੀਏਸ਼ਨ ਆਫ ਲੁਧਿਆਣਾ ਮਸ਼ੀਨ ਟੂਲਸ ਇੰਡਸਟਰੀਜ਼ (ਏਐਲਐਮਟੀਆਈ) ਦੇ ਪ੍ਰਧਾਨ ਤਰਲੋਚਨ ਸਿੰਘ ਨੇ ਦੱਸਿਆ ਕਿ ਇਸ ਪ੍ਰਦਰਸ਼ਨ ਦੇ ਦੌਰਾਨ ਦੇਸ਼ ਵਿਦੇਸ਼ ਤੋਂ ਨਿਰਮਾਤਾ ਆਪਣੀਆਂ ਆਧੁਨਿਕ ਮਸ਼ੀਨਾਂ ਲੈ ਕੇ ਪਹੁੰਚ ਰਹੇ ਹਨ। ਇਸ ਪੱਧਰ ਦੀ ਪ੍ਰਦਰਸ਼ਨੀ ਮਸ਼ੀਨਰੀ ਅਤੇ ਟੂਲਸ ਉਦਯੋਗ ਵਾਸਤੇ ਬਹੁਤ ਅਹਿਮ ਹੈ। ਪ੍ਰਦਰਸ਼ਨੀ ਦੌਰਾਨ ਦੇਸ਼ ਅਤੇ ਵਿਦੇਸ਼ ਤੋਂ 650 ਤੋਂ ਵੱਧ ਪ੍ਰਤੀਭਾਗੀ ਹਿੱਸਾ ਲੈਣਗੇ। ਇੱਥੇ ਪੰਜਾਬ ਅਤੇ ਉੱਤਰ ਭਾਰਤ ਤੋ ਵਿਜਿਟਰਾਂ ਅਤੇ ਉਦੋਗਿਕ ਇੰਸਟੀਚਿਊਟਾਂ ਤੋਂ ਨੁਮਾਇੰਦਿਆਂ ਦੇ ਪਹੁੰਚਣ ਦੀ ਉਮੀਦ ਹੈ। ਇਹ ਮੌਕਾ ਭਵਿੱਖ ਵਿੱਚ ਇੰਡਸਟਰੀ ਦੀ ਤਰੱਕੀ ਲਈ ਰਾਹ ਪੱਧਰਾ ਕਰੇਗਾ।

ਉਡਾਨ ਮੀਡੀਆ ਅਤੇ ਕਮਿਊਨੀਕੇਸ਼ਨ ਪ੍ਰਾਈਵੇਟ ਲਿਮਿਟਿਡ ਦੇ ਐਮ.ਡੀ. ਜੀ.ਐਸ ਢਿੱਲੋਂ ਨੇ ਕਿਹਾ ਕਿ ਮੈਕ ਆਟੋ ਪ੍ਰਦਰਸ਼ਨੀ ਦਾ ਇਹ 15ਵਾਂ ਅਡੀਸ਼ਨ ਪਿਛਲੇ ਸਾਲਾਂ ਨਾਲੋਂ ਕਈ ਗੁਣਾ ਬਿਹਤਰ ਰਹੇਗਾ। ਪ੍ਰਦਰਸ਼ਨ ਦੇ ਦੌਰਾਨ ਦੇਸ਼-ਵਿਦੇਸ਼ ਤੋਂ 50 ਹਜ਼ਾਰ ਤੋਂ ਵੱਧ ਵਿਜ਼ਿਟਰਾਂ ਦੇ ਪਹੁੰਚਣ ਦੀ ਉਮੀਦ ਹੈ। ਇਹ ਪ੍ਰਦਰਸ਼ਨੀ 1,000 ਕਰੋੜ ਰੁਪਏ ਤੋਂ ਵੱਧ ਦੇ ਕਾਰੋਬਾਰ ਦੀ ਗਵਾਹ ਬਣੇਗੀ ਅਤੇ ਤਕਨੀਕੀ ਵਿਕਾਸ ਦੀ ਦਿਸ਼ਾ ਵਿੱਚ ਮੀਲ ਦਾ ਪੱਥਰ ਸਾਬਿਤ ਹੋਵੇਗੀ।

ਮੈਕ ਆਟੋ ਐਕਸਪੋ 2026 ਵਿੱਚ ਦੇਸ਼-ਵਿਦੇਸ਼ ਤੋਂ ਹਜ਼ਾਰਾਂ ਟ੍ਰੇਡ ਵਿਜ਼ਿਟਰਾਂ ਦੇ ਪਹੁੰਚਣ ਦੀ ਉਮੀਦ ਹੈ, ਜਿਨ੍ਹਾਂ ਵਿੱਚ ਆਟੋਮੋਟਿਵ, ਸਾਈਕਲ, ਖੇਤੀਬਾੜੀ ਮਸ਼ੀਨਰੀ, ਆਟੋ ਕਮਪੋਨੈਂਟਸ, ਫੈਬ੍ਰਿਕੇਸ਼ਨ, ਕਾਸਟਿੰਗ, ਫੋਰਜਿੰਗ ਅਤੇ ਹੈਵੀ ਇੰਜੀਨੀਅਰਿੰਗ ਖੇਤਰਾਂ ਦੇ ਫੈਸਲਾ ਕਰਨ ਵਾਲੇ ਪ੍ਰਮੁੱਖ ਹਿੱਸੇਦਾਰ ਸ਼ਾਮਲ ਹੋਣਗੇ। ਇਹ ਪ੍ਰਦਰਸ਼ਨੀ ਸ਼ਾਨਦਾਰ ਨੈੱਟਵਰਕਿੰਗ ਦੇ ਮੌਕਿਆਂ, ਰਣਨੀਤਿਕ ਸਾਂਝੇਦਾਰੀਆਂ ਅਤੇ ਉਤਪਾਦਨ ਦੇ ਭਵਿੱਖ ਨੂੰ ਆਕਾਰ ਦੇਣ ਵਾਲੀਆਂ ਨਵੀਆਂ ਤਕਨੀਕੀ ਤਰੱਕੀਆਂ ਤੱਕ ਪਹੁੰਚ ਪ੍ਰਦਾਨ ਕਰੇਗੀ।

ਜਿਵੇਂ ਲੁਧਿਆਣਾ ਇਸ ਵਿਸ਼ਾਲ ਉਦਯੋਗਿਕ ਸਮਾਗਮ ਦੀ ਤਿਆਰੀ ਕਰ ਰਿਹਾ ਹੈ, ਮੈਚਆਟੋ ਐਕਸਪੋ 2026 ਖੇਤਰ ਦੀ ਉਤਪਾਦਨ ਮਹਾਨਤਾ ਅਤੇ ਭਵਿੱਖ-ਦ੍ਰਿਸ਼ਟੀ ਦਾ ਪ੍ਰਤੀਕ ਬਣ ਕੇ ਉੱਭਰਦਾ ਹੈ। ਉਦਯੋਗ ਨਾਲ ਜੁੜੇ ਸਾਰੇ ਹਿੱਸੇਦਾਰਾਂ, ਉਦਯੋਗਪਤੀਆਂ, ਇੰਜੀਨੀਅਰਾਂ ਅਤੇ ਕਾਰੋਬਾਰੀਆਂ ਨੂੰ ਅਪੀਲ ਹੈ ਕਿ ਉਹ 20 ਤੋਂ 23 ਫਰਵਰੀ, 2026 ਤੱਕ ਲੁਧਿਆਣਾ ਪ੍ਰਦਰਸ਼ਨੀ ਕੇਂਦਰ, ਸਾਹਨੇਵਾਲ ਵਿੱਚ ਇਸ ਸ਼ਾਨਦਾਰ ਅਨੁਭਵ ਦਾ ਹਿੱਸਾ ਬਣਨ ਲਈ ਜ਼ਰੂਰ ਪਹੁੰਚਣ।

# ਭਗਵੰਤ ਮਾਨ ਸਰਕਾਰ ਨੇ 'ਸਿੱਖਿਆ ਕ੍ਰਾਂਤੀ' ਨੂੰ ਹੋਰ ਮਜ਼ਬੂਤ ਕਰਨ ਲਈ ਸਖ਼ਤ ਜਵਾਬਦੇਹੀ ਕੀਤੀ ਤੈਅ

## *6 ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਕੀਤੇ ਜਾਰੀ*



ਚੰਡੀਗੜ੍ਹ/ਲੁਧਿਆਣਾ,18 ਫਰਵਰੀ (ਵਿਸ਼ਾਲ ਸ਼ਰਮਾ): ਵਿੱਦਿਅਕ ਮਿਆਰਾਂ ਨੂੰ ਹੋਰ ਬਿਹਤਰ ਬਣਾਉਣ ਪ੍ਰਤੀ ਆਪਣੀ ਦ੍ਰਿੜ੍ਹ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਮਾਛੀਵਾੜਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਕੀਤੇ ਗਏ ਅਚਨਚੇਤ ਨਿਰੀਖਣ ਦੌਰਾਨ ਸਾਹਮਣੇ ਆਈਆਂ ਗੰਭੀਰ ਖਾਮੀਆਂ ਸਬੰਧੀ ਫੌਰੀ ਅਤੇ ਫ਼ੈਸਲਾਕੁੰਨ ਕਾਰਵਾਈ ਕੀਤੀ ਗਈ ਹੈ। ਇਸ ਦੌਰੇ ਦੌਰਾਨ, ਪੰਜਾਬ ਦੇ ਸਿੱਖਿਆ ਮੰਤਰੀ ਨੇ ਸਕੂਲ ਪ੍ਰਬੰਧਨ ਵਿੱਚ ਕਮੀਆਂ ਸਾਹਮਣੇ ਆਈਆਂ ਅਤੇ ਵਿਦਿਆਰਥੀਆਂ ਨੂੰ ਮੁੱਢਲੀ ਸਿੱਖਿਆ ਨਾਲ ਜੂਝਦੇ ਦੇਖਿਆ, ਜਿਸ ਕਾਰਨ ਤੁਰੰਤ ਸੁਧਾਰਾਤਮਕ ਉਪਾਅ ਕੀਤੇ ਗਏ। ਪੰਜਾਬ ਸਕੂਲ ਸਿੱਖਿਆ ਵਿਭਾਗ ਨੇ ਬਾਅਦ ਵਿੱਚ ਛੇ ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ, ਜਿਨ੍ਹਾਂ ਵਿੱਚ ਬੀ.ਆਰ.ਸੀ., ਮੁੱਖ ਅਧਿਆਪਕ, ਇੱਕ ਐਸੋਸੀਏਟ ਅਧਿਆਪਕ, ਤਿੰਨ ਈ.ਟੀ.ਟੀ. ਅਧਿਆਪਕ ਅਤੇ ਇੱਕ ਆਈ.ਈ.ਏ.ਟੀ. ਅਧਿਆਪਕ ਸ਼ਾਮਲ ਹਨ। ਇਹ ਕਾਰਵਾਈ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਵਿੱਚ ਵਿੱਢੀ ਗਈ 'ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸਿੱਖਣ ਦੇ ਨਤੀਜਿਆਂ ਨੂੰ ਹੋਰ ਬਿਹਤਰ ਬਣਾਉਣ 'ਤੇ ਧਿਆਨ ਕੇਂਦਰਿਤ ਕਰਨ ਦਾ ਪ੍ਰਤੱਖ ਪ੍ਰਮਾਣ ਹੈ। ਲਾਪਰਵਾਹੀ ਜਾਂ ਕੁਤਾਹੀ ਪ੍ਰਤੀ ਜ਼ੀਰੋ-ਸਹਿਣਸ਼ੀਲਤਾ ਵਾਲੀ ਪਹੁੰਚ ਦੀ ਪੁਸ਼ਟੀ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਜ਼ੋਰ ਦੇ ਕੇ ਕਿਹਾ ਕਿ ਸਿੱਖਿਆ ਭਗਵੰਤ ਮਾਨ ਸਰਕਾਰ ਲਈ ਪ੍ਰਮੁੱਖ ਤਰਜੀਹ ਹੈ ਅਤੇ ਇਹ ਯਕੀਨੀ ਬਣਾਉਣ ਲਈ ਹਰ ਪੱਧਰ 'ਤੇ ਜਵਾਬਦੇਹੀ ਲਾਜ਼ਮੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮਿਲ ਸਕੇ। ਇਨ੍ਹਾਂ ਕੁਤਾਹੀਆਂ 'ਤੇ ਸਖ਼ਤ ਨਾਰਾਜ਼ਗੀ ਪ੍ਰਗਟ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ, ਛੋਟੀ ਤੋਂ ਛੋਟੀ ਲਾਪਰਵਾਹੀ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਬੱਚਿਆਂ ਦਾ ਭਵਿੱਖ ਕਲਾਸਰੂਮਾਂ ਵਿੱਚ ਸਿਰਜਿਆ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲਈ ਸਿੱਖਿਆ ਸਭ ਤੋਂ ਮਹੱਤਵਪੂਰਨ ਹੈ ਅਤੇ ਡਿਊਟੀ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸਾਡੇ ਲਈ ਸਾਡੇ ਬੱਚਿਆਂ ਦੀ ਸਿੱਖਿਆ ਤੋਂ ਵੱਧ ਮਹੱਤਵਪੂਰਨ ਕੁਝ ਨਹੀਂ ਹੈ। ਜੇਕਰ ਕੋਈ ਵੀ ਅਧਿਆਪਕ ਡਿਊਟੀ ਵਿੱਚ ਕੁਤਾਹੀ ਜਾਂ ਅਣਗਹਿਲੀ ਵਰਤਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਅੱਜ ਇਸ ਪ੍ਰਾਇਮਰੀ ਸਕੂਲ ਦੇ ਸਾਰੇ ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ। ਵਿਦਿਆਰਥੀਆਂ ਦੀ ਸਿੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।

# ਡੀ.ਸੀ. ਨੇ ਸਕੂਲਾਂ ਦਾ ਆਡਿਟ ਕਰਨ ਲਈ ਉੱਚ-ਪੱਧਰੀ ਨਿਰੀਖਣ ਕਮੇਟੀ ਬਣਾਈ




ਲੁਧਿਆਣਾ, 18 ਫਰਵਰੀ (ਵਿਸ਼ਾਲ ਸ਼ਰਮਾ): ਜ਼ਿਲ੍ਹੇ ਭਰ ਦੇ ਪ੍ਰਾਈਵੇਟ, ਗੈਰ-ਸਹਾਇਤਾ ਪ੍ਰਾਪਤ ਅਤੇ ਮਾਨਤਾ ਪ੍ਰਾਪਤ ਸਕੂਲਾਂ ਵੱਲੋਂ ਸਰਕਾਰੀ ਨਿਰਦੇਸ਼ਾਂ ਦੀ ਉਲੰਘਣਾ ਬਾਰੇ ਮਾਪਿਆਂ, ਵਿਦਿਆਰਥੀਆਂ ਅਤੇ ਸਮਾਜਿਕ ਸੰਗਠਨਾਂ ਦੀਆਂ ਸ਼ਿਕਾਇਤਾਂ ਦਾ ਗੰਭੀਰ ਨੋਟਿਸ ਲੈਂਦੇ ਹੋਏ, ਜ਼ਿਲ੍ਹਾ ਮੈਜਿਸਟ੍ਰੇਟ ਲੁਧਿਆਣਾ ਹਿਮਾਂਸ਼ੂ ਜੈਨ ਨੇ ਬੁੱਧਵਾਰ ਨੂੰ ਇੱਕ ਉੱਚ-ਪੱਧਰੀ ਨਿਰੀਖਣ ਕਮੇਟੀ ਦਾ ਗਠਨ ਕੀਤਾ ਜਿਸ ਨੂੰ ਸਕੂਲਾਂ ਦਾ ਨਿਯਮਤ ਅਤੇ ਸੰਪੂਰਨ ਆਡਿਟ ਕਰਨ ਦਾ ਕੰਮ ਸੌਂਪਿਆ ਗਿਆ ਹੈ।

ਵਧੀਕ ਡਿਪਟੀ ਕਮਿਸ਼ਨਰ (ਜਨਰਲ) ਲੁਧਿਆਣਾ ਦੀ ਪ੍ਰਧਾਨਗੀ ਵਾਲੀ ਇਸ ਕਮੇਟੀ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ), ਸੀ.ਐੱਮ.ਐੱਫ.ਓ ਅਤੇ ਡਿਪਟੀ ਕੰਟਰੋਲਰ ਵਿੱਤ ਤੇ ਲੇਖਾ (ਡੀ.ਸੀ.ਐੱਫ.ਏ) ਸ਼ਾਮਲ ਹਨ। ਇਹ ਕਮੇਟੀ ਸਿੱਧੀ ਜ਼ਿਲ੍ਹਾ ਮੈਜਿਸਟ੍ਰੇਟ ਨੂੰ ਰਿਪੋਰਟ ਕਰੇਗੀ।

ਇਸ ਸਬੰਧੀ ਸਾਰੇ ਪ੍ਰਾਈਵੇਟ ਸਕੂਲਾਂ ਨੂੰ ਲਾਜ਼ਮੀ ਦਿਸ਼ਾ-ਨਿਰਦੇਸ਼ਾਂ ਦੀ ਤੁਰੰਤ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਦਾਖਲਾ ਅਤੇ ਈ.ਡਬਲਯੂ.ਐੱਸ. ਅਧਿਕਾਰ: ਆਰ.ਟੀ.ਈ ਐਕਟ 2009 ਦੇ ਤਹਿਤ, ਸਕੂਲਾਂ ਨੂੰ ਈ.ਡਬਲਯੂ.ਐੱਸ. ਅਤੇ ਵਾਂਝੇ ਸਮੂਹਾਂ ਲਈ 25 ਪ੍ਰਤੀਸ਼ਤ ਸੀਟਾਂ ਰਾਖਵੀਆਂ ਰੱਖਣੀਆਂ ਚਾਹੀਦੀਆਂ ਹਨ। ਬੱਚਿਆਂ ਜਾਂ ਮਾਪਿਆਂ ਲਈ ਕੋਈ ਕੈਪੀਟੇਸ਼ਨ ਫੀਸ ਜਾਂ ਸਕ੍ਰੀਨਿੰਗ ਪ੍ਰਕਿਰਿਆਵਾਂ ਦੀ ਆਗਿਆ ਨਹੀਂ ਹੈ।ਸਕੂਲਾਂ ਨੂੰ ਆਰ.ਟੀ.ਈ ਐਕਟ 2009 ਅਤੇ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਦੇ ਅਧਿਕਾਰਾਂ (ਆਰ.ਪੀ.ਡਬਲਯੂ.ਡੀ) ਐਕਟ, 2016 ਦੀ ਧਾਰਾ 16 ਅਤੇ ਧਾਰਾ 31 ਦੋਵਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਕਿਸੇ ਵੀ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀ ਨੂੰ ਦਾਖਲਾ ਨਾ ਦੇਣ ਲਈ ਸਕੂਲਾਂ ਵਿਰੁੱਧ ਕੋਈ ਵੀ ਸ਼ਿਕਾਇਤ ਆਰ.ਪੀ.ਡਬਲਯੂ.ਡੀ ਐਕਟ 2016 ਦੇ ਅਨੁਸਾਰ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ। ਇਸ ਤੋਂ ਇਲਾਵਾ ਕਿਸੇ ਵੀ ਫੀਸ ਵਿੱਚ ਵਾਧੇ ਨੂੰ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨ ਐਕਟ, 2016/2019 ਦੀ ਸਖ਼ਤੀ ਨਾਲ ਪਾਲਣਾ ਕਰਨੀ ਚਾਹੀਦੀ ਹੈ। ਖਾਤਿਆਂ ਦਾ ਸਾਲਾਨਾ ਆਡਿਟ ਇੱਕ ਚਾਰਟਰਡ ਅਕਾਊਂਟੈਂਟ ਦੁਆਰਾ ਕੀਤਾ ਜਾਣਾ ਚਾਹੀਦਾ ਹੈ ਅਤੇ ਦਫਤਰ ਡੀ.ਈ.ਓ ਨੂੰ ਜਮ੍ਹਾਂ ਕਰਨਾ ਚਾਹੀਦਾ ਹੈ। ਸਰੀਰਕ ਸਜ਼ਾ ਅਤੇ ਮਾਨਸਿਕ ਪਰੇਸ਼ਾਨੀ ਦੀ ਸਖ਼ਤ ਮਨਾਹੀ ਹੈ। ਇਸ ਤੋਂ ਇਲਾਵਾ ਪੰਜਾਬੀ ਭਾਸ਼ਾ ਦੀ ਸਿੱਖਿਆ ਲਾਜ਼ਮੀ ਹੈ। ਸਟਾਫ਼ਿੰਗ ਅਤੇ ਸੁਰੱਖਿਆ: ਅਧਿਆਪਕਾਂ ਦੀਆਂ ਨਿਯੁਕਤੀਆਂ ਅਤੇ ਤਨਖਾਹਾਂ ਸੀ.ਬੀ.ਐਸ.ਈ/ਪੀ.ਐਸ.ਈ.ਬੀ ਨਿਯਮਾਂ ਦੇ ਅਨੁਸਾਰ ਹੋਣੀਆਂ ਚਾਹੀਦੀਆਂ ਹਨ। ਸਕੂਲਾਂ ਨੂੰ ਇਮਾਰਤ ਸੁਰੱਖਿਆ, ਅੱਗ ਸੁਰੱਖਿਆ ਅਤੇ ਸਾਫ਼ ਪੀਣ ਵਾਲੇ ਪਾਣੀ ਲਈ ਵੈਧ, ਮਿਆਦ ਪੁੱਗਣ ਤੋਂ ਪਹਿਲਾਂ ਸਰਟੀਫਿਕੇਟ ਯਕੀਨੀ ਬਣਾਉਣੇ ਚਾਹੀਦੇ ਹਨ। ਸੰਚਾਲਨ ਮਿਆਰ: ਸਕੂਲ ਦੇ ਅਹਾਤੇ ਵਿੱਚ ਕੋਈ ਵਪਾਰਕ ਗਤੀਵਿਧੀਆਂ ਦੀ ਇਜਾਜ਼ਤ ਨਹੀਂ ਹੈ ਅਤੇ ਸਾਰੀਆਂ ਸੰਸਥਾਵਾਂ ਨੂੰ ਵਿਦਿਆਰਥੀਆਂ ਦੀ ਆਵਾਜਾਈ ਲਈ ਸੁਰੱਖਿਅਤ ਵਾਹਨ ਨੀਤੀ ਦੀ ਸਖ਼ਤੀ ਨਾਲ ਪਾਲਣਾ ਕਰਨੀ ਚਾਹੀਦੀ ਹੈ। ਸਾਰੇ ਸਕੂਲ ਮੁਖੀਆਂ ਅਤੇ ਪ੍ਰਬੰਧਕ ਕਮੇਟੀਆਂ ਨੂੰ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਪਾਲਣਾ ਨਾ ਕਰਨ 'ਤੇ ਨਿਯਮਾਂ ਅਨੁਸਾਰ ਤੁਰੰਤ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ।

# ਟਰਾਂਸਪੋਰਟ ਮਹਿਕਮੇ ਵੱਲੋਂ ਰੱਦ ਅਰਜ਼ੀਆਂ ਦਾ ਰਿਫ਼ੰਡ ਨਾ ਦੇ ਕੇ ਲੋਕਾਂ ਦੀ ਜੇਬ 'ਤੇ ਮਾਰਿਆ ਜਾ ਰਿਹੈ ਡਾਕਾ




ਲੁਧਿਆਣਾ, 18 ਫਰਵਰੀ (ਵਿਸ਼ਾਲ ਸ਼ਰਮਾ): ਟਰਾਂਸਪੋਰਟ ਮਹਿਕਮੇ ਵੱਲੋਂ ਰੱਦ ਅਰਜੀਆਂ ਦੇ ਰਿਫ਼ੰਡ ਨਾ ਦੇਣ ਕਾਰਨ ਲੋਕਾਂ ਦੀ ਜੇਬ ਉੱਪਰ ਭਾਰੀ ਡਾਕਾ ਮਾਰਿਆ ਜਾ ਰਿਹਾ ਹੈ। ਲੁਧਿਆਣਾ ਆਰ.ਟੀ.ਓ ਦਫਤਰ ਵਿੱਚ ਆਏ ਹੋਏ ਕੁਝ ਬਿਨੈਕਾਰਾਂ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਹੋਇਆ ਦੱਸਿਆ, ਕਿ ਜੇਕਰ ਕੋਈ ਵੀ ਆਵੇਦਕ ਆਪਣੀ ਲਾਈ ਹੋਈ ਐਪਲੀਕੇਸ਼ਨ ਨੂੰ ਕਿਸੇ ਕਾਰਨ ਵਜੋਂ ਰੱਦ ਕਰਦਾ ਹੈ ਜਾਂ ਮਹਿਕਮੇ ਤੋਂ ਰੱਦ ਕਰਾਉਂਦਾ ਹੈ ਤਾਂ ਮਹਿਕਮੇ ਵੱਲੋਂ ਰਿਫ਼ੰਡ ਨਹੀਂ ਦਿੱਤਾ ਜਾਂਦਾ, ਆਏ ਹੋਏ ਆਵੇਦਕਾਂ ਦਾ ਇਹ ਵੀ ਕਹਿਣਾ ਸੀ ਕਿ ਜਿਸ ਐਪਲੀਕੇਸ਼ਨ ਉੱਪਰ ਮਹਿਕਮੇ ਨੇ ਜੇਕਰ ਕੰਮ ਹੀ ਨਹੀਂ ਕੀਤਾ ਤਾਂ ਉਸ ਦੀ ਰਾਸ਼ੀ ਜਬਤ ਕਰਨ ਦਾ ਅਧਿਕਾਰ ਮਹਿਕਮੇ ਨੂੰ ਨਹੀਂ ਹੈ, ਹੁਣ ਇੱਥੇ ਤੁਹਾਨੂੰ ਦੱਸਣਾ ਜ਼ਰੂਰੀ ਹੈ ਕੀ ਜਿਵੇਂ ਟਰਾਂਸਫਰ, ਡੁਪਲੀਕੇਟ, ਐਚ.ਪੀ. ਕੈਂਸਲ, ਪਤਾ ਬਦਲੀ ਅਤੇ ਇਸੇ ਤਰਾਂ ਦੀਆਂ ਕੁਝ ਹੋਰ ਵੀ ਐਪਲੀਕੇਸ਼ਨਾਂ ਹਨ, ਜਿਨ੍ਹਾਂ ਨੂੰ ਰੱਦ ਕਰਨ 'ਤੇ ਟਰਾਂਸਪੋਰਟ ਮਹਿਕਮਾ ਲੋਕਾਂ ਨੂੰ ਪੈਸੇ ਰਿਫ਼ੰਡ ਨਾ ਕਰਕੇ ਉਸ ਪੈਸੇ ਨੂੰ ਕਿਸ ਖਾਤੇ ਵਿੱਚ ਪਾ ਰਿਹਾ ਹੈ। ਇੱਥੇ ਇਹ ਵੀ ਦੇਖਣ ਯੋਗ ਹੈ ਕਿ ਜੇਕਰ ਮਹਿਕਮੇ ਨੂੰ ਕਿਸੇ ਕਾਰਨ ਦੇਰੀ ਨਾਲ ਟੈਕਸ ਦਾ ਭੁਗਤਾਨ ਕੀਤਾ ਜਾਵੇ ਤਾਂ ਮਹਿਕਮੇ ਵੱਲੋਂ ਆਵਦੇਕ ਤੋਂ ਜੁਰਮਾਨੇ ਨਾਲ ਰਾਸ਼ੀ ਵਸੂਲ ਕੀਤੀ ਜਾਂਦੀ ਹੈ। ਜਿਵੇਂ ਕੀ 15 ਸਾਲ ਪੁਰਾਨਾ ਚਾਰ ਪਹਿਆ ਵਾਹਨ ਇਕ ਦਿਨ ਵੀ ਉੱਪਰ ਹੋ ਜਾਵੇ ਤਾਂ 500 ਰੁਪਏ ਅਤੇ ਦੋ ਪਹਿਆ 300 ਰੁਪਏ ਜੁਰਮਾਨਾ ਵਸੂਲਿਆ ਜਾਂਦਾ ਹੈ। ਇਸੇ ਤਰ੍ਹਾਂ ਉਦਾਹਰਨ ਵਜੋਂ ਕਿਸੇ ਵੀ ਕਮਰਸ਼ੀਅਲ ਵਾਹਨ ਦਾ ਟੈਕਸ ਜੇਕਰ ਇੱਕ ਦਿਨ ਵੀ ਉੱਪਰ ਹੋ ਜਾਵੇ ਤਾਂ ਮਹਿਕਮੇ ਵੱਲੋਂ 2000 ਜੁਰਮਾਨਾ ਵਸੂਲ ਕੀਤਾ ਜਾਂਦਾ ਹੈ। ਪੈਸੇ ਰਿਫੰਡ ਨਾ ਕਰਨਾ ਪੁਰਾਣੀਆਂ ਸਰਕਾਰਾਂ ਦੇ ਸਮੇਂ ਤੋਂ ਹੀ ਚੱਲਿਆ ਆ ਰਿਹਾ ਹੈ ਪਰ ਹੁਣ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਲੋਕਾਂ ਦੇ ਹਿੱਤ ਹਿੱਤ ਦਾ ਧਿਆਨ ਰੱਖਦੇ ਹੋਏ ਇਸ ਉੱਪਰ ਪੈਸੇ ਰਿਫੰਡ ਲਈ ਕਾਨੂੰਨ ਬਣਾਉਣਾ ਚਾਹੀਦਾ ਹੈ । ਟਰਾਂਸਪੋਰਟ ਮਹਿਕਮੇ ਨੂੰ 24 ਤੋਂ 48 ਘੰਟੇ ਵਿੱਚ ਜਿਸ ਅਕਾਊਂਟ ਤੋਂ ਉਹ ਰਾਸ਼ੀ ਪ੍ਰਾਪਤ ਹੋਈ ਹੋਵੇ ਉਸ ਅਕਾਊਂਟ ਵਿੱਚ ਰਿਫੰਡ ਕਰਨੀ ਚਾਹੀਦੀ ਹੈ।

ਲੋਕਾਂ ਦੇ ਹਿੱਤ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਉੱਪਰ ਪੱਤਰਕਾਰ ਵੱਲੋਂ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਤੋਂ ਇਸ ਬਾਰੇ ਜਾਣਕਾਰੀ ਲੈਣ ਲਈ ਫੋਨ ਕੀਤਾ ਗਿਆ ਤਾਂ ਉਹਨਾਂ ਦੁਆਰਾ ਫੋਨ ਨਹੀਂ ਚੁੱਕਿਆ ਗਿਆ।

# ਕਲਿਆਣ ਨੇ ਸਫ਼ਾਈ ਸੇਵਕਾਂ ਤੇ ਸੀਵਰਮੈਨਾਂ ਦੇ ਮੱਸਲਿਆਂ 'ਤੇ ਕੀਤੀ ਮੀਟਿੰਗ



ਲੁਧਿਆਣਾ, 18 ਫਰਵਰੀ (ਵਿਸ਼ਾਲ ਸ਼ਰਮਾ) : ਸਫਾਈ ਕਰਮਚਾਰੀ ਕਮਿਸ਼ਨ ਪੰਜਾਬ ਦੇ ਵਾਈਸ ਚੇਅਰਮੈਨ ਸੁਰਿੰਦਰ ਕਲਿਆਣ ਵੱਲੋਂ ਸਥਾਨਕ ਬੱਚਤ ਭਵਨ ਵਿਖੇ ਜ਼ਿਲ੍ਹਾ ਲੁਧਿਆਣਾ ਦੇ ਸਫਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਲਾਲ ਸਬੰਧਤ ਜੱਥੇਬੰਦੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕੀਤੀ।

ਮੀਟਿੰਗ ਦੌਰਾਨ ਨਗਰ ਨਿਗਮ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਵਾਈਸ ਚੇਅਰਮੈਨ ਕਲਿਆਣ ਨੇ ਕਿਹਾ ਕਿ ਸਫਾਈ ਕਮਿਸ਼ਨ ਸਫਾਈ ਸੇਵਕਾਂ, ਸੀਵਰਮੈਨਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਸਫਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾਂ ਚੱਟਾਨ ਵਾਂਗ ਉਨ੍ਹਾਂ ਦੇ ਨਾਲ ਖੜ੍ਹਾ ਹੈ ਤੇ ਡੱਟ ਕੇ ਖੜ੍ਹਾ ਰਹੇਗਾ। ਮੀਟਿੰਗ ਦੌਰਾਨ ਉਨ੍ਹਾਂ ਸਫਾਈ ਸੇਵਕਾਂ ਅਤੇ ਸੀਵਰਮੈਨਾਂ ਦੇ ਵੱਖ ਵੱਖ ਮੁੱਦਿਆਂ 'ਤੇ ਵਿਚਾਰ ਵਟਾਂਦਰੇ ਕੀਤੇ। ਉਨ੍ਹਾਂ ਵੱਖ ਵੱਖ ਜਥੇਬੰਦੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਜਲਦ ਨਿਪਟਾਰੇ ਦਾ ਵੀ ਭਰੋਸਾ ਦਿੱਤਾ। ਵਾਈਸ ਚੇਅਰਮੈਨ ਸੁਰਿੰਦਰ ਕਲਿਆਨ ਨੇ ਕਿਹਾ ਕਿ ਕਮਿਸ਼ਨ ਸਫਾਈ ਕਰਮਚਾਰੀਆਂ, ਸੀਵਰਮੈਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਵਚਨਬੱਧ ਹੈ। ਇਸ ਤੋਂ ਪਹਿਲਾਂ ਵਾਈਸ ਚੇਅਰਮੈਨ ਸੁਰਿੰਦਰ ਕਲਿਆਨ ਨੇ ਵਧੀਕ ਡਿਪਟੀ ਕਮਿਸ਼ਨਰ ਰੁਪਿੰਦਰਪਾਲ ਸਿੰਘ, ਨਗਰ ਨਿਗਮ ਕਮਿਸ਼ਨਰ ਨੀਰੂ ਕਤਿਆਲ ਗੁਪਤਾ ਨਾਲ ਸੰਖੇਪ ਮੀਟਿੰਗ ਕੀਤੀ। ਜਿੱਥੇ ਸਫਾਈ ਸੇਵਕਾਂ, ਸੀਵਰਮੇਨਾ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇਣ ਲਈ ਨਿਰਦੇਸ਼ ਦਿੱਤੇ।

# ਬੀਬੀ ਭਾਨੀ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੀਰਤਨ ਸਮਾਗਮ



ਲੁਧਿਆਣਾ, 18 ਫਰਵਰੀ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਬੀਤੀ ਰਾਤ ਗੁਰ ਦਸ਼ਮੇਸ਼ ਸੇਵਾ ਸੁਸਾਇਟੀ ਵੱਲੋਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਬੀਬੀ ਭਾਨੀ ਜੀ ਦੇ ਜਨਮ ਦਿਹਾੜੇ ਨੂੰ ਮਨਾਉਂਦਿਆ ਹੋਇਆ ਹਫਤਾਵਾਰੀ ਕੀਰਤਨ ਸਮਾਗਮ ਕਰਵਾਇਆ ਗਿਆ। ਜਿਸ ਅੰਦਰ ਵਿਸ਼ੇਸ਼ ਤੌਰ 'ਤੇ ਆਪਣੇ ਕੀਰਤਨੀ ਜੱਥੇ ਸਮੇਤ ਹਜ਼ਰੀ ਭਰਨ ਲਈ ਪੁੱਜੇ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਗੁਰਕੀਰਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਦੌਰਾਨ ਸੁਸਾਇਟੀ ਦੇ ਪ੍ਰਮੁੱਖ ਮੈਬਰਾਂ ਨੇ ਕੀਰਤਨੀ ਜੱਥੇ ਦੇ ਮੈਂਬਰਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ। ਸਮਾਗਮ ਅੰਦਰ ਇੰਦਰਬੀਰ ਸਿੰਘ ਬੱਤਰਾ, ਹਰਪਾਲ ਸਿੰਘ ਬੱਤਰਾ, ਰਜਿੰਦਰ ਸਿੰਘ ਡੰਗ, ਸਰਬਜੀਤ ਸਿੰਘ ਦਸਮੇਸ਼ ਪੰਪ ਵਾਲੇ, ਭੁਪਿੰਦਰ ਸਿੰਘ ਅਰੋੜਾ, ਬਲਬੀਰ ਸਿੰਘ ਭਾਟੀਆ, ਹਰਪਾਲ ਸਿੰਘ ਖਾਲਸਾ, ਭੁਪਿੰਦਰ ਸਿੰਘ ਜੁਨੇਜਾ, ਐਨ. ਪੀ ਸਿੰਘ ਕਥੂਰੀਆਂ, ਰਘਬੀਰ ਸਿੰਘ, ਮਹਿੰਦਰ ਸਿੰਘ ਡੰਗ, ਹਰਮੀਤ ਸਿੰਘ ਡੰਗ, ਗੁਰਬਚਨ ਸਿੰਘ, ਅਤੱਰ ਸਿੰਘ ਮਕੱੜ, ਸੁਰਿੰਦਰਪਾਲ ਸਿੰਘ ਭੁਟੀਆਣੀ, ਅਵਤਾਰ ਸਿੰਘ ਮਿੱਢਾ, ਹਰਪ੍ਰੀਤ ਸਿੰਘ ਨੀਟਾ, ਦਵਿੰਦਰ ਸਿੰਘ ਬਿੱਟੂ, ਹਰਚਰਨ ਸਿੰਘ ਕਾਲੜਾ, ਕਵੰਲਪ੍ਰੀਤ ਸਿੰਘ ਸੋਢੀ, ਇੰਦਰਜੀਤ ਸਿੰਘ ਛਾਬੜਾ, ਵਿਜੈ ਕੁਮਾਰ ਸੂਦ, ਮਨਮੋਹਨ ਸਿੰਘ, ਜੋਗਿੰਦਰ ਸਿੰਘ ਸਲੂਜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ।

# ਪੰਜਾਬੀਆਂ 'ਤੇ ਪ੍ਰਵਾਸੀਆਂ ਵੱਲੋਂ ਕੀਤੇ ਜਾ ਰਹੇ ਹਮਲਿਆਂ ਦੀ ਨਿਖੇਧੀ



ਲੁਧਿਆਣਾ, 18 ਫਰਵਰੀ (ਰਵਿੰਦਰ ਸਿੰਘ ਨਿੱਝਰ) : ਭਾਰਤੀ ਕਿਸਾਨ ਯੂਨੀਅਨ ਚੜੂਨੀ ਦੀ ਇੱਕ ਅਹਿਮ ਮੀਟਿੰਗ ਯੂਨੀਅਨ ਦੇ ਜਨਰਲ ਸਕੱਤਰ ਪੰਜਾਬ ਜਗਜੀਤ ਸਿੰਘ ਅਰੋੜਾ ਦੇ ਮੁੱਖ ਦਫਤਰ ਵਿਖੇ ਹੋਈ। ਇਸ ਦੌਰਾਨ ਜਗਜੀਤ ਸਿੰਘ ਅਰੋੜਾ, ਰੋਸ਼ਨ ਸਿੰਘ ਸਾਗਰ ਸੀਨੀਅਰ ਮੀਤ ਪ੍ਰਧਾਨ ਪੰਜਾਬ, ਮੀਤ ਪ੍ਰਧਾਨ ਪੰਜਾਬ ਕੈਪਟਨ ਕੁਲਵੰਤ ਸਿੰਘ, ਹਰਦੀਪ ਸਿੰਘ ਢੇਰੀ ਮੀਤ ਪ੍ਰਧਾਨ ਪੰਜਾਬ ਆਦਿ ਨੇ ਆਪਣੇ ਸੰਬੋਧਨ ਸਮੇਂ ਪ੍ਰਵਾਸੀਆਂ ਵੱਲੋਂ ਆਏ ਦਿਨ ਵੱਡੀਆਂ ਵਾਰਦਾਤਾਂ ਨੂੰ ਅੰਜ਼ਾਮ ਦਿੱਤੇ ਜਾਣ ਦੀ ਨਿੰਦਾ ਕਰਦਿਆਂ ਕਿਹਾ ਕਿ ਬੀਤੇ ਦਿਨੀਂ ਮੋਹਾਲੀ ਵਿਖੇ ਵੀ ਨੌਜਵਾਨ ਨੂੰ ਬੇਰਹਿਮੀ ਦੇ ਨਾਲ ਕਤਲ ਕਰ ਦਿੱਤਾ ਗਿਆ। ਜਦਕਿ ਆਏ ਦਿਨ ਪਰਵਾਸੀਆਂ ਦੇ ਵੱਲੋਂ ਪੰਜਾਬੀਆਂ ਨੂੰ ਲਗਾਤਾਰ ਟਾਰਗੇਟ ਕੀਤਾ ਜਾ ਰਿਹਾ ਪਰੰਤੂ ਕੇਜਰੀਵਾਲ ਦੇ ਹੱਥਾਂ ਦੀ ਕਠਪੁਤਲੀ ਬਣੀ ਮਾਨ ਸਰਕਾਰ ਕਾਰਵਾਈ ਕਰਨ ਤੋਂ ਕਤਰਾ ਰਹੀ ਹੈ। ਜਿਸ ਦੇ ਨਾਲ ਪੰਜਾਬ ਦੇ ਖਰਾਬ ਹੋ ਰਹੇ ਮਾਹੌਲ ਦੀ ਜਿੰਮੇਵਾਰੀ ਸੂਬਾ ਸਰਕਾਰ ਦੀ ਹੋਵੇਗੀ। ਮੀਟਿੰਗ ਦੌਰਾਨ ਸੁਖਦੇਵ ਸਿੰਘ ਕਨੀਜਾ ਜ਼ਿਲ੍ਹਾ ਜਨਰਲ ਸਕੱਤਰ ਨੇ ਮੀਟਿੰਗ ਦਾ ਸੰਚਾਲਨ ਵੀ ਬਖੂਬੀ ਢੰਗ ਨਾਲ ਕੀਤਾ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਕਰਮਜੀਤ ਸਿੰਘ ਸੰਧੂ ਹਲਕਾ ਸਾਹਨੇਵਾਲ ਪ੍ਰਧਾਨ, ਦਲਵਿੰਦਰ ਸਿੰਘ ਘੁੰਮਣ ਜਿਲਾ ਮੀਤ ਪ੍ਰਧਾਨ, ਕੈਪਟਨ ਨਛੱਤਰ ਸਿੰਘ ਜ਼ਿਲ੍ਹਾ ਮੁੱਖ ਸਲਾਹਕਾਰ, ਗੁਰਮੇਜ ਸਿੰਘ ਗੇਜਾ ਆਦਿ ਹਾਜ਼ਰ ਸਨ।

# ਵਲੰਟੀਅਰਾਂ ਨੇ ਅਖੰਡ ਯੱਗ ਸਥਾਨ 'ਤੇ ਤੁਲਸੀ ਦੀ ਪੂਜਾ ਕਰਕੇ ਵਾਤਾਵਰਣ ਦੀ ਦੇਖਭਾਲ ਕਰਨ ਦਾ ਪ੍ਰਣ ਲਿਆ



ਲੁਧਿਆਣਾ, 18 ਫਰਵਰੀ (ਕਰਨੈਲ ਸਿੰਘ ਐੱਮ.ਏ.) : ਮਾਂ ਬਗਲਾਮੁਖੀ ਧਾਮ ਵਿਖੇ ਆਯੋਜਿਤ 243 ਘੰਟੇ, 11 ਦਿਨਾਂ ਦੇ ਅਖੰਡ ਯੱਗ ਦੇ ਅੱਠਵੇਂ ਦਿਨ, ਮਹੰਤ ਪ੍ਰਵੀਨ ਚੌਧਰੀ ਨੇ ਬੁੱਧਵਾਰ ਨੂੰ ਯੱਗ ਸਥਾਨ @ਤੇ ਤੁਲਸੀ ਪੂਜਾ ਕੀਤੀ ਅਤੇ ਮੌਜੂਦ ਲੋਕਾਂ ਨੂੰ ਵਾਤਾਵਰਣ ਦੀ ਦੇਖਭਾਲ ਕਰਨ ਦਾ ਪ੍ਰਣ ਲੈਣ ਲਈ ਉਤਸ਼ਾਹਿਤ ਕੀਤਾ। ਪ੍ਰਦੂਸ਼ਿਤ ਵਾਤਾਵਰਣ @ਤੇ ਚਿੰਤਾ ਪ੍ਰਗਟ ਕਰਦੇ ਹੋਏ, ਮਹੰਤ ਨੇ ਕਿਹਾ ਕਿ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਲਈ, ਅਸੀਂ ਕੁਦਰਤ ਦੇ ਵਿਰੁੱਧ ਗਏ ਹਾਂ ਅਤੇ ਪ੍ਰਦੂਸ਼ਣ ਦੇ ਬੀਜ ਬੀਜ ਕੇ ਆਪਣੇ ਅਤੇ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਮੱਸਿਆਵਾਂ ਦਾ ਪਹਾੜ ਖੜ੍ਹਾ ਕਰ ਦਿੱਤਾ ਹੈ।

ਸਕੂਲੀ ਬੱਚਿਆਂ ਨੇ ਪ੍ਰਦੂਸ਼ਿਤ ਵਾਤਾਵਰਣ ਤੋਂ ਛੁਟਕਾਰਾ ਪਾਉਣ ਲਈ ਗੀਤਾਂ ਅਤੇ ਕਵਿਤਾਵਾਂ ਰਾਹੀਂ ਜਨਤਾ ਨੂੰ ਸੁਝਾਅ ਦਿੱਤੇ। ਭਾਰਤ ਅਤੇ ਵਿਦੇਸ਼ਾਂ ਤੋਂ ਆਏ ਸ਼ਰਧਾਲੂਆਂ ਨੇ ਕੱਪੜੇ ਅਤੇ ਭੋਜਨ ਭੇਟ ਕਰਕੇ ਮਾਂ ਬਗਲਾਮੁਖੀ ਨੂੰ ਸ਼ਰਧਾਂਜਲੀ ਦਿੱਤੀ। ਭਾਜਪਾ ਨੇਤਾ ਜੀਵਨ ਗੁਪਤਾ, ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਅਤੇ ਕੌਂਸਲਰ ਅਨਿਲ ਭਾਰਦਵਾਜ ਨੇ ਯੱਗ ਵਿੱਚ ਬਲੀਦਾਨ ਦਿੱਤੇ। ਸ਼ਾਮ ਨੂੰ ਭਜਨ ਸੰਧਿਆ, ਭਜਨ ਗਾਇਕ ਸਾਜਨ ਚੰਚਲ ਅਤੇ ਕਪਿਲ ਸ਼ਰਮਾ ਨੇ ਭਜਨ ਪੇਸ਼ ਕੀਤੇ ਅਤੇ ਮਾਂ ਬਗਲਾਮੁਖੀ ਨੂੰ ਸ਼ਰਧਾਲੂਆਂ ਦੇ ਦੁੱਖ ਦੂਰ ਕਰਨ ਲਈ ਪ੍ਰਾਰਥਨਾ ਕੀਤੀ। ਧਾਮ ਸੇਵਕ ਮਨਪ੍ਰੀਤ ਛੱਤਵਾਲ ਨੇ ਵਾਤਾਵਰਣ ਨੂੰ ਸਮਰਪਿਤ ਸੱਤਵੇਂ ਦਿਨ ਪ੍ਰਸ਼ਾਦ ਵਜੋਂ ਤੁਲਸੀ ਦੇ ਪੌਦੇ ਚੜ੍ਹਾਏ ਅਤੇ ਹਰ ਘਰ ਵਿੱਚ ਵਾਤਾਵਰਣ ਸੁਰੱਖਿਆ ਦਾ ਸੰਦੇਸ਼ ਫੈਲਾਇਆ। ਇਸ ਮੌਕੇ ਸੇਵਾਦਾਰ ਨਵਜੋਤ ਛਤਵਾਲ, ਕਰਨ ਸ਼ਾਂਡਿਲਿਆ, ਸੁਨੀਲ ਮਹਾਜਨ, ਰਮਨ ਘਈ, ਜਤਿੰਦਰ ਸੂਦ, ਮੋਹਿਤ ਸੂਦ, ਪ੍ਰਸ਼ੋਤਮ ਚੌਧਰੀ, ਰਾਣਾ ਰਣਜੀਤ ਸਿੰਘ, ਸੁਧੀਰ ਮਹਾਜਨ, ਗੌਰਵ ਕਾਲੀਆ, ਜਤਿਨ ਸੂਦ, ਪਰਮਵੀਰ ਚੌਧਰੀ, ਸੰਦੀਪ ਸੂਦ, ਸੁਨੀਲ ਹਾਂਡਾ, ਨਰਿੰਦਰ ਸਿੰਗਲਾ, ਸੁਨਾਮ ਸਿੰਘ ਇਕਬਾਲ, ਗੁਰਜੀਤ ਸਿੰਘ, ਗੁਰਜੀਤ ਸਿੰਘ, ਸ. ਅੰਕੁਸ਼ ਸਿੰਗਲਾ, ਨਰਿੰਦਰ ਮਹਾਜਨ, ਤਰੁਣ ਚੌਧਰੀ, ਚੇਤਨ ਟੰਡਨ, ਸਾਹਿਲ ਸਿੰਗਲਾ, ਰਾਜ ਸੋਲੰਕੀ, ਪੰਕਜ ਗੁਪਤਾ, ਦੀਪਕ ਗਰਗ, ਦਿਨੇਸ਼ ਰੱਲੀ, ਵਰੁਣ ਜੈਨ, ਮਨੀਸ਼ ਗੁਪਤਾ, ਵਿਜੇ ਗੁਪਤਾ, ਰਮਨ ਸ਼ਰਮਾ, ਅਦਿੱਤਿਆ ਗੁਪਤਾ, ਵਰੁਣ ਚੋਪੜਾ, ਬਲਜੀਤ ਤਾਰੀਕਾ, ਬੌਬੀ ਜਨਕ, ਤੁਸ਼ਾਰ ਬਨ, ਸਿੰਗਰ, ਜੀ. ਨਿਤੇਸ਼ ਸੂਦ, ਰਾਕੇਸ਼ ਪਾਸੀ, ਗੁਨੀਤ ਖੇੜਾ, ਅਜੇ ਜੈਨ, ਰਵਿੰਦਰ ਸਿੰਘ ਵਾਲੀਆ, ਤੇਜਿੰਦਰ ਮਿਗਲਾਨੀ, ਵਰੁਣ ਦੱਤ, ਭੁਪਿੰਦਰ ਸਿੰਘ, ਵੇਦ ਲੂਥਰਾ, ਦਵਿੰਦਰ ਵਾਲੀਆ, ਵਿਜੇ ਗੁਪਤਾ, ਸੁਨੀਲ ਹਾਂਡਾ, ਵਰੁਣ ਸ਼ਰਮਾ, ਡਾ. ਪਵਨ ਪਾਰੀਕ, ਨਰਿੰਦਰ ਸਿੰਗਲਾ, ਸੁਧੀਰ ਮਹਾਜਨ, ਅਨੁਜ ਵਧਵਾ, ਜਨਕਰਾਜ, ਨਿਤੇਸ਼ ਸੂਦ, ਮੁਨੀਸ਼ ਸ਼ਰਮਾ, ਆਸ਼ੂਤੋਸ਼, ਪ੍ਰਦੀਪ ਟਾਟਾ, ਅਦਿੱਤਿਆ ਗੁਪਤਾ, ਵਰੁਣ ਚੋਪੜਾ, ਸਾਹਿਲ ਸਿਕਰੋਂਗ ਨੇ ਅਖੰਡ ਯੱਗ ਦੇ ਸਮਾਪਤੀ ਸਮਾਰੋਹ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 21 ਫਰਵਰੀ ਨੂੰ ਲੀਜ਼ਾ ਬਾਉਲਮ ਬਾਊਰਸਿੰਘ ਦੇ ਹੈਪੀ ਬਾਊਸਿੰਗ ਅਤੇ ਮਾ. ਸ਼ਾਮ ਦਾ ਭਜਨ ਸ਼ਾਮ।

# ਨਗਰ ਨਿਗਮ ਵੱਲੋਂ ਕੂੜਾ ਚੁੱਕਣ ਲਈ 1145 ਕਰੋੜ ਦਾ ਮਤਾ ਪਾਸ ਕਰਨਾ **ਵੱਡੇ ਘਪਲੇ** ਵੱਲ ਇਸ਼ਾਰਾ : ਕਲੇਰ



ਲੁਧਿਆਣਾ, 18 ਫਰਵਰੀ (ਰਵਿੰਦਰ ਸਿੰਘ ਨਿੱਝਰ):ਮਹਾਂਨਗਰ ਲੁਧਿਆਣਾ ਸ਼ਹਿਰ ਦੀ ਸਾਫ਼ ਸਫਾਈ ਲਈ ਨਗਰ ਨਿਗਮ ਹਾਊਸ ਵਿੱਚ ਪਿਛਲੇ ਦਿਨੀਂ 1145 ਕਰੋੜ ਦਾ ਟੈਂਡਰ ਲਗਾਉਣ ਲਈ ਮਤਾ ਪਾਸ ਕੀਤਾ ਗਿਆ। ਜਿਸ ਨੂੰ ਦਿੱਲੀ ਵਾਲਿਆਂ ਅਤੇ ਸਰਕਾਰ ਦੇ ਦਬਾਅ ਹੇਠ ਅਮਲੀ ਜਾਮਾ ਪਹਿਨਾਉਣ ਲਈ ਹਰ ਸੰਭਵ ਯਤਨ ਕੀਤਾ ਵੀ ਜਾਵੇਗਾ। ਪਰ ਇਸ ਪ੍ਰੋਜੈਕਟ ਦੇ ਆਉਣ ਨਾਲ ਬਹੁਤ ਸਾਰੇ ਸਫ਼ਾਈ ਸੇਵਕਾਂ ਅਤੇ ਕਰਮਚਾਰੀਆਂ ਨੂੰ ਆਪਣੇ ਰੋਜ਼ਗਾਰ ਤੋਂ ਹੱਥ ਧੋਣਾ ਪੈ ਸਕਦਾ ਹੈ। ਇਸ ਸਬੰਧੀ ਖਦਸ਼ਾ ਜ਼ਹਿਰ ਕਰਦੇ ਹੋਏ ਕੌਂਸਲਰ ਪਤੀ ਅਤੇ ਸਾਬਕਾ ਕੌਂਸਲਰ ਹਰਵਿੰਦਰ ਸਿੰਘ ਕਲੇਰ ਨੇ ਕਿਹਾ ਕਿ ਇਹ ਗੱਲ ਜੱਗ ਜ਼ਾਹਰ ਹੈ ਕਿ ਜੋ ਵੀ ਕੋਈ ਵੱਡਾ ਕਾਰਪੋਰੇਟ ਇਸ ਪ੍ਰੋਜੈਕਟ ਨੂੰ ਲਵੇਗਾ, ਓਹ ਆਪਣੀਆਂ ਸ਼ਰਤਾਂ ਅਤੇ ਲਾਭ ਮੁਤਾਬਿਕ ਹੀ ਕਰਮਚਾਰੀ ਰੱਖੇਗਾ, ਤਾਂ ਜੋ ਜ਼ਿਆਦਾਤਰ ਫਾਇਦਾ ਕੰਪਨੀ ਨੂੰ ਹੀ ਹੋਵੇ। ਉਨ੍ਹਾਂ ਹੋਰ ਕਿਹਾ ਕਿ ਨਵੇਂ ਮਤੇ ਅਨੁਸਾਰ 3400 ਰੁਪਏ ਪ੍ਰਤੀ ਟਨ ਦੇ ਹਿਸਾਬ ਨਾਲ ਟੈਂਡਰ ਲਗਾਏ ਗਏ, ਜੋਕਿ ਪਹਿਲੇ ਰੇਟ ਤੋਂ 5 - 6 ਗੁਣਾ ਹਨ। ਇਸ ਵਿੱਚ ਵੀ ਵੱਡੇ ਪੱਧਰ ਦੀ ਸਾਂਠ ਗਾਂਠ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।

ਕਲੇਰ ਨੇ ਕਿਹਾ ਕਿ ਨਿਗਮ ਹਾਊਸ ਵਿੱਚ ਹੋਈ ਜ਼ੋਰਦਾਰ ਵਿਰੋਧਤਾ ਦੇ ਬਾਵਜੂਦ ਸਰਕਾਰ ਦੇ ਨੁਮਾਇੰਦਿਆਂ ਵੱਲੋਂ ਇਸ ਵਿਰੋਧ ਬਾਬਤ ਕੋਈ ਅਸਰ ਨਾ ਹੋਣਾ ਸਾਫ਼ ਇਸ਼ਾਰਾ ਕਰਦਾ ਜਾਪਦਾ ਹੈ ਕਿ ਅਗਲੇ 20 ਤੋਂ 25 ਸਾਲ ਲਈ ਲੁਧਿਆਣਾ ਨਗਰ ਨਿਗਮ ਨੂੰ ਲੁੱਟ ਦਾ ਅੱਡਾ ਬਣ ਕੇ ਰਹਿ ਜਾਵੇਗਾ। ਜਿਸ ਦੀ ਇੱਕ ਬਹੁਤ ਵੱਡੀ ਨਾਮਵਰ ਕੰਪਨੀ ਨਾਲ ਉੱਚ ਸਤਰ ਤੇ ਡੀਲ ਹੋਣ ਦੀ ਵੀ ਚਰਚਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਨਗਰ ਨਿਗਮ ਲੁਧਿਆਣਾ ਅਤੇ ਪੰਜਾਬ ਸਰਕਾਰ ਵਲੋਂ ਖੁੱਲ੍ਹੇਆਮ ਨਿੱਜੀ ਕੰਪਨੀ ਨੂੰ ਦੋਹਾਂ ਹੱਥਾਂ ਨਾਲ ਆਮ ਲੋਕਾਂ ਦੇ ਟੈਕਸ ਦੇ ਪੈਸੇ ਨੂੰ ਲੁਟਾਉਣ ਦੀਆਂ ਸਕੀਮਾਂ ਘੜੀਆਂ ਜਾ ਰਹੀਆਂ ਹਨ । ਕਲੇਰ ਨੇ ਕਿਹਾ ਕਿ ਪੰਜਾਬ ਸਰਕਾਰ ਦਿੱਲੀ ਵਾਲੇ ਲੋਟੂ ਟੋਲੇ ਦੀ ਕਠਪੁਤਲੀ ਬਣੀ ਹੋਈ ਹੈ, ਜਿਸ ਦੀ ਮਿਸਾਲ ਪਿਛਲੇ ਦਿਨੀਂ ਮੰਤਰੀਆਂ ਦੀ ਬੈਠਕ ਵਿੱਚ ਅਨਾਧਿਕਰਿਤ ਵਿਅਕਤੀ ਬੈਠ ਕੇ ਸ਼ਹਿਰ ਅਤੇ ਸੂਬੇ ਦੇ ਫੈਸਲੇ ਧੜਾ ਧੜ ਲੈ ਰਹੇ ਸਨ। ਕਲੇਰ ਨੇ ਕਿਹਾ ਕਿ ਦੇਖਿਆ ਜਾਵੇ ਤਾਂ ਇੰਝ ਜਾਪਦਾ ਹੈ ਕਿ ਸਰਕਾਰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ 1145 ਕਰੋੜ ਰੁਪਏ ਦਾ ਢੋਲ ਵਜਾਉਣਾ ਚਾਹੁੰਦੀ ਹੈ। ਉਨ੍ਹਾਂ ਪੁੱਛਿਆ ਕਿ ਕੀ ਸਰਕਾਰ ਕੋਲ ਟੈਂਡਰ ਮੁਤਾਬਿਕ ਫੰਡ ਮੌਜੂਦ ਹਨ? ਕੀ ਇਹ ਪ੍ਰੋਜੈਕਟ ਅਗਲੇ ਇੱਕ ਸਾਲ ਦੇ ਵਿੱਚ ਵਿੱਚ ਸਿਰੇ ਚੜ੍ਹ ਸਕਦਾ ਹੈ? ਕੀ ਇਸ ਟੈਂਡਰ ਵਿੱਚ ਕੀਤੇ ਨਾ ਕੀਤੇ ਮੁਨਾਫ਼ਾ ਵਸੂਲੀ ਦੀ ਸੁਗਬੁਗਾਹਟ ਨਹੀਂ ਆ ਰਹੀ? ਕਲੇਰ ਕੇ ਕਿਹਾ ਕਿ ਇਸ ਬਾਬਤ ਆਉਣ ਵਾਲੇ ਸਮੇਂ ਵਿੱਚ ਸਾਰਾ ਸੱਚ ਜਨਤਾ ਸਾਹਮਣੇ ਆ ਜਾਵੇਗਾ।

## *ਭੋਗ 'ਤੇ ਵਿਸ਼ੇਸ਼ : ਸਰਦਾਰਨੀ ਇੰਦਰਜੀਤ ਕੌਰ ਮੱਕੜ*



ਔਰਤ ਦਾ ਘਰ ਵਿੱਚ ਆਪਣਾ ਯੋਗਦਾਨ ਹੁੰਦਾ ਹੈ। ਸਿਆਣੀ ਤੇ ਸੁਚੱਜੀ ਔਰਤ ਜਿੱਥੇ ਵਾਹਿਗੁਰੂ ਦੀ ਰਜ਼ਾ ਵਿੱਚ ਰਹਿੰਦੀ ਹੈ ਉੱਥੇ ਉਹ ਆਪਣੇ ਪਰਿਵਾਰ ਦਾ ਪੂਰਾ ਖਿਆਲ ਰੱਖਦੀ ਹੈ, ਬੱਚਿਆਂ ਦੀ ਦੇਖਭਾਲ ਕਰਦੀ ਹੈ ਅਤੇ ਹਰ ਮੁਸ਼ਕਿਲ ਵਿੱਚ ਪਤੀ ਦਾ ਸਾਥ ਦਿੰਦੀ ਹੈ।

ਅਜਿਹੇ ਹੀ ਸਨ ਮਾਤਾ ਇੰਦਰਜੀਤ ਕੌਰ ਮੱਕੜ। ਮਾਤਾ ਜੀ ਦਾ ਜਨਮ 1940 ਵਿੱਚ ਪਾਕਿਸਤਾਨ ਦੇ ਜ਼ਿਲ ?ਾ ਲਾਇਲਪੁਰ ਵਿੱਚ ਸ: ਆਸਾ ਸਿੰਘ ਦੇ ਘਰ ਹੋਇਆ। ਬਚਪਨ ਤੋਂ ਹੀ ਆਪ ਧਾਰਮਿਕ ਵਿਚਾਰਾਂ ਵਾਲੇ ਸਨ। ਇਸੇ ਕਰਕੇ ਗੁਰੂ ਘਰ ਵਿੱਚ ਹਾਜਰੀ ਲਗਾਉਣੀ ਤੇ ਪਾਠ ਕਰਨਾ ਬਚਪਨ ਤੋਂ ਹੀ ਉਹਨਾਂ ਦੇ ਹਿੱਸੇ ਆਇਆ ਸੀ। ਸਕੂਲ ਦੀ ਪੜ੍ਹਾਈ ਖਤਮ ਕਰਨ ਉਪਰੰਤ ਕੁਝ ਸਮਾਂ ਬਾਅਦ 1959 ਵਿੱਚ ਉਹਨਾਂ ਦਾ ਵਿਆਹ ਕੱਪੜਾ ਕਾਰੋਬਾਰੀ ਸਰਦਾਰ ਸਿੰਘ ਮੱਕੜ ਨਾਲ ਹੋਇਆ। ਉਹਨਾਂ ਦੇ ਘਰ ਤਿੰਨ ਪੁੱਤਰਾਂ ਸੁਰਿੰਦਰ ਸਿੰਘ ਮੱਕੜ, ਸੁਰਜੀਤ ਸਿੰਘ ਮੱਕੜ ਅਤੇ ਦਲਜੀਤ ਸਿੰਘ ਮੱਕੜ ਤੋਂ ਇਲਾਵਾ ਇੱਕ ਧੀ ਨੇ ਜਨਮ ਲਿਆ। ਮਾਤਾ ਜੀ ਨੇ ਸਾਰੇ ਬੱਚਿਆਂ ਨੂੰ ਪੜ੍ਹਾਇਆ, ਲਿਖਾਇਆ ਅਤੇ ਆਪੋ ਆਪਣੇ ਕਾਰੋਬਾਰਾਂ ਵਿੱਚ ਸੈੱਟ ਕੀਤਾ। 1996 ਵਿੱਚ ਅਚਾਨਕ ਉਨਾਂ ਦੇ ਪਤੀ ਸਰਦਾਰ ਸਿੰਘ ਮੱਕੜ ਇਸ ਦੁਨੀਆਂ ਨੂੰ ਅਲਵਿਦਾ ਆਖ ਗਏ। ਪਰਿਵਾਰਿਕ ਦੁੱਖ ਝੱਲਣ ਦੇ ਨਾਲ ਨਾਲ ਮਾਤਾ ਜੀ ਨੇ ਬੱਚਿਆਂ ਪ੍ਰਤੀ ਆਪਣੀ ਆਪਣੀਆਂ ਜਿੰਮੇਵਾਰੀਆਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ। ਅੱਜ ਉਹਨਾਂ ਦੇ ਪੁੱਤਰ ਸ਼ਹਿਰ ਦੇ ਮੰਨੇ ਪ ?ਮੰਨੇ ਕੱਪੜਾ ਵਪਾਰੀ ਹਨ। ਮਾਤਾ ਜੀ ਦੇ ਪੋਤਰੇ ਮਨਜੋਤ ਸਿੰਘ, ਤਲਵਿੰਦਰ ਸਿੰਘ, ਅਮਨਵੀਰ ਸਿੰਘ, ਸੋਨਾ ਮੱਕੜ, ਜਸ਼ਨ ਮੱਕੜ ਅਤੇ ਸਿਦਕ ਮੱਕੜ ਵੀ ਆਪੋ ਆਪਣੇ ਕਾਰੋਬਾਰਾਂ ਵਿੱਚ ਪੂਰੀ ਤਰ੍ਹਾਂ ਵਿਅਸਤ ਅਤੇ ਕਾਮਯਾਬ ਹਨ। ਲਗਭਗ 86 ਸਾਲ ਦੀ ਉਮਰ ਭੋਗ ਕੇ ਮਾਤਾ ਜੀ ਬੀਤੇ ਦਿਨੀ ਆਪਣੇ ਸਵਆਸਾਂ ਦੀ ਪੂੰਜੀ ਪੂਰੀ ਹੋ ਜਾਣ ਉਪਰੰਤ ਵਾਹਿਗੁਰੂ ਦੇ ਚਰਨਾਂ ਵਿੱਚ ਜਾ ਬਿਰਾਜੇ। ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਪਾਠਾਂ ਦੇ ਭੋਗ 19 ਫਰਵਰੀ ਵੀਰਵਾਰ ਨੂੰ ਉਹਨਾਂ ਦੇ ਗ੍ਰਹਿ ਵਿਖੇ ਪੈਣਗੇ। ਕੀਰਤਨ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਸੁਖਮਣੀ ਸਾਹਿਬ, ਫੇਸ ਦੋ, ਅਰਬਨ ਇਸਟੇਟ, ਦੁਗਰੀ, ਲੁਧਿਆਣਾ ਵਿਖੇ ਬਾਅਦ ਦੁਪਹਿਰ ਡੇਢ ਤੋਂ ਢਾਈ ਵਜੇ ਤੱਕ ਹੋਵੇਗੀ। ਨਾਮਵਰ ਸ਼ਖਸ਼ੀਅਤਾਂ ਵੱਲੋਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ।

**(ਰਵਿੰਦਰ ਸਿੰਘ ਨਿੱਝਰ)**

**ਅਸੈਟਸ ਕੇਅਰ ਅਤੇ ਰੀਕੰਸਟਰਕਸ਼ਨ ਐਂਟਰਪ੍ਰਾਇਜ਼ਜ਼ ਲਿਮ.**
ਰਜਿਸਟਰਡ ਦਫਤਰ : 14ਵੀਂ ਮੰਜ਼ਿਲ, ਈਰੋਜ਼ ਕਾਰਪੋਰੇਟ ਟਾਵਰ, ਨਹਿਰੂ ਸਥਾਨ, ਨਵੀਂ ਦਿੱਲੀ-110019
ACRE MAKING ASSETS WORK
Tel. No.: +91 11-66115606, Website: www.acreindia.in, CIN No.: U65993DL2002PLC115769

**ਕਬਜ਼ੇ ਦਾ ਨੋਟਿਸ (ਅਚੱਲ ਜਾਇਦਾਦ ਲਈ)**

ਜਿੱਥੇ ਕਿ, ਯੈੱਸ ਬੈਂਕ ਲਿਮਿਟਡ ("YBL") ਦੇ ਅਧਿਕਾਰਤ ਅਧਿਕਾਰੀ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂ, 2002 ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਧਾਰਾ 13(12) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, 28.12.2021 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਜਿਸ ਵਿੱਚ ਕਰਜ਼ਦਾਰਾਂ ਮੈਸ. ਵੀ.ਐਸ. ਕੰਪਿਊਟਰ ਮਲਟੀਮੀਡੀਆ ਨੂੰ ਆਪਣੇ ਪ੍ਰੋਪ. ਸ੍ਰੀ ਵਨੀਤ ਗਰਗ ਪੁੱਤਰ ਰਮੇਸ਼ ਕੁਮਾਰ (ਕਰਜ਼ਦਾਰ) ਅਤੇ ਰੁਚਿਕਾ ਗੁਪਤਾ ਪਤਨੀ ਵਨੀਤ ਗਰਗ (ਜ਼ਾਮਨ ਅਤੇ ਗਿਰਵੀਕਾਰ) ਦੁਆਰਾ ਨੋਟਿਸ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਕਿਹਾ ਗਿਆ ਹੈ। 27.12.2021 ਨੂੰ ਕਰਜ਼ਾ ਖਾਤਾ ਨੰਬਰ MOR002300529565, MOR002300655465 ਅਤੇ 2388900000753 ਦੇ ਵਿਰੁੱਧ 87,42,577.37 ਰੁਪਏ (ਸੱਤਾਸੀ ਲੱਖ ਬਿਆਲੀ ਹਜ਼ਾਰ ਪੰਜ ਸੌ ਸੱਤਰ ਅਤੇ ਸਿਰਫ਼ ਸੈਂਤੀ ਪੈਸੇ) ਅਤੇ ਉਕਤ ਨੋਟਿਸ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਉਸ 'ਤੇ ਵਿਆਜ। ਇਸ ਤੋਂ ਪਹਿਲਾਂ, YBL ਨੇ ਉਪਰੋਕਤ ਕਰਜ਼ਾ ਖਾਤੇ ਦੇ ਆਪਣੇ ਸਾਰੇ ਅਧਿਕਾਰ, ਸਿਰਲੇਖ ਅਤੇ ਵਿਆਜ JCF YES 2022-23/1 ਟਰੱਸਟ ਦੇ ਟਰੱਸਟੀ ਦੇ ਤੌਰ 'ਤੇ 16.12.2022 ਨੂੰ ਇੱਕ ਅਸਾਈਨਮੈਂਟ ਸਮਝੌਤੇ ਰਾਹੀਂ, ਜਿਸ ਨੂੰ 04.07.2024 ਨੂੰ ਸੁਧਾਰ ਡੀਡ ਨਾਲ ਪੜ੍ਹਿਆ ਜਾਂਦਾ ਹੈ, JCF ਫਲਾਵਰ ਐਸੇਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਿਟਿਡ ਦੇ ਹੱਕ ਵਿੱਚ ਸੌਂਪ ਦਿੱਤਾ ਹੈ। ਇਸ ਤੋਂ ਇਲਾਵਾ, JC ਫਲਾਵਰ ਐਸੇਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਿਟਿਡ, JCF YES 2022-23/1 ਟਰੱਸਟ ਦੇ ਟਰੱਸਟੀ ਵਜੋਂ, ਉਪਰੋਕਤ ਲੋਨ ਖਾਤੇ ਦੇ ਆਪਣੇ ਸਾਰੇ ਅਧਿਕਾਰ, ਸਿਰਲੇਖ ਅਤੇ ਵਿਆਜ ਐਸੇਟਸ ਕੇਅਰ ਐਂਡ ਰੀਕੰਸਟ੍ਰਕਸ਼ਨ ਐਂਟਰਪ੍ਰਾਈਜ਼ ਲਿਮਿਟਿਡ ਦੇ ਹੱਕ ਵਿੱਚ ਸੌਂਪ ਦਿੱਤੇ ਹਨ, ਜੋ ਕਿ 13.12.2024 ਨੂੰ ਇੱਕ ਅਸਾਈਨਮੈਂਟ ਸਮਝੌਤੇ ਰਾਹੀਂ ACRE-166-TRUST ("ACRE") ਦੇ ਟਰੱਸਟੀ ਵਜੋਂ ਕੰਮ ਕਰਦੇ ਹਨ।
ਉਧਾਰ ਲੈਣ ਵਾਲਿਆਂ ਦੁਆਰਾ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ 17.02.2026 ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਐਕਟ ਦੀ ਧਾਰਾ 13 ਦੀ ਉਪ-ਧਾਰਾ (4) ਦੇ ਤਹਿਤ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਭੌਤਿਕ ਕਬਜ਼ਾ ਲੈ ਲਿਆ ਹੈ।
ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਦੁਆਰਾ ਸਾਵਧਾਨ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਨਾਲ ਕੋਈ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਐਸੇਟਸ ਕੇਅਰ ਐਂਡ ਰੀਕੰਸਟ੍ਰਕਸ਼ਨ ਐਂਟਰਪ੍ਰਾਈਜ਼ ਲਿਮਿਟਿਡ ਦੇ ਚਾਰਜ ਦੇ ਅਧੀਨ ਹੋਵੇਗਾ ਜੋ ACRE-166-TRUST ਦੇ ਟਰੱਸਟੀ ਵਜੋਂ ਕੰਮ ਕਰੇਗਾ, ਜਿਸਦੀ ਰਕਮ 27.12.2021 ਨੂੰ 87,42,577.37 ਰੁਪਏ (ਸਤਾਸੀ ਲੱਖ ਬਤਾਲੀ ਹਜ਼ਾਰ ਪੰਜ ਸੌ ਸੱਤਰ ਅਤੇ ਸਿਰਫ਼ ਸੈਂਤੀ ਪੈਸੇ) ਅਤੇ ਉਸ 'ਤੇ ਵਿਆਜ ਹੈ।
ਕਰਜ਼ਦਾਰ ਦਾ ਧਿਆਨ ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦੇ ਉਪਬੰਧਾਂ ਵੱਲ ਖਿੱਚਿਆ ਜਾਂਦਾ ਹੈ, ਜੋ ਕਿ ਸੁਰੱਖਿਅਤ ਸੰਪਤੀਆਂ ਨੂੰ ਛੁਡਾਉਣ ਲਈ ਉਪਲਬਧ ਸਮੇਂ ਦੇ ਸੰਬੰਧ ਵਿੱਚ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਘਰ-ਕਮ ਪਲਾਟ ਨੰਬਰ 19-ਏ, ਜਾਇਦਾਦ ਮਾਪਣ ਵਾਲਾ 146 ਵਰਗ ਗਜ਼, ਖਸਰਾ ਨੰਬਰ 76//13/2/8- 13/2/7-13/2/6 ਖੱਟਾ ਨੰਬਰ 658/751 ਸਾਲ 2005-2006 ਲਈ ਜਮ੍ਹਾਂਬੰਦੀ ਅਨੁਸਾਰ (ਖਾਤਾ ਨੰਬਰ 675/766 ਸਾਲ 2011-2012 ਲਈ ਜਮ੍ਹਾਂਬੰਦੀ ਅਨੁਸਾਰ) ਪਿੰਡ ਤਾਰਫ ਕਰਾਬਾਰਾ-ਐਚ.ਬੀ 161, ਅਬਾਦੀ ਵਿਖੇ ਸਥਿਤ ਹੈ ਜੋ ਦੱਖਣੀ ਮਾਡਲ ਟਾਊਨ ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਜੋਂ ਜਾਣਿਆ ਜਾਂਦਾ ਹੈ ਜੋ ਕਿ ਇਸ ਤਰ੍ਹਾਂ ਹੱਦਬੰਦੀ: -ਪੂਰਬੀ: ਪਲਾਟ ਨੰਬਰ 20 ਡਾ. ਸ਼ਮਸ਼ੇਰ ਸਿੰਘ, ਪੱਛਮੀ: ਪਲਾਟ ਨੰ. 19 ਜਸਬੀਰ ਕੌਰ, ਉੱਤਰ: ਗੁਆਂਢੀ ਦਾ ਘਰ, ਦੱਖਣ: ਗਲੀ।

ਮਿਤੀ: 19.02.2026,
ਸਥਾਨ: ਲੁਧਿਆਣਾ

ਸਹੀ/-
ਅਧਿਕਾਰਤ ਅਧਿਕਾਰੀ
ਐਸੇਟਸ ਕੇਅਰ ਐਂਡ ਰੀਕੰਸਟ੍ਰਕਸ਼ਨ ਐਂਟਰਪ੍ਰਾਈਜ਼ ਲਿਮਿਟਿਡ
(ACRE-166-TRUST)

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਤਿੰਨ ਰੋਜ਼ਾ ਕੌਮਾਂਤਰੀ ਪੰਜਾਬੀ ਕਾਨਫ਼ਰੰਸ ਸ਼ੁਰੂ

ਫ਼ਤਹਿਗੜ੍ਹ ਸਾਹਿਬ, 18 ਫਰਵਰੀ (ਹਰਪ੍ਰੀਤ ਕੌਰ ਟਿਵਾਣਾ) : ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ ਸਿੱਖ ਐਜੂਕੇਸ਼ਨ ਕੌਂਸਲ, ਯੂ.ਕੇ. ਦੇ ਸਹਿਯੋਗ ਨਾਲ ਕੌਮਾਂਤਰੀ ਮਾਂ-ਬੋਲੀ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਪੰਜਾਬੀ ਕਾਨਫਰੰਸ ਪੰਜਾਬ ਅਤੇ ਸਿੱਖੀ: ਅਵਾਸ ਅਤੇ ਪਰਵਾਸ ਦੇ ਸਰੋਕਾਰ ਵਿਸ਼ੇ ਨਾਲ ਸੰਬੰਧਿਤ, ਦਾ ਆਗਾਜ਼ ਕੀਤਾ ਗਿਆ। ਇਸ ਕਾਨਫਰੰਸ ਦਾ ਮੰਤਵ ਅਵਾਸ ਤੇ ਪਰਵਾਸ ਦੇ ਬਹੁਪੱਖੀ ਪਹਿਲੂਆਂ ਨੂੰ ਸਮਝਣਾ ਹੈ। ਇਸ ਕਾਨਫਰੰਸ ਦੇ ਪਹਿਲੇ ਦਿਨ ਦੋ ਇਜਲਾਸ ਹੋਏ, ਪਹਿਲੇ ਇਜਲਾਸ ਦੀ ਪ੍ਰਧਾਨਗੀ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਕੀਤੀ। ਦੋਵਾਂ ਇਜਲਾਸਾਂ ਵਿੱਚ ਰਾਸ਼ਟਰੀ ਤੇ ਅੰਤਰ-ਰਾਸ਼ਟਰੀ ਵਿਦਵਾਨਾਂ ਨੇ ਸ਼ਿਰਕਤ ਕੀਤੀ। ਡਾ. ਸਿਕੰਦਰ ਸਿੰਘ (ਡੀਨ ਭਾਸ਼ਾਵਾਂ, ਮੁਖੀ ਪੰਜਾਬੀ ਵਿਭਾਗ) ਨੇ ਆਏ ਵਿਦਵਾਨਾਂ ਦਾ ਸਵਾਗਤ ਕਰਦੇ ਹੋਏ ਕਾਨਫਰੰਸ ਦੀ ਰੂਪ-ਰੇਖਾ ਦੱਸੀ। ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਵਾਈਸ-ਚਾਂਸਲਰ ਨੇ ਪਰਵਾਸੀ ਧਰਤੀ 'ਤੇ ਰਹਿ ਰਹੇ ਪੰਜਾਬੀ ਵਿਦਿਆਰਥੀਆਂ ਦੇ ਸੰਕਟ ਦੀ ਗੱਲ ਕੀਤੀ ਅਤੇ ਉਹਨਾਂ ਨੂੰ ਦੇਸ਼ ਵਿੱਚ ਰਹਿ ਕੇ ਰੁਜ਼ਗਾਰ ਕਰਨ ਲਈ ਪ੍ਰੇਰਿਆ। ਕਾਨਫਰੰਸ ਦਾ ਉਦਘਾਟਨੀ ਭਾਸ਼ਣ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਵੱਲੋਂ ਦਿੱਤਾ ਗਿਆ ਜਿਸ ਵਿੱਚ ਉਹਨਾਂ ਨੇ ਸਿੱਖਿਆ ਉੱਪਰ ਪਰਵਾਸ ਦੇ ਪੈ ਰਹੇ ਅਸਰਾਂ ਬਾਰੇ ਗੱਲ ਕੀਤੀ। ਉਹਨਾਂ ਨੇ ਕਾਨਫਰੰਸ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਵਿਸ਼ਾ ਪੰਜਾਬ ਅਤੇ ਸਿੱਖੀ ਦੀ ਪਹਿਚਾਣ ਦੇ ਮਸਲੇ ਨਾਲ ਜੁੜੇ ਹੋਣ ਕਰਕੇ ਮਹੱਤਵਪੂਰਣ ਹੈ। ਕਾਨਫਰੰਸ ਦੇ ਪਹਿਲੇ ਸੈਸ਼ਨ ਵਿੱਚ ਡਾ. ਨਵਰੀਤ ਕੌਰ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਆਵਾਸ ਅਤੇ ਪਰਵਾਸ ਦੇ ਪੰਜਾਬ ਦੀ ਜਨਸੰਖਿਆ ਉੱਪਰ ਪੈ ਰਹੇ ਅਸਰਾਂ ਬਾਰੇ ਗੱਲ ਕੀਤੀ। ਜਿਸ ਦੇ ਸਿੱਟੇ ਵਜੋਂ ਰਾਜਨੀਤੀ, ਸਮਾਜ, ਵਿੱਦਿਆ ਸਭ ਖੇਤਰਾਂ ਵਿੱਚ ਤਬਦੀਲੀਆਂ ਵਾਪਰ ਰਹੀਆਂ ਹਨ। ਪ੍ਰੋ. ਸਤਨਾਮ ਸਿੰਘ ਦਿਓਲ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਕਿਸਾਨੀ ਅਤੇ ਸਿੱਖੀ ਦੇ ਹਵਾਲੇ ਨਾਲ ਰਾਜਨੀਤੀ ਅਤੇ ਪਛਾਣ ਦੇ ਸਵਾਲ ਉੱਪਰ ਗੱਲ ਕੀਤੀ। ਉਹਨਾਂ ਨੇ ਕਿਸਾਨੀ ਉੱਪਰ ਆ ਰਹੇ ਸੰਕਟ ਨਾਲ ਰਾਬਤਾ ਕਰਵਾਇਆਜਿਸ ਦੇ ਸਿੱਟੇ ਵਜੋਂ ਰਾਜਨੀਤੀ, ਸਮਾਜ, ਵਿੱਦਿਆ ਸਭ ਖੇਤਰਾਂ ਵਿੱਚ ਤਬਦੀਲੀਆਂ ਵਾਪਰ ਰਹੀਆਂ ਹਨ। ਪ੍ਰੋ. ਸਤਨਾਮ ਸਿੰਘ ਦਿਓਲ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਕਿਸਾਨੀ ਅਤੇ ਸਿੱਖੀ ਦੇ ਹਵਾਲੇ ਨਾਲ ਰਾਜਨੀਤੀ ਅਤੇ ਪਛਾਣ ਦੇ ਸਵਾਲ ਉੱਪਰ ਗੱਲ ਕੀਤੀ। ਉਹਨਾਂ ਨੇ ਕਿਸਾਨੀ ਉੱਪਰ ਆ ਰਹੇ ਸੰਕਟ ਨਾਲ ਰਾਬਤਾ ਕਰਵਾਇਅ। ਪਹਿਲੇ ਇਜਲਾਸ ਦਾ ਧੰਨਵਾਦੀ ਮਤਾ ਰਜਿਸਟਰਾਰ ਪ੍ਰੋ. (ਡਾ.) ਤੇਜਬੀਰ ਸਿੰਘ ਵੱਲੋਂ ਪੇਸ਼ ਕੀਤਾ ਗਿਆ। ਕਾਨਫਰੰਸ ਦੇ ਦੂਜੇ ਸੈਸ਼ਨ ਵਿੱਚ ਸੱਤ ਵਿਦਵਾਨਾਂ ਨੇ ਹਿੱਸਾ ਲਿਆ ਡਾ. ਕੰਵਲਜੀਤ ਸਿੰਘ, ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ 'ਪੰਜਾਬ ਦੇ ਅਵਾਸ-ਪਰਵਾਸ ਵਿੱਚ 1984 ਦਾ ਮੋੜ' ਵਿਸ਼ੇ ਤੇ ਗੱਲ ਕੀਤੀ, ਡਾ. ਜਸਵੀਰ ਸਿੰਘ (ਡੈਨਮਾਰਕ) ਨੇ ਮਾਡਰਨ ਹਿੰਦੂਵਾਦ ਦੀ ਘਾੜਤ ਅਤੇ ਇਸ ਦੇ ਸਿੱਖ ਡਾਇਸਪੋਰਾ ਉੱਪਰ ਅਸਰ', ਰਮਨਦੀਪ ਸਿੰਘ ਵੈਨਕੂਵਰ ਨੇ 'ਪੰਜਾਬੀ ਸ਼ਬਦਾਂ ਦੇ ਪ੍ਰਵਾਸ' ਉੱਪਰ ਆਪਣੀ ਗੱਲ ਰੱਖੀ। ਇਸ ਤੋਂ ਇਲਾਵਾ ਡਾ. ਨਵ ਸ਼ਗਨ ਦੀਪ ਕੌਰ, ਮੁਖੀ ਸਮਾਜ ਵਿਗਿਆਨ ਵਿਭਾਗ, ਡਾ. ਬਿੰਦਰ ਸਿੰਘ, ਡਾ. ਸੰਦੀਪ ਕੌਰ ਸੇਖੋਂ ਅਤੇ ਡਾ. ਚਰਨਜੀਤ ਕੌਰ ਨੇ ਖੋਜ ਪੱਤਰ ਪੇਸ਼ ਕੀਤੇ। ਕਾਨਫਰੰਸ ਦਾ ਸੰਚਾਲਨ ਡਾਕਟਰ ਹਰਪ੍ਰੀਤ ਕੌਰ ਪੰਜਾਬੀ ਵਿਭਾਗ ਵੱਲੋਂ ਕੀਤਾ ਗਿਆ। ਇਸ ਵਿੱਚ ਡਾ. ਹਰਦੇਵ ਸਿੰਘ, ਮੁਖੀ ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ, ਡਾ. ਹਰਨੀਤ ਬਿਲਿੰਗ, ਮੁਖੀ ਸਿੱਖਿਆ ਵਿਭਾਗ, ਡਾ. ਰਮਨਦੀਪ ਕੌਰ, ਮੁਖੀ ਰਾਜਨੀਤੀ ਸ਼ਾਸਤਰ ਵਿਭਾਗ, ਡਾ. ਗੁਰਪਿੰਦਰ ਪਾਲ ਸਿੰਘ, ਮੁਖੀ ਭੋਜਨ ਤਕਨੀਕ ਵਿਭਾਗ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਭਾਸ਼ਾ ਅਫਸਰ ਸ. ਸੰਦੀਪ ਬਿਬੇਕਗੜ੍ਹ ਤੋਂ ਸ. ਰਣਜੀਤ ਸਿੰਘ ਅਤੇ ਹੋਰ ਵੱਖ ਵੱਖ ਵਿਭਾਗਾਂ ਦੇ ਮੁਖੀ ਸਾਹਿਬਾਨ, ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ।ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਭਾਸ਼ਾ ਅਫਸਰ ਸ. ਸੰਦੀਪ ਬਿਬੇਕਗੜ੍ਹ ਤੋਂ ਸ. ਰਣਜੀਤ ਸਿੰਘ ਅਤੇ ਹੋਰ ਵੱਖ ਵੱਖ ਵਿਭਾਗਾਂ ਦੇ ਮੁਖੀ ਸਾਹਿਬਾਨ, ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ

# ਮਹਾਂ ਸ਼ਿਵਰਾਤਰੀ ਮੌਕੇ ਲਗਾਇਆ ਭੰਡਾਰਾ



ਟਾਂਡਾ ਉੜਮੁੜ, 18 ਫਰਵਰੀ (ਅਰਜੁਨ ਜੈਨ) : ਮਹਾਂ ਸ਼ਿਵਰਾਤਰੀ ਦੇ ਪਾਵਨ ਉਤਸਵ ਦੇ ਮੌਕੇ ਤੇ ਟਾਂਡਾ ਸ਼ਹਿਰ ਦੇ ਵੱਖ-ਵੱਖ ਮੰਦਰਾਂ ਨੂੰ ਬੜੀ ਸੁੰਦਰਤਾ ਨਾਲ ਸਜਾਇਆ ਗਿਆ ਸੀ ਅਤੇ ਸਵੇਰ ਤੋਂ ਹੀ ਸ਼ਰਧਾਲੂ ਮੰਦਰਾਂ ਵਿੱਚ ਸਥਾਪਿਤ ਸ਼ਿਵਲਿੰਗ ਤੇ ਦੁੱਧ, ਜਲ ਅਤੇ ਫੁੱਲ ਆਦੀ ਚੜ੍ਹਾ ਕੇ ਸ਼ਿਵ ਸ਼ੰਕਰ ਭੋਲੇਨਾਥ ਜੀ ਦੀ ਪੂਜਾ ਆਰਤੀ ਕਰਕੇ ਬਾਬਾ ਭੋਲੇਨਾਥ ਜੀ ਦਾ ਆਸ਼ੀਰਵਾਦ ਪ੍ਰਾਪਤ ਕਰ ਰਹੇ ਸਨ। ਇਸ ਮਹਾਂ ਉਤਸਵ ਦੇ ਮੌਕੇ ਤੇ ਬਾਬਾ ਭੋਲੇਨਾਥ ਦੇ ਸ਼ਰਧਾਲੂਆਂ ਵੱਲੋਂ ਸ਼ਹਿਰ ਦੇ ਵੱਖ-ਵੱਖ ਸਥਾਨਾਂ ਤੇ ਲੰਗਰ ਆਦਿ ਲਗਾਏ ਗਏ ਸਨ। ਇਸੇ ਸੰਬੰਧ ਵਿੱਚ ਏਕ ਹਾਥ ਸੇਵਾ ਕੇ ਨਾਮ ਸੋਸਾਇਟੀ ਦੇ ਜਨਰਲ ਸਕੱਤਰ ਵਿਵੇਕ ਵਿਜ਼ਨ ਅਤੇ ਸਮਾਜ ਸੇਵਿਕਾ ਦੀਪਿਕਾ ਵੱਲੋਂ ਵੱਖ-ਵੱਖ ਪਕਵਾਨਾਂ ਦੇ ਬਾਬਾ ਭੋਲੇਨਾਥ ਜੀ ਦਾ ਭੰਡਾਰਾ ਲਗਾਇਆ ਗਿਆ, ਜਿਸ ਵਿੱਚ ਸੋਸਾਇਟੀ ਦੇ ਸਰਪ੍ਰਸਤ ਸੁਮਿਤ ਗੁਪਤਾ, ਸ਼ਿਵ ਸੈਨਾ ਹਿੰਦੁਸਤਾਨ ਯੂਥ ਦੇ ਪੰਜਾਬ ਪ੍ਰਧਾਨ ਰਾਹੁਲ ਖੰਨਾ, ਉੱਘੇ ਸਮਾਜ ਸੇਵੀ ਗੋਪਾ ਬਡਿਆਲ, ਉੱਘੇ ਸਮਾਜ ਸੇਵੀ ਸੋਨੂੰ ਖੰਨਾ, ਸਾਬਕਾ ਨਗਰ ਕੌਂਸਲ ਪ੍ਰਧਾਨ ਤੇ ਨਗਰ ਕੌਂਸਲਰ ਹਰੀ ਕ੍ਰਿਸ਼ਨ ਸੈਣੀ, ਯੁਵਾ ਨੇਤਾ ਰਾਜੂ ਖੋਸਲਾ ਅਤੇ ਉੱਘੇ ਸਮਾਜ ਸੇਵੀ ਗਿੰਨੀ ਅਰੋੜਾ ਨੇ ਇਸ ਭੰਡਾਰੇ ਵਿੱਚ ਆਪਣੀ ਹਾਜ਼ਰੀ ਲਗਵਾ ਕੇ ਬਾਬਾ ਭੋਲੇਨਾਥ ਜੀ ਦੇ ਸ਼ਰਧਾਲੂਆਂ ਨੂੰ ਲੰਗਰ ਵਰਤਾਉਣ ਵਿੱਚ ਆਪਣੀ ਸੇਵਾ ਨਿਭਾਈ। ਇਸ ਮੌਕੇ ਤੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿਵੇਕ ਵਿਜ਼ਨ ਨੇ ਮਹਾਂ ਸ਼ਿਵਰਾਤਰੀ ਉਤਸਵ ਦੀ ਸਾਰਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਦੁਨੀਆਂ ਦੇ ਵੱਖ ਵੱਖ ਧਰਮਾਂ ਦੇ ਲੋਕ ਆਪਣੇ ਸਤਿਗੁਰੂ ਦੀ ਪੂਜਾ ਕਰਦੇ ਹਨ ਪਰ ਪਰਮਾਤਮਾ ਇੱਕ ਹੀ ਹੈ। ਉਨ੍ਹਾਂ ਕਿਹਾ ਕਿ ਸਾਡੀ ਸੋਸਾਇਟੀ ਹਰ ਧਰਮ ਦੇ ਧਾਰਮਿਕ ਉਤਸਵ ਦੇ ਮੌਕੇ ਤੇ ਲੰਗਰ ਆਦਿ ਲਗਾ ਕੇ ਉਨ੍ਹਾਂ ਵਿੱਚ ਆਪਣਾ ਬਣਦਾ ਯੋਗਦਾਨ ਪਾਉਂਦੀ ਹੈ। ਇਸ ਮੌਕੇ ਤੇ ਜਸਵਿੰਦਰ ਸਿੰਘ, ਸਰਬਜੀਤ ਸਿੰਘ, ਸਰਵਨ ਸਿੰਘ, ਜਗਦੀਸ਼ ਕੁਮਾਰ, ਸੁੱਖ ਦੀਪ ਸੁੱਖਾ ਅਤੇ ਹੋਰ ਹਾਜ਼ਰ ਸਨ।

# ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ 5-5 ਲੱਖੇ ਦੇ ਚੈੱਕ ਵੰਡੇ

ਜੰਡਿਆਲਾ ਗੁਰੂ, 18 ਫਰਵਰੀ (ਰਾਮ ਸ਼ਰਨਜੀਤ ਸਿੰਘ) : ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਜੰਡਿਆਲਾ ਗੁਰੂ ਸਥਿਤ ਆਪਣੇ ਦਫ਼ਤਰ ਵਿਖੇ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੀ ਵਿਸ਼ੇਸ਼ ਇਨਾਮੀ ਗ੍ਰਾਂਟ ਦੇ ਚੈੱਕ ਵੰਡੇ। ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਸੁਰਜਣ ਸਿੰਘ ਵਾਲਾ, ਰੱਖ ਮਾਨਾਂਵਾਲਾ, ਵਡਾਲਾ ਡੋਗਰਾ, ਮਲਕਪੁਰ, ਭਗਵਾਨਸਰ, ਚੋਹਾਨ, ਮੱਲੀਆਂ, ਝੰਗੀ ਸਾਹਿਬ, ਨਿੱਜਰਪੁਰਾ, ਕੋਹਾਲਾ, ਮੀਰਾਚੱਕ, ਕੋਹਾਟਵਿੰਡ ਮੁਸਲਮਾਨਾਂ, ਕੋਟ ਹਿਯਾਤ, ਜੀਵਨ ਪੰਧੇਰ, ਸ਼ਾਹਪੁਰ ਖੁਰਦ, ਚਰਨ ਸਿੰਘ ਵਾਲਾ, ਰਾਏਪੁਰ ਖੁਰਦ, ਨੰਗਲੀ, ਨਵੀਂ ਨੰਗਲੀ, ਨੰਗਲੀ ਖ਼ੁਰਦ, ਜਲਾਲ, ਉਸਮਾ, ਦਿਆਲਗੜ੍ਹ, ਪੱਲਾ, ਖੱਬੇ ਰਾਜਪੂਤਾਂ ਪਿੰਡਾਂ ਦੀਆਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦਿੱਤੀ ਗਈ।ਇਸ ਮੌਕੇ ਪੰਚਾਇਤੀ ਨੁਮਾਇੰਦਿਆਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿੰਡਾਂ ਵਿੱਚ ਭਾਈਚਾਰਕ ਸਾਂਝ ਤੇ ਇੱਕਜੁਟਤਾ ਨੂੰ ਮਜ਼ਬੂਤ ਕਰਨ ਲਈ ਇਹ ਐਲਾਨ ਕੀਤਾ ਸੀ ਕਿ ਜੋ ਪਿੰਡ ਆਪਣੀ ਪੰਚਾਇਤ ਨੂੰ ਸਰਬਸੰਮਤੀ ਨਾਲ ਚੁਣਨਗੇ ਉਨ੍ਹਾਂ ਪਿੰਡਾਂ ਨੂੰ ਰਾਜ ਸਰਕਾਰ ਵੱਲੋਂ 5 ਲੱਖ ਰੁਪਏ ਦੀ ਵਿਸ਼ੇਸ਼ ਇਨਾਮੀ ਗ੍ਰਾਂਟ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਆਪਣਾ ਵਾਅਦਾ ਨਿਭਾਉਂਦਿਆਂ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਵਿਸ਼ੇਸ਼ ਤੌਰ ਤੇ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਗ੍ਰਾਂਟ ਪਿੰਡਾਂ ਵਿੱਚ ਗਲੀਆਂ-ਨਾਲੀਆਂ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਦੇ ਵਿਕਾਸ ਲਈ ਵਰਤੀ ਜਾਵੇਗੀ।ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਪੰਚਾਇਤੀ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਇਸ ਵਿਸ਼ੇਸ਼ ਗ੍ਰਾਂਟ ਨੂੰ ਪੂਰੀ ਇਮਾਨਦਾਰੀ ਤੇ ਪਾਰਦਰਸ਼ਤਾ ਨਾਲ ਆਪਣੇ ਪਿੰਡਾਂ ਦੇ ਵਿਕਾਸ ਉੱਪਰ ਖਰਚ ਕਰਨ।

## PSPCL Punjab State Power Corporation Limited

Office of ADDL Superintending Engineer, Central Store, Malout
E-mail: csmalout@gmail.com
Regd. Office : PSEB Head Office, The Mall, Patiala-147001
Corporate Identity Number : U40109PB2010SGC033813
Website : www.pspcl.in

ਟੈਂਡਰ ਇੰਨਕੁਆਰੀ ਨੰ. 01/2025-26 CS Malout ਮਿਤੀ : 18.02.2026

### ਟੈਂਡਰ ਇੰਨਕੁਆਰੀ

ਵਧੀਕ ਨਿਗਰਾਨ ਇੰਜੀਨੀਅਰ, ਕੇਂਦਰੀ ਭੰਡਾਰ, ਮਲੋਟ ਵੱਲੋਂ ਵੱਖ-ਵੱਖ ਸਟੋਰਾਂ ਲਈ 4 ਨੰ. ਗੱਡੀਆਂ (2 ਨੰ. 9 ਟਨ ਕਪੈਸਟੀ ਅਤੇ 2 ਨੰ. 6 ਟਨ ਕਪੈਸਟੀ) ਦੀ ਮੰਗ ਸਮੇਤ ਲੇਬਰ, ਜ਼ਰੂਰੀ ਟੀ. ਐਂਡ ਪੀ. ਅਤੇ ਘੱਟੋ-ਘੱਟ 12 MT ਸਮਰੱਥਾ ਵਾਲੀਆਂ 2 ਨੰ. ਕਰੇਨਾਂ, ਢੋਆ-ਢੁਆਈ, ਲਦਾਈ ਲੁਹਾਈ ਅਤੇ ਸਟੋਰ/ਟੀ.ਆਰ.ਵਾਈ. ਵਿੱਚ ਪਏ ਸਮਾਨ (ਪੀ.ਸੀ.ਸੀ. ਪੋਲ, ਟ੍ਰਾਂਸਫਾਰਮਰ, ਚੈਨਲ, ਐਂਗਲ ਫਲੈਟ ਵਗੈਰਾਂ) ਦੀ ਸਟੈਕਿੰਗ ਕਰਨ ਵਾਸਤੇ, ਇੰਟਰ ਸਟੋਰ ਅਤੇ ਮਹਿਕਮੇ ਦੇ ਦੂਸਰੇ ਕੰਮ ਵਾਲੀਆਂ ਥਾਵਾਂ ਉੱਤੇ ਮਹਿਕਮੇ ਦੀ ਜ਼ਰੂਰਤ ਅਨੁਸਾਰ ਸਮਾਨ ਦੀ ਢੋਆ-ਢੁਆਈ ਲਈ ਗੱਡੀਆਂ ਉਪਲਬੱਧ ਕਰਵਾਉਣ ਸਬੰਧੀ। ਇਸ ਤੋਂ ਇਲਾਵਾ, ਸਟੋਰ/ਟੀ.ਆਰ.ਵਾਈ ਵਿਖੇ ਵੱਖ-ਵੱਖ ਜ਼ਰੂਰਤ ਅਨੁਸਾਰ ਭਾੜੇ ਦੇ ਵਾਹਨ, ਪੀ.ਐਸ.ਪੀ.ਸੀ.ਐਲ. ਵਾਹਨ ਆਂ ਪੀ.ਐਸ.ਪੀ.ਸੀ.ਐਲ. ਦੁਆਰਾ ਸਮਾਨ ਦੀ ਢੋਆ-ਢੁਆਈ ਲਈ ਪ੍ਰਵਾਨਿਤ ਕਿਸੇ ਹੋਰ ਵਾਹਨ ਵਿੱਚ/ਤੋਂ ਕਿਸੇ ਵੀ ਸਮਾਨ ਦੀ ਲੋਡਿੰਗ, ਅਨਲੋਡਿੰਗ ਅਤੇ ਸਟੈਕਿੰਗ ਠੇਕੇਦਾਰ ਦੀ ਜ਼ਿੰਮੇਵਾਰੀ ਹੋਵੇਗੀ। ਸਟੋਰ ਨਾਲੋਂ ਵੱਖਰੀ ਥਾਂ ਤੇ ਸਥਿਤ ਟੀ.ਆਰ.ਵਾਈ. ਵਿਖੇ ਸਮਾਨ ਦੀ ਢੋਆ-ਢੁਆਈ ਲੁਹਾਈ, ਲਦਾਈ ਅਤੇ ਸਟੈਕਿੰਗ ਦਾ ਕੰਮ ਵੀ ਠੇਕੇਦਾਰ ਦੇ ਕੰਮ ਦੇ ਸਕੋਪ ਵਿੱਚ ਸ਼ਾਮਿਲ ਹੋਵੇਗਾ। ਵਿਸਤ੍ਰਿਤ ਐਨ.ਆਈ.ਟੀ. ਅਤੇ ਟੈਂਡਰ ਸਪੈਸੀਫਿਕੇਸ਼ਨ ਲਈ https://eproc.punjab.gov.in ਤੋਂ ਮਿਤੀ 18.02.2026 ਨੂੰ ਸ਼ਾਮ 04:00 ਵਜੇ ਤੋਂ ਪ੍ਰਾਪਤ ਕੀਤੀ ਆ ਸਕਦੀ ਹੈ।

**ਨੋਟ : ਕੋਈ ਵੀ ਸ਼ੁੱਧੀ/ਪੱਤਰ ਵਾਧਾ ਜੇਕਰ ਹੋਵੇ ਤਾਂ https://eproc.punjab.gov.in ਉੱਪਰ ਹੀ ਅਪਲੋਡ ਕੀਤਾ ਆਵੇਗਾ।** C 248 / 26

Ro No. PR Advt. No.: 1079 / 12 / 2025-26/ 8460/ Dated CHD : 18.02.2026

## PUNJAB STATE TRANSMISSION CORPORATION LIMITED

Regd. Office : PSEB Head Office, The Mall Patiala-147001
Corporate Identity Number : U40109PB2010SGC033814
www.pstcl.org O/o Sr. Xen, C/W Divn., Patiala Tel. No.: 96461-17916
E-mail: srxen-cwd-pta@pstcl.org

**ਥੋੜ੍ਹੇ ਸਮੇਂ ਦਾ ਈ-ਟੈਂਡਰ ਨੋਟਿਸ ਇੰਨਕੁਆਰੀ ਨੰ. 51/2025-26**

ਟੈਂਡਰ ਦਾ ਵੇਰਵਾ : 220 ਕੇ.ਵੀ. ਸ/ਸ ਬੰਗਾਂ ਵਿਖੇ ਵਾਧੂ 20 ਐਮ.ਵੀ.ਏ. ਟ੍ਰਾਂਸਫਾਰਮਰ ਪਲਿੰਥ ਦੀ ਉਸਾਰੀ ਅਤੇ 11 ਕੇਵੀ. ਕੰਟਰੋਲ ਰੂਮ ਬਿਲਡਿੰਗ ਵਿੱਚ ਵਾਧਾ ਕਰਨਾ। ਈ-ਟੈਂਡਰ ਡਾਊਨਲੋਡ/ਅਪਲੋਡ ਕਰਨ ਦੀ ਆਖਰੀ ਮਿਤੀ 05.03.2026 ਸਮਾਂ 03:00 PM ਵਜੇ ਤੱਕ। ਅਮਾਨਤੀ ਰਕਮ ਅਤੇ ਬਿਡਜ਼ ਖੋਲ੍ਹਣ ਦੀ ਮਿਤੀ 06.03.2026 ਸਮਾਂ 11:00 AM ਵਜੇ। ਈ-ਟੈਂਡਰ ਦਸਤਾਵੇਜ਼ ਦੀ ਰਕਮ ਨਿਲ।

ਨੋਟ : ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਕਾਰਨ ਟੈਂਡਰ ਪ੍ਰੀਕ੍ਰਿਆ ਪੂਰੀ ਨਹੀਂ ਹੁੰਦੀ ਤਾਂ ਉਸ ਕੇਸ ਵਿੱਚ ਅਖ਼ਬਾਰਾਂ ਵਿੱਚ ਸੋਧ ਪ੍ਰਕਾਸ਼ਿਤ ਨਹੀਂ ਕਰਵਾਈ ਜਾਵੇਗੀ। ਸੋਧ ਸਬੰਧੀ ਵੇਰਵੇ ਪੀ.ਐਸ.ਟੀ.ਸੀ.ਐਲ. ਦੀ ਵੈੱਬਸਾਈਟ www.pstcl.org ਤੇ ਵੇਖੇ ਜਾਣ। Terms and conditions may be downloaded from website https://eproc.punjab.gov.in

ਸੀਨੀ. ਕਾ.ਕਾ. ਇੰਜੀ/ਸਿਵਲ ਨਿਰਮਾਣ ਮੰਡਲ, PSTCL, ਪਟਿਆਲਾ।

Ro No. PR Advt. No.: 1078 / 12 / 2025-26 / 8471 / Dated CHD : 18.02.2026

## ਨਗਰ ਨਿਗਮ ਚੰਡੀਗੜ੍ਹ

### ਈ-ਟੈਂਡਰ ਸੂਚਨਾ

| ਲ. ਨੰ. | ਕੰਮ ਦਾ ਨਾਮ | ਬੋਲੀ ਜਮ੍ਹਾਂ ਸੂਚੀ (ਆਨਲਾਈਨ) | ਤਕਨੀਕੀ ਬੋਲੀ ਦਾ ਖੁੱਲ੍ਹਣਾ (ਆਨਲਾਈਨ) |
|---|---|---|---|
| **ਕਾਰਜਕਾਰੀ ਇੰਜੀਨੀਅਰ - ਸੜਕ ਮੰਡਲ ਨੰ. 3** | | | |
| 1. | ਬੀ ਅਤੇ ਆਰ ਵਿੰਗ, ਐਮ.ਸੀ. ਚੰਡੀਗੜ੍ਹ ਦੇ ਅਧਿਕਾਰ ਖੇਤਰ ਅਧੀਨ ਵੀ-4 ਸੜਕਾਂ 'ਤੇ ਸਾਈਨ ਬੋਰਡਾਂ ਦੀਆਂ ਵੱਖ-ਵੱਖ ਕਿਸਮਾਂ ਦੀ ਵਿਵਸਥਾ ਅਤੇ ਸਥਾਪਨਾ। ਸਿਰਲੇਖ : ਸੜਕ/ਪਾਰਕਿੰਗ ਥਾਵਾਂ ਅਤੇ ਬੁਨਿਆਦੀ ਢਾਂਚਾ ਸਹੂਲਤਾਂ ਦਾ ਸੁਧਾਰ। **ਅਨੁਮਾਨਤ ਲਾਗਤ** : ਰੁ. 62.52 ਲੱਖ, **ਬਿਆਨਾ ਰਕਮ** : ਰੁ. 1,25,035/- **ਸਮਾਂ ਹੱਦ** : 03 ਮਹੀਨੇ | 18.02.2026 To 26.02.2026 upto 12.00 noon | 26.02.2026 at 15.00 PM |

ਨੋਟ :- ਸਾਰੇ ਹੋਰ ਨਿਯਮ ਅਤੇ ਸ਼ਰਤਾਂ ਅਤੇ ਮੁਕੰਮਲ ਡੀਐਨਆਈਟੀ ਵੈਬਸਾਈਟ https://etenders.chd.nic.in 'ਤੇ ਅਪਲੋਡ ਕੀਤੇ ਗਏ ਹਨ।

**ਕਾਰਜਕਾਰੀ ਇੰਜੀਨੀਅਰ**
ਸੜਕ ਮੰਡਲ ਨੰ. 3, ਕਮਰਾ ਨੰ. 311, ਐਮਸੀ, ਚੰਡੀਗੜ੍ਹ 0172-5021482, xenroad3.mcc@chd.nic.in

## ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ.

ਰਜਿ: ਦਫ਼ਤਰ ਪੀ.ਐਸ.ਈ.ਬੀ. ਹੈੱਡ ਆਫਿਸ, ਦੀ ਮਾਲ ਪਟਿਆਲਾ-147001
Corporate Identification Number (CIN): U40109PB2010SGC033813
GSTIN 03AMRP12828FIDI
Mob.: 96461-13029, E-mail: citypathankotpspcl@gmail.com

**ਟੈਂਡਰ ਇੰਨਕੁਆਰੀ ਨੰਬਰ : 11/CITY/2025-26/PSPCL/PATHANKOT. Dated : 17.02.2026**

ਬਾਹਰਲੇ ਸੋਮਿਆਂ ਤੋਂ ਇੱਕ ਨੰਬਰ Single Door/Double door Mahindra/Genius/Bolero/Tata 207/408 ਜਾਂ ਇਸ ਦੇ ਬਰਾਬਰ ਦੀ ਕੀਮਤ ਵਾਲੀ ਗੱਡੀ ਵਧੀਕ ਨਿਗਰਾਨ ਇੰਜੀ:/ਸੰਚਾ:, ਸ਼ਹਿਰੀ ਮੰਡਲ ਪਠਾਨਕੋਟ ਦੇ ਦਫ਼ਤਰ ਲਈ ਇੱਕ ਸਾਲ ਵਾਸਤੇ ਕਿਰਾਏ ਤੇ ਲੈਣ ਸਬੰਧੀ।

ਟੈਂਡਰ ਦਸਤਾਵੇਜ਼ ਵੇਚਣ ਦੀ ਆਖਰੀ ਮਿਤੀ : 09.03.2026
ਟੈਂਡਰ ਪ੍ਰਾਪਤ ਕਰਨ ਦੀ ਆਖਰੀ ਮਿਤੀ ਅਤੇ ਸਮਾਂ : 10.03.2026, 11:00 Hrs.
ਟੈਂਡਰ ਖੋਲ੍ਹਣ ਦੀ ਮਿਤੀ ਅਤੇ ਸਮਾਂ : 10.03.2026, 13:00 Hrs.
ਟੈਂਡਰ ਦਸਤਾਵੇਜ਼ ਦੀ ਕੀਮਤ : Rs. 1180/- (ਸਮੇਤ ਜੀ.ਐਸ.ਟੀ.)

ਇਸ ਟੈਂਡਰ ਸਬੰਧੀ ਡਿਟੇਲ PSPCL website (www.pspcl.in) ਡਾਊਨਲੋਡ ਕੀਤੀ ਜਾ ਸਕਦੀ ਹੈ। ਕਿਸੇ ਸੋਧ ਲਈ ਅਖ਼ਬਾਰ ਵਿੱਚ ਵੱਖਰਾ ਇਸ਼ਤਿਹਾਰ ਨਹੀਂ ਦਿੱਤਾ ਜਾਵੇਗਾ। ਇਸ ਲਈ ਚਾਹਵਾਨ ਕਿਸੇ ਵੀ ਅਪਡੇਟ ਲਈ ਵੈੱਬਸਾਈਟ ਰੈਗੂਲਰ ਚੈੱਕ ਕਰਦੇ ਰਹਿਣ।

Detailed NIT/specifications/Terms and conditions may be downloaded from PSPCL website (www.pspcl.in) corrigendum if any, will not be published in news paper as such the website may be Visited regularly for any update.

C 245/26
Ro No. PR Advt No.: 1079 / 12 / 2025-26 / 8454 / Dated CHD : 18.02.2026

## ਚੰਡੀਗੜ੍ਹ ਹਾਊਸਿੰਗ ਬੋਰਡ

8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ



### ਜਨਤਕ ਸੂਚਨਾ

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀ ਮਾਧਵ ਅਚਾਰੀਆ ਸਪੁੱਤਰ ਸ੍ਰੀ ਬਾਲ ਕ੍ਰਿਸ਼ਨ ਅਚਾਰੀਆ (ਬਾਲਕ੍ਰਿਸ਼ਨਾ ਅਚਾਰੀਆ)** ਦੀ ਬੇਵਸੀਅਤੀ ਮੌਤ 'ਤੇ (1) **ਸ੍ਰੀਮਤੀ ਸਤਿਆਵਤੀ ਅਚਾਰੀਆ ਸੁਪਤਨੀ ਸਵਰਗੀ ਸ੍ਰੀ ਮਾਧਵ ਅਚਾਰੀਆ**, (2) **ਮਿਸ ਮੀਤੀ ਅਚਾਰੀਆ ਸਪੁੱਤਰੀ ਸਵਰਗੀ ਸ੍ਰੀ ਮਾਧਵ ਅਚਾਰੀਆ** ਅਤੇ (3) **ਸ੍ਰੀ ਮਯੂਰ ਅਚਾਰੀਆ ਸਪੁੱਤਰ ਸਵਰਗੀ ਸ੍ਰੀ ਮਾਧਵ ਅਚਾਰੀਆ** ਦੇ ਨਾਮ 'ਤੇ **ਐਮਐਚਸੀ, ਮਨੀਮਾਜਰਾ, ਚੰਡੀਗੜ੍ਹ ਵਿਚ ਵਰਗ-3 ਦੀ ਰਿਹਾਇਸ਼ੀ ਇਕਾਈ ਨੰਬਰ** 5017-3 ਦੀ ਅਲਾਟਮੈਂਟ/ਪੰਜੀਕਰਨ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਐਮਐਚਸੀ, ਮਨੀਮਾਜਰਾ, ਚੰਡੀਗੜ੍ਹ ਵਿਚ ਵਰਗ-3 ਦੀ ਰਿਹਾਇਸ਼ੀ ਇਕਾਈ ਨੰਬਰ** 5017-3 ਦੇ ਮਾਲਕ **ਸ੍ਰੀ ਮਾਧਵ ਅਚਾਰੀਆ ਸਪੁੱਤਰ ਸ੍ਰੀ ਬਾਲ ਕ੍ਰਿਸ਼ਨ ਅਚਾਰੀਆ (ਬਾਲਕ੍ਰਿਸ਼ਨਾ ਅਚਾਰੀਆ)** ਦੀ ਉਨ੍ਹਾਂ ਦੇ ਕਾਨੂੰਨੀ ਵਾਰਸਾਂ ਦੁਆਰਾ ਦਿੱਤੀ ਸੂਚਨਾ ਅਨੁਸਾਰ **ਗੁਰੂਗ੍ਰਾਮ (ਹਰਿਆਣਾ) ਵਿਖੇ** 29.11.2024 ਨੂੰ ਮੌਤ ਹੋ ਗਈ ਸੀ। (1) **ਸ੍ਰੀਮਤੀ ਸਤਿਆਵਤੀ ਅਚਾਰੀਆ ਸੁਪਤਨੀ ਸਵਰਗੀ ਸ੍ਰੀ ਮਾਧਵ ਅਚਾਰੀਆ**, (2) **ਮਿਸ ਮੀਤੀ ਅਚਾਰੀਆ ਸਪੁੱਤਰੀ ਸਵਰਗੀ ਸ੍ਰੀ ਮਾਧਵ ਅਚਾਰੀਆ** ਅਤੇ (3) **ਸ੍ਰੀ ਮਯੂਰ ਅਚਾਰੀਆ ਸਪੁੱਤਰ ਸਵਰਗੀ ਸ੍ਰੀ ਮਾਧਵ ਅਚਾਰੀਆ** ਨੇ **ਸ੍ਰੀ ਮਾਧਵ ਅਚਾਰੀਆ ਸਪੁੱਤਰ ਸ੍ਰੀ ਬਾਲ ਕ੍ਰਿਸ਼ਨ ਅਚਾਰੀਆ (ਬਾਲਕ੍ਰਿਸ਼ਨਾ ਅਚਾਰੀਆ)** ਬੇਵਸੀਅਤੀ ਮੌਤ ਦੇ ਆਧਾਰ 'ਤੇ ਆਪਣੇ ਨਾਮ 'ਤੇ **ਐਮਐਚਸੀ, ਮਨੀਮਾਜਰਾ, ਚੰਡੀਗੜ੍ਹ ਵਿਚ ਵਰਗ-3 ਦੀ ਰਿਹਾਇਸ਼ੀ ਇਕਾਈ ਨੰਬਰ** 5017-3 ਦੀ ਮਾਲਕੀ ਦੇ ਤਬਾਦਲੇ ਲਈ ਬੇਨਤੀ ਕੀਤੀ ਹੈ। ਉਨ੍ਹਾਂ ਨੇ ਅੱਗੇ ਬਿਆਨ ਦਿੱਤਾ ਹੈ ਕਿ ਕੋਈ ਹੋਰ ਕਾਨੂੰਨੀ ਵਾਰਸ ਛੱਡਿਆ ਨਹੀਂ ਗਿਆ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਰਿਹਾਇਸ਼ੀ ਇਕਾਈ, ਜੋ ਕਿ (1) **ਸ੍ਰੀਮਤੀ ਸਤਿਆਵਤੀ ਅਚਾਰੀਆ (ਸੁਪਤਨੀ)**, (2) **ਮਿਸ ਮੀਤੀ ਅਚਾਰੀਆ (ਸਪੁੱਤਰੀ)** ਅਤੇ (3) **ਸ੍ਰੀ ਮਯੂਰ ਅਚਾਰੀਆ (ਸਪੁੱਤਰ)** ਦੇ ਪੱਖ ਵਿਚ ਚੰਡੀਗੜ੍ਹ ਹਾਊਸਿੰਗ ਬੋਰਡ ਵੱਲੋਂ ਤਬਦੀਲ ਕੀਤੇ ਜਾਣ ਲਈ ਪ੍ਰਸਤਾਵਿਤ ਹੈ, ਵਿਚ ਦਾਅਵੇ/ਅਧਿਕਾਰ/ਹਿੱਤ ਸਬੰਧੀ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਆਪਣਾ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ, ਜਿਸ ਤੋਂ ਅਸਫਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦਾ ਪੰਜੀਕਰਨ ਅਤੇ ਅਲਾਟਮੈਂਟ ਉਕਤ ਦਾਅਵੇਕਾਰ ਦੇ ਪੱਖ ਵਿਚ ਤਬਦੀਲ ਕਰ ਦਿੱਤੇ ਜਾਣਗੇ।

**ਸਕੱਤਰ,**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

## ਚੰਡੀਗੜ੍ਹ ਹਾਊਸਿੰਗ ਬੋਰਡ

8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ

### ਜਨਤਕ ਸੂਚਨਾ

**ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀ ਜੀਵਨ ਸਿੰਘ ਸਪੁੱਤਰ ਸ੍ਰੀ ਮੋਹਨ ਸਿੰਘ** ਦੇ ਨਾਮ ਤੋਂ (1) **ਸ੍ਰੀ ਮੋਹਿਤ ਸਪੁੱਤਰ ਸ੍ਰੀ ਕਰਤਾਰ ਸਿੰਘ ਅਤੇ** (2) **ਸ੍ਰੀਮਤੀ ਅਕਾਂਕਸ਼ਾ ਧਨਖੜ ਸੁਪਤਨੀ ਸ੍ਰੀ ਮੋਹਿਤ** ਦੇ ਨਾਮ 'ਤੇ ਵਿਕਰੀ ਡੀਡ ਦੇ ਆਧਾਰ 'ਤੇ **ਫੇਜ਼-2, ਮਨੀਮਾਜਰਾ, ਚੰਡੀਗੜ੍ਹ ਵਿਖੇ ਵਰਗ-1 ਦੀ ਰਿਹਾਇਸ਼ੀ ਇਕਾਈ ਨੰ.** 5429-3 ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਫੇਜ਼-2, ਮਨੀਮਾਜਰਾ, ਚੰਡੀਗੜ੍ਹ ਵਿਖੇ ਵਰਗ-1 ਦੀ ਰਿਹਾਇਸ਼ੀ ਇਕਾਈ ਨੰ.** 5429-3 ਅਲਾਟੀ/ਟ੍ਰਾਂਸਫਰੀ **ਸ੍ਰੀ ਜੀਵਨ ਸਿੰਘ ਸਪੁੱਤਰ ਸ੍ਰੀ ਮੋਹਨ ਸਿੰਘ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀ ਜੀਵਨ ਸਿੰਘ ਸਪੁੱਤਰ ਸ੍ਰੀ ਮੋਹਨ ਸਿੰਘ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 04.02.2026 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ (1) **ਸ੍ਰੀ ਮੋਹਿਤ ਸਪੁੱਤਰ ਸ੍ਰੀ ਕਰਤਾਰ ਸਿੰਘ ਅਤੇ** (2) **ਸ੍ਰੀਮਤੀ ਅਕਾਂਕਸ਼ਾ ਧਨਖੜ ਸੁਪਤਨੀ ਸ੍ਰੀ ਮੋਹਿਤ** ਨੂੰ ਵੇਚ ਦਿੱਤੀ ਹੈ। (1) **ਸ੍ਰੀ ਮੋਹਿਤ ਸਪੁੱਤਰ ਸ੍ਰੀ ਕਰਤਾਰ ਸਿੰਘ ਅਤੇ** (2) **ਸ੍ਰੀਮਤੀ ਅਕਾਂਕਸ਼ਾ ਧਨਖੜ ਸੁਪਤਨੀ ਸ੍ਰੀ ਮੋਹਿਤ** ਨੇ ਤਬਾਦਲਾ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

## ਭਾਰਤੀ ਫੌਜ

**www.joinindianarmy.nic.in ਅਗਨੀਪਥ ਯੋਜਨਾ ਅਧੀਨ ਫੌਜ ਵਿੱਚ ਭਰਤੀ**
**ਭਾਰਤੀ ਫੌਜ**
**(14 ਫਰਵਰੀ 2026 ਤੋਂ 01 ਅਪ੍ਰੈਲ 2026 ਤੱਕ ਸ਼ੁਰੂ ਹੋਈ ਭਰਤੀ ਸਾਲ 27 ਲਈ ਰਜਿਸਟ੍ਰੇਸ਼ਨ) ਦੀ ਭਰਤੀ ਲਈ ਜਾਣਕਾਰੀ**

**ਮੁੱਖ ਗੱਲਾਂ**
(ਹੇਠਾਂ ਦਿੱਤੀ ਗਈ ਜਾਣਕਾਰੀ ਸਿਰਫ਼ ਆਮ ਜਾਗਰੂਕਤਾ ਲਈ ਹੈ ਅਤੇ ਕਾਨੂੰਨੀ ਤੌਰ 'ਤੇ ਅਵੈਧ ਹੈ।)
(ਐਂਟਰੀ ਬਾਰੇ ਵਿਸਤ੍ਰਿਤ ਜਾਣਕਾਰੀ ਲਈ - **www.joinindianarmy.nic.in** 'ਤੇ ਪ੍ਰਕਾਸ਼ਿਤ ਕਾਊਂਸ ਨੋਟੀਫਿਕੇਸ਼ਨ ਦਾ ਹਵਾਲਾ ਦਿੱਤਾ ਜਾਣਾ ਚਾਹੀਦਾ ਹੈ)

| ਸ਼੍ਰੇਣੀ | ਵਰਣਨ | ਨੋਟੀਫਿਕੇਸ਼ਨ ਪੈਰਾ ਨੰ. 'ਤੇ ਵਿਸਤ੍ਰਿਤ ਨਿਰਦੇਸ਼ |
|---|---|---|
| ਦਾਖਲੇ ਦੀ ਕਿਸਮ | 1. ਅਗਨੀਵੀਰ ਜਨਰਲ ਡਿਊਟੀ<br>2. ਅਗਨੀਵੀਰ ਟੈਕਨੀਕਲ<br>3. ਅਗਨੀਵੀਰ ਕਲਰਕ/ਸਟੋਰ ਕੀਪਰ ਟੈਕਨੀਕਲ<br>4. ਅਗਨੀਵੀਰ ਟ੍ਰੇਡਸਮੈਨ (ਦਸਵੀਂ ਜਮਾਤ ਪਾਸ ਅਤੇ ਅੱਠਵੀਂ ਪਾਸ)<br>5. ਕੋਰ ਆਫ਼ ਮਿਲਟਰੀ ਪੁਲਿਸ ਵਿੱਚ ਅਗਨੀਵੀਰ ਮਹਿਲਾ ਜਨਰਲ ਡਿਊਟੀ<br>**ਨੋਟ- ਅਗਨੀਵੀਰ ਉਮੀਦਵਾਰ ਆਪਣੀ ਯੋਗਤਾ ਦੇ ਆਧਾਰ 'ਤੇ ਕਿਸੇ ਵੀ ਦੋ ਸ਼੍ਰੇਣੀਆਂ (ਉੱਪਰ ਦਿੱਤੇ ਅਨੁਸਾਰ) ਲਈ ਅਰਜ਼ੀ ਦੇ ਸਕਦੇ ਹਨ।** | Para-1 |
| ਉਮਰ | 17 1/2-22 ਸਾਲ (ਘੱਟੋ-ਘੱਟ ਅਤੇ ਵੱਧ ਤੋਂ ਵੱਧ ਉਮਰ ਭਰਤੀ ਸਾਲ ਭਾਵ 2027 ਦੇ ਕ੍ਰਮਵਾਰ 01 ਜਨਵਰੀ ਅਤੇ 01 ਜੁਲਾਈ ਦੇ ਅਨੁਸਾਰ ਗਿਣੀ ਜਾਵੇਗੀ)।<br>**ਸਿਰਫ਼ ਔਰਤਾਂ ਲਈ**: ਹਾਰਨੈੱਸ ਵਿੱਚ ਮੌਤ ਹੋ ਜਾਣ ਵਾਲੇ ਰੱਖਿਆ ਕਰਮਚਾਰੀਆਂ ਦੀਆਂ ਵਿਧਵਾਵਾਂ ਦੇ ਸਬੰਧ ਵਿੱਚ ਉੱਪਰਲੀ ਉਮਰ ਸੀਮਾ 30 ਸਾਲ ਦੀ ਉਮਰ (ਸਿਖਲਾਈ ਵਿੱਚ ਸ਼ਾਮਲ ਹੋਣ ਦੀ ਮਿਤੀ ਦੇ ਅਨੁਸਾਰ) ਤੱਕ ਢਿੱਲ ਦਿੱਤੀ ਜਾਵੇਗੀ। | Para-1 |
| ਸਿੱਖਿਆ ਯੋਗਤਾ | www.joinindianarmy.nic.in ਵੈੱਬਸਾਈਟ 'ਤੇ ਪ੍ਰਦਾਨ ਕੀਤੇ ਗਏ ਬੋਰਡਾਂ ਦੀ ਸੂਚੀ ਦੇ ਅਨੁਸਾਰ ਉਮੀਦਵਾਰ ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਦੁਆਰਾ ਮਾਨਤਾ ਪ੍ਰਾਪਤ ਸਕੂਲ ਸਿੱਖਿਆ ਬੋਰਡਾਂ ਤੋਂ ਪਾਸ ਹੋਣਾ ਚਾਹੀਦਾ ਹੈ। | |
| ਸਰੀਰਕ ਮਾਪ ਮਿਆਰ (PMT: ਉਚਾਈ, ਭਾਰ ਅਤੇ ਛਾਤੀ ਦਾ ਵਿਸਥਾਰ) | ਖੇਤਰ ਅਤੇ ਵਿਸ਼ੇਸ਼ ਛੋਟਾਂ ਦੇ ਅਨੁਸਾਰ | Para-5 |
| ਸਰੀਰਕ ਤੰਦਰੁਸਤੀ ਟੈਸਟ (PFT) | ਚੋਣ ਲਈ ਸਰੀਰਕ ਤੰਦਰੁਸਤੀ ਟੈਸਟ (PFT) ਵਿੱਚ ਯੋਗਤਾ ਪ੍ਰਾਪਤ ਕਰਨਾ ਲਾਜ਼ਮੀ ਹੈ:-<br>**ਪੁਰਸ਼ਾਂ ਲਈ**: 1.6 ਕਿਲੋਮੀਟਰ ਦੌੜ, ਬੀਮ (ਪੁੱਲ ਅੱਪ) ਅਤੇ 9 ਫੁੱਟ ਖਾਈ ਅਤੇ ਜ਼ਿਗਜ਼ੈਗ ਬੈਲੇਂਸ ਵਿੱਚ ਯੋਗਤਾ ਪ੍ਰਾਪਤ ਕਰਨ ਦੀ ਲੋੜ ਹੈ।<br>**ਔਰਤਾਂ ਲਈ**: 1.6 ਕਿਲੋਮੀਟਰ ਦੌੜ, ਬੀਮ (ਪੁੱਲ ਅੱਪ) ਅਤੇ 7 ਫੁੱਟ ਖਾਈ ਅਤੇ ਜ਼ਿਗਜ਼ੈਗ ਬੈਲੇਂਸ ਵਿੱਚ ਯੋਗਤਾ ਪ੍ਰਾਪਤ ਕਰਨ ਦੀ ਲੋੜ ਹੈ।<br>ਨੋਟ ਅਗਨੀਵੀਰ ਟੈਕਨੀਕਲ ਅਤੇ ਅਗਨੀਵੀਰ ਕਲਰਕ / ਸਟੋਰ ਕੀਪਰ ਟੈਕਨੀਕਲ ਲਈ ਹਾਜ਼ਰ ਹੋਣ ਵਾਲੇ ਉਮੀਦਵਾਰਾਂ ਨੂੰ ਸਿਰਫ਼ ਸਾਰੇ ਸਰੀਰਕ ਟੈਸਟਾਂ ਵਿੱਚ ਯੋਗਤਾ ਪ੍ਰਾਪਤ ਕਰਨ ਦੀ ਲੋੜ ਹੈ। | Para-24 |
| ਵਿਵਾਹਿਕ ਸਥਿਤੀ | **ਪੁਰਸ਼** - ਸਿਰਫ਼ ਅਣਵਿਆਹੇ। | Para-18 |
| | **ਔਰਤਾਂ** ਅਣਵਿਆਹੀਆਂ, ਵਿਧਵਾ, ਤਲਾਕਸ਼ੁਦਾ ਜਾਂ ਕਾਨੂੰਨੀ ਤੌਰ 'ਤੇ ਵੱਖ ਹੋਈਆਂ ਜਿਨ੍ਹਾਂ ਦੇ ਕੋਈ ਬੱਚੇ ਨਹੀਂ ਹਨ, ਬਾਕੀ ਸਾਰੇ ਯੋਗਤਾ ਮਾਪਦੰਡ ਪੂਰੇ ਕਰਨ ਦੇ ਅਧੀਨ। | Para 18 & Para 1 |
| ਭਰਤੀ ਪ੍ਰਕਿਰਿਆ | ਔਨਲਾਈਨ ਰਜਿਸਟ੍ਰੇਸ਼ਨ/ਅਰਜ਼ੀ > ਔਨਲਾਈਨ ਕਾਮਨ ਐਂਟਰੈਂਸ ਪ੍ਰੀਖਿਆ (CEE) > ਭਰਤੀ ਰੈਲੀ (PFT&PMT) > ਮੈਡੀਕਲ > ਦਸਤਾਵੇਜ਼ | Para-19 |
| ਪ੍ਰਵੇਸ਼ ਪ੍ਰੀਖਿਆ ਦੀ ਮਿਤੀ | ਆਰਜ਼ੀ ਤੌਰ 'ਤੇ 01 ਤੋਂ 15 ਜੂਨ 2027 ਤੱਕ ਨਿਰਧਾਰਤ (ਅੰਤਿਮ ਤਾਰੀਖਾਂ ਵੱਖਰੇ ਤੌਰ 'ਤੇ ਦੱਸੀਆਂ ਜਾਣਗੀਆਂ) | |
| ਆਮ ਦਾਖਲਾ ਪ੍ਰੀਖਿਆ (CEE) | ਆਨਲਾਈਨ ਕਾਮਨ ਐਂਟਰੈਂਸ ਪ੍ਰੀਖਿਆ (CEE) 13 ਭਾਸ਼ਾਵਾਂ (ਜਿਵੇਂ ਕਿ ਅੰਗਰੇਜ਼ੀ, ਹਿੰਦੀ, ਮਲਿਆਲਮ, ਕੰਨੜ, ਤਾਮਿਲ, ਤੇਲਗੂ, ਪੰਜਾਬੀ, ਉੜੀਆ, ਬੰਗਾਲੀ, ਉਰਦੂ, ਗੁਜਰਾਤੀ, ਮਰਾਠੀ ਅਤੇ ਅਸਾਮੀ) ਵਿੱਚ ਕਰਵਾਈ ਜਾਵੇਗੀ। | Para-21.6 |
| ਸਿਖਲਾਈ ਦੀ ਮਿਆਦ | 24 ਹਫ਼ਤੇ | |
| ਛੁੱਟੀ | ਅਗਨੀਵੀਰਾਂ ਲਈ ਪ੍ਰਤੀ ਸਾਲ 30 ਦਿਨਾਂ ਦੀ ਛੁੱਟੀ ਲਾਗੂ ਹੋਵੇਗੀ। ਇਸ ਤੋਂ ਇਲਾਵਾ, ਸਮਰੱਥ ਮੈਡੀਕਲ ਅਥਾਰਟੀ ਦੀ ਡਾਕਟਰੀ ਸਲਾਹ ਦੇ ਆਧਾਰ 'ਤੇ ਬਿਮਾਰੀ ਦੀ ਛੁੱਟੀ ਲਾਗੂ ਹੋਵੇਗੀ। | Para-11 |
| ਤਨਖਾਹ, ਭੱਤੇ ਅਤੇ ਸਹਾਇਕ ਲਾਭ | (see table below) | Para-13 & 14 |
| ਸੇਵਾਨਿਧੀ | ਚਾਰ ਸਾਲਾਂ ਬਾਅਦ ਅਗਨੀਵੀਰ ਕਾਰਪਸ ਫੰਡ ਵਿੱਚ ਕੁੱਲ ਯੋਗਦਾਨ: 5.02 ਲੱਖ ਰੁਪਏ / 5.02 ਲੱਖ ਰੁਪਏ<br>4 ਸਾਲਾਂ ਬਾਅਦ ਬਾਹਰ ਨਿਕਲਣਾ: ਸੇਵਾਨਿਧੀ ਪੈਕੇਜ ਵਜੋਂ ਲਗਭਗ 10.04 ਲੱਖ ਰੁਪਏ (ਵਿਆਜ ਨੂੰ ਛੱਡ ਕੇ ਸੰਪੂਰਨ ਰਕਮ) | Para-14 |
| ਜੀਵਨ ਬੀਮਾ ਕਵਰ | ਅਗਨੀਵੀਰ ਨੂੰ ਉਨ੍ਹਾਂ ਦੀ ਸ਼ਮੂਲੀਅਤ ਦੀ ਮਿਆਦ ਲਈ 48 ਲੱਖ ਰੁਪਏ ਦਾ ਗੈਰ-ਯੋਗਦਾਨ ਜੀਵਨ ਬੀਮਾ ਕਵਰ ਪ੍ਰਦਾਨ ਕੀਤਾ ਜਾਵੇਗਾ | Para-15 |
| ਮੌਤ ਮੁਆਵਜ਼ਾ | 48 ਲੱਖ ਰੁਪਏ ਦੇ ਬੀਮਾ ਕਵਰ ਤੋਂ ਇਲਾਵਾ, ਸੇਵਾ ਕਾਰਨ ਮੌਤ ਲਈ 44 ਲੱਖ ਰੁਪਏ ਦੀ ਇੱਕ ਵਾਰ ਦੀ ਐਕਸ-ਗ੍ਰੇਸ਼ੀਆ, ਨੇੜਲੇ ਰਿਸ਼ਤੇਦਾਰਾਂ (NOK) ਨੂੰ ਪ੍ਰਦਾਨ ਕੀਤੀ ਜਾਵੇਗੀ। | Para-15 |
| ਮੈਡੀਕਲ ਅਤੇ CSD ਸਹੂਲਤ | ਭਾਰਤੀ ਫੌਜ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਦੀ ਮਿਆਦ ਲਈ ਅਗਨੀਵੀਰ ਸੇਵਾ ਹਸਪਤਾਲਾਂ ਵਿੱਚ ਡਾਕਟਰੀ ਸਹੂਲਤਾਂ ਦੇ ਨਾਲ-ਨਾਲ CSD ਪ੍ਰਬੰਧਾਂ ਦੇ ਹੱਕਦਾਰ ਹੋਣਗੇ। | Para-12 |
| ਅਗਨੀਵੀਰਾਂ ਦੀ ਸ਼ਮੂਲੀਅਤ ਦੀ ਮਿਆਦ | 04 ਸਾਲ ਭਾਰਤੀ ਫੌਜ ਅਗਨੀਵੀਰਾਂ ਨੂੰ ਚਾਰ ਸਾਲਾਂ ਦੀ ਸ਼ਮੂਲੀਅਤ ਦੀ ਮਿਆਦ ਤੋਂ ਬਾਅਦ ਬਰਕਰਾਰ ਰੱਖਣ ਲਈ ਪਾਬੰਦ ਨਹੀਂ ਹੈ। | Para-8 |
| ਸਿਪਾਹੀ (ਨਿਯਮਤ ਕਾਡਰ) ਵਜੋਂ ਭਰਤੀ | ਸੰਗਠਨ ਦੀਆਂ ਜ਼ਰੂਰਤਾਂ ਅਤੇ ਐਲਾਨੀਆਂ ਗਈਆਂ ਨੀਤੀਆਂ ਦੇ ਅਧਾਰ 'ਤੇ, ਚਾਰ ਸਾਲ ਦੀ ਸੇਵਾ ਪੂਰੀ ਹੋਣ 'ਤੇ, ਅਗਨੀਵੀਰਾਂ ਦੇ ਹਰੇਕ ਖਾਸ ਬੈਚ ਦੇ 25% ਤੱਕ ਨੂੰ ਨਿਯਮਤ ਕੇਡਰ ਵਜੋਂ ਭਾਰਤੀ ਫੌਜ ਵਿੱਚ ਭਰਤੀ ਕੀਤਾ ਜਾਵੇਗਾ। | Para-8 |

ਤਨਖਾਹ, ਭੱਤੇ ਅਤੇ ਸਹਾਇਕ ਲਾਭ:

| ਸਾਲ | ਕਸਟਮਾਈਜ਼ ਡੀ ਪੈਕੇਜ (ਮਾਸਿਕ) | (70%) ਹੱਥੀਂ | ਅਗਨੀਵੀਰ ਕਾਰਪਸ ਫੰਡ ਵਿੱਚ ਯੋਗਦਾਨ (30%) | ਭਾਰਤ ਸਰਕਾਰ ਦੁਆਰਾ ਕਾਰਪਸ ਫੰਡ ਵਿੱਚ ਯੋਗਦਾਨ |
|---|---|---|---|---|
| ਸਾਰੇ ਅੰਕੜੇ ਰੁਪਏ ਵਿੱਚ (ਮਾਸਿਕ ਯੋਗਦਾਨ) (ਲਗਭਗ) | | | | |
| 1st Year | 30,000/- | 21,000/- | 9,000/- | 9,000/- |
| 2nd Year | 33,000/- | 23,100/- | 9,900/- | 9,900/- |
| 3rd Year | 36,500/- | 25,550/- | 10,950/- | 10,950/- |
| 4th Year | 40,000/- | 28,000/- | 12,000/- | 12,000/- |

**ਬੇਦਾਅਵਾ**

ਇਸ਼ਤਿਹਾਰ ਵਿੱਚ ਦਿੱਤੇ ਗਏ ਨਿਯਮ ਅਤੇ ਸ਼ਰਤਾਂ ਸਿਰਫ਼ ਦਿਸ਼ਾ-ਨਿਰਦੇਸ਼ ਹਨ ਅਤੇ ਸਰਕਾਰ ਦੁਆਰਾ ਜਾਰੀ ਕੀਤੇ ਗਏ ਆਦੇਸ਼, ਜਿਵੇਂ ਕਿ ਸਮੇਂ-ਸਮੇਂ 'ਤੇ ਸੋਧੇ ਗਏ ਹਨ, ਚੁਣੇ ਗਏ ਉਮੀਦਵਾਰਾਂ 'ਤੇ ਲਾਗੂ ਹੋਣਗੇ।
ਭਾਰਤੀ ਫੌਜ ਕੋਲ ਬਿਨਾਂ ਕਿਸੇ ਕਾਰਨ ਦੱਸੇ ਕਿਸੇ ਵੀ ਪੜਾਅ 'ਤੇ ਪੂਰੀ ਚੋਣ ਪ੍ਰਕਿਰਿਆ ਜਾਂ ਪ੍ਰਕਿਰਿਆ ਦੇ ਹਿੱਸੇ ਨੂੰ ਰੱਦ/ਸੋਧਣ ਦਾ ਅਧਿਕਾਰ ਰਾਖਵਾਂ ਹੈ।
ਪ੍ਰੀਖਿਆ ਦੌਰਾਨ ਕਿਸੇ ਵੀ ਕਿਸਮ ਦੀ ਗਲਤੀ/ਅਨੁਚਿਤ ਤਰੀਕਿਆਂ ਵਿੱਚ ਸ਼ਾਮਲ ਪਾਏ ਜਾਣ ਵਾਲੇ ਉਮੀਦਵਾਰਾਂ ਨੂੰ ਸਥਾਈ ਤੌਰ @ਤੇ ਰੱਦ ਕਰ ਦਿੱਤਾ ਜਾਵੇਗਾ।
ਰਜਿਸਟ੍ਰੇਸ਼ਨ ਦੌਰਾਨ ਦਰਜ ਕੀਤਾ ਗਿਆ ਡੇਟਾ ਅੰਤਿਮ ਹੋਵੇਗਾ ਅਤੇ ਬਾਅਦ ਵਿੱਚ ਕੋਈ ਵੀ ਬਦਲਾਅ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ। ਗਲਤ ਡੇਟਾ ਦਾਖਲ ਕਰਨ ਨਾਲ ਉਮੀਦਵਾਰੀ ਅਯੋਗ ਹੋ ਜਾਵੇਗੀ।

CBC 10601/11/0082/2526



# ਮਾਝਾ-ਦੁਆਬਾ

ਆਸ ਪਾਸ



## ਲੋਕਾਂ ਦਾ ਸਹਿਯੋਗ ਸਾਡੀ ਸਭ ਤੋਂ ਵੱਡੀ ਤਾਕਤ : ਬਾਪੂ ਤਰਸੇਮ ਸਿੰਘ



ਅੰਮ੍ਰਿਤਸਰ, 18 ਫਰਵਰੀ (ਬਬਲੂ ਮਹਾਜਨ) ਅੱਜ ਅੰਮ੍ਰਿਤਸਰ ਦੇ ਹਲਕਾ ਦੱਖਣੀ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਰਪੰਚ ਬਲਜੀਤ ਸਿੰਘ ਜੀ ਚਾਟੀਵਿੰਡ ਦੀ ਅਗਵਾਈ ਵਿੱਚ ਇਕ ਵਿਸ਼ਾਲ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਉਚੇਚੇ ਤੌਰ ਤੇ ਪਹੁੰਚੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਤੋਂ ਇਲਾਵਾ ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਹਰਜੀਤ ਸਿੰਘ ਲਾਲਾਨੰਗਲ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਦਯਾ ਸਿੰਘ, ਭਾਈ ਸਵਰਨ ਸਿੰਘ ਗੋਲਡਨ, ਭਾਈ ਸੁਖਬੀਰ ਸਿੰਘ ਵਲਟੋਹਾ, ਬਾਬਾ ਬਿਬੇਕ ਸਿੰਘ ਜੀ, ਭਾਈ ਸਕੱਤਰ ਸਿੰਘ ਪੰਡੋਰੀ, ਡਾਕਟਰ ਸੁਖਵਿੰਦਰ ਕੌਰ ਕੰਗ, ਭਾਈ ਬਲਦੇਵ ਸਿੰਘ ਜੱਲੂਪੁਰ, ਜਗਤਾਰ ਸਿੰਘ ਰਾਜੂ, ਬਲਵਿੰਦਰ ਸਿੰਘ ਬਿੱਲਾ, ਪ੍ਰਭਜੀਤ ਸਿੰਘ, ਸੁਰਿੰਦਰਪਾਲ ਸਿੰਘ, ਮਾਸਟਰ ਸੰਤੋਖ ਸਿੰਘ, ਪ੍ਰਗਟ ਸਿੰਘ ਮਾਹਲ, ਮੇਜਰ ਸਿੰਘ ਚਾਟੀਵਿੰਡ, ਡਾ. ਧਨਵੰਤ ਸਿੰਘ, ਜਥੇਦਾਰ ਕੁਲਵਿੰਦਰ ਸਿੰਘ ਵਡਾਲੀ, ਭਾਈ ਮਹਿੰਦਰਪਾਲ ਸਿੰਘ ਤੁੰਗ, ਜਥੇਦਾਰ ਹਰਪ੍ਰੀਤ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਵੱਲੋਂ ਸੰਬੋਧਨ ਕੀਤਾ ਗਿਆ ਅਤੇ ਬਾਪੂ ਤਰਸੇਮ ਸਿੰਘ ਜੀ ਨੇ ਬੋਲਦਿਆਂ ਹੋਇਆਂ ਕਿਹਾ ਕਿ ਪੰਜਾਬ ਅੱਜ ਨਸ਼ਿਆਂ, ਬੇਰੁਜ਼ਗਾਰੀ, ਕਿਸਾਨੀ ਸੰਕਟ ਅਤੇ ਸਰਕਾਰੀ ਧੱਕੇਸ਼ਾਹੀ ਕਾਰਨ ਗੰਭੀਰ ਹਾਲਾਤਾਂ ਵਿੱਚੋਂ ਲੰਘ ਰਿਹਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ ਅਤੇ ਸਿਰਫ਼ ਇਸ਼ਤਿਹਾਰਬਾਜ਼ੀ ਰਾਹੀਂ ਹਕੀਕਤ ਨੂੰ ਲੁਕਾਇਆ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਉਨ੍ਹਾਂ ਨੂੰ ਕੇਸਾਂ ਅਤੇ ਦਬਾਅ ਦੀ ਰਾਜਨੀਤੀ ਵਿੱਚ ਫਸਾਇਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੀ ਲੋਕਪ੍ਰਿਯਤਾ ਤੋਂ ਡਰ ਕੇ ਸਰਕਾਰਾਂ ਵੱਲੋਂ ਝੂਠੇ ਮਾਮਲੇ ਬਣਾਕੇ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਪੰਜਾਬ ਦੀ ਜਨਤਾ ਹੁਣ ਸਭ ਕੁਝ ਸਮਝ ਚੁੱਕੀ ਹੈ। ਲੋਕਾਂ ਦਾ ਉੱਭਰਦਾ ਸਮਰਥਨ ਇਸ ਗੱਲ ਦਾ ਸਬੂਤ ਹੈ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਅੱਜ ਪੰਜਾਬ ਦੀ ਅਸਲ ਪੰਥਕ ਅਤੇ ਲੋਕਧਾਰਾ ਦੀ ਨੁਮਾਇੰਦਗੀ ਕਰ ਰਿਹਾ ਹੈ। ਰੈਲੀ ਦੌਰਾਨ ਵੱਡੀ ਗਿਣਤੀ ਵਿੱਚ ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਦੀ ਹਾਜ਼ਰੀ ਨੇ ਸਾਬਤ ਕਰ ਦਿੱਤਾ ਕਿ ਪਾਰਟੀ ਦਾ ਆਧਾਰ ਦਿਨੋਂ-ਦਿਨ ਮਜ਼ਬੂਤ ਹੋ ਰਿਹਾ ਹੈ। ਲੋਕਾਂ ਨੇ ਨਸ਼ਾ ਮੁਕਤ ਪੰਜਾਬ, ਇਨਸਾਫ਼ ਅਤੇ ਪੰਥਕ ਹਿੱਤਾਂ ਲਈ ਡੱਟ ਕੇ ਸੰਘਰਸ਼ ਕਰਨ ਦਾ ਸੰਕਲਪ ਲਿਆ। ਪਾਰਟੀ ਨੇ ਸਪੱਸ਼ਟ ਕੀਤਾ ਕਿ ਪੰਜਾਬ ਦੀ ਅਸਲੀ ਤਾਕਤ ਲੋਕ ਹਨ ਅਤੇ ਲੋਕਾਂ ਦੀ ਆਵਾਜ਼ ਨੂੰ ਕਿਸੇ ਵੀ ਕੀਮਤ 'ਤੇ ਦਬਾਇਆ ਨਹੀਂ ਜਾ ਸਕਦਾ। ਅੰਤ ਵਿੱਚ ਸ੍ਰ ਬਲਜੀਤ ਸਿੰਘ ਚਾਟੀਵਿੰਡ ਨੇ ਪਹੁੰਚੀ ਸਮੂਹ ਲੀਡਰਸ਼ਿਪ ਅਤੇ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਸਾਰੇ ਆਗੂਆਂ ਨੇ ਇਕਜੁੱਟਤਾ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਜਾਬ ਦੀ ਚੜ੍ਹਦੀ ਕਲਾ, ਪੰਥਕ ਹੋਂਦ ਅਤੇ ਨੌਜਵਾਨ ਪੀੜ੍ਹੀ ਦੇ ਭਵਿੱਖ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਲੜਾਈ ਜਾਰੀ ਰਹੇਗੀ।

## ਬੀ.ਐਸ.ਐਫ. ਕਾਂਸਟੇਬਲ ਨੂੰ 15 ਸਾਲ ਦੀ ਸਖ਼ਤ ਕੈਦ ਦੀ ਸਜ਼ਾ

ਫਾਜ਼ਿਲਕਾ, 18 ਫਰਵਰੀ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸ਼੍ਰੀ ਅਜੀਤ ਪਾਲ ਸਿੰਘ ਜੱਜ ਵਿਸ਼ੇਸ਼ ਅਦਾਲਤ ਦੀ ਅਦਾਲਤ ਨੇ ਪਾਕਿਸਤਾਨ ਤੋਂ ਨਸ਼ਾ ਤਸਕਰੀ ਦੇ ਦੋਸ਼ੀ ਬੀਐਸਐਫ ਦੇ ਕਾਂਸਟੇਬਲ ਨੂੰ 15 ਸਾਲਾਂ ਦੀ ਸਖ਼ਤ ਕੈਦ ਅਤੇ 4 ਲੱਖ ਰੁਪਏ ਦੇ ਜੁਰਮਾਨੇ ਦੀ ਸਜਾ ਸੁਣਾਈ ਹੈ। ਜਾਣਕਾਰੀ ਅਨੁਸਾਰ 21.06.2022 ਨੂੰ ਅਪਰਾਧ ਨੰਬਰ 44 ਵਾਲੇ ਮਾਮਲੇ ਵਿੱਚ ਐਨਡੀਪੀਐਸ ਐਕਟ ਤਹਿਤ ਪੁਲਿਸ ਸਟੇਸ਼ਨ ਐਨਸੀਬੀ ਚੰਡੀਗੜ੍ਹ ਵਿਖੇ ਧਾਰਾ 8, 21, 23 ਦੇ ਤਹਿਤ ਬੀਐਸਐਫ ਦੇ ਸਾਬਕਾ ਕਾਂਸਟੇਬਲ ਅਰਵਿੰਦ ਸਰੋਏ ਖਿਲਾਫ ਪਰਚਾ ਦਰਜ ਕੀਤਾ ਗਿਆ ਸੀ ਜਿਸ ਵਿਚ ਸੁਣਵਾਈ ਤੋਂ ਬਾਅਦ ਅਦਾਲਤ ਨੇ ਉਸ ਨੂੰ ਦੋਸ਼ੀ ਠਹਿਰਾਇਆ ਅਤੇ 15 ਸਾਲ ਦੀ ਸਖ਼ਤ ਕੈਦ ਅਤੇ 4,00,000/- ਰੁਪਏ ਦਾ ਜੁਰਮਾਨਾ ਅਦਾ ਕਰਨ ਦੀ ਸਜ਼ਾ ਸੁਣਾਈ । ਜੁਰਮਾਨੇ ਦੀ ਅਦਾਇਗੀ ਨਾ ਕਰਨ ਦੀ ਸੂਰਤ ਵਿੱਚ 2 ਸਾਲ ਦੀ ਹੋਰ ਸਖ਼ਤ ਕੈਦ ਦੀ ਸਜ਼ਾ ਸੁਣਾਈ।ਦੱਸਣਯੋਗ ਹੈ ਕਿ 21.06.2022 ਨੂੰ ਬਾਰਡਰ ਪੋਸਟ ਜੋਧਾਵਾਲਾ ਦੇ ਖੇਤਰ ਵਿੱਚ, ਦੋਸ਼ੀ ਨੂੰ ਪਾਕਿਸਤਾਨ ਤੋਂ ਆਯਾਤ ਕੀਤੀ ਗਈ ਲਗਭਗ 4.235 ਕਿਲੋਗ੍ਰਾਮ ਹੈਰੋਇਨ ਬਰਾਮਦ ਹੋਈ। ਉਸ ਤੇ ਐਨਡੀਪੀਐਸ ਐਕਟ ਦੀ ਧਾਰਾ 21(ਸੀ), 23(ਸੀ) ਅਤੇ 8 ਤਹਿਤ ਦੋਸ਼ ਲਗਾਇਆ ਗਿਆ ਸੀ। ਨਾਰਕੋਟਿਕ ਕੰਟਰੋਲ ਬਿਊਰੋ ਦੁਆਰਾ ਮਾਮਲੇ ਦੀ ਪੂਰੀ ਜਾਂਚ ਕੀਤੀ ਗਈ ਸੀ। ਅਦਾਲਤ ਨੇ ਕਿਹਾ ਕਿ ਦੋਸ਼ੀ ਬੀਐਸਐਫ ਅਧਿਕਾਰੀ ਹੋਣ ਦੇ ਨਾਤੇ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਦਾ ਪਤਾ ਲਗਾਉਣ ਅਤੇ ਰੋਕਣ ਲਈ ਪਾਬੰਦ ਸੀ ਪਰ, ਉਸਨੇ ਘਿਨਾਉਣਾ ਅਪਰਾਧ ਕੀਤਾ ਜਦੋਂ ਉਹ ਖੁਦ ਪਾਕਿਸਤਾਨ ਤੋਂ ਹੈਰੋਇਨ ਦੀ ਤਸਕਰੀ ਵਿੱਚ ਖੁਦ ਸ਼ਾਮਲ ਹੋ ਗਿਆ ਅਤੇ ਇਸ ਲਈ, ਉਹ ਮਿਸਾਲੀ ਸਜ਼ਾ ਦਾ ਹੱਕਦਾਰ ਸੀ।

## ਸਾਨੂੰ ਜਰੂਰਤਮੰਦਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ : ਬੀਬੀ ਨਾਗਰਾ

### ਜਰੂਰਤਮੰਦ ਬੱਚਿਆਂ ਨੂੰ ਸਕੂਲ ਦੀਆਂ ਵਰਦੀਆਂ ਵੰਡੀਆਂ



ਫਤਹਿਗੜ੍ਹ ਸਾਹਿਬ 18 ਫਰਵਰੀ (ਨਰਿੰਦਰ ਸਿੰਘ) ਸਿੱਖਿਆ ਦੇ ਪ੍ਰਚਾਰ ਅਤੇ ਸਮਾਜਿਕ ਭਲਾਈ ਨੂੰ ਸਮਰਪਿਤ ਇਕ ਮਹੱਤਵਪੂਰਨ ਅਤੇ ਸਰਾਹਣਯੋਗ ਉਪਰਾਲੇ ਤਹਿਤ ਬਾਬਾ ਬੀਰਮ ਦਾਸ ਜੀ ਸਰਕਾਰੀ ਐਲੀਮੈਂਟਰੀ ਸਕੂਲ, ਪੰਡਰਾਲੀ ਵਿਖੇ ਬੱਚਿਆਂ ਲਈ ਵਰਦੀ ਵੰਡ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਮਨੁੱਖੀ ਅਤੇ ਸਮਾਜ-ਹਿਤੈਸ਼ੀ ਕਾਰਜ ਨੂੰ ਸਫ਼ਲ ਬਣਾਉਣ ਵਿੱਚ ਸਾਡੇ ਐਨ.ਆਰ.ਆਈ ਵੀਰ ਸਰਦਾਰ ਬਲਜਿੰਦਰ ਸਿੰਘ (ਇੰਗਲੈਂਡ) ਅਤੇ ਸਰਦਾਰ ਸੁਖਵਿੰਦਰ ਸਿੰਘ (ਇਟਲੀ) ਦਾ ਵਿਸ਼ੇਸ਼ ਯੋਗਦਾਨ ਰਿਹਾ।ਇਸ ਮੌਕੇ ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਦੀ ਧਰਮ ਪਤਨੀ ਬੀਬੀ ਮਨਦੀਪ ਕੌਰ ਨਾਗਰਾ ਨੇ ਵਿਦਿਆਰਥੀਆਂ ਨੂੰ ਸਕੂਲ ਦੀਆਂ ਨਵੀਆਂ ਵਰਦੀਆਂ ਵੰਡੀਆਂ। ਵਰਦੀ ਮਿਲਣ ਨਾਲ ਬੱਚਿਆਂ ਦੇ ਚਿਹਰਿਆਂ 'ਤੇ ਖ਼ੁਸ਼ੀ, ਉਤਸ਼ਾਹ ਅਤੇ ਆਤਮ-ਵਿਸ਼ਵਾਸ ਸਾਫ਼ ਨਜ਼ਰ ਆਇਆ। ਮਨਦੀਪ ਕੌਰ ਨਾਗਰਾ ਨੇ ਇਸ ਮੌਕੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬੱਚਿਆਂ ਨੂੰ ਗੁਣਵੱਤਾਪੂਰਨ ਸਿੱਖਿਆ ਦੇ ਨਾਲ-ਨਾਲ ਬਰਾਬਰੀ ਅਤੇ ਸਵੈ-ਸਨਮਾਨ ਦੀ ਭਾਵਨਾ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵਰਦੀ ਸਿਰਫ਼ ਕੱਪੜਾ ਨਹੀਂ, ਸਗੋਂ ਅਨੁਸ਼ਾਸਨ, ਇਕਸਾਰਤਾ ਅਤੇ ਸਕੂਲ ਨਾਲ ਜੁੜਾਅ ਦੀ ਨਿਸ਼ਾਨੀ ਹੈ।ਐਨ.ਆਰ.ਆਈ ਵੀਰਾਂ ਦੇ ਇਸ ਯੋਗਦਾਨ ਦੀ ਹਾਜ਼ਰ ਸਾਰਿਆਂ ਵੱਲੋਂ ਖੁੱਲ੍ਹ ਕੇ ਸਰਾਹਨਾ ਕਰਦਿਆਂ ਕਿਹਾ ਕਿ ਵਿਦੇਸ਼ ਵੱਸਦੇ ਪੰਜਾਬੀਆਂ ਵੱਲੋਂ ਆਪਣੇ ਪਿੰਡ ਅਤੇ ਇਲਾਕੇ ਦੇ ਬੱਚਿਆਂ ਲਈ ਅਜਿਹੇ ਉਪਰਾਲੇ ਕਰਨ ਨਾਲ ਸਿੱਖਿਆ ਨੂੰ ਮਜ਼ਬੂਤੀ ਮਿਲਦੀ ਹੈ ਅਤੇ ਸਮਾਜ ਵਿੱਚ ਸਕਾਰਾਤਮਕ ਸੰਦੇਸ਼ ਜਾਂਦਾ ਹੈ। ਉਨ੍ਹਾਂ ਨੇ ਹੋਰ ਐਨ.ਆਰ.ਆਈ ਸਾਥੀਆਂ ਨੂੰ ਵੀ ਅਜਿਹੀ ਸਮਾਜਿਕ ਸੇਵਾ ਲਈ ਅੱਗੇ ਆਉਣ ਦੀ ਅਪੀਲ ਕੀਤੀ।ਇਸ ਸਮਾਰੋਹ ਵਿੱਚ ਗੁਰਮੁੱਖ ਸਿੰਘ ਪੰਡਰਾਲੀ (ਬਲਾਕ ਪ੍ਰਧਾਨ ਕਾਂਗਰਸ), ਚੇਅਰਮੈਨ ਪੀਏਡੀ ਵੀ ਬੈਂਕ ਸਰਹਿੰਦ ਫਤਿਹਗੜ੍ਹ ਸਾਹਿਬ, ਜੱਗੀ ਪਹਿਲਵਾਨ, ਜਗਜੀਤ ਸਿੰਘ (ਖਜਾਨਚੀ), ਰਣਜੀਤ ਸਿੰਘ ਸਿੱਖ, ਗਰਜਾ ਸਿੰਘ (ਪੰਚ), ਜਗਤਾਰ ਸਿੰਘ ਜੱਗੀ, ਸੁਰਜੀਤ ਸਿੰਘ, ਚਰਨ ਸਿੰਘ, ਕਰਮਜੀਤ ਸਿੰਘ, ਮਾਸਟਰ ਸੁਖਪ੍ਰੀਤ ਸਿੰਘ, ਮੈਡਮ ਕਮਲੇਸ, ਪਾਖਰ ਸਿੰਘ ਸਮੇਤ ਹੋਰ ਕਈ ਗਣਮਾਨਯ ਵਿਅਕਤੀ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ।ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ ਅਤੇ ਸਹਿਯੋਗੀਆਂ ਦਾ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਆਸ ਜਤਾਈ ਗਈ ਕਿ ਭਵਿੱਖ ਵਿੱਚ ਵੀ ਅਜਿਹੇ ਲੋਕ-ਹਿਤੈਸ਼ੀ ਅਤੇ ਸਿੱਖਿਆ-ਪ੍ਰੇਰਕ ਉਪਰਾਲੇ ਲਗਾਤਾਰ ਜਾਰੀ ਰਹਿਣਗੇ,

## ਟੀ.ਐਸ.ਯੂ. ਕਾਮਿਆਂ ਨੇ ਕੇਂਦਰ ਸਰਕਾਰ, ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਦੀ ਅਰਥੀ ਸਾੜੀ



ਮਜੀਠਾ, 18 ਫਰਵਰੀ (ਅਸ਼ਵਨੀ ਨਈਅਰ) : ਟੈਕਨੀਕਲ ਸਰਵਿਸਜ਼ ਯੂਨੀਅਨ ਪੰਜਾਬ ਅਤੇ ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਐਂਡ ਟਰਾਂਸਕੋ ਆਊਟਸੋਰਸਡ ਮੁਲਾਜ਼ਮ ਪੰਜਾਬ ਦੇ ਫੈਸਲੇ ਅਨੁਸਾਰ ਸਬ-ਡਵੀਜ਼ਨ ਮਜੀਠਾ ਵਿਖੇ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਕੇਂਦਰ ਸਰਕਾਰ ਵੱਲੋਂ ਉਦਯੋਗਿਕ ਕੋਡ ਸੋਧ ਬਿੱਲ ਨੂੰ ਪਾਰਲੀਮੈਂਟ ਵਿੱਚ ਪਾਸ ਕਰਕੇ ਮਨਜ਼ੂਰੀ ਦੇਣ ਅਤੇ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਵੱਲੋਂ ਪਟਿਆਲਾ ਨੇੜੇ ਬਡੂੰਗਰ (ਬੰਡੂਗਰ) ਦੀ 50 ਏਕੜ ਜ਼ਮੀਨ ਵੇਚਣ ਦੇ ਫੈਸਲੇ ਨੂੰ ਬੋਰਡ ਆਫ ਡਾਇਰੈਕਟਰਜ਼ ਦੀ ਮੀਟਿੰਗ ਵਿੱਚ ਪ੍ਰਵਾਨਗੀ ਦੇਣ ਦੇ ਵਿਰੋਧ ਵਿੱਚ ਕੇਂਦਰ ਸਰਕਾਰ, ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਦੀ ਅਰਥੀ ਸਾੜੀ ਗਈ। ਗੇਟ ਰੈਲੀ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਦੱਸਿਆ ਕਿ ਕੇਂਦਰ ਸਰਕਾਰ ਪਹਿਲਾਂ ਤੋਂ ਬਣੇ ਲੋਕ ਪੱਖੀ ਕਾਨੂੰਨਾਂ ਨੂੰ ਵੱਡੇ ਪੱਧਰ 'ਤੇ ਬਦਲ ਰਹੀ ਹੈ ਅਤੇ ਕਈ ਕਾਨੂੰਨਾਂ ਨੂੰ ਮੁੱਢੋਂ ਖਤਮ ਕਰ ਰਹੀ ਹੈ। ਕਾਰਪੋਰੇਟ ਪੱਖੀ ਨਵੇਂ ਕਾਨੂੰਨ ਲਿਆ ਕੇ ਮਜ਼ਦੂਰਾਂ ਅਤੇ ਕਿਰਤੀ ਵਰਗ ਦੀ ਲੁੱਟ ਕੀਤੀ ਜਾ ਰਹੀ ਹੈ। ਇਸੇ ਸਿਲਸਿਲੇ ਵਿੱਚ ਉਦਯੋਗਿਕ ਸਬੰਧ ਕੋਡ ਸੋਧ ਬਿੱਲ ਪਾਰਲੀਮੈਂਟ ਵਿੱਚ ਪਾਸ ਕਰ ਦਿੱਤਾ ਗਿਆ ਹੈ ਅਤੇ ਚਾਰ ਲੇਬਰ ਕੋਡ ਵੀ ਲਾਗੂ ਕੀਤੇ ਜਾ ਰਹੇ ਹਨ। ਖੇਤੀ ਖੇਤਰ 'ਤੇ ਕਾਰਪੋਰੇਟ ਕੰਪਨੀਆਂ ਦਾ ਕਬਜ਼ਾ ਕਰਾਉਣ ਲਈ ਬੀਜ ਬਿੱਲ 2025 ਲਿਆਂਦਾ ਜਾ ਰਿਹਾ ਹੈ।ਪੰਜਾਬ ਸਰਕਾਰ ਵੱਲੋਂ ਪਾਵਰਕਾਮ ਦੀਆਂ ਜ਼ਮੀਨਾਂ ਵੇਚੀਆਂ ਜਾ ਰਹੀਆਂ ਹਨ। ਪਟਿਆਲਾ ਨੇੜੇ ਬੰਡੂਗਰ ਦੀ 50 ਏਕੜ ਜ਼ਮੀਨ ਵੇਚਣ ਦਾ ਫੈਸਲਾ ਬੋਰਡ ਆਫ ਡਾਇਰੈਕਟਰਜ਼ ਨੇ ਮਨਜ਼ੂਰ ਕਰ ਲਿਆ ਹੈ। ਇਸ ਤੋਂ ਇਲਾਵਾ ਰਾਜਪੁਰਾ ਥਰਮਲ ਪਲਾਂਟ ਵੀ ਗੁਜਰਾਤ ਦੀ ਇੱਕ ਨਿੱਜੀ ਕੰਪਨੀ ਨੂੰ ਵੇਚ ਦਿੱਤਾ ਗਿਆ ਹੈ। ਆਗੂਆਂ ਨੇ ਇਹਨਾਂ ਫੈਸਲਿਆਂ ਦੀ ਕੜੀ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਕੇਂਦਰ ਅਤੇ ਪੰਜਾਬ ਸਰਕਾਰ ਇਹਨਾਂ ਕਾਰਪੋਰੇਟ ਪੱਖੀ ਨੀਤੀਆਂ ਨੂੰ ਤੁਰੰਤ ਰੋਕਣ। ਆਗੂਆਂ ਨੇ ਐਲਾਨ ਕੀਤਾ ਕਿ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਦੀਆਂ ਲਗਭਗ 90 ਜਥੇਬੰਦੀਆਂ ਦੇ ਸਾਂਝੇ ਫੈਸਲੇ ਅਨੁਸਾਰ 22 ਫਰਵਰੀ ਨੂੰ ਅੰਮ੍ਰਿਤਸਰ ਵਿੱਚ ਬੀਜੇਪੀ ਆਗੂ ਤਰੁਣ ਚੁੱਘ ਅਤੇ ਆਮ ਆਦਮੀ ਪਾਰਟੀ ਦੇ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੇ ਘਰਾਂ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ। ਜੇਕਰ ਕੇਂਦਰ ਸਰਕਾਰ ਲੋਕ ਸਭਾ ਜਾਂ ਰਾਜ ਸਭਾ ਵਿੱਚ ਬਿਜਲੀ ਸੋਧ ਬਿੱਲ 2025 ਅਤੇ ਬੀਜ ਬਿੱਲ 2025 ਪੇਸ਼ ਕਰਦੀ ਹੈ, ਤਾਂ ਉਸ ਦਿਨ ਨੂੰ ਕਾਲਾ ਦਿਨ ਮਨਾਇਆ ਜਾਵੇਗਾ ਅਤੇ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਗੇਟ ਰੈਲੀ ਨੂੰ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ, ਸਰਕਲ ਸਕੱਤਰ ਸੁਖਪਾਲ ਸਿੰਘ ਮਜੀਠਾ, ਕੁੰਦਨ ਲਾਲ ਹਰੀਆਂ, ਰਘਬੀਰ ਸਿੰਘ ਮਜੀਠਾ, ਗੁਰਪ੍ਰੀਤ ਸਿੰਘ ਸੋਹੀਆਂ, ਲਖਵਿੰਦਰ ਸਿੰਘ ਭੋਮਾ ਅਤੇ ਜਗਬੀਰ ਸਿੰਘ ਨੇ ਸੰਬੋਧਨ ਕੀਤਾ।

## ਵੱਖ ਵੱਖ ਪਾਰਟੀਆਂ ਦੇ ਸੈਂਕੜੇ ਕਾਂਗਰਸੀ ਪਰਿਵਾਰਵਿਧਾਇਕ ਰੰਧਾਵਾ ਦੀ ਅਗਵਾਈ 'ਚ 'ਆਪ' ਵਿੱਚ ਸ਼ਾਮਲ



ਡੇਰਾ ਬਾਬਾ ਨਾਨਕ, 18 ਫਰਵਰੀ (ਹੈਪੀ ਕੋਟਲੀ) : ਸ਼੍ਰੋਮਣੀ ਅਕਾਲੀ ਦਲ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ ਮਿਸ਼ਨ ਪੰਜਾਬ ਬਚਾਓ ਮੁਹਿੰਮ 'ਤੇ ਗੁਰਦੀਪ ਰੰਧਾਵਾ ਨੇ ਚੁੱਕੇ ਵੱਡੇ ਸਵਾਲ ਐਮਪੀ ਸੁਖਜਿੰਦਰ ਸਿੰਘ ਰੰਧਾਵਾ ਵੱਲੋਂ ਡੀਜੀਪੀ ਵੱਲੋਂ ਮੋਗਾ ਰੈਲੀ ਵਿੱਚ ਦਿੱਤੇ ਭਾਸ਼ਣ 'ਤੇ ਲਿਖੀ ਚਿੱਠੀ ਤੇ ਗੁਰਦੀਪ ਰੰਧਾਵਾ ਨੇ ਕੱਸਿਆ ਤੰਜ ਅੱਜ ਆਮ ਆਦਮੀ ਪਾਰਟੀ ਨੂੰ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਪੱਡਾ ਵਿੱਚ ਉਸ ਸਮੇਂ ਭਾਰੀ ਬਲ ਮਿਲਿਆ ਜਦੋਂ ਸੈਂਕੜੇ ਵੱਖ-ਵੱਖ ਪਾਰਟੀ ਨਾਲ ਜੁੜੇ ਲੋਕਾਂ ਨੇ ਬਲਾਕ ਸੰਮਤੀ ਮੈਂਬਰ ਰੇਸ਼ਮ ਸਿੰਘ ਪੱਡਾ ਦੀ ਪ੍ਰੇਰਨਾ ਸਦਕਾ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕਰ ਦਿੱਤਾ ਗਿਆ। ਸੀਨੀਅਰ ਯੂਥ ਕਾਂਗਰਸੀ ਆਗੂ ਸ਼ਮਸ਼ੇਰ ਸਿੰਘ ਪੱਡਾ ਦੇ ਗ੍ਰਹਿ ਵਿਖੇ ਰੱਖੇ ਗਏ ਸਮਾਗਮ ਵਿੱਚ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਪਹੁੰਚੇ ਜਿੱਥੇ ਕਿ ਸ਼ਮਸ਼ੇਰ ਸਿੰਘ ਸੇਰਾ ਅਤੇ ਹੋਰ ਵੱਖ ਵੱਖ ਆਗੂਆਂ ਵੱਲੋਂ ਗੁਰਦੀਪ ਰੰਧਾਵਾ ਦਾ ਨਿੱਘਾ ਸਵਾਗਤ ਕੀਤਾ ਗਿਆ।ਗੁਰਦੀਪ ਸਿੰਘ ਰੰਧਾਵਾ ਆਪਣੇ ਭਾਸ਼ਣ ਦੌਰਾਨ ਆਮ ਆਦਮੀ ਪਾਰਟੀ ਵੱਲੋਂ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਕਰਵਾਏ ਗਏ ਕੰਮਾਂ ਦੀਆਂ ਉਪਲਬਧੀਆਂ ਤੋਂ ਜਾਣੂ ਕਰਵਾਇਆ ਗਿਆ।ਗੁਰਦੀਪ ਰੰਧਾਵਾ ਨੇ ਪਿੰਡ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਜੋ ਵੀ ਉਹਨਾਂ ਦੇ ਕੰਮ ਹਨ ਉਹ ਮੇਰੇ ਕੋਲ ਲੈ ਕੇ ਆਉਣ ਉਹਨਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ।ਇਸ ਮੌਕੇ ਵੱਖ ਵੱਖ ਪਾਰਟੀਆਂ ਨੂੰ ਸੱਡ ਕੇ ਆਏ ਸਮਸੇਰ ਸਿੰਘ ਸੇਰਾ, ਲਖਵਿੰਦਰ ਸਿੰਘ, ਬਲਜਿੰਦਰ ਸਿੰਘ, ਸਵਿੰਦਰ ਸਿੰਘ, ਸੁੱਖ ਕੰਬਾਈਨ ਵਾਲਾ, ਹਰਪ੍ਰੀਤ ਸਿੰਘ ਹੈਪੀ, ਬਲਰਾਜ ਸਿੰਘ, ਜੋਬਨ ਸਿੰਘ, ਅਰਜਨ ਸਿੰਘ, ਸੁਖਵਿੰਦਰ ਸਿੰਘ, ਕਾਲਾ ਸਿੰਘ, ਭਗਵੰਤ ਸਿੰਘ ਫੌਜੀ, ਭਗਵਾਨ ਸਿੰਘ, ਗੁਰਦੇਵ ਸਿੰਘ ਫੌਜੀ, ਬਿਲਾ ਸਿੰਘ ,ਜਗਰੂਪ ਸਿੰਘ ਰੰਧਾਵਾ, ਮੁਖਤਾਰ ਮਸੀਹ,ਵਿਲੀਅਮ ਮਸੀਹ, ਪੰਮਾ ਮਸੀਹ, ਬਿੱਲਾ ਮਸੀਹ ,ਲਿਆਕਤ ਮਸੀਹ, ਕਾਕਾ ਮਸੀਹ ,ਜੀਵਨ ਮਸੀਹ, ਕਰਮ ਮਸੀਹ, ਬਰਨਾਟ ਮਸੀਹ ,ਦਾਨੀਅਲ ਮਸੀਹ, ਪੱਪੂ ਮਸੀਹ, ਡਾਕਟਰ ਕਵਲਜੀਤ ਸਿੰਘ, ਜਗਜੀਤ ਸਿੰਘ, ਜੋਬਨਪ੍ਰੀਤ ਸਿੰਘ, ਹਜੂਰਾ ਮਸੀਹ ,ਪੀਟਰ ਮਸੀਹ ,ਅਲੀਸ਼ਾ ਭੱਟੀ, ਜੁਗਰਾਜ ਭੱਟੀ, ਆਸੂ ਮਸੀਹ, ਤੋਤਾ ਮਸੀਹ ਆਦਿ ਵਰਕਰਾਂ ਨੂੰ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਾਰਟੀ ਦੇ ਨਿਸ਼ਾਨ ਵਾਲੀ ਸਰੋਪੇ ਪਾ ਕੇ ਪਾਰਟੀ ਵਿੱਚ ਸ਼ਾਮਿਲ ਹੋਣ 'ਤੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਅੱਜ ਸ਼੍ਰੋਮਣੀ ਅਕਾਲੀ ਦਲ ਪਾਰਟੀ ਵੱਲੋਂ ਹਲਕਾ ਕਾਦੀਆਂ ਤੋਂ ਸ਼ੁਰੂ ਕੀਤੀ ਗਈ ਪੰਜਾਬ ਬਚਾਓ ਮਿਸ਼ਨ ਮੁਹਿੰਮ ਤੇ ਵੱਡੇ ਸਵਾਲ ਚੁੱਕੇ ਗਏ ਤੇ ਉੱਥੇ ਹੀ ਬੀਤੇ ਕੱਲ ਮੋਗਾ ਵਿਖੇ ਯੁੱਧ ਨਸ਼ਿਆਂ ਵਿਰੁੱਧ ਦੂਜੀ ਮੁਹਿੰਮ ਤਹਿਤ ਡਿਫੈਂਸਿਕ ਕਮੇਟੀਆਂ ਨਾਲ ਰੱਖੀ ਗਈ ਰੈਲੀ ਵਿੱਚ ਡੀਜੀਪੀ ਪੰਜਾਬ ਵੱਲੋਂ ਕੀਤੇ ਗਏ ਸੰਬੋਧਨ 'ਤੇ ਸੁਖਜਿੰਦਰ ਸਿੰਘ ਰੰਧਾਵਾ ਵੱਲੋਂ ਕੇਂਦਰ ਨੂੰ ਲਿਖੀ ਗਈ ਚਿੱਠੀ ਤੇ ਗੁਰਦੀਪ ਸਿੰਘ ਵੱਲੋਂ ਪਲਟਵਾਰ ਕੀਤਾ ਗਿਆ ਹੈ। ਇਸ ਮੌਕੇ ਬਲਾਕ ਸੰਮਤੀ ਮੈਂਬਰ ਰੇਸ਼ਮ ਸਿੰਘ ਪੱਡਾ, ਸੀਨੀਅਰ ਆਪ ਆਗੂ ਤਸਬੀਰ ਸਿੰਘ ਪੱਡਾ, ਸਵਿੰਦਰ ਸਿੰਘ ਬੋਨੀ, ਸਰਪੰਚ ਤੇਜਿੰਦਰ ਸਿੰਘ ਮਾਨ, ਭਾਈ ਵੀਰ ਸਿੰਘ, ਬਾਬਾ ਚਰਨਜੀਤ ਸਿੰਘ, ਬਲਦੀਪ ਸਿੰਘ ਬੱਲੀ ਪੰਚ, ਗੁਰਵਿੰਦਰ ਸਿੰਘ ਪੰਚ, ਗੁਰਮੇਜ ਸਿੰਘ ਡੋਗਰ, ਸੰਨੀ ਪ੍ਰਧਾਨ ਆਦਿ ਹੋਰ ਮੁਹਤਬਰ ਆਗੂ ਹਾਜ਼ਰ ਸਨ।

## ਜਮਹੂਰੀ ਕਿਸਾਨ ਸਭਾ ਮਜੀਠਾ ਇਕਾਈ ਦੀ ਹੋਈ ਇਕੱਤਰਤਾ



ਮਜੀਠਾ, 18 ਫਰਵਰੀ (ਅਸ਼ਵਨੀ ਨਈਅਰ) : ਜਮਹੂਰੀ ਕਿਸਾਨ ਸਭਾ ਪੰਜਾਬ ਦੀ ਏਰੀਆ ਕਮੇਟੀ ਮਜੀਠਾ ਦੀ ਇੱਕ ਵਿਸ਼ੇਸ਼ ਇਕੱਤਰਤਾ ਭਗਤ ਰਵੀਦਾਸ ਜੀ ਗੁਰਦੁਆਰਾ ਮਜੀਠਾ ਵਿਖੇ ਰਣਬੀਰ ਸਿੰਘ ਮਜੀਠਾ ਤੇ ਸੁੱਚਾ ਸਿੰਘ ਵਿੱਗੇਵਾਲ ਦੀ ਸਾਂਝੀ ਅਗਵਾਈ ਵਿੱਚ ਹੋਈ, ਜਿਸ ਵਿੱਚ ਸੂਬਾ ਆਗੂ ਰਤਨ ਸਿੰਘ ਰੰਧਾਵਾ ਵਿਸ਼ੇਸ਼ ਤੌਰ ਤੇ ਪਹੁੰਚੇ।ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਰਤਨ ਸਿੰਘ ਰੰਧਾਵਾ ਨੇ ਕਿਹਾ ਕਿ ਆਉਣ ਵਾਲਾ ਸਮਾਂ ਆਰਥਿਕ ਰਾਜਨੀਤਿਕ ਸਮਾਜਿਕ ਅਤੇ ਧਾਰਮਿਕ ਜੋਖਮ ਭਰਿਆ ਹੋਵੇਗਾ, ਇਸ ਲਈ ਪੰਜਾਬ ਦੇ ਭਾਰਤ ਵਾਸੀਆਂ ਨੂੰ ਚੇਤਨ ਹੋਰ ਦੀ ਲੋੜ ਹੈ। ਮਾਸਟਰ ਹਰਭਜਨ ਸਿੰਘ ਰੁਪਈ ਨੇ ਇਕੱਤਰਤਾ ਨੂੰ ਵਿਸਥਾਰ ਨਾਲ ਸੰਬੋਧਨ ਕਰਦਿਆਂ ਕਿਹਾ ਕਿ ਸਭ ਤੋਂ ਪਹਿਲਾਂ ਮਸਲਾ ਸਾਰੇ ਪੰਜਾਬੀ ਤੇ ਭਾਰਤੀ ਜੋ ਸਰਕਾਰਾ ਨੇ ਨਜਾਇਜ਼ ਜੇਲਾਂ ਵਿੱਚ ਡੱਕੇ ਹਨ ਜਿਨਾਂ ਉੱਪਰ ਕਿਸੇ ਤਰ੍ਹਾਂ ਦੇ ਮੁਕਦਮੇ ਨਹੀਂ ਚਲਾਏ ਜਾਂਦੇ ਤੇ ਜਿਹੜੇ ਬੰਦੀ ਸਿੰਘ ਜਾਂ ਹੋਰ ਜਿਹੜੀ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਹਨ ਉਹਨਾਂ ਨੂੰ ਤੁਰੰਤ ਰਿਹਾ ਕੀਤਾ ਜਾਵੇ ਇਸ ਤੋਂ ਇਲਾਵਾ ਜੋ ਕੇਂਦਰ ਵੱਲੋਂ ਮਗ ਨਰੇਗਾ ਦਾ ਨਾਂ ਬਦਲਿਆ ਗਿਆ ਹੈ ਮੋਦੀ ਸਰਕਾਰ ਝੂਠ ਬੋਲ ਰਹੀ ਹੈ 90 ਫੀਸਦੀ ਹਿੱਸੇ ਤੋਂ 60 -40 ਕਰ ਦਿੱਤਾ ਜੋ ਸੂਬੇ ਪਹਿਲਾਂ ਹੀ ਕਰਜਾਈ ਹਨ ਆਪਣਾ ਬਣਦਾ ਹਿੱਸਾ ਨਹੀਂ ਪਾ ਸਕਣਗੇ ਤੇ ਮਗ ਨਰੇਗਾ ਸਕੀਮ ਸੋ ਕੇ ਰਹਿ ਜਾਵੇਗੀ। ਜਿਸ ਨਾਲ ਭਾਰਤ ਦੇ ਕਰੋੜਾਂ ਮਜ਼ਦੂਰਾਂ ਦੀ ਥੋੜੀ ਬਹੁਤ ਮਿਲਦੀ ਰੋਟੀ ਬੰਦ ਹੋ ਜਾਵੇਗੀ, ਇਸ ਨੂੰ ਵਾਪਸ ਲਿਆ ਜਾਵੇ।ਉਹਨਾਂ ਅੱਗੇ ਕਿਹਾ ਕਿ ਕਿਸਾਨੀ ਨੂੰ ਖਤਮ ਕਰਨ ਲਈ ਮੋਦੀ ਸਰਕਾਰ ਬੀਜ ਬਿੱਲ ਤੇ ਬਿਜਲੀ ਬਿੱਲ 2025 ਲਿਆ ਰਹੀ ਹੈ ਜੋ ਕਿਸਾਨਾਂ ਦੇ ਨਾਲ ਨਾਲ ਆਮ ਲੋਕਾਂ ਲਈ ਵੀ ਘਾਤਕ ਸਾਬਤ ਹੋਣਗੇ।ਉਹਨਾਂ ਕਿਹਾ ਕਿ ਇੱਥੇ ਹੀ ਬਸ ਨਹੀਂ ਜੋ ਮੋਦੀ ਨੇ ਹੋਰ ਚੰਦ ਚਾੜਿਆ ਹੈ ਮੋਦੀ ਟਰੰਪ ਸਮਝੌਤਾ ਨਾ ਬਰਾਬਰੀ ਦਾ ਉਸ ਵਿੱਚ ਅਜੇ ਤੱਕ ਜੋ 18 ਫੀਸਦੀ ਦਾ ਟਾਇਰ ਲੱਗਣਾ ਹੈ ਬਾਰੇ ਵੀ ਪਾਰਲੀਮੈਂਟ ਨੂੰ ਗੁਮਰਾਹ ਕੀਤਾ ਜਾ ਰਿਹਾ। ਜੇਕਰ ਅਨਾਜ ਤੇਲ ਡੇਰੀ ਕਪਾਹ ਆਦਿ ਭਾਰਤ ਵਿੱਚ ਬਾਹਰੋਂ ਆ ਗਈ ਤਾਂ ਇੱਥੋਂ ਦੀ ਖੇਤੀ ਤੇ ਇੰਡਸਟਰੀ ਦਾ ਕੀ ਬਣੇਗਾ ਉਹਨਾਂ ਕਿਹਾ ਕਿ ਇਸ ਦੇ ਵਿਰੋਧ ਵਿੱਚ 22 ਫਰਵਰੀ 2026 ਨੂੰ ਪੰਜਾਬ ਵਿੱਚ ਤਰਨ ਚੁੱਗ ਦਾ ਦਫਤਰ ਭਾਰਤੀ ਜਨਤਾ ਪਾਰਟੀ ਤੇ ਪੰਜਾਬ ਸਰਕਾਰ ਦੇ ਵਜ਼ੀਰਾਂ ਦੇ ਘਰ ਜਾਣਗੇ।ਉਹਨਾਂ ਕਿਹਾ ਕਿ ਇਸ ਤੋਂ ਇਲਾਵਾ 26 ਫਰਵਰੀ 2026 ਨੂੰ ਚੰਡੀਗੜ੍ਹ ਵਿੱਚ ਵਿਸਾਰ ਰੈਲੀ ਕਰਕੇ ਸਰਕਾਰ ਨੂੰ ਉਪਰੋਕਤ ਮੰਗਾਂ ਮਨਵਾਉਣ ਲਈ ਮਜਬੂਰ ਕੀਤਾ ਜਾਵੇਗਾ।ਅਖੀਰ ਵਿੱਚ ਉਹਨਾਂ ਕਿਸਾਨਾਂ ਮਜ਼ਦੂਰਾਂ ਛੋਟੇ ਦੁਕਾਨਦਾਰਾਂ ਕਾਰੋਬਾਰੀਆਂ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਉਕਤ ਰੈਲੀ ਵਿੱਚ ਸ਼ਾਮਿਲ ਹੋ ਕੇ ਇਸ ਨੂੰ ਕਾਮਯਾਬ ਬਣਾਇਆ ਜਾਵੇ। ਇਸ ਮੌਕੇ ਉਕਤ ਤੋਂ ਇਲਾਵਾ ਰਵਿੰਦਰ ਸਿੰਘ ਹਰਪਾਲ ਸਿੰਘ ਕਾਰਜ ਸਿੰਘ ਮਜੀਠਾ ਦਿਲਬਾਗ ਸਿੰਘ ਸੁਖਵਿੰਦਰ ਸਿੰਘ ਰੁਪਈ ਜੈਮਲ ਸਿੰਘ ਲਖਵਿੰਦਰ ਸਿੰਘ ਤੋਂ ਇਲਾਵਾ ਕਿਸਾਨ ਆਗੂ ਹਾਜ਼ਰ ਸਨ।

## ਅੰਬਾਲਾ ਜੱਟਾਂ ਦਾ ਕਬੱਡੀ ਕੱਪ 22 ਨੂੰ

ਗੜ੍ਹਦੀਵਾਲ, 18 ਫਰਵਰੀ (ਗੌਰਵ ):ਸੰਤ ਬਾਬਾ ਹਰਨਾਮ ਸਿੰਘ ਸਪੋਰਟਸ ਕਲੱਬ (ਰਜਿ.) ਅੰਬਾਲਾ ਜੱਟਾਂ ਵੱਲੋਂ ਸੰਤ ਬਾਬਾ ਹਰਨਾਮ ਸਿੰਘ ਜੀ ਦੀ ਯਾਦ ਨੂੰ ਸਮਰਪਿਤ 20ਵਾਂ ਕਬੱਡੀ ਕੱਪ ਐਨਆਰਆਈ ਭਰਾਵਾਂ ਦੇ ਸਹਿਯੋਗ ਨਾਲ ਬੜੇ ਹੀ ਹਰਸ਼ੋਲਾਸ ਨਾਲ ਕਰਵਾਇਆ ਜਾ ਰਿਹਾ। ਇਸ ਮੌਕੇ ਤੇ ਕਲੱਬ ਦੇ ਪ੍ਰਧਾਨ ਸੁਖਪਾਲ ਸਿੰਘ ਅਗਵਾਈ ਵਿੱਚ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੀ ਅਗਵਾਈ ਕਰਦੇ ਹਰਮਿੰਦਰ ਸਿੰਘ ਢੱਟ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 20 ਵਾਂ ਬਾਸਕਟ ਬਾਲ ਅਤੇ ਦਸਤਾਰ ਸਜਾਓ ਅਤੇ ਕਬੱਡੀ ਕੱਪ ਕਰਵਾਇਆ ਜਾ ਰਿਹਾ। ਉਹਨਾਂ ਨੇ ਦੱਸਿਆ ਕਿ ਮਿਤੀ 22 ਫਰਵਰੀ ਨੂੰ ਗੜਵੀ ਵਾਲਾ ਦੇ ਮੋਹਨ ਕਲੀਨਿਕ ਵੱਲੋਂ ਮੁਫਤ ਕੈਂਪ ਲਗਾਇਆ ਜਾ ਰਿਹਾ ਹੈ।ਮਿਤੀ 27 ਫਰਵਰੀ ਨੂੰ ਬਾਸਕਿਟਬਾਲ ਜੋ ਮੈਚ ਕਰਵਾਏ ਜਾਣਗੇ ਜੇਤੂ ਖਿਡਾਰੀਆਂ ਨੂੰ ਇਨਾਮ ਵੰਡੇ ਜਾਣਗੇ ਅਤੇ 28 ਫਰਵਰੀ ਨੂੰ ਕਬੱਡੀ ਕੱਪ ਕਰਵਾਇਆ ਜਾਵੇਗਾ, ਜਿਸ ਵਿੱਚ ਵਧੀਆ ਖਿਡਾਰੀ ਆਪਣੀ ਖੇਡ ਦਾ ਪ੍ਰਦਰਸ਼ਨ ਕਰਨਗੇ ਅਤੇ ਇਹਨਾਂ ਨੂੰ ਵੀ ਵਧੀਆ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

## ਸੁਰਿੰਦਰ ਸਿੰਘ ਸਚਦੇਵਾ ਦੀਆਂ ਅੱਖਾਂ ਪਰਿਵਾਰ ਨੇ ਕੀਤੀਆਂ ਦਾਨ

ਗੜ੍ਹਸ਼ੰਕਰ, 18 ਫ਼ਰਵਰੀ (ਅਜਮੇਰ ਸਿੰਘ ਭਨੋਟ) : ਸਵ: ਸੁਰਿੰਦਰ ਸਿੰਘ ਸਚਦੇਵਾ ਅਕਾਲ ਚਲਾਣਾ ਕਰ ਗਏ ਸਨ ਦੇ ਪਰਿਵਾਰ ਵੱਲੋਂ ਮਰਨ ਉਪਰੰਤ ਉਨਾਂ ਦੀਆਂ ਅੱਖਾਂ ਦਾਨ ਕੀਤੀਆਂ ਗਈਆਂ। ਸੰਕਾਰਾ ਆਈ ਬੈਂਕ ਲੁਧਿਆਣਾ ਦੀ ਟੀਮ ਵੱਲੋਂ ਰੋਟਰੀ ਆਈ ਬੈਂਕ ਅਤੇ ਕਾਰਨੀਅਲ ਟਰਾਂਸਪਲਾਂਟ ਸੁਸਾਇਟੀ ਗੜ੍ਹਸ਼ੰਕਰ ਦੇ ਸਹਿਯੋਗ ਨਾਲ ਇਹ ਕਾਰਜ ਸਿਰੇ ਚੜ੍ਹਿਆ। ਪਰਿਵਾਰ ਵੱਲੋਂ ਸਵਰਗਵਾਸੀ ਸੁਰਿੰਦਰ ਸਿੰਘ ਸਚਦੇਵਾ ਦੇ ਪੁੱਤਰ ਗੁਰਪ੍ਰੀਤ ਸਿੰਘ ਸਚਦੇਵਾ, ਨੂੰਹ ਦਲਵਿੰਦਰ ਕੌਰ, ਭਰਾ ਇਕਬਾਲ ਸਿੰਘ ਸਚਦੇਵਾ, ਧੀ ਹਰਪ੍ਰੀਤ ਕੌਰ ਸਚਦੇਵਾ ਵੱਲੋਂ ਸੰਸਥਾ ਨੂੰ ਅੱਖਾਂ ਸੌਂਪੀਆਂ। ਇਸ ਮੌਕੇ ਸੰਸਥਾ ਦੇ ਚੇਅਰਮੈਨ ਡਾ. ਤਰਸੇਮਸਿੰਘ ਨੇ ਕਿਹਾ ਕਿ ਇਹ ਅੱਖਾਂ ਦੋ ਵਿਅਕਤੀਆਂ ਦੀ ਜ਼ਿੰਦਗੀ ਨੂੰ ਰੁਸ਼ਨਾਉਣਗੀਆਂ। ਪਰਿਵਾਰ ਵੱਲੋਂ ਕੀਤਾ ਗਿਆ ਇਹ ਉਪਰਾਲਾ ਬੇਹੱਦ ਸਲਾਹੁਣਯੋਗ ਹੈ। ਇਸ ਮੌਕੇ ਸੋਮਨਾਥ ਬੰਗੜ ਕੌਂਸਲਰ, ਜਸਵਿੰਦਰ ਸਿੰਘ ਬਜਾਜ, ਤਰਨ ਸਚਦੇਵਾ, ਲਖਵਿੰਦਰ ਸਿੰਘ ਪ੍ਰਧਾਨ ਗੜ੍ਹਸ਼ੰਕਰ ਯੂਨਿਟ, ਓਕਾਰ ਸਿੰਘ ਚਾਹਲਪੁਰੀ ਸਕੱਤਰ,ਜਸਵਿੰਦਰ ਸਿੰਘ ਬਜਾਜ, ਤਰਨ ਸਚਦੇਵਾ, ਲਖਵਿੰਦਰ ਸਿੰਘ ਪ੍ਰਧਾਨ ਗੜ੍ਹਸ਼ੰਕਰ ਯੂਨਿਟ, ਓਕਾਰ ਸਿੰਘ ਰਾਜਨ ਮੱਲਹਣ ਕੈਸ਼ੀਅਰ, ਜਗਦੀਸ਼ ਰਾਏ ਆਦਿ ਹਾਜ਼ਰ ਸਨ।

## ਖੇਤੀ ਧੰਦੇ ਨੂੰ ਹੋਰ ਲਾਹੇਵੰਦ ਬਣਾਉਣ ਲਈ ਵਿਗਿਆਨਿਕ ਸਲਾਹਕਾਰ ਕਮੇਟੀ ਦੀ ਹੋਈ ਇਕੱਤਰਤਾ



ਮਜੀਠਾ, 18 ਫਰਵਰੀ (ਅਸ਼ਵਨੀ ਨਈਅਰ) : ਖੇਤੀਬਾੜੀ ਨੂੰ ਵਧੇਰੇ ਲਾਭਕਾਰੀ ਬਣਾਉਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੀਆਂ ਵਿਗਿਆਨਕ ਤਕਨੀਕਾਂ ਨੂੰ ਕਿਸਾਨਾਂ ਤੱਕ ਪਹੁੰਚਾਉਣ ਦੇ ਮਕਸਦ ਨਾਲ ਕੇਵੀਕੇ ਨਾਗਕਲਾਂ ਵਿਖੇ ਵਿਗਿਆਨਕ ਸਲਾਹਕਾਰ ਕਮੇਟੀ ਦੀ ਵਿਸ਼ੇਸ਼ ਮੀਟਿੰਗ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਡਾ. ਮਖਣ ਸਿੰਘ ਭੁੱਲਰ, ਨਿਰਦੇਸ਼ਕ ਪਸਾਰ ਸਿੱਖਿਆ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਨੇ ਕੀਤੀ ਡਾ. ਬਿਕਰਮਜੀਤ ਸਿੰਘ, ਸਹਿਯੋਗੀ ਨਿਰਦੇਸ਼ਕ, ਕੇਵੀਕੇ ਅੰਮ੍ਰਿਤਸਰ ਨੇ ਮਹਿਮਾਨਾਂ ਨੂੰ ਕੇਂਦਰ ਦੇ ਪ੍ਰਦਰਸ਼ਨੀ ਪਲਾਟਾਂ ਅਤੇ ਵੱਖ-ਵੱਖ ਯੂਨਿਟਾਂ ਦਾ ਦੌਰਾ ਕਰਵਾਇਆ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਖੀਆਂ, ਅਗਾਊਂ ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਸ਼ੁਰੂਆਤ ਡਾ. ਰਮਿੰਦਰ ਕੌਰ, ਪ੍ਰੋਫੈਸਰ, ਕੇਵੀਕੇ ਅੰਮ੍ਰਿਤਸਰ ਨੇ ਸਵਾਗਤੀ ਭਾਸ਼ਣ ਨਾਲ ਕੀਤੀ। ਡਾ. ਬਿਕਰਮਜੀਤ ਸਿੰਘ ਨੇ 2025 ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ ਅਤੇ ਨਾਗਕਲਾਂ ਕੇਂਦਰ ਵੱਲੋਂ ਲਗਾਏ ਸਿਖਲਾਈ ਕੋਰਸਾਂ, ਖੇਤੀ ਤਜਰਬਿਆਂ ਅਤੇ ਪ੍ਰਦਰਸ਼ਨੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਇਸ ਤੋਂ ਬਾਅਦ 2026-27 ਲਈ ਸਿਖਲਾਈ ਪ੍ਰੋਗਰਾਮ ਦੀ ਵਿਉਂਤਬੰਦੀ ਸਭ ਨਾਲ ਸਾਂਝੀ ਕੀਤੀ ਗਈ।ਡਾ. ਮਖਣ ਸਿੰਘ ਭੁੱਲਰ ਨੇ ਸਬੰਧਿਤ ਵਿਭਾਗਾਂ ਦੇ ਸਹਿਯੋਗ ਨਾਲ ਕਾਰਜ ਯੋਜਨਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਮਹੱਤਵਪੂਰਨ ਸੁਝਾਅ ਮੰਗੇ। ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਅਤੇ ਅਗਾਊਂ ਕਿਸਾਨਾਂ ਨੇ ਅਗਲੇ ਸਾਲ ਦੀ ਯੋਜਨਾ ਲਈ ਕੀਮਤੀ ਸੁਝਾਅ ਦਿੱਤੇ। ਡਾ. ਭੁੱਲਰ ਨੇ ਬਹੁ-ਉਤਪਾਦਨ, ਪਸ਼ੂ ਪਾਲਣ, ਫੂਡ ਪ੍ਰੋਸੈਸਿੰਗ ਅਤੇ ਹੋਰ ਖੇਤੀ ਸਹਾਇਕ ਧੰਦਿਆਂ 'ਤੇ ਵਧੇਰੇ ਜ਼ੋਰ ਦੇਣ ਦੀ ਲੋੜ 'ਤੇ ਬਲ ਦਿੱਤਾ ਤਾਂ ਜੋ ਕਿਸਾਨ ਵਧੇਰੇ ਮੁਨਾਫਾ ਕਮਾ ਸਕਣ।ਉਨ੍ਹਾਂ ਜੈਵਿਕ ਖੇਤੀ ਅਪਨਾਉਣ, ਕੀਟਨਾਸ਼ਕਾਂ ਅਤੇ ਨਦੀਨਨਾਸ਼ਕਾਂ ਦੀ ਵੱਧ ਵਰਤੋਂ ਰੋਕਣ ਲਈ ਸਹਿਯੋਗ ਦੀ ਅਪੀਲ ਕੀਤੀ। ਉਨ੍ਹਾਂ ਸਪਰੇਅ ਤਕਨੀਕ, ਖਾਦਾਂ ਦੀ ਸਹੀ ਵਰਤੋਂ ਅਤੇ ਵੱਧ ਤੋਂ ਵੱਧ ਪ੍ਰਦਰਸ਼ਨੀਆਂ ਲਗਾਉਣ 'ਤੇ ਜ਼ੋਰ ਦਿੱਤਾ। ਕਿਸਾਨਾਂ ਨੂੰ ਸਹੀ ਮਾਤਰਾ ਵਿੱਚ ਖਾਦਾਂ ਅਤੇ ਦਵਾਈਆਂ ਵਰਤਣ ਲਈ ਪ੍ਰੇਰਿਤ ਕਰਨ ਦੀ ਗੱਲ ਕਹੀ ਅਗਾਊਂ ਕਿਸਾਨ ਸਬੇਗ ਸਿੰਘ, ਲਖਵਿੰਦਰ ਸਿੰਘ, ਚਰਨਜੀਤ ਸਿੰਘ, ਗੁਰਪਾਲ ਸਿੰਘ ਆਦਿ ਨੇ ਆਪਣੇ ਤਜਰਬੇ ਸਾਂਝੇ ਕੀਤੇ। ਵੱਖ-ਵੱਖ ਵਿਭਾਗਾਂ ਜਿਵੇਂ ਖੇਤੀਬਾੜੀ, ਕਿਸਾਨ ਭਲਾਈ, ਡੇਅਰੀ ਵਿਕਾਸ, ਬਾਗਬਾਨੀ, ਪਸ਼ੂ ਪਾਲਣ ਅਤੇ ਪੰਜਾਬ ਅੰਗਰੇਜ਼ੀ ਦੇ ਨੁਮਾਇੰਦਿਆਂ ਨੇ ਕੇਂਦਰ ਦੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ।ਮੀਟਿੰਗ ਦੀ ਸਮਾਪਤੀ 'ਤੇ ਡਾ. ਪਰਵਿੰਦਰ ਸਿੰਘ, ਮੁਖੀ ਫਾਰਮ ਸਲਾਹਕਾਰ ਸੇਵਾ ਕੇਂਦਰ, ਤਰਨ ਤਾਰਨ ਨੇ ਸਾਰੇ ਸ਼ਾਮਲ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਕੇਵੀਕੇ ਅੰਮ੍ਰਿਤਸਰ ਵੱਲੋਂ ਪ੍ਰਕਾਸ਼ਿਤ ਨਿਊਜ਼ ਬੁਲੇਟਿਨ ਵੀ ਰਿਲੀਜ਼ ਕੀਤਾ ਗਿਆ। ਇਹ ਮੀਟਿੰਗ ਖੇਤੀ ਨੂੰ ਟਿਕਾਊ ਅਤੇ ਲਾਭਕਾਰੀ ਬਣਾਉਣ ਵੱਲ ਮਹੱਤਵਪੂਰਨ ਕਦਮ ਸਾਬਤ ਹੋਈ।

## ਜਥੇਦਾਰ ਹਵਾਰਾ ਕਮੇਟੀ ਨੇ ਮੋਹਨ ਭਾਗਵਤ ਦੇ ਬਿਆਨ ਦਾ ਕੀਤਾ ਵਿਰੋਧ



ਅੰਮ੍ਰਿਤਸਰ, 18 ਫਰਵਰੀ (ਬਬਲੂ ਮਹਾਜਨ) :ਪਿਛਲੇ ਦਿਨੀਂ ਆਰਐਸਐਸ ਮੁਖੀ ਮੋਹਨ ਭਾਗਵਤ ਵੱਲੋਂ ਦਿੱਤੇ ਬਿਆਨ ਕਿ ਹਿੰਦੂ ਅਤੇ ਸਿੱਖ ਸਮਾਜਿਕ ਤੌਰ 'ਤੇ ਇੱਕ ਹਨ ਦਾ ਵਿਰੋਧ ਕਰਦਿਆਂ ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ ਦੇ ਆਗੂ ਮਹਾਬੀਰ ਸਿੰਘ ਸੁਲਤਾਨਵਿੰਡ,ਭੁਪਿੰਦਰ ਸਿੰਘ ਭਲਵਾਨ ਅਤੇ ਬਲਦੇਵ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਸਿੱਖ ਇੱਕ ਵੱਖਰੀ ਤੇ ਨਿਆਰੀ ਕੌਮ ਹੈ। ਮੋਹਨ ਭਾਗਵਤ ਨੇ ਇਹ ਦਲੀਲ ਦਿੱਤੀ ਕਿ ਸਿੱਖ ਅਤੇ ਹਿੰਦੂ ਆਪਸ ਵਿੱਚ ਸ਼ਾਦੀਆਂ ਕਰਦੇ ਇਸ ਲਈ ਇਨ੍ਹਾਂ ਵਿੱਚ ਕੋਈ ਫਰਕ ਨਹੀਂ ਹੈ ।ਇਸਤੇ ਅਸਹਿਮਤੀ ਪ੍ਰਗਟ ਕਰਦੇ ਹੋਏ ਕਮੇਟੀ ਆਗੂਆਂ ਨੇ ਪ੍ਰੈਸ ਨੂੰ ਦੱਸਿਆ ਕਿ ਸਿੱਖਾਂ ਦੀ ਭਾਈਚਾਰਕ ਸਾਂਝ ਸਮਾਜ ਦੇ ਹਰ ਵਰਗ ਨਾਲ ਹੈ ਭਾਵੇਂ ਉਸਦਾ ਧਰਮ ਕੋਈ ਵੀ ਹੋਵੇ ।ਜਿਕਰਯੋਗ ਹੈ ਹਰ ਧਰਮ ਦੀਆਂ ਧਾਰਮਿਕ ਤੇ ਸਮਾਜਿਕ ਰਹੁ-ਰੀਤਾਂ ਵੱਖਰੀਆਂ ਹੁੰਦੀਆਂ ਹਨ ਜੋ ਹਰ ਕੌਮ ਦੀ ਵਿਲੱਖਣਤਾ ਨੂੰ ਪਰਿਭਾਸ਼ਿਤ ਕਰਦੀਆਂ ਹਨ ।ਅੱਜ ਦੀ ਚਟਕ ਮਟਕ ਦੀ ਦੁਨੀਆਂ ਵਿੱਚ ਫਿਲਮੀ ਪ੍ਰਭਾਵ ਹੇਠ ਕੁਝ ਨੌਜਵਾਨ ਲੜਕੇ ਲੜਕੀਆਂ ਵੱਲੋਂ ਅੰਤਰ ਜਾਤੀ ਵਿਆਹ ਕਰਵਾਏ ਜਾ ਰਹੇ ਹਨ ਪਰ ਇਸ ਨਾਲ ਕੌਮਾਂ ਦੇ ਮੂਲ ਢਾਂਚੇ ਨੂੰ ਬਦਲਿਆ ਨਹੀਂ ਜਾ ਸਕਦਾ ।ਮੋਹਨ ਭਾਗਵਤ ਦੇ ਬਿਆਨ ਨੂੰ ਸ਼ਰਾਰਤੀ ਅਤੇ ਸਾਜ਼ਿਸੀ ਦੱਸਦਿਆਂ ਉਨ੍ਹਾਂ ਕਿਹਾ ਸਿੱਖ ਕੌਮ ਦੇ ਨਿਆਰੇ ਪਨ ਨੂੰ ਹਿੰਦੂ ਸਮਾਜ ਵਿੱਚ ਰਲੇਵੇ ਦੇ ਯਤਨ ਕਾਮਯਾਬ ਨਹੀਂ ਹੋਣ ਦਿੱਤੇ ਜਾਣਗੇ।ਕਮੇਟੀ ਦਾ ਬਿਆਨ ਸੁਖਰਾਜ ਸਿੰਘ ਵੇਰਕਾ,ਐਡਵੋਕੇਟ ਜਸਬੀਰ ਸਿੰਘ ਜੰਮੂ ਅਤੇ ਬਲਵਿੰਦਰ ਸਿੰਘ ਸਾਘਣਾਂ ਵੱਲੋਂ ਸਾਂਝੇ ਤੌਰ ਤੇ ਜਾਰੀ ਕੀਤਾ ਗਿਆ ।

## ਨਸ਼ਾ ਵਿਰੋਧੀ ਨੁੱਕੜ ਨਾਟਕ 'ਜਿਉਂਦੀਆਂ ਲਾਸ਼ਾਂ' ਰਾਹੀਂ ਜਾਗਰੂਕਤਾ ਮੁਹਿੰਮ




ਮੁਕੇਰੀਆਂ,18 ਫਰਵਰੀ ( ਧਰਮ ਚੰਦ ) : ਦਸਮੇਸ਼ ਗਰਲਜ਼ ਕਾਲਜ, ਮੁਕੇਰੀਆਂ ਵਿੱਚ ਆਈ.ਕਿਊ.ਏ.ਸੀ ਦੇ ਅਧੀਨ ਰੈੱਡ ਰਿਬਨ ਕਲੱਬ ਅਤੇ ਐਨ.ਐੱਸ.ਐੱਸ ਯੂਨਿਟ ਦੇ ਸਾਂਝੇ ਸਹਿਯੋਗ ਨਾਲ ਕਾਲਜ ਦੀ ਪ੍ਰਿੰਸੀਪਲ ਡਾ. ਕਰਮਜੀਤ ਕੌਰ ਬਰਾੜ ਦੀ ਯੋਗ ਅਗਵਾਈ ਹੇਠ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਤਹਿਤ ਇੱਕ ਪ੍ਰਭਾਵਸ਼ਾਲੀ ਨੁੱਕੜ ਨਾਟਕ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਆਮ ਜਨਤਾ ਨੂੰ ਨਸ਼ਿਆਂ ਤੋਂ ਹੋ ਰਹੇ ਨੁਕਸਾਨਾਂ ਬਾਰੇ ਜਾਗਰੂਕ ਕਰਨਾ ਸੀ।ਭਗਤ ਨਾਮਦੇਵ ਕਮੇਟੀ ,ਘੁਮਾਣ ਦੇ ਕਲਾਕਾਰ ਪ੍ਰਿਤਪਾਲ ਸਿੰਘ ਅਤੇ ਉਨਾਂ ਦੀ ਟੀਮ ਨੇ ਨਾਟਕ ਜਿਉਂਦੀਆਂ ਲਾਸ਼ਾਂ ਵਿਸ਼ੇ ਨੂੰ ਬੜੇ ਹੀ ਭਾਵਪੂਰਨ ਅਭਿਨੈ ਅਤੇ ਯਥਾਰਥਪੂਰਨ ਦ੍ਰਿਸ਼ਾਂ ਰਾਹੀਂ ਦੱਸਿਆ ਕਿ ਨਸ਼ਾ ਸਿਰਫ਼ ਵਿਅਕਤੀ ਦੀ ਜ਼ਿੰਦਗੀ ਹੀ ਨਹੀਂ ਬਰਬਾਦ ਕਰਦਾ, ਸਗੋਂ ਉਸਦੇ ਪਰਿਵਾਰ ਅਤੇ ਪੂਰੇ ਸਮਾਜ ਨੂੰ ਵੀ ਗੰਭੀਰ ਤੌਰ 'ਤੇ ਪ੍ਰਭਾਵਿਤ ਕਰਦਾ ਹੈ। ਨਾਟਕ ਵਿੱਚ ਨਸ਼ੇ ਦੇ ਸਰੀਰਕ, ਮਾਨਸਿਕ, ਸਮਾਜਿਕ ਅਤੇ ਆਰਥਿਕ ਨੁਕਸਾਨਾਂ ਨੂੰ ਸਪਸ਼ਟ ਢੰਗ ਨਾਲ ਉਜਾਗਰ ਕੀਤਾ ਗਿਆ।ਇਸ ਮੌਕੇ ਸ੍ਰੀ ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਸ. ਰਵਿੰਦਰ ਸਿੰਘ ਚੱਕ ਅਤੇ ਸਮੂਹ ਟਰੱਸਟ ਮੈਂਬਰ ਸਾਹਿਬਾਨਾਂ ਨੇ ਪ੍ਰੋਗਰਾਮ ਆਯੋਜਕਾਂ ਦਾ ਹੌਂਸਲਾ ਵਧਾਇਆ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਪ੍ਰੇਰਨਾਦਾਇਕ ਗਤੀਵਿਧੀਆਂ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

## ਆਦਮਪੁਰ 'ਚ ਅੱਖਾਂ ਦਾ ਮੁਫਤ ਆਪ੍ਰੇਸ਼ਨ ਕੈਂਪ ਲਗਾਇਆ





ਆਦਮਪੁਰ, 18ਫਰਵਰੀ (ਜੰਡੀਰ ਸੈਣੀ) : ਅੱਜ ਆਦਮਪੁਰ ਵਿਖੇ ਲਾਇਨਜ ਹਸਪਤਾਲ ਤੇ ਲਾਇਨਜ ਕਲੱਬ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਕੈਂਪ ਵਿੱਚ 800 ਤੋਂ ਵੱਧ ਮਰੀਜ਼ ਇਲਾਜ ਕਰਵਾਉਣ ਲਈ ਪਹੁੰਚੇ, ਆਗੂਆਂ ਨੇ ਕਿਹਾ ਕਿ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਹੀ ਕਾਰਜ ਆਰੰਭੇ ਜਾਂਦੇ ਹਨ ਅਤੇ ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਹਲਕਾ ਆਦਮਪੁਰ ਦੇ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਨੂੰ ਪ੍ਰਬੰਧਕਾਂ ਨੇ ਸਨਮਾਨਿਤ ਕੀਤਾ ਤੇ ਜੀ ਆਇਆ ਕਿਹਾ ਇਸ ਮੌਕੇ 'ਤੇ ਭਾਰੀ ਗਿਣਤੀ ਵਿੱਚ ਸੀਨੀਅਰ ਆਗੂ ਮੌਜੂਦ ਸਨ।

## ਟੀਬੀ ਰੋਗ ਦੀ ਜਾਂਚ ਲਈ ਲੋਕਾਂ ਨੂੰ ਦੂਰ ਨਹੀਂ ਜਾਣਾ ਪਵੇਗਾ : ਡਾ. ਗਾਂਧੀ



ਫਾਜ਼ਿਲਕਾ, 18 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਸਿਵਲ ਸਰਜਨ ਡਾ. ਕਵਿਤਾ ਸਿੰਘ ਅਤੇ ਜਿਲ੍ਹਾ ਟੀਬੀ ਅਫ਼ਸਰ ਡਾ. ਨੀਲੂ ਚੁੱਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੀਐੱਚਸੀ ਜੰਡਵਾਲਾ ਭੀਮੇਸ਼ਾਹ ਦੇ ਐੱਸਐੱਮਓ ਡਾ. ਵਿਕਾਸ ਗਾਂਧੀ ਤੇ ਬਲਾਕ ਐੱਸਆਈ ਸੁਮਨ ਕੁਮਾਰ ਦੀ ਯੋਗ ਅਗਵਾਈ ਹੇਠ ਇਲਾਕੇ ਦੇ ਲੋਕਾਂ ਲਈ ਇੱਕ ਵੱਡੀ ਸਿਹਤ ਸਹੂਲਤ ਦੇ ਤੌਰ 'ਤੇ ਟਰੂਨੈਟ ਟੀ.ਬੀ. ਟੈਸਟ ਮਸ਼ੀਨ ਪੀ.ਐੱਚ.ਸੀ ਜੰਡਵਾਲਾ ਭੀਮੇਸ਼ਾਹ ਵਿਖੇ ਸਥਾਪਿਤ ਕੀਤੀ ਗਈ ਹੈ। ਜਾਣਕਾਰੀ ਦਿੰਦਿਆਂ ਐਸਐਮਓ ਡਾ. ਗਾਂਧੀ ਤੇ ਐਸਆਈ ਸੁਮਨ ਕੁਮਾਰ ਨੇ ਦੱਸਿਆ ਕਿ ਇਹ ਮਸ਼ੀਨ ਟੀਬੀ ਦੀ ਤੇਜ਼ ਅਤੇ ਸਹੀ ਜਾਂਚ ਕਰਨ ਲਈ ਆਧੁਨਿਕ ਮਾਲੀਕਿਊਲਰ ਤਕਨੀਕ 'ਤੇ ਆਧਾਰਿਤ ਹੈ। ਇਸ ਮਸ਼ੀਨ ਰਾਹੀਂ ਮਰੀਜ਼ਾਂ ਦੀ ਖੰਘ (ਸਪੂਟਮ) ਦੀ ਜਾਂਚ ਕਰਕੇ ਕੁਝ ਘੰਟਿਆਂ ਵਿੱਚ ਟੀਬੀ ਦੀ ਪੁਸ਼ਟੀ ਕੀਤੀ ਜਾ ਸਕਦੀ ਹੈ। ਇਸ ਨਾਲ ਦਵਾਈ-ਰੋਧੀ ਟੀਬੀ ਦੀ ਪਛਾਣ ਵੀ ਹੋ ਸਕਦੀ ਹੈ, ਜਿਸ ਨਾਲ ਇਲਾਜ ਸਮੇਂ 'ਤੇ ਸ਼ੁਰੂ ਕੀਤਾ ਜਾ ਸਕੇਗਾ। ਸਿਹਤ ਵਿਭਾਗ ਟੀਮ ਨੇ ਦੱਸਿਆ ਕਿ ਇਸ ਸਹੂਲਤ ਨਾਲ ਇਲਾਕੇ ਦੇ ਲੋਕਾਂ ਨੂੰ ਹੁਣ ਵੱਡੇ ਸ਼ਹਿਰਾਂ ਵਿੱਚ ਟੈਸਟ ਲਈ ਜਾਣ ਦੀ ਲੋੜ ਨਹੀਂ ਰਹੇਗੀ। ਮਰੀਜ਼ਾਂ ਨੂੰ ਨੇੜੇ ਹੀ ਤੇਜ਼ ਅਤੇ ਭਰੋਸੇਯੋਗ ਜਾਂਚ ਸੇਵਾ ਮਿਲੇਗੀ। ਇਹ ਟੀਬੀ ਮੁਕਤ ਸਮਾਜ ਵੱਲ ਇੱਕ ਮਹੱਤਵਪੂਰਨ ਕਦਮ ਹੈ। ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਸੇ ਨੂੰ ਲੰਬੇ ਸਮੇਂ ਤੱਕ ਖੰਘ , ਬੁਖਾਰ ਜਾਂ ਵਜ਼ਨ ਘਟਣ ਵਰਗੇ ਲੱਛਣ ਹੋਣ ਤਾਂ ਤੁਰੰਤ ਪੀਐੱਚਸੀ ਵਿੱਚ ਜਾਂਚ ਕਰਵਾਈ ਜਾਵੇ। ਇਸ ਮੌਕੇ ਰਾਜ ਸਿੰਘ ਸੀਨੀਅਰ ਟੀਬੀ ਲੈਬ ਸੁਪਰਵਾਇਜ਼ਰ, ਅੰਗਰੇਜ ਸਿੰਘ ਐੱਮਐੱਲਟੀ-1, ਸੰਗੀਤ ਕੁਮਾਰ ਜੂਨੀਅਰ ਸਹਾਇਕ, ਰਾਜ ਕੁਮਾਰ ਅਕਾਊਂਟੈਂਟ, ਗੁਰਦੀਪ ਸਿੰਘ ਫਾਰਮੈਸੀ ਅਫ਼ਸਰ, ਮਨਦੀਪ ਸਿੰਘ ਰੇਡੀਓਗ੍ਰਾਫਰ, ਲਖਵਿੰਦਰ ਸਿੰਘ, ਜਸਪਾਲ ਸਿੰਘ , ਜਸਪਾਲ ਸਿੰਘ ਸਿੱਧੂ ਐੱਮਪੀਐੱਚਡਬਲਯੂ, ਰਾਜ ਕੁਮਾਰ, ਪਵਨ ਕੁਮਾਰ ਵਾਰਡ ਅਟੈਂਡੇਂਟ, ਸਵਰਨ ਕੌਰ, ਨੀਲਮ ਰਾਣੀ, ਦੁਰਗੋ ਬਾਈ, ਹਰਭਜਨ ਕੌਰ ਤੇ ਸਮੂਹ ਸਟਾਫ ਹਾਜ਼ਰ ਸੀ।

# ਜਿਊਂਦ ਬਣਿਆ ਛਾਉਣੀ: ਕਿਸਾਨਾਂ ਨੂੰ ਰੋਕਣ ਲਈ ਪੁਲਿਸ ਨੇ ਕੀਤਾ ਬਲ ਪ੍ਰਯੋਗ, ਹੰਝੂ ਗੈਸ ਦੇ ਧੂੰਏਂ 'ਚ ਘਿਰਿਆ ਪੂਰਾ ਪਿੰਡ



ਬਠਿੰਡਾ, 18 ਫਰਵਰੀ (ਦੀਪਕ ਸ਼ਰਮਾ): ਬਠਿੰਡਾ ਦੇ ਪਿੰਡ ਜਿਊਂਦ ਵਿੱਚ ਅੱਜ ਉਸ ਵੇਲੇ ਹਾਲਾਤ ਬੇਕਾਬੂ ਹੋ ਗਏ, ਜਦੋਂ ਪ੍ਰਸ਼ਾਸਨਿਕ ਘੇਰਾਬੰਦੀ ਅਤੇ ਕਿਸਾਨੀ ਰੋਸ ਦਾ ਸਿੱਧਾ ਟਕਰਾਅ ਹੋ ਗਿਆ। ਡੀਸੀ ਦਫ਼ਤਰ ਦੇ ਘਿਰਾਓ ਲਈ ਇਕੱਠੇ ਹੋ ਰਹੇ ਕਿਸਾਨਾਂ ਨੂੰ ਰੋਕਣ ਲਈ ਪੁਲਿਸ ਵੱਲੋਂ ਕੀਤੀ ਸਖ਼ਤੀ ਨੇ ਪਿੰਡ ਨੂੰ ਕਿਸੇ ਜੰਗ ਦੇ ਮੈਦਾਨ ਵਿੱਚ ਤਬਦੀਲ ਕਰ ਦਿੱਤਾ। ਪੁਲਿਸ ਵੱਲੋਂ ਚਲਾਏ ਗਏ ਹੰਝੂ ਗੈਸ ਦੇ ਗੋਲਿਆਂ ਅਤੇ ਦੋਵਾਂ ਪਾਸਿਆਂ ਤੋਂ ਹੋਈ ਪੱਥਰਬਾਜ਼ੀ ਕਾਰਨ ਅੱਧੀ ਦਰਜਨ ਦੇ ਕਰੀਬ ਕਿਸਾਨ ਜ਼ਖਮੀ ਹੋ ਗਏ ਹਨ, ਜਿਨ੍ਹਾਂ ਵਿੱਚੋਂ ਇੱਕ ਕਿਸਾਨ ਦਾ ਹੱਥ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ। ਜਾਣਕਾਰੀ ਮੁਤਾਬਕ ਪੁਲਿਸ ਨੇ ਕਿਸਾਨਾਂ ਦੇ ਪ੍ਰਦਰਸ਼ਨ ਨੂੰ ਰੋਕਣ ਲਈ ਅੱਜ ਤੜਕਸਾਰ ਹੀ ਕਿਸਾਨ ਆਗੂਆਂ ਦੇ ਘਰਾਂ 'ਤੇ ਦਬਿਸ਼ ਦਿੱਤੀ ਸੀ, ਪਰ ਆਗੂਆਂ ਦੇ ਹੱਥ ਨਾ ਆਉਣ ਕਾਰਨ ਪੁਲਿਸ ਨੇ ਰਸਤਿਆਂ 'ਤੇ ਨਾਕਾਬੰਦੀ ਸਖ਼ਤ ਕਰ ਦਿੱਤੀ। ਇਸੇ ਦੌਰਾਨ ਜਦੋਂ ਰਾਮਪੁਰਾ ਨੇੜਲੇ ਪਿੰਡ ਜਿਊਂਦ ਵਿੱਚ ਕਿਸਾਨ ਕਾਫਲਾ ਬਣਾਉਣ ਲਈ ਇਕੱਠੇ ਹੋਣੇ ਸ਼ੁਰੂ ਹੋਏ, ਤਾਂ ਭਾਰੀ ਪੁਲਿਸ ਫੋਰਸ ਨੇ ਪਿੰਡ ਨੂੰ ਚਾਰੋਂ ਪਾਸਿਓਂ ਘੇਰ ਲਿਆ। ਕਿਸਾਨਾਂ ਦਾ ਇਲਜ਼ਾਮ ਹੈ ਕਿ ਉਹ ਸ਼ਾਂਤਮਈ ਢੰਗ ਨਾਲ ਇਕੱਠੇ ਹੋ ਰਹੇ ਸਨ, ਪਰ ਪੁਲਿਸ ਨੇ ਜਾਣਬੁੱਝ ਕੇ ਟਕਰਾਅ ਪੈਦਾ ਕੀਤਾ

ਦੱਸਣਾ ਬਣਦਾ ਹੈ ਕਿ ਹਾਲਾਤ ਉਦੋਂ ਜ਼ਿਆਦਾ ਵਿਗੜ ਗਏ ਜਦੋਂ ਪੁਲਿਸ ਅਤੇ ਕਿਸਾਨਾਂ ਵਿਚਾਲੇ ਸਿੱਧੀ ਝੜਪ ਸ਼ੁਰੂ ਹੋ ਗਈ। ਭੀੜ ਨੂੰ ਖਿੰਡਾਉਣ ਲਈ ਪੁਲਿਸ ਨੇ ਇੱਕ ਤੋਂ ਬਾਅਦ ਇੱਕ ਕਈ ਹੰਝੂ ਗੈਸ ਦੇ ਗੋਲੇ ਦਾਗੇ, ਜਿਸ ਦੇ ਜਵਾਬ ਵਿੱਚ ਕਿਸਾਨਾਂ ਵੱਲੋਂ ਵੀ ਪੱਥਰਬਾਜ਼ੀ ਕੀਤੀ ਗਈ। ਇਸ ਖਿੱਚ-ਧੂਹ ਦੌਰਾਨ ਐਸਐਸਪੀ ਡਾ. ਜਯੋਤੀ ਯਾਦਵ ਖੁਦ ਮੋਰਚਾ ਸੰਭਾਲੀ ਨਜ਼ਰ ਆਏ। ਕਿਸਾਨ ਆਗੂਆਂ ਅਨੁਸਾਰ ਪੁਲਿਸ ਨੇ ਨਾ ਸਿਰਫ਼ ਸੜਕਾਂ 'ਤੇ ਬਲਕਿ ਲੋਕਾਂ ਦੇ ਘਰਾਂ ਅੰਦਰ ਵੀ ਹੰਝੂ ਗੈਸ ਦੇ ਗੋਲੇ ਸੁੱਟੇ, ਜਿਸ ਕਾਰਨ ਪੂਰੇ ਪਿੰਡ ਵਿੱਚ ਸਹਿਮ ਦਾ ਮਾਹੌਲ ਬਣ ਗਿਆ।

## ਕਿਸਾਨਾਂ ਦਾ ਪੱਖ

ਇਸ ਮੌਕੇ ਬੀਕੇਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ ਨੇ ਪੁਲਿਸ ਕਾਰਵਾਈ ਦੀ ਨਿਖੇਧੀ ਕਰਦਿਆਂ ਕਿਹਾ ਕਿ ਕਿਸਾਨਾਂ ਨੇ ਅਜੇ ਮਾਰਚ ਦਾ ਸੱਦਾ ਦਿੱਤਾ ਵੀ ਨਹੀਂ ਸੀ ਕਿ ਪੁਲਿਸ ਨੇ ਪਿੰਡ 'ਤੇ ਹਮਲਾ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਪੁਲਿਸ ਨੇ ਇੱਕ ਮਹਿਲਾ ਸਣੇ ਤਿੰਨ ਕਿਸਾਨਾਂ ਨੂੰ ਚੁੱਕ ਲਿਆ ਹੈ ਅਤੇ ਉਨ੍ਹਾਂ ਦੇ ਕੈਂਟਰ ਦੀ ਵੀ ਭੰਨਤੋੜ ਕੀਤੀ ਗਈ ਹੈ। ਦੂਜੇ ਪਾਸੇ, ਡੀਐਸਪੀ ਗੁਰਪ੍ਰੀਤ ਸਿੰਘ ਨੇ ਕਿਸਾਨਾਂ ਨਾਲ ਗੱਲਬਾਤ ਦੀ ਕੋਸ਼ਿਸ਼ ਕੀਤੀ, ਪਰ ਕਿਸਾਨ ਪਹਿਲਾਂ ਆਪਣੇ ਸਾਥੀਆਂ ਨੂੰ ਰਿਹਾਅ ਕਰਨ ਦੀ ਮੰਗ 'ਤੇ ੜੇ ਰਹੇ।

## ਪੁਲਿਸ ਦਾ ਪੱਖ

ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਬਿਨਾਂ ਇਜਾਜ਼ਤ ਵੱਡੇ ਇਕੱਠ ਅਤੇ ਮਾਰਚ ਨੂੰ ਰੋਕਣ ਲਈ ਨਾਕਾਬੰਦੀ ਕੀਤੀ ਗਈ ਸੀ। ਪੁਲਿਸ ਮੁਤਾਬਕ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਪੱਥਰਾਅ ਕਰਨ ਤੋਂ ਬਾਅਦ ਹੀ ਸਥਿਤੀ ਨੂੰ ਕਾਬੂ ਹੇਠ ਕਰਨ ਲਈ ਹਲਕਾ ਬਲ ਅਤੇ ਹੰਝੂ ਗੈਸ ਦੀ ਵਰਤੋਂ ਕਰਨੀ ਪਈ। ਫਿਲਹਾਲ ਪਿੰਡ ਵਿੱਚ ਭਾਰੀ ਪੁਲਿਸ ਤੈਨਾਤ ਹੈ ਅਤੇ ਮਾਹੌਲ ਤਣਾਅਪੂਰਨ ਪਰ ਕਾਬੂ ਹੇਠ ਦੱਸਿਆ ਜਾ ਰਿਹਾ ਹੈ। ਦੂਜੇ ਪਾਸੇ ਕਿਸਾਨਾਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਮੁੱਖ ਮੰਤਰੀ ਦੇ ਘਰ ਅੱਗੇ ਧਰਨੇ ਦੀਆਂ ਤਿਆਰੀਆਂ ਮੁਕੰਮਲ

ਸੰਗਰੂਰ, 18 ਫਰਵਰੀ (ਹਰਕੰਵਲ ਸਿੰਘ ਹੈਪੀ): ਸੰਯੁਕਤ ਕਿਸਾਨ ਮੋਰਚੇ



ਦੀ ਜਿਲਾ ਪੱਧਰੀ ਮੀਟਿੰਗ ਬੀਕੇਯੂ ਡਕੌਂਦਾ ਬੁਰਜ ਗਿੱਲ ਦੇ ਜ਼ਿਲ੍ਹਾ ਆਗੂ ਲਖਵੀਰ ਸਿੰਘ ਬਾਲੀਆਂ ਦੀ ਪ੍ਰਧਾਨਗੀ ਹੇਠ ਗ਼ਦਰ ਮੈਮੋਰੀਅਲ ਭਵਨ ਸੰਗਰੂਰ ਵਿਖੇ ਹੋਈ ਜਿਸ ਵਿੱਚ ਭਾਰਤ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਕਰ ਮੁਕਤ ਵਪਾਰ ਸਮਝੌਤੇ ਖਿਲਾਫ਼ ਸੰਯੁਕਤ ਕਿਸਾਨ ਮੋਰਚੇ ਵੱਲੋਂ ਬੀਜੇਪੀ ਤੇ ਆਮ ਆਦਮੀ ਪਾਰਟੀ ਦੇ ਆਗੂਆਂ ਦੇ ਘਰਾਂ ਅੱਗੇ ਦਿੱਤੇ ਜਾਣ ਵਾਲੇ ਧਰਨੇ ਦੇ ਸੂਬਾ ਪੱਧਰੀ ਸੱਦੇ ਦੀ ਤਿਆਰੀ ਸਬੰਧੀ ਚਰਚਾ ਕੀਤੀ ਗਈ ਅਤੇ ਫੈਸਲਾ ਕੀਤਾ ਗਿਆ ਕਿ ਸੰਗਰੂਰ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੇ ਘਰ ਅੱਗੇ ਅਤੇ ਦਿੜ੍ਹਬਾ ਵਿਖੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਘਰ ਅੱਗੇ ਦੋ ਥਾਵਾਂ ਤੇ ਇਹ ਰੋਸ਼ ਪ੍ਰਦਰਸ਼ਨ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਕੀਤੇ ਜਾਣਗੇ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ,ਬੀਕੇਯੂ ਏਕਤਾ ਉਗਰਾਹਾਂ ਦੇ ਬਲਾਕ ਵਿੱਤ ਸਕੱਤਰ ਕਰਮਜੀਤ ਸਿੰਘ ਮੰਗਵਾਲ,ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਜ਼ਿਲ੍ਹਾ ਆਗੂ ਇੰਦਰਪਾਲ ਸਿੰਘ ਪੁੰਨਾਂਵਾਲ, ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਜ਼ਿਲ੍ਹਾ ਆਗੂ ਨਿਰੰਜਨ ਸਿੰਘ ਸਫੀਪੁਰ,ਬੀਕੇਯੂ ਰਾਜੇਵਾਲ ਦੇ ਜ਼ਿਲਾ ਮੀਤ ਪ੍ਰਧਾਨ ਰੋਹੀ ਸਿੰਘ ਮੰਗਵਾਲ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਆਗੂ ਊਧਮ ਸਿੰਘ ਸੰਤੋਖਪੁਰਾ ਨੇ ਦੱਸਿਆ ਕਿ ਆਪਣੇ ਆਪ ਨੂੰ ਵਿਸ਼ਵ ਗੁਰੂ ਦੱਸਣ ਵਾਲਾ ਮੋਦੀ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਵੱਲੋਂ ਬਾਂਹ ਮਰੋੜ ਕੇ ਕਰਵਾਏ ਗਏ ਭਾਰਤ ਅਮਰੀਕਾ ਕਰ ਮੁਕਤ ਸਮਝੌਤੇ ਸਮੇਂ ਅੱਖਾਂ ਬੰਦ ਕਰਕੇ ਇਸ ਸਮਝੌਤੇ ਨੂੰ ਸਾਈਨ ਕਰ ਆਇਆ। ਇਹ ਕਰ ਮੁਕਤ ਸਮਝੌਤਾ ਜਿੱਥੇ ਭਾਰਤੀ ਖੇਤੀ ਲਈ ਵੱਡਾ ਖਤਰਾ ਹੈ ਅਤੇ ਕਿਸਾਨਾਂ ਦੇ ਮੌਤ ਦੇ ਵਾਰੰਟਾਂ ਤੇ ਦਸਤਖ਼ਤ ਹੈ ਉੱਥੇ ਹੀ ਦੇਸ਼ ਦੇ ਕਿਰਤੀਆਂ ਦੇ ਰੁਜ਼ਗਾਰ ਤੇ ਵੀ ਭਾਰੀ ਸੱਟ ਮਾਰੇਗਾ ਅਤੇ ਖਪਤਕਾਰਾਂ ਦੇ ਉੱਪਰ ਨਵੇਂ ਬੋਝ ਲੱਦੇਗਾ। ਇਸ ਕਰਕੇ ਇਹ ਸਮਝੌਤਾ ਸਿਰਫ਼ ਤੇ ਸਿਰਫ਼ ਅਮਰੀਕਾ ਅਤੇ ਉਸਦੇ ਕਾਰਪੋਰੇਟ ਘਰਾਣਿਆਂ ਦੇ ਪੱਖ ਵਿੱਚ ਹੈ। ਆਗੂਆਂ ਨੇ ਕਿਹਾ ਕਿ ਜਿੱਥੇ ਭਾਜਪਾ ਸਰਕਾਰ ਨੇ ਇਹ ਸਮਝੌਤਾ ਕੀਤਾ ਹੈ ਉੱਥੇ ਹੀ ਖੇਤੀ ਪ੍ਰਧਾਨ ਸੂਬੇ ਪੰਜਾਬ ਵਿੱਚ ਰਾਜ ਕਰਦੀ ਆਮ ਆਦਮੀ ਪਾਰਟੀ ਨੇ ਵੀ ਇਸ ਸਮਝੌਤੇ ਤੇ ਚੁੱਪ ਵੱਟੀ ਹੋਈ ਹੈ ਜਦਕਿ ਪੰਜਾਬ ਦਾ ਸਾਰਾ ਅਰਥਚਾਰਾ ਹੀ ਖੇਤੀ ਉੱਪਰ ਨਿਰਭਰ ਹੈ ਤੇ ਇਸ ਸਮਝੌਤੇ ਦਾ ਸਿੱਧਾ ਸਿੱਧਾ ਅਸਰ ਪੰਜਾਬ ਦੀ ਆਰਥਿਕਤਾ ਤੇ ਇੱਥੋਂ ਦੇ ਲੋਕਾਂ ਦੀ ਸਮਾਜਿਕ, ਆਰਥਿਕ ਜ਼ਿੰਦਗੀ ਉੱਪਰ ਪੈਣਾ ਹੈ। ਉਲਟਾ ਇਸ ਮਾਮਲੇ ਤੇ ਉੱਠ ਰਹੇ ਸੰਘਰਸ਼ਾਂ ਨੂੰ ਡੰਡੇ ਦੇ ਜ਼ੋਰ ਤੇ ਦਬਾਉਣ ਦੇ ਰਾਹ ਪੈ ਕੇ ਭਗਵੰਤ ਮਾਨ ਸਰਕਾਰ ਕਾਰਪੋਰੇਟ ਘਰਾਣਿਆਂ ਅਤੇ ਮੋਦੀ ਸਰਕਾਰ ਦੀ ਸੇਵਾ ਵਿੱਚ ਲੱਗੀ ਹੋਈ ਹੈ। ਆਗੂਆਂ ਨੇ ਲੋਕਾਂ ਨੂੰ ਇਸ ਸਮਝੌਤੇ ਖਿਲਾਫ਼ ਵਿਸ਼ਾਲ ਜਨਤਕ ਲਹਿਰ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਅਤੇ 22 ਫਰਵਰੀ ਨੂੰ ਵੱਡੀ ਗਿਣਤੀ ਵਿੱਚ ਪਰਿਵਾਰਾਂ ਸਮੇਤ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਦੇ ਘਰਾਂ ਅੱਗੇ ਹੋ ਰਹੇ ਰੋਸ਼ ਪ੍ਰਦਰਸ਼ਨਾਂ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ।ਅੱਜ ਦੀ ਮੀਟਿੰਗ ਵਿੱਚ ਕਿਸਾਨ ਆਗੂ ਦਰਸ਼ਨ ਸਿੰਘ ਕੁੰਨਰਾਂ, ਕਰਮਜੀਤ ਸਿੰਘ ਸੰਗਰੂਰ, ਲਛਮਣ ਸਿੰਘ ਅਲੀਸ਼ੇਰ ਹਾਜ਼ਰ ਸਨ।

# ਬਠਿੰਡਾ ਦੇ ਸਿਹਤ ਵਿਭਾਗ ਦੇ ਨਾਂ ਇੱਕ ਹੋਰ ਪ੍ਰਾਪਤੀ: ਐਨਸੀਡੀ ਸਕ੍ਰੀਨਿੰਗ 'ਚ ਮਾਰੀ ਬਾਜ਼ੀ, ਸਰਕਾਰ ਵੱਲੋਂ ਸਨਮਾਨ




ਬਠਿੰਡਾ, 18 ਫਰਵਰੀ (ਦੀਪਕ ਸ਼ਰਮਾ): ਪੰਜਾਬ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਜ਼ਿਲ੍ਹਾ ਬਠਿੰਡਾ ਨੂੰ ਗੈਰ-ਸੰਚਾਰੀ ਰੋਗ (ਐਨ.ਸੀ.ਡੀ.) ਸਕ੍ਰੀਨਿੰਗ ਪ੍ਰੋਗਰਾਮ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰਸ਼ੰਸਾ ਪੱਤਰ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਸਨਮਾਨ ਜ਼ਿਲ੍ਹੇ ਵੱਲੋਂ ਫੀਲਡ ਪੱਧਰ 'ਤੇ ਲੋਕਾਂ ਦੀ ਸਿਹਤ ਜਾਂਚ ਕਰਨ, ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਨ ਤੇ ਬਿਹਤਰ ਟੀਮ ਵਰਕ ਦਿਖਾਉਣ ਬਦਲੇ ਦਿੱਤਾ ਗਿਆ ਹੈ। ਜਾਣਕਾਰੀ ਅਨੁਸਾਰ ਜ਼ਿਲ੍ਹੇ ਦੀਆਂ ਸਿਹਤ ਟੀਮਾਂ ਨੇ ਸ਼ਹਿਰੀ ਤੇ ਪੇਂਡੂ ਖੇਤਰਾਂ ਵਿੱਚ ਵੱਡੇ ਪੱਧਰ 'ਤੇ ਮੁਹਿੰਮ ਚਲਾ ਕੇ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਦੀ ਜਾਂਚ ਕੀਤੀ। ਇਸ ਕਾਰਵਾਈ ਦਾ ਮੁੱਖ ਮਕਸਦ ਬਿਮਾਰੀ ਦੇ ਸ਼ੁਰੂਆਤੀ ਲੱਛਣਾਂ ਨੂੰ ਫੜਨਾ ਸੀ ਤਾਂ ਜੋ ਮਰੀਜ਼ ਦਾ ਸਮੇਂ ਸਿਰ ਇਲਾਜ ਸ਼ੁਰੂ ਕਰਕੇ ਉਸ ਨੂੰ ਗੰਭੀਰ ਹਾਲਤ ਵਿੱਚ ਜਾਣ ਤੋਂ ਬਚਾਇਆ ਜਾ ਸਕੇ। ਅੰਕੜਿਆਂ ਅਨੁਸਾਰ ਬਠਿੰਡਾ ਵਿੱਚ ਸਕ੍ਰੀਨਿੰਗ ਦਾ ਘੇਰਾ ਪਹਿਲਾਂ ਦੇ ਮੁਕਾਬਲੇ ਕਾਫੀ ਵਧਿਆ ਹੈ।

ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦੇ ਹੋਏ ਸਿਵਲ ਸਰਜਨ ਡਾ. ਤਪਿੰਦਰਜੋਤ ਨੇ ਇਸ ਪ੍ਰਾਪਤੀ 'ਤੇ ਕਿਹਾ ਕਿ ਇਹ ਸਫਲਤਾ ਜ਼ਿਲ੍ਹਾ ਪ੍ਰਸ਼ਾਸਨ, ਮੈਡੀਕਲ ਅਫਸਰਾਂ, ਆਸ਼ਾ ਵਰਕਰਾਂ ਅਤੇ ਫੀਲਡ ਸਟਾਫ ਦੀ ਲਗਾਤਾਰ ਮਿਹਨਤ ਸਦਕਾ ਮਿਲੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇਸ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਮੁਫ਼ਤ ਅਤੇ ਮਿਆਰੀ ਸਿਹਤ ਸੇਵਾਵਾਂ ਮਿਲ ਸਕਣ। ਸਰਕਾਰ ਦੀ ਤਰਜੀਹ ਬਿਮਾਰੀਆਂ ਦੀ ਰੋਕਥਾਮ ਕਰਨਾ ਹੈ ਤਾਂ ਜੋ ਆਮ ਲੋਕਾਂ 'ਤੇ ਇਲਾਜ ਦੇ ਭਾਰੀ ਆਰਥਿਕ ਬੋਝ ਨੂੰ ਘਟਾਇਆ ਜਾ ਸਕੇ।

# ਮਾਊਂਟ ਲਿਟਰਾ ਸਕੂਲ ਵੱਲੋਂ 'ਐਕਟਿਵ ਲਰਨਿੰਗ' ਵਿਸ਼ੇ 'ਤੇ ਇੱਕ ਰੋਜ਼ਾ ਅਧਿਆਪਕ ਸਿਖਲਾਈ ਪ੍ਰੋਗਰਾਮ

ਰਾਮਪੁਰਾ ਫੂਲ, 18 ਫਰਵਰੀ (ਮਨਮੋਹਨ ਗਰਗ): ਮਾਊਂਟ ਲਿਟਰਾ ਸਕੂਲ ਨੇ ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਨੂੰ ਉਤਸ਼ਾਹਿਤ ਕਰਨ ਤੇ ਵਿਦਿਆਰਥੀਆਂ ਵਿੱਚ ਸਿੱਖਣ ਦੀ ਰੁਚੀ ਨੂੰ ਉਤਸ਼ਾਹਿਤ ਕਰਨ ਲਈ "ਐਕਟਿਵ ਲਰਨਿੰਗ" ਵਿਸ਼ੇ 'ਤੇ ਇੱਕ ਰੋਜ਼ਾ ਅਧਿਆਪਕ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕੀਤਾ। ਸ਼੍ਰੀਮਤੀ ਸ਼ਿੰਪੀ ਰਹੇਜਾ ਕੋਆਰਡੀਨੇਟਰ ਮਦਰ ਟੀਚਰ ਪ੍ਰੀਪਰੇਟਰੀ ਸਕੂਲ ਬਰਨਾਲਾ ਤੇ ਅਨੀਤਾ ਜੈਨ ਕੋਆਰਡੀਨੇਟਰ ਸਿਲਵਰ ਓਕਸ ਸਕੂਲ ਬਠਿੰਡਾ ਨੇ ਸਿਖਲਾਈ ਪ੍ਰੋਗਰਾਮ ਵਿੱਚ ਰਿਸੋਰਸ ਪਰਸਨ' ਵਜੋਂ ਹਿੱਸਾ ਲਿਆ। ਉਹਨਾਂ ਦੇ ਸਕੂਲ ਪਹੁੰਚਣ



'ਤੇ, ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ, ਨਮਿਤਾ ਬਾਂਸਲ ਤੇ ਪ੍ਰਿੰਸੀਪਲ ਗੀਤਾ ਪਿੱਲੇ ਦੁਆਰਾ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਉਸ ਤੋਂ ਬਾਅਦ ਜੋਤੀ ਪ੍ਰਜਵਲਨ ਕਰਕੇ ਟ੍ਰੇਨਿੰਗ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਦੋਵਾਂ ਮਹਿਮਾਨਾਂ ਨੇ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਐਕਟਿਵ ਲਰਨਿੰਗ, ਨੈਤਿਕਤਾ, ਅਨੁਸ਼ਾਸਨ ਤੇ ਸਕਾਰਾਤਮਕ ਸੋਚ ਦੀ ਮਹੱਤਤਾ ਨੂੰ ਉਜਾਗਰ ਕੀਤਾ। ਸਿਖਲਾਈ ਸੈਸ਼ਨਾਂ ਦੌਰਾਨ, ਅਧਿਆਪਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ, ਵੱਖ-ਵੱਖ ਗਤੀਵਿਧੀਆਂ ਅਤੇ ਇੰਟਰਐਕਟਿਵ ਸੈਸ਼ਨਾਂ ਰਾਹੀਂ ਆਧੁਨਿਕ ਸਿੱਖਿਆ ਵਿਧੀਆਂ ਬਾਰੇ ਸਿੱਖਿਆ। ਮਹਿਮਾਨਾਂ ਨੇ ਦੱਸਿਆ ਕਿ ਐਕਟਿਵ ਲਰਨਿੰਗ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਪ੍ਰਬੰਧਨ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਸਿਖਲਾਈ ਪ੍ਰੋਗਰਾਮਾਂ ਦਾ ਆਯੋਜਨ ਜਾਰੀ ਰੱਖਣ ਦਾ ਵਾਅਦਾ ਕੀਤਾ। ਇਹ ਸਿਖਲਾਈ ਪ੍ਰੋਗਰਾਮ ਸਾਰੇ ਅਧਿਆਪਕਾਂ ਲਈ ਜਾਣਕਾਰੀ ਭਰਪੂਰ ਤੇ ਪ੍ਰੇਰਨਾਦਾਇਕ ਸਾਬਤ ਹੋਇਆ।

# ਰਾਜ ਕੁਮਾਰ, ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜੇਲ੍ਹ ਦਾ ਦੌਰਾ

ਸ੍ਰੀ ਮੁਕਤਸਰ ਸਾਹਿਬ, 18 ਫਰਵਰੀ (ਐਚ ਐਸ ਕਪੂਰ): ਰਾਜ ਕੁਮਾਰ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਤੇ ਰੂਪਾ ਧਾਲੀਵਾਲ ਅਡੀਸਨਲ ਸਿਵਲ ਜੱਜ (ਸੀਨੀਅਰ ਡਵੀਜਨ) ਸ੍ਰੀ ਮੁਕਤਸਰ ਸਾਹਿਬ ਜੀਆਂ ਵੱਲੋਂ ਜ਼ਿਲ੍ਹਾ ਜੇਲ੍ਹ, ਦਾ ਦੌਰਾ ਕੀਤਾ ਗਿਆ। ਮਾਨਯੋਗ ਜੱਜ ਸਾਹਿਬ ਵੱਲੋਂ ਹਰੇਕ ਬੈਰਕ ਦਾ ਨਰੀਖਣ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਅਤੇ ਉਨ੍ਹਾਂ ਨੂੰ ਵਿਸ਼ਵਾਸ਼ ਦਵਾਇਆ ਕਿ ਉਹ ਜਲਦ ਹੀ ਉਨ੍ਹਾਂ ਦੀ ਮੁਸ਼ਕਲਾਂ ਦਾ ਹੱਲ ਕੀਤਾ ਜਾਵੇਗਾ। ਇਸ ਦੇ



ਨਾਲ ਹੀ ਜੇਲ੍ਹ ਵਿਚ ਚੱਲ ਰਹੇ ਹਸਪਤਾਲ ਤੇ ਖਾਣੇ ਵਾਲੀ ਰਸੋਈ ਦਾ ਵੀ ਨਰੀਖਣ ਕੀਤਾ ਗਿਆ। ਜੇਲ੍ਹ ਵਿਚ ਕੈਦੀਆਂ ਤੇ ਹਵਾਲਾਤੀਆਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਅਤੇ ਖਾਣੇ ਤੇ ਤਸੱਲੀ ਪ੍ਰਗਟ ਕੀਤੀ। ਇਸ ਤੋਂ ਇਲਾਵਾ ਜੇਲ੍ਹ ਵਿਚ ਚੱਲ ਰਹੇ ਲੀਗਲ ਏਡ ਕਲੀਨਿਕ ਵਿਚ ਮੌਜੂਦ ਵਕੀਲ ਸਾਹਿਬਾਨ ਤੇ ਪੈਰਾ ਲੀਗਲ ਵਲੰਟੀਅਰਜ਼ ਵੱਲੋਂ ਕੈਦੀਆਂ/ ਹਵਾਲਾਤੀਆਂ ਨੂੰ ਮਿਲ ਰਹੀ ਕਾਨੂੰਨੀ ਸਹਾਇਤਾ ਤੇ ਤਸੱਲੀ ਪ੍ਰਗਟ ਕੀਤੀ। ਇਸ ਮੌਕੇ ਹਰਸ਼ਦੀਪ ਸਿੰਘ ਬਰਾੜ, ਡਿਪਟੀ ਚੀਫ, ਐੱਲ.ਏ.ਡੀ.ਸੀ, ਜੋਬਨਦੀਪ ਸਿੰਘ, ਅਸਿਸਟੈਂਟ, ਐੱਲ.ਏ.ਡੀ.ਸੀ ਤੇ ਇਕਬਾਲ ਸਿੰਘ ਬਰਾੜ, ਜੇਲ੍ਹ ਸੁਪਰਡੈਂਟ ਤੇ ਉਹਨਾਂ ਦਾ ਸਟਾਫ ਵੀ ਹਾਜਰ ਸੀ। ਮਾਨਯੋਗ ਜੱਜ ਸਾਹਿਬ ਨੇ ਦੱਸਿਆ ਕਿ 14.03.2026 ਨੂੰ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ ਜੇਕਰ ਕਿਸੇ ਧਿਰ ਨੇ ਆਪਣਾ ਕੇਸ ਲੋਕ ਅਦਾਲਤ ਰਾਹੀ ਨਿਪਟਾਉਣਾ ਚਾਹੁੰਦਾ ਹੈ ਉਹ ਸਬੰਧਤ ਅਦਾਲਤ ਨੂੰ ਦਰਖਾਸ਼ਤ ਦੇ ਸਕਦਾ ਹੈ। ਹੋਰ ਵਧੇਰੇ ਜਾਣਕਾਰੀ ਲੈਣ ਲਈ ਟੋਲ-ਫ੍ਰੀ 15100 ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਸਵੀਟ ਬਲੋਸਮਸ ਸਕੂਲ ਦੇ ਵਿਦਿਆਰਥੀਆਂ ਨੇ ਜੇ.ਈ.ਈ. ਮੇਨਜ਼ 'ਚ ਲਹਿਰਾਇਆ ਪਰਚੰਮ

ਸਰਦੂਲਗੜ੍ਹ, 18 ਫਰਵਰੀ (ਲਛਮਣ ਸਿੱਧੂ): ਸਰਦੂਲਗੜ੍ਹ ਸਥਿਤ



ਸਵੀਟ ਬਲੋਸਮਸ ਸਕੂਲ ਦੇ ਹੋਨਹਾਰ ਵਿਦਿਆਰਥੀਆਂ ਨੇ ਜੇਈਈ ਮੇਨਜ਼ 2026 ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਵਿਦਿਆਰਥੀ ਕੁਸ਼ਮੀਤ ਸਿੰਘ, ਪੁੱਤਰ ਜਸਵਿੰਦਰ ਸਿੰਘ, ਨੇ 97.52 ਪਰਸੈਂਟਾਈਲ ਪ੍ਰਾਪਤ ਕਰਕੇ ਮਹੱਤਵਪੂਰਨ ਉਪਲਬਧੀ ਹਾਸਲ ਕੀਤੀ। ਉਸਨੇ ਭੌਤਿਕ ਵਿਗਿਆਨ ਵਿੱਚ 98.42 ਪਰਸੈਂਟਾਈਲ, ਰਸਾਇਣ ਵਿਗਿਆਨ 'ਚ 98.35 ਪਰਸੈਂਟਾਈਲ ਤੇ ਗਣਿਤ ਵਿੱਚ 76.49 ਪਰਸੈਂਟਾਈਲ ਹਾਸਲ ਕੀਤੇ। ਇਸੇ ਤਰ੍ਹਾਂ ਨਿਤਿਨ ਜੈਨ, ਪੁੱਤਰ ਨਰੇਸ਼ ਕੁਮਾਰ ਜੈਨ, ਨੇ ਵੀ ਜੇਈਈ ਮੇਨਜ਼ ਵਿੱਚ 94.08 ਪਰਸੈਂਟਾਈਲ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਸਨੇ ਭੌਤਿਕ ਵਿਗਿਆਨ ਵਿੱਚ 98.90 ਪਰਸੈਂਟਾਈਲ ਅਤੇ ਰਸਾਇਣ ਵਿਗਿਆਨ ਵਿੱਚ 94.65 ਪਰਸੈਂਟਾਈਲ ਹਾਸਲ ਕਰਕੇ ਆਪਣੀ ਮਿਹਨਤ ਦਾ ਲੋਹਾ ਮਨਵਾਇਆ।

ਸਕੂਲ ਮਨੇਜਮੈਂਟ ਮੈਂਬਰ ਸ਼ਬੀਨਾ ਗਰਗ ਤੇ ਪ੍ਰਿੰਸੀਪਲ ਮੁਕੇਸ਼ ਸਿੰਘ ਨੇ ਦੋਵੇਂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀਆਂ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੂਪ ਹਨ। ਉਨ੍ਹਾਂ ਨੇ ਅਧਿਆਪਕਾਂ ਦੀ ਮਿਹਨਤ ਤੇ ਮਾਪਿਆਂ ਦੇ ਸਹਿਯੋਗ ਦੀ ਵੀ ਸਰਾਹਨਾ ਕੀਤੀ। ਇਸ ਮੌਕੇ ਤੇ ਸਕੂਲ ਵੱਲੋਂ ਦੋਵੇਂ ਵਿਦਿਆਰਥੀਆਂ ਦੇ ਚਮਕਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਕਾਂਗਰਸ ਦੀ ਹਲਕਾ ਇੰਚਾਰਜ ਦੀ ਅਗਵਾਈ ਹੇਠ 'ਮਨਰੇਗਾ ਬਚਾਓ ਤੇ ਪੰਜਾਬ ਬਚਾਓ' ਰੈਲੀ ਲਈ ਬੱਸਾਂ ਦਾ ਕਾਫਲਾ ਮਾਨਸਾ ਪੁੱਜਾ

ਬੁਢਲਾਡਾ, 18 ਫਰਵਰੀ (ਜੀਵਨ ਕੁਮਾਰ): ਕਾਂਗਰਸ ਪਾਰਟੀ ਦੀ ਹਲਕਾ ਇੰਚਾਰਜ ਡਾਕਟਰ ਰਣਵੀਰ ਕੌਰ ਮੀਆਂ ਦੀ ਅਗਵਾਈ ਹੇਠ ਲਗਭਗ 26 ਤੋਂ 30 ਬੱਸਾਂ ਦਾ ਕਾਫ਼ਲਾ ਬੁਢਲਾਡਾ ਦੀ ਅਨਾਜ ਮੰਡੀ ਤੋਂ ਮਾਨਸਾ ਵਿਖੇ ਰੈਲੀ ਲਈ ਰਵਾਨਾ ਹੋਇਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਂਗਰਸ ਪਾਰਟੀ ਦੀ ਹਲਕਾ ਇੰਚਾਰਜ ਡਾਕਟਰ ਰਣਵੀਰ ਕੌਰ ਮੀਆਂ ਨੇ ਕਿਹਾ ਕਿ ਉਨ੍ਹਾਂ ਦੀ ਅੱਜ ਰੈਲੀ ਦਾ ਮੁੱਖ ਏਜੰਡਾ "ਮਨਰੇਗਾ ਬਚਾਓ" ਹੈ। ਉਹਨਾਂ ਕਿਹਾ ਕਿ ਸਾਰਿਆਂ ਨੂੰ ਪਤਾ ਹੈ



ਕਿ ਕਿਸ ਤਰ੍ਹਾਂ ਭਾਜਪਾ ਸਰਕਾਰ ਸੈਂਟਰ ਤੇ ਸਟੇਟ ਮਿਲ ਕੇ ਮਨਰੇਗਾ ਨੂੰ ਖਤਮ ਕਰਨ 'ਤੇ ਲੱਗੇ ਹੋਏ ਹਨ। ਉਸਦੇ ਸਬੰਧ ਵਿੱਚ "ਪੰਜਾਬ ਬਚਾਓ" ਰੈਲੀ ਕੱਢੀ ਜਾ ਰਹੀ ਹੈ ਅਤੇ ਸਾਨੂੰ ਪੂਰਨ ਉਮੀਦ ਹੈ ਕਿ ਇਸ ਰੈਲੀ ਨਾਲ ਅਸੀਂ ਹਰੇਕ ਗਰੀਬ ਦਾ ਦੁੱਖ ਦਰਦ ਹੈ ਉਹ ਸਰਕਾਰ ਦੇ ਕੰਨਾਂ ਤੱਕ ਲੈ ਕੇ ਜਾਵਾਂਗੇ। ਉਹਨਾਂ 2027 ਦੀਆਂ ਚੋਣਾਂ ਸਬੰਧੀ ਕਿਹਾ ਕਿ ਇਹ ਚੋਣਾਂ ਦੇ ਬਿਗਲ ਦੀ ਗੱਲ ਨਹੀਂ ਹੈ। ਇਹ ਸਿਰਫ ਇੱਕ ਮਜ਼ਦੂਰ ਪਰਿਵਾਰਾਂ ਦਾ ਸੁਨੇਹਾ ਹੈ ਜੋ ਕਿ ਸਰਕਾਰ ਤੱਕ ਅਸੀਂ ਲੈ ਕੇ ਜਾਣਾ ਹੈ। ਉਹਨਾਂ ਕਿਹਾ ਕਿ ਜੇਕਰ 2027 ਵਿੱਚ ਜੇਕਰ ਕਾਂਗਰਸ ਦੀ ਸਰਕਾਰ ਚੋਣਾਂ ਜਿੱਤਦੀ ਹੈ ਤਾਂ ਮਨਰੇਗਾ ਬਚਾਉਣ ਵਾਸਤੇ ਪੂਰਾ ਜ਼ੋਰ ਦੇਣਗੇ। ਉਹਨਾਂ ਕਿਹਾ ਕਿ ਪਹਿਲਾਂ ਵੀ ਮਨਰੇਗਾ ਕਾਂਗਰਸ ਦੀ ਹੀ ਦੇਣ ਹੈ। ਉਹਨਾਂ ਕਿਹਾ ਕਿ ਜਿਸ ਤਰ੍ਹਾਂ ਮਨਮੋਹਨ ਸਿੰਘ ਜੀ ਨੇ ਇੰਨਾ ਸੋਹਣਾ ਇਹਨੂੰ ਡਿਜ਼ਾਈਨ ਕੀਤਾ ਸੀ, ਉਸਦੇ ਵਿੱਚ ਛੇੜ-ਛਾੜ ਕਰਕੇ ਇਸ ਨੂੰ ਬਿਲਕੁਲ ਖਰਾਬ ਕੀਤਾ ਜਾ ਰਿਹਾ ਹੈ ਅਤੇ ਅੱਜ ਅਸੀਂ ਸਾਰਿਆਂ ਨੇ ਮਿਲ ਕੇ ਕਾਂਗਰਸ ਪਾਰਟੀ ਦਾ ਬੀੜਾ ਚੁੱਕਿਆ ਹੈ ਕਿਉਂਕਿ ਕੋਈ ਵੀ ਗਰੀਬ ਵਿਅਕਤੀ ਇਸ ਲਈ ਧਰਨੇ ਨਹੀਂ ਲਾ ਸਕਦਾ।ਜੇਕਰ ਉਹ ਇੱਕ ਦਿਨ ਵੀ ਧਰਨਾ ਛੱਡ ਕੇ ਆਉਂਦਾ ਹੈ ਤਾਂ ਉਸਦੀ ਦਿਹਾੜੀ ਟੁੱਟ ਜਾਂਦੀ ਹੈ। ਤਾਂ ਅਸੀਂ ਸਭ ਮਿਲ ਕੇ ਕਾਂਗਰਸ ਪਾਰਟੀ ਮੂਹਰੇ ਲੱਗ ਕੇ ਇਹ ਬੀੜਾ ਚੁੱਕਿਆ ਹੈ ਕਿ ਜਦੋਂ ਤੱਕ ਮਨਰੇਗਾ ਦੇ ਕਾਨੂੰਨਾਂ ਨੂੰ ਛੇੜ-ਛਾੜ ਨੂੰ ਸਹੀ ਨਹੀਂ ਕੀਤਾ ਜਾਵੇਗਾ ਤਦ ਤੱਕ ਇਸੇ ਤਰ੍ਹਾਂ ਇਸ ਮੁਹਿੰਮ ਨੂੰ ਅਸੀਂ ਜਾਰੀ ਰੱਖਾਂਗੇ।ਇਸ ਮੌਕੇ ਉਨ੍ਹਾਂ ਨਾਲ ਦਰਸ਼ਨ ਸਿੰਘ ਗੁਰਨੇ ਖੁਰਦ,ਤਰਜੀਤ ਸਿੰਘ ਚਹਿਲ, ਦਵਿੰਦਰ ਸਿੰਘ ਬਰ੍ਹੇ ਅਤੇ ਸਰਬਜੀਤ ਸਿੰਘ ਮੀਆਂ ਆਦਿ ਕਾਫਲੇ ਵਿੱਚ ਮੌਜੂਦ ਸਨ।

# ਅਰਵਿੰਦ ਖੰਨਾ ਦੀ ਸ਼ਮੂਲੀਅਤ ਨਾਲ ਸ਼੍ਰੋਮਣੀ ਅਕਾਲੀ ਦਲ ਹੋਰ ਮਜ਼ਬੂਤ ਹੋਇਆ : ਹਰਜਿੰਦਰ ਜਲਾਣ

ਭਵਾਨੀਗੜ੍ਹ, 18 ਫਰਵਰੀ (ਅਮਨਦੀਪ ਸਿੰਘ ਮਾਝਾ) : ਉਮੀਦ ਸੰਸਥਾ ਦੇ ਚੇਅਰਮੈਨ ਅਰਵਿੰਦ ਖੰਨਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਦਾ ਸਵਾਗਤ ਕਰਦਿਆਂ ਅਕਾਲੀ ਦਲ ਦੇ ਜ਼ਿਲ੍ਹੇ ਦੇ ਸੀਨੀਅਰ ਮੀਤ ਪ੍ਰਧਾਨ ਸਾਬਕਾ ਸਰਪੰਚ ਹਰਜਿੰਦਰ ਸਿੰਘ ਜਲਾਣ ਨੇ ਕਿਹਾ ਕਿ ਅਰਵਿੰਦ ਖੰਨਾ ਦੇ ਪਾਰਟੀ ਵਿੱਚ ਆਉਣ ਨਾਲ ਪਾਰਟੀ ਹੋਰ ਮਜ਼ਬੂਤ ਹੋਈ ਹੈ ਕਿਉਂਕਿ ਅਰਵਿੰਦ ਖੰਨਾ ਦਾ ਸਮੁੱਚੇ ਸੰਗਰੂਰ ਇਲਾਕੇ ਵਿੱਚ ਵੱਡਾ ਜਨ ਅਧਾਰ ਹੈ ਤੇ ਪੰਜਾਬ ਭਰ ਵਿੱਚ ਉਹਨਾਂ ਦਾ ਨਾਮ ਹੈ, ਉਹਨਾਂ ਕਿਹਾ ਕਿ ਅਰਵਿੰਦ ਖੰਨਾ ਵੱਲੋਂ ਅਪਣੀ ਸੰਸਥਾ ਉਮੀਦ ਰਾਹੀਂ ਪਿਛਲੇ ਤੀਹ ਸਾਲ ਤੋਂ ਲੋਕ ਸੇਵਾ ਕੀਤੀ ਜਾ ਰਹੀ ਹੈ ਤੇ ਅਕਾਲੀ ਦਲ ਵਿੱਚ ਆਉਣ ਨਾਲ ਉਹਨਾਂ ਨੂੰ ਲੋਕ ਸੇਵਾ ਕਰਨ ਦਾ ਖ਼ੇਤਰਫਲ ਹੋਰ ਵਿਸ਼ਾਲ ਹੋਵੇਗਾ, ਹਰਜਿੰਦਰ ਸਿੰਘ ਜਲਾਣ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੇ ਜਾ ਰਹੇ ਉੱਦਮਾਂ ਸਦਕਾ ਅਤੇ ਹੜ੍ਹਾਂ ਮੌਕੇ ਕੀਤੀ ਸੇਵਾ ਕਾਰਨ ਅੱਜ ਪੰਜਾਬ ਦੇ



ਲੋਕਾਂ ਦਾ ਰੁਝਾਨ ਅਕਾਲੀ ਦਲ ਵੱਲ ਵਧ ਰਿਹਾ ਹੈ। ਇਸ ਮੌਕੇ ਹਰਜਿੰਦਰ ਸਾਬਕਾ ਸਰਪੰਚ ਜਲਾਨ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸੰਗਰੂਰ ਦੇ ਨਾਲ ਮਾਸਟਰ ਗੁਰਬਿੰਦਰ ਸਿੰਘ ਰਾਣੂ ਜਲਾਨ, ਗੁਰਦੀਪ ਸਿੰਘ ਮਿੰਟੂ ਸਰਪੰਚ ਜਲਾਨ ਹਾਜਰ ਸਨ।

# ਐਮ.ਡੀ.ਬੀ. ਗਰੁੱਪ ਦੇ ਐਮ.ਡੀ. ਨੇ ਸੀਤਾਸਰ ਧਾਮ ਦੀ ਸ਼ੋਭਾ ਯਾਤਰਾ ਨੂੰ ਦਿੱਤੀ ਹਰੀ ਝੰਡੀ

ਸੁਨਾਮ ਊਧਮ ਸਿੰਘ ਵਾਲਾ, 18 ਫਰਵਰੀ (ਮੋਹਣ ਸ਼ਰਮਾ): ਸ੍ਰੀ



ਨੀਲਕੰਠੇਸਵਰ ਰਾਮ ਮੰਦਰ ਸੀਤਾਸਰ ਧਾਮ ਵਿਖੇ ਮਹਾਸ਼ਿਵਰਾਤਰੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ ਇਸ ਸਬੰਧੀ ਮੰਦਰ ਕਮੇਟੀ ਵੱਲੋਂ ਇੱਕ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ ਇਸ ਸ਼ੋਭਾ ਯਾਤਰਾ ਦਾ ਉਦਘਾਟਨ ਐਮ ਡੀ ਬੀ ਗਰੁੱਪ ਦੇ ਐਮ ਡੀ ਪੰਕਜ ਬਾਂਸਲ ਨੇ ਆਪਣੇ ਕਰ ਕਮਲਾਂ ਨਾਲ ਕੀਤਾ ਇਸ ਮੌਕੇ ਮੰਦਿਰ ਕਮੇਟੀ ਵੱਲੋਂ ਪੰਕਜ ਬਾਂਸਲ ਤੇ ਸੁਰਿੰਦਰ ਬਾਂਸਲ ਸੀ ਐਮ ਡੀ ਉਹਨਾਂ ਨਾਲ ਆਏ ਸਾਰੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਅਤੇ ਇਸ ਤੋਂ ਬਾਅਦ ਬਾਂਸਲ ਨੇ ਪ੍ਰਾਚੀਨ ਮੰਦਰ ਵਿਖੇ ਭਗਵਾਨ ਭੋਲੇ ਨਾਥ ਜੀ ਦੇ ਮੰਦਰ ਵਿਖੇ ਮੱਥਾ ਟੇਕਿਆ ਅਤੇ ਭੋਲੇ ਬਾਬਾ ਤੇ ਸ੍ਰੀ ਰਾਮ ਚੰਦਰ ਜੀ ਮਹਾਰਾਜ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਇਸ ਮੌਕੇ ਪੰਕਜ ਬਾਂਸਲ ਜੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਉਹ ਭਾਗਾਂ ਵਾਲੇ ਹਨ ਜਿਹਨਾਂ ਨੂੰ ਇਸ ਪਵਿੱਤਰ ਸਥਾਨ ਸ੍ਰੀ ਸੀਤਾਸਰ ਧਾਮ ਵਿਖੇ ਨਤਮਸਤਕ ਹੋਣ ਦਾ ਆਸ਼ੀਰਵਾਦ ਪ੍ਰਾਪਤ ਹੋਇਆ ਉਹਨਾਂ ਕਿਹਾ ਕਿ ਇਹ ਉਹ ਸਥਾਨ ਹੈ ਜਿੱਥੇ ਮਾਤਾ ਸੀਤਾ ਜੀ ਆਪਣੇ ਦੂਜੇ ਬਨਵਾਸ ਸਮੇਂ ਭਗਵਾਨ ਮਹਾਂਰਿਸ਼ੀ ਸ੍ਰੀ ਵਾਲਮੀਕਿ ਜੀ ਨਾਲ ਇਸ ਸਥਾਨ ਤੇ ਆਏ ਸਨ ਤੇ ਮਾਤਾ ਸੀਤਾ ਜੀ ਨੇ ਇਸ ਪਵਿੱਤਰ ਅਸਥਾਨ ਦੇ ਸਰੋਵਰ ਵਿਖੇ ਆਪਣੇ ਕੇਸ ਧੋਤੇ ਸਨ ਉਹਨਾਂ ਨੇ ਕਿ ਅਸੀਂ ਧੰਨਵਾਦੀ ਹਾਂ ਮੰਦਿਰ ਕਮੇਟੀ ਦੇ ਮੈਂਬਰਾਂ ਦਾ ਜਿਹਨਾਂ ਨੇ ਸਾਨੂੰ ਇਸ ਪਵਿੱਤਰ ਤੀਰਥ ਤੇ ਮੰਦਰ ਦੀ ਸੇਵਾ ਕਰਨ ਦਾ ਮੌਕਾ ਦਿੱਤਾ। ਇਸ ਮੌਕੇ ਤੇ ਹਰੀ ਦੇਵ ਗੋਇਲ ਵਿਕਰਮ ਗਰਗ ਵਿੱਕੀ ਸਤੀਸ਼ ਬਾਂਸਲ ਪ੍ਰੇਮ ਸਰਮਾ ਤੇ ਵੱਡੀ ਗਿੱਣਤੀ ਵਿੱਚ ਸੰਗਤਾਂ ਵੱਲੋਂ ਪੰਕਜ ਬਾਂਸਲ ਤੇ ਉਹਨਾਂ ਦੇ ਨਾਲ ਆਏ ਸਾਰੇ ਵਿਅਕਤੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

# ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਕਰਵਾਇਆ ਸਦਾਚਾਰਕ ਤੇ ਨੈਤਿਕ ਕਦਰਾਂ ਕੀਮਤਾਂ 'ਤੇ ਵਿਸ਼ੇਸ਼ ਭਾਸ਼ਣ



ਬੁਢਲਾਡਾ, 18 ਫਰਵਰੀ (ਜੀਵਨ ਕੁਮਾਰ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਉੱਤਰੀ ਭਾਰਤ ਦੀ ਸਿਰਮੌਰ ਅਤੇ ਆਟੋਨੌਮਸ ਵਿਦਿਅਕ ਸੰਸਥਾ ਗੁਰੂ ਨਾਨਕ ਕਾਲਜ, ਬੁਢਲਾਡਾ ਵਿਖੇ ਧਰਮ ਅਧਿਐਨ ਵਿਭਾਗ ਵੱਲੋਂ ਸ੍ਰੀ ਸਹਿਜ ਪਾਠ ਸੇਵਾ ਸੁਸਾਇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਨਾਲ ਸਦਾਚਾਰਿਕ ਤੇ ਨੈਤਿਕ ਕਦਰਾਂ ਕੀਮਤਾਂ 'ਤੇ ਇੱਕ ਰੋਜ਼ਾ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਜਿਸ ਵਿੱਚ ਭਾਈ ਰਾਜਪਾਲ ਸਿੰਘ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਜੀ ਆਇਆਂ ਨੂੰ ਆਖਦਿਆਂ ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਕਿਹਾ ਕਿ ਨੈਤਿਕ ਤੇ ਸਦਾਚਾਰਿਕ ਕਦਰਾਂ-ਕੀਮਤਾਂ ਦਾ ਪ੍ਰਚਾਰ ਤੇ ਪ੍ਰਸਾਰ ਸਮੇਂ ਦੀ ਮੁੱਖ ਲੋੜ ਹੈ। ਵਿਦਿਆਰਥੀਆਂ ਵਿੱਚ ਸਦਾਚਾਰਿਕ ਕਦਰਾਂ ਕੀਮਤਾਂ ਭਰਨ ਲਈ ਸੰਸਥਾ ਵੱਲੋਂ ਵੱਖ-ਵੱਖ ਪ੍ਰੋਗਰਾਮ ਉਲੀਕੇ ਜਾਂਦੇ ਹਨ। ਜਿਨ੍ਹਾਂ ਦਾ ਵਿਦਿਆਰਥੀਆਂ ਦੇ ਜੀਵਨ ਵਿੱਚ ਮੁੱਖ ਮਹੱਤਵ ਹੁੰਦਾ ਹੈ। ਭਾਈ ਰਾਜਪਾਲ ਸਿੰਘ ਨੇ ਆਪਣੇ ਲੈਕਚਰ ਵਿੱਚ ਵਿਦਿਆਰਥੀਆਂ ਨੂੰ ਜੀਵਨ ਦਾ ਅਸਲ ਮਕਸਦ ਤੇ ਜੀਵਨ ਨੂੰ ਜੀਣ ਦਾ ਸਹੀ ਢੰਗ ਤਰੀਕਾ ਦੱਸਿਆ। ਇਸ ਭਾਸ਼ਣ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਨਾਲ ਸਵਾਲ ਜਵਾਬ ਕੀਤੇ ਤੇ ਢੁੱਕਵੇਂ ਜਵਾਬ ਦੇਣ ਵਾਲੇ ਵਿਦਿਆਰਥੀਆਂ ਨੂੰ ਸ਼ਾਬਾਸ਼ ਦਿੱਤੀ। ਉਨ੍ਹਾਂ ਨੇ ਕਿਹਾ ਕਿ ਸਾਨੂੰ ਨਿੱਜੀ ਜ਼ਿੰਦਗੀ ਵਿੱਚੋਂ ਛੋਟੀਆਂ ਛੋਟੀਆਂ ਖੁਸ਼ੀਆਂ ਲੱਭਣੀਆਂ ਚਾਹੀਦੀਆਂ ਹਨ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਮੁਖੀ ਸਾਹਿਬਾਨ, ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਹਾਜ਼ਰ ਸਨ। ਡਾ. ਰਾਜਿੰਦਰ ਕੌਰ ਨੇ ਭਾਈ ਰਾਜਪਾਲ ਸਿੰਘ ਦਾ ਕਾਲਜ ਪੁੱਜਣ ਅਤੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਨ ਲਈ ਵਿਸ਼ੇਸ਼ ਧੰਨਵਾਦ ਕੀਤਾ ਅਤੇ ਨਾਲ ਹੀ ਉਹਨਾਂ ਨੇ ਵਿਦਿਆਰਥੀਆਂ ਨੂੰ ਅਜਿਹੇ ਪ੍ਰੋਗਰਾਮਾਂ ਵਿੱਚ ਵੱਧ ਚੜ ਕੇ ਹਿੱਸਾ ਲੈਣ ਲਈ ਵੀ ਪ੍ਰੇਰਿਆ। ਉਹਨਾਂ ਦਾ ਮੰਨਣਾ ਹੈ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਦੀ ਜ਼ਿੰਦਗੀ ਵਿੱਚ ਰਾਹ ਦਸੇਰੇ ਵਜੋਂ ਭੂਮਿਕਾ ਨਿਭਾਉਂਦੇ ਹਨ।

# ਘਰ 'ਚ ਦਾਖ਼ਲ ਹੋ ਕੇ ਮੁੰਡੇ 'ਤੇ ਗੋਲ਼ੀਆਂ, ਮੌਤ

ਲਹਿਰਾਗਾਗਾ, 18 ਫਰਵਰੀ (ਰਾਮੇਸ਼ਵਰ ਸ਼ਰਮਾ/ਖੁਸ਼ਵਿੰਦਰ ਸ਼ਰਮਾ): ਹਲਕਾ ਲਹਿਰਾ ਦੇ ਪਿੰਡ ਲਹਿਲ ਕਲਾਂ ਵਿਖੇ ਦੋ ਨਕਾਬਪੋਸ਼ ਨੌਜਵਾਨਾਂ ਵੱਲੋਂ ਇਕ ਘਰ ਵਿਚ ਵੜ ਕੇ ਇਕ 28 ਸਾਲਾ ਨੌਜਵਾਨ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਇਸ ਮਾਮਲੇ 'ਚ ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਕੰਮ ਕਰਦਿਆਂ ਡੀ.ਐੱਸ.ਪੀ. ਰਣਵੀਰ ਸਿੰਘ, ਥਾਣਾ ਇੰਚਾਰਜ ਮਨਪ੍ਰੀਤ ਸਿੰਘ ਤੇ



ਸੀ.ਆਈ.ਏ. ਸਟਾਫ ਦੀ ਟੀਮ ਵੱਲੋਂ ਵੱਖ-ਵੱਖ ਥਿਊਰੀਆਂ ਤੇ ਕੰਮ ਕਰਦਿਆਂ ਮਹਿਜ ਪੰਜ ਛੇ ਘੰਟਿਆਂ ਵਿਚ ਹੀ ਮਾਮਲੇ ਨੂੰ ਟਰੇਸ ਕਰ ਲਿਆ ਗੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਰਣਵੀਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੁਲਸ ਨੇ ਵੱਖ-ਵੱਖ ਥਿਊਰੀਆਂ ਤੇ ਕੰਮ ਕਰਦਿਆਂ ਬੀਤੀ ਰਾਤ ਲਹਿਲ ਕਲਾਂ ਵਿਖੇ ਨੌਜਵਾਨ ਦੇ ਕਤਲ ਦੇ ਮਾਮਲੇ ਨੂੰ ਸੁਲਝਾਉਣ ਵਿਚ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਗੁਰਪ੍ਰੀਤ ਸਿੰਘ ਉਰਫ ਬੱਬੂ ਪੁੱਤਰ ਸੁਖਚੈਨ ਸਿੰਘ ਨੇ ਕਰੀਬ ਦੋ ਸਾਲ ਪਹਿਲਾਂ ਲਵ ਮੈਰਿਜ ਕਰਵਾਈ ਸੀ, ਮ੍ਰਿਤਕ ਦਾ ਸਾਲਾ ਹਰਮਨਦੀਪ ਸਿੰਘ ਵਾਸੀ ਤਲਵਾੜਾ (ਹਰਿਆਣਾ) ਆਪਣੀ ਭੈਣ ਦੀ ਲਵ ਮੈਰਿਜ ਤੋਂ ਖਫਾ ਸੀ, ਜੋ ਕਿ ਉਕਤ ਘਟਨਾ ਵਿਚ ਮਾਸਟਰਮਾਈਂਡ ਹੈ, ਜਿਸ ਦੇ ਚਲਦੇ ਪੁਲਸ ਨੇ ਮ੍ਰਿਤਕ ਦੇ ਸਾਲੇ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਬਾਕੀ ਦੇ ਨਕਾਬਪੋਸ਼ਾਂ ਨੂੰ ਵੀ ਜਲਦੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਵਿਧਾਇਕ ਬਲਕਾਰ ਸਿੰਘ ਸਿੱਧੂ ਨੇ 20 ਕਰੋੜ ਦੀਆਂ ਗ੍ਰਾਂਟਾਂ ਰੱਖੇ ਨੀਂਹ ਪੱਥਰ



ਭਗਤਾ ਭਾਈ ਕਾ, 18 ਫਰਵਰੀ (ਸਵਰਨ ਸਿੰਘ ਭਗਤਾ): ਹਲਕਾ ਰਾਮਪੁਰਾ ਫੂਲ ਵਿੱਚ ਵਿਕਾਸ ਦੀ ਤੇਜ਼ ਹਵਾ ਚੱਲ ਰਹੀ ਹੈ ਜਿਸ ਦੇ ਤਹਿਤ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਚਾਰ ਨਗਰ ਪੰਚਾਇਤਾਂ ਮਲੂਕਾ, ਕੋਠਾਗੁਰੂ, ਭਾਈ ਰੂਪਾ ਤੇ ਮਹਿਰਾਜ ਵਿੱਚ ਨਵੀਆਂ ਸੜਕਾਂ ਦੇ ਨਿਰਮਾਣ ਲਈ ਲਗਭਗ 20ਕਰੋੜ ਰੁਪਏ ਦੀਆਂ ਵੱਡੀਆਂ ਗ੍ਰਾਂਟਾਂ ਮਨਜ਼ੂਰ ਕਰਵਾਈਆਂ ਹਨ। ਇਨ੍ਹਾਂ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖ ਕੇ ਉਨ੍ਹਾਂ ਨੇ ਸਾਬਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਸਰਕਾਰ ਲੋਕਾਂ ਦੀਆਂ ਅਸਲ ਮੰਗਾਂ ਨੂੰ ਪਹਿਲ ਦਿੰਦੀ ਹੈ। ਇਹ ਕਦਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੰਜਾਬ ਨੂੰ ਵਿਕਸਤ ਤੇ ਨਸ਼ਾ ਮੁਕਤ ਬਣਾਉਣ ਦੇ ਯਤਨਾਂ ਨੂੰ ਹੋਰ ਮਜ਼ਬੂਤ ਕਰ ਰਿਹਾ ਹੈ।

ਵਿਧਾਇਕ ਬਲਕਾਰ ਸਿੰਘ ਸਿੱਧੂ ਤੇ ਮੁੱਖ ਮੰਤਰੀ ਭਗਵੰਤ ਮਾਨ ਵਿਚਕਾਰ ਪੁਰਾਣੀ ਯਾਰੀ ਤੇ ਸੱਚੀ ਦੋਸਤੀ ਦੀਆਂ ਗੱਲਾਂ ਅਕਸਰ ਸੁਣੀਆਂ ਜਾਂਦੀਆਂ ਹਨ। ਭਗਵੰਤ ਮਾਨ ਨੇ ਬਲਕਾਰ ਸਿੱਧੂ ਵਰਗੇ ਲੋਕਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਕੇ ਹਲਕੇ ਵਿੱਚ ਭਰੋਸਾ ਜਤਾਇਆ ਸੀ ਤੇ ਅੱਜ ਇਸ ਦੋਸਤੀ ਦਾ ਫਲ ਹਲਕੇ ਨੂੰ ਵੱਡੀਆਂ ਗ੍ਰਾਂਟਾਂ ਤੇ ਵਿਕਾਸ ਪ੍ਰੋਜੈਕਟਾਂ ਦੇ ਰੂਪ ਵਿੱਚ ਮਿਲ ਰਿਹਾ ਹੈ।ਪੁਰਾਣੀ ਯਾਰੀ ਹੁਣ ਵਿਕਾਸ ਦੀ ਭਾਸ਼ਾ ਵਿੱਚ ਲੋਕਾਂ ਤੱਕ ਪਹੁੰਚ ਰਹੀ ਹੈ।

ਹਲਕੇ ਦੇ ਲੋਕ ਵਿਧਾਇਕ ਬਲਕਾਰ ਸਿੰਘ ਸਿੱਧੂ ਦੀ ਵਿਕਾਸਮਈ ਸ਼ਖਸੀਅਤ ਤੋਂ ਬਹੁਤ ਪ੍ਰਭਾਵਿਤ ਹੋ ਰਹੇ ਹਨ ਤੇ ਜੋਸ਼ ਨਾਲ ਭਰ ਰਹੇ ਹਨ।ਬਿਨਾਂ ਕਿਸੇ ਭੇਦਭਾਵ ਦੇ ਉਨ੍ਹਾਂ ਦਾ ਹੱਸਮੁੱਖ ਵਿਵਹਾਰ ਲੋਕਾਂ ਦੇ ਦਿਲਾਂ ਨੂੰ ਧੁਰ ਅੰਦਰ ਤੱਕ ਜੋੜ ਰਿਹਾ ਹੈ। ਵਿਧਾਇਕ ਸਿੱਧੂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਬਦਲੇ ਖੋਰੀ,ਭਾਈ-ਭਤੀਜਾਵਾਦ ਤੇ ਬਦਨੀਤੀਆਂ ਤੋਂ ਤੰਗ ਆ ਚੁੱਕੇ ਲੋਕਾਂ ਨੇ ਹੁਣ ਸੱਚੇ ਸੁੱਖ ਦਾ ਸਾਹ ਲਿਆ ਹੈ। ਵਿਧਾਇਕ ਬਲਕਾਰ ਸਿੰਘ ਸਿੱਧੂ ਹਲਕੇ ਦੀ ਪਹਿਲੀ ਪਸੰਦ ਬਣ ਰਹੇ ਹਨ।ਇਸ ਮੌਕੇ ਨਗਰ ਪੰਚਾਇਤਾਂ ਦੇ ਪ੍ਰਧਾਨ ਪਿੰਡਾਂ ਦੇ ਪੰਚ ਸਰਪੰਚ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਮੌਜੂਦ ਸਨ। ਜਿਨ੍ਹਾਂ ਨੇ ਵਿਧਾਇਕ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਰਾਈਸ ਮਿੱਲਰਾਂ ਨੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਨੂੰ ਸੌਂਪਿਆ ਮੰਗ ਪੱਤਰ

ਧੂਰੀ, 18 ਫ਼ਰਵਰੀ (ਰਾਜੇਸ਼ਵਰ ਪਿੰਟੂ): ਧੂਰੀ ਰਾਈਸ ਮਿੱਲਰਜ਼ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਸੁਰੇਸ਼ ਜਿੰਦਲ, ਚੇਅਰਮੈਨ



ਵਿਜੈ ਕੁਮਾਰ ਬਾਂਸਲ ਦੀ ਅਗਵਾਈ ਹੇਠ ਰਾਈਸ ਮਿੱਲਰਾਂ ਨੇ ਐਫ.ਸੀ.ਆਈ. ਗੋਦਾਮਾਂ ਵਿੱਚ ਚਾਵਲ ਸਟੋਰ ਕਰਨ ਲਈ ਥਾਂ ਦੀ ਭਾਰੀ ਕਿੱਲਤ ਕਾਰਨ ਗੰਭੀਰ ਚਿੰਤਾ ਪ੍ਰਗਟਾਉਂਦਿਆਂ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਨੂੰ ਮੰਗ ਪੱਤਰ ਸੌਂਪਿਆ। ਇਸ ਮੌਕੇ ਰਾਈਸ ਇੰਡਸਟਰੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਸ਼ੋਕ ਜਿੰਦਲ, ਬਲਵਿੰਦਰ ਕੁਮਾਰ ਬਬਲੂ ਤੇ ਸੰਜੇ ਸਿੰਗਲਾ ਵੀ ਹਾਜ਼ਰ ਸਨ। ਆਗੂਆਂ ਨੇ ਲਾਲਕਾ ਨੂੰ ਜਾਣੂ ਕਰਵਾਇਆ ਕਿ ਜੇਕਰ ਜਲਦੀ ਹੱਲ ਨਾ ਕੱਢਿਆ ਗਿਆ ਤਾਂ ਮਿੱਲਿੰਗ ਸੀਜ਼ਨ ਪੂਰੀ ਤਰ੍ਹਾਂ ਪ੍ਰਭਾਵਿਤ ਹੋ ਸਕਦਾ ਹੈ। ਪ੍ਰਧਾਨ ਸੁਰੇਸ਼ ਜਿੰਦਲ ਨੇ ਦੱਸਿਆ ਕਿ ਧੂਰੀ ਦੇ ਸਥਾਨਕ ਐਫ.ਸੀ.ਆਈ. ਗੋਦਾਮ ਪੂਰੀ ਤਰ੍ਹਾਂ ਭਰ ਚੁੱਕੇ ਹਨ। ਥਾਂ ਨਾ ਹੋਣ ਕਾਰਨ ਇਲਾਕੇ ਦੇ ਸ਼ੈਲਰ ਮਾਲਕਾ ਨੂੰ ਵੱਡੇ ਪੱਧਰ 'ਤੇ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਮਿੱਲਰਾਂ ਸਿਰ ਵਿਆਜ ਦਾ ਬੋਝ ਵਧਦਾ ਜਾ ਰਿਹਾ ਹੈ। ਲੰਬੇ ਸਮੇਂ ਤੱਕ ਚਾਵਲ ਸਟੋਰ ਕਰਨ ਨਾਲ ਅਨਾਜ ਦੀ ਗੁਣਵੱਤਾ ਖ਼ਰਾਬ ਹੋਣ ਦਾ ਡਰ ਵੀ ਬਣਿਆ ਹੋਇਆ ਹੈ।

ਐਸੋਸੀਏਸ਼ਨ ਨੇ ਦੱਸਿਆ ਕਿ ਪਿੰਡ ਹਰਚੰਦਪੁਰ ਵਿਖੇ ਨਵਾਂ ਰੇਲ ਹੈੱਡ ਬਣ ਕੇ ਤਿਆਰ ਹੈ, ਪਰ ਅਜੇ ਤੱਕ ਇਸਨੂੰ ਚਾਲੂ ਨਹੀਂ ਕੀਤਾ ਗਿਆ। ਦੂਜੇ ਪਾਸੇ, ਧੂਰੀ ਰੇਲਵੇ ਹੈੱਡ ਪਿਛਲੇ 7-8 ਮਹੀਨਿਆਂ ਤੋਂ ਬੰਦ ਪਿਆ ਹੈ। ਇਸ ਤੋਂ ਇਲਾਵਾ, ਧੂਰੀ ਵਿਖੇ ਸਪੈਸ਼ਲ ਗੱਡੀਆਂ ਲਗਾਉਣ ਲਈ ਕਿਸੇ ਠੇਕੇਦਾਰ ਦੀ ਨਿਯੁਕਤੀ ਨਹੀਂ ਕੀਤੀ ਗਈ, ਜਿਸ ਕਾਰਨ ਚਾਵਲ ਦੀ ਬਾਹਰ ਭੇਜਣ ਦੀ ਪ੍ਰਕਿਰਿਆ ਠੱਪ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਤੇ ਐਫ.ਸੀ.ਆਈ. ਅਧਿਕਾਰੀ ਤਾਲਮੇਲ ਕਰਕੇ ਪੁਰਾਣੇ ਸਟਾਕ ਨੂੰ ਬਾਹਰ ਕੱਢਣ ਤਾਂ ਜੋ ਨਵੇਂ ਚਾਵਲ ਲਈ ਜਗ੍ਹਾ ਬਣ ਸਕੇ। ਉਨ੍ਹਾਂ ਹਰਚੰਦਪੁਰ ਰੇਲ ਹੈੱਡ ਨੂੰ ਤੁਰੰਤ ਚਾਲੂ ਕਰਨ ਤੇ ਧੂਰੀ ਟਰਮੀਨਲ 'ਤੇ ਲੋੜੀਂਦੇ ਠੇਕੇਦਾਰ ਨਿਯੁਕਤ ਕਰਨ ਦੀ ਜ਼ੋਰਦਾਰ ਵਕਾਲਤ ਕੀਤੀ ਹੈ।

# ਜ਼ੈੱਡ ਕਿੰਗ ਸਕਸੈੱਸ ਸਟੱਡੀ ਵੀਜ਼ਾ ਕੰਸਲਟੈਂਸੀ ਨੇ ਨਿਊਜ਼ੀਲੈਂਡ ਦਾ ਸਟੱਡੀ ਵੀਜ਼ਾ ਲਗਵਾਇਆ

ਧੂਰੀ, 18 ਫ਼ਰਵਰੀ (ਅਮਨ ਗਰਗ): ਧੂਰੀ ਦੇ ਮਹਾਂਵੀਰ ਮੰਦਿਰ ਨੇੜੇ ਸਥਿਤ ਨਾਮਵਰ ਸੰਸਥਾ 'ਜ਼ੈੱਡ ਕਿੰਗ ਸਕਸੈੱਸ ਸਟੱਡੀ ਵੀਜ਼ਾ ਕੰਸਲਟੈਂਸੀ' ਨੇ ਇੱਕ ਵਾਰ ਫਿਰ ਆਪਣੀ ਬਿਹਤਰੀਨ ਕਾਰਗੁਜ਼ਾਰੀ ਦਾ




ਸਬੂਤ ਦਿੱਤਾ ਹੈ। ਸੰਸਥਾ ਵੱਲੋਂ ਨੇੜਲੇ ਪਿੰਡ ਬੀਹਲਾ ਦੀ ਇੱਕ ਹੋਣਹਾਰ ਵਿਦਿਆਰਥਣ ਦਾ ਨਿਊਜ਼ੀਲੈਂਡ ਦਾ ਸਟੱਡੀ ਵੀਜ਼ਾ ਲਗਵਾ ਕੇ ਉਸ ਦੇ ਵਿਦੇਸ਼ ਪੜ੍ਹਨ ਤੇ ਸੁਨਹਿਰੀ ਭਵਿੱਖ ਦੇ ਸੁਪਨੇ ਨੂੰ ਹਕੀਕਤ ਵਿੱਚ ਬਦਲ ਦਿੱਤਾ ਗਿਆ ਹੈ। ਵੀਜ਼ਾ ਮਿਲਣ ਤੋਂ ਬਾਅਦ ਵਿਦਿਆਰਥਣ ਤੇ ਉਸ ਦੇ ਪਰਿਵਾਰ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ।

ਕੰਪਨੀ ਦੇ ਮੈਨੇਜਿੰਗ ਡਾਇਰੈਕਟਰ ਹਾਕਮ ਸਿੰਘ ਨੇ ਇਸ ਸਫਲਤਾ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਨਿਊਜ਼ੀਲੈਂਡ ਅੱਜ ਦੇ ਸਮੇਂ ਵਿੱਚ ਪੜ੍ਹਾਈ ਲਈ ਵਿਦਿਆਰਥੀਆਂ ਦੀ ਪਹਿਲੀ ਪਸੰਦ ਬਣ ਰਿਹਾ ਹੈ। ਉਨ੍ਹਾਂ ਕਿਹਾ ਕਿ ਨਿਊਜ਼ੀਲੈਂਡ ਦੀਆਂ ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚ ਦਿੱਤੀ ਜਾਂਦੀ ਸਿੱਖਿਆ ਵਿਸ਼ਵ ਪੱਧਰ 'ਤੇ ਪ੍ਰਵਾਨਿਤ ਹੈ, ਜੋ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਕਾਬਿਲ ਬਣਾਉਂਦੀ ਹੈ।

ਹਾਕਮ ਸਿੰਘ ਨੇ ਅੱਗੇ ਦੱਸਿਆ ਕਿ ਨਿਊਜ਼ੀਲੈਂਡ ਵਿੱਚ ਜਿੱਥੇ ਪੜ੍ਹਾਈ ਦੇ ਵਧੀਆ ਮੌਕੇ ਹਨ, ਉੱਥੇ ਹੀ ਪੜ੍ਹਾਈ ਮੁਕੰਮਲ ਕਰਨ ਤੋਂ ਬਾਅਦ ਵਿਦਿਆਰਥੀਆਂ ਲਈ ਨੌਕਰੀਆਂ ਦੇ ਵੀ ਅਣਗਿਣਤ ਮੌਕੇ ਉਪਲਬਧ ਹਨ। ਉਨ੍ਹਾਂ ਕਿਹਾ ਕਿ ਜ਼ੈੱਡ ਕਿੰਗ ਸਕਸੈੱਸ ਕੰਸਲਟੈਂਸੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਹੀ ਰਾਹ ਦਿਖਾਉਣਾ ਅਤੇ ਪਾਰਦਰਸ਼ੀ ਤਰੀਕੇ ਨਾਲ ਉਨ੍ਹਾਂ ਦੀ ਫਾਈਲ ਪ੍ਰੋਸੈਸ ਕਰਨਾ ਹੈ ਤਾਂ ਜੋ ਕਿਸੇ ਵੀ ਵਿਦਿਆਰਥੀ ਦਾ ਸਮਾਂ ਤੇ ਪੈਸਾ ਬਰਬਾਦ ਨਾ ਹੋਵੇ। ਵਿਦਿਆਰਥਣ ਅਤੇ ਉਸ ਦੇ ਪਰਿਵਾਰ ਨੇ ਸੰਸਥਾ ਦੀ ਵਧੀਆ ਗਾਈਡੈਂਸ ਤੇ ਸਮੇਂ ਸਿਰ ਵੀਜ਼ਾ ਲਗਵਾਉਣ ਲਈ ਹਾਕਮ ਸਿੰਘ ਅਤੇ ਪੂਰੀ ਟੀਮ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

# ਮਲੂਕਾ ਵੱਲੋਂ 28 ਦੀ ਹਲਕਾ ਪੱਧਰੀ ਰੈਲੀ ਸਬੰਧੀ ਮੀਟਿੰਗਾਂ



ਭਗਤਾ ਭਾਈ ਕਾ, 18 ਫਰਵਰੀ (ਸਵਰਨ ਸਿੰਘ ਭਗਤਾ): ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਧੰਨਵਾਦੀ ਦੌਰੇ ਤੇ 28 ਫਰਵਰੀ ਨੂੰ ਭਾਈਰੂਪਾ ਅਨਾਜ ਮੰਡੀ 'ਚ ਅਕਾਲੀ ਦਲ ਦੀ ਹਲਕਾ ਪੱਧਰੀ ਰੈਲੀ ਕੀਤੀ ਜਾ ਰਹੀ ਹੈ ਜਿਸ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਬੋਧਨ ਕਰਨਗੇ। ਭਾਈ ਰੂਪਾ ਦੀ ਦਾਣਾ ਮੰਡੀ ਵਿੱਚ ਕੀਤੀ ਜਾ ਰਹੀ ਹਲਕਾ ਪੱਧਰੀ ਕਾਨਫਰੰਸ ਸਬੰਧੀ ਹਲਕੇ ਦੇ ਪਿੰਡਾਂ ਵਿੱਚ ਵਰਕਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਜਿਸ ਦੇ ਤਹਿਤ ਅੱਜ ਪਿੰਡ ਰਾਮੂੰਵਾਲਾ, ਹਾਕਮ ਸਿੰਘ ਵਾਲਾ, ਕੋਇਰ ਸਿੰਘ ਵਾਲਾ, ਭੋਡੀਪੁਰਾ, ਕੇਸਰ ਸਿੰਘ ਵਾਲਾ ਤੇ ਬੁਰਜ ਲੱਧਾ ਵਿਖੇ ਵਰਕਰ ਸਾਹਿਬਾਨਾਂ ਨਾਲ ਮੀਟਿੰਗਾਂ ਕੀਤੀਆਂ। ਇਸ ਮੌਕੇ ਵੱਡੀ ਗਿਣਤੀ ਵਿੱਚ ਵਰਕਰ ਤੇ ਆਗੂ ਹਾਜ਼ਰ ਸਨ। ਇਸ ਤੋਂ ਇਲਾਵਾ ਪਿੰਡ ਜਲਾਲ, ਦਿਆਲਪੁਰਾ ਭਾਈਕਾ, ਸੁਰਜੀਤਪੁਰਾ, ਆਕਲੀਆ ਜਲਾਲ ਕਾ, ਗੁਰੂਸਰ, ਹਮੀਰਗੜ੍ਹ, ਸਿਰੀਏਵਾਲਾ ਅਤੇ ਬੁਰਜ ਥਰੋੜ ਵਿਖੇ ਵਰਕਰ ਸਾਹਿਬਾਨਾਂ ਨਾਲ ਮੀਟਿੰਗਾਂ ਕੀਤੀਆਂ। ਇਸ ਮੌਕੇ ਪਿੰਡ ਪਿੰਡ ਸਿਕੰਦਰ ਸਿੰਘ ਮਲੂਕਾ ਦਾ ਭਰਵਾਂ ਸਵਾਗਤ ਕੀਤਾ ਗਿਆ।

# ਸਿਹਤ ਵਿਭਾਗ ਨੇ ਮੁੰਡੇ-ਕੁੜੀ 'ਚ ਫ਼ਰਕ ਨਾ ਕਰਨ ਲਈ ਪ੍ਰੇਰਿਆ

ਭਗਤਾ ਭਾਈ ਕਾ, 18 ਫਰਵਰੀ (ਸਵਰਨ ਸਿੰਘ ਭਗਤਾ): ਸਿਵਲ ਸਰਜਨ ਡਾਕਟਰ ਤਪਿੰਦਰ ਜੋਤ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾਕਟਰ ਸੀਮਾ ਗੁਪਤਾ ਦੀ ਯੋਗ ਅਗਵਾਈ ਹੇਠ ਸਿਹਤ ਬਲਾਕ ਭਗਤ ਭਾਈ ਕਾ ਵਿਖੇ ਪੀ ਸੀ ਪੀ ਐਨ ਡੀ ਟੀ ਐਕਟ ਅਧੀਨ ਗਤੀਵਿਧੀਆਂ ਜਾਰੀ ਹਨ। ਸੀ ਐਸ ਸੀ ਭਗਤਾ ਭਾਈ ਕਾ, ਪਿੰਡ ਕੋਇਰ ਸਿੰਘ ਵਾਲਾ ਅਤੇ ਪਿੰਡ ਸਿਰੀਏਵਾਲਾ ਪਿੰਡ ਵੀ ਲੋਕਾਂ ਨੂੰ ਪੀ ਸੀ ਪੀ ਐਨ ਡੀ ਟੀ ਐਕਟ ਸਬੰਧੀ ਜਾਗਰਿਤ ਕੀਤਾ ਗਿਆ ।ਸੀ ਐਚ ਸੀ ਵਿਖੇ ਸੰਬੋਧਨ ਕਰਦੇ ਹੋਏ ਏ ਐਨ ਐਮ ਹਰਦੀਸ਼ ਕੌਰ ਤੇ ਸੀ ਐਚ ਓ ਊਸ਼ਾ ਰਾਣੀ ਨੇ ਕਿਹਾ ਕਿ ਕੁੜੀਆਂ ਹਰੇਕ ਖੇਤਰ ਵਿੱਚ ਬੁਲੰਦੀਆਂ ਤੇ ਪਹੁੰਚ ਰਹੀਆਂ ਹਨ । ਇਹ ਖੇਤਰ ਭਾਵੇਂ ਰਾਜਨੀਤਿਕ ਹੋਵੇ, ਚਾਹੇ ਦੇਸ਼ ਦੀ ਰੱਖਿਆ ਵਾਲਾ ਹੋਵੇ, ਚਾਹੇ ਵਿਗਿਆਨ ਦਾ ਖੇਤਰ ਹੋਵੇ, ਹਰੇਕ ਖੇਤਰ ਵਿੱਚ ਕੁੜੀਆਂ ਨੇ ਆਪਣਾ ਨਾਮ ਰੋਸ਼ਨ ਕੀਤਾ ਹੈ । ਉਹਨਾਂ ਕੁੜੀਆਂ- ਮੁੰਡਿਆਂ ਵਿੱਚ ਵਿਤਕਰਾ ਨਾ ਕਰਨ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਕੁੜੀ- ਮੁੰਡੇ ਦਾ ਟੈਸਟ ਹੋਣ ਦੀ ਸੂਰਤ ਵਿੱਚ ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਭਰੂਣ ਹੱਤਿਆ ਵਰਗੀ ਬੁਰਾਈ ਨੂੰ ਖਤਮ ਕੀਤਾ ਜਾ ਸਕੇ। ਇਸੇ ਤਰ੍ਹਾਂ ਹੀ ਪਿੰਡ ਕੋਇਰ ਸਿੰਘ ਵਾਲਾ ਵਿਖੇ ਐਮ ਪੀ ਐਚ ਡਬਲਯੂ ਮੇਲ ਅਮਰਜੀਤ ਸਿੰਘ ਅਤੇ ਸਿਰੀਵਾਲਾ ਵਿਖੇ ਸੀ ਐਚ ਓ ਲਵਪ੍ਰੀਤ ਕੌਰ ਨੇ ਲੋਕਾਂ ਨੂੰ ਪੀ ਸੀ ਪੀ ਐਨ ਡੀ ਟੀ ਐਕਟ ਸਬੰਧੀ ਜਾਣੂ ਕਰਵਾਇਆ।

# ਪੰਜਾਬ ਸਖੀ ਸ਼ਕਤੀ ਮੇਲਾ : ਸਾਂਸਦ ਮੀਤ ਹੇਅਰ ਵੱਲੋਂ ਮੇਲੇ ਦਾ ਪੋਸਟਰ ਜਾਰੀ

## 24 ਤੋਂ ਅਨਾਜ ਮੰਡੀ ਵਿੱਚ ਲੱਗੇਗਾ ਸਖੀ ਸ਼ਕਤੀ ਮੇਲਾ



ਬਰਨਾਲਾ, 18 ਫਰਵਰੀ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਬਰਨਾਲਾ ਵਿੱਚ ਤਿੰਨ ਰੋਜ਼ਾ 'ਪੰਜਾਬ ਸਖੀ ਸ਼ਕਤੀ ਮੇਲਾ' 24, 25 ਅਤੇ 26 ਫਰਵਰੀ ਨੂੰ ਅਨਾਜ ਮੰਡੀ ਬਰਨਾਲਾ ਵਿੱਚ ਕਰਵਾਇਆ ਜਾ ਰਿਹਾ ਹੈ। ਲੋਕ ਸਭਾ ਮੈਂਬਰ ਸੰਗਰੂਰ ਸ. ਗੁਰਮੀਤ ਸਿੰਘ ਮੀਤ ਹੇਅਰ ਨੇ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਮੇਲੇ ਦਾ ਪੋਸਟਰ ਜਾਰੀ ਕੀਤਾ ਅਤੇ ਜ਼ਿਲ੍ਹਾ ਵਾਸੀਆਂ ਨੂੰ ਵਧ- ਚੜ੍ਹ ਕੇ ਮੇਲੇ ਵਿੱਚ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਮੇਲੇ ਵਿੱਚ ਵੱਖ-ਵੱਖ ਸੈਲਫ ਹੈਲਪ ਗਰੁੱਪਾਂ ਦੇ ਘਰੇਲੂ, ਜੈਵਿਕ, ਹੱਥਾਂ ਨਾਲ ਬਣੇ ਸਮਾਨ ਦੇ ਸਟਾਲ ਲੱਗਣਗੇ। ਇਸ ਤੋਂ ਇਲਾਵਾ ਸ਼ਾਮ ਨੂੰ ਉੱਘੇ ਸੂਫ਼ੀ ਅਤੇ ਲੋਕ ਗਾਇਕ ਆਪਣੀ ਪੇਸ਼ਕਾਰੀ ਦੇਣਗੇ। ਮੇਲੇ ਦਾ ਸਮਾਂ ਸਵੇਰੇ 10 ਵਜੇ ਤੋਂ ਰਾਤ 9 ਵਜੇ ਤਕ ਹੈ ਅਤੇ ਗਾਇਕਾਂ ਦੀਆਂ ਪੇਸ਼ਕਾਰੀਆਂ ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ ਹੋਣਗੀਆਂ। ਉਨ੍ਹਾਂ ਦੱਸਿਆ ਕਿ ਇਸ ਮੇਲੇ ਦਾ ਮੁੱਖ ਮਕਸਦ ਔਰਤਾਂ ਨੂੰ ਆਤਮ-ਨਿਰਭਰ ਬਣਾਉਣਾ ਹੈ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਮੇਲੇ ਦੀ ਐਂਟਰੀ ਬਿਲਕੁਲ ਮੁਫ਼ਤ ਹੈ। ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿੱਚ ਤਿੰਨੇ ਦਿਨ ਵੱਖ ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀ ਵੀ ਆਪਣੀਆਂ ਖੂਬਸੂਰਤ ਪੇਸ਼ਕਾਰੀਆਂ ਦੇਣਗੇ। ਉਨ੍ਹਾਂ ਸਾਰੇ ਜ਼ਿਲ੍ਹਾ ਵਾਸੀਆਂ ਨੂੰ ਇਸ ਮੇਲੇ ਵਿੱਚ ਸ਼ਮੂਲੀਅਤ ਕਰਨ ਅਤੇ ਖਰੀਦਦਾਰੀ ਕਰਨ ਦਾ ਸੱਦਾ ਦਿੱਤਾ ਤਾਂ ਜੋ ਔਰਤਾਂ ਦੇ ਸਵੈ ਸੇਵੀ ਗਰੁੱਪਾਂ ਨੂੰ ਹੁਲਾਰਾ ਮਿਲ ਸਕੇ। ਇਸ ਮੌਕੇ ਐਸ ਡੀ ਐਮ ਤਪਾ ਸ੍ਰੀ ਆਯੂਸ਼ ਗੋਇਲ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਬਰਨਾਲਾ ਸ. ਪਰਮਿੰਦਰ ਸਿੰਘ ਭੰਗੂ, ਚੇਅਰਮੈਨ ਨਗਰ ਸੁਧਾਰ ਟਰੱਸਟ ਸ੍ਰੀ ਰਾਮ ਤੀਰਥ ਮੰਨਾ, ਸ. ਹਰਿੰਦਰ ਸਿੰਘ ਧਾਲੀਵਾਲ ਅਤੇ ਹੋਰ ਅਧਿਕਾਰੀ ਤੇ ਸ਼ਖ਼ਸੀਅਤਾਂ ਹਾਜ਼ਰ ਸਨ।

# ਗਰੀਨ ਫ਼ੀਲਡ ਕਾਨਵੈਂਟ ਸਕੂਲ ਦਾਨਗੜ੍ਹ ਵਿਖੇ ਬੱਚਿਆਂ ਦੀਆਂ 'ਬਰੇਨੀ ਗੇਮਜ਼' ਕਰਵਾਈਆਂ



ਧਨੌਲਾ, 18 ਫਰਵਰੀ (ਚਮਕੌਰ ਸਿੰਘ ਗੱਗੀ) : ਗਰੀਨ ਫ਼ੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਵਿਖੇ ਬੱਚਿਆਂ ਨੂੰ ਪ੍ਰੈਕਟੀਕਲ ਰੂਪ 'ਚ ਸਰਲ ਤਰੀਕੇ ਨਾਲ ਸਿੱਖਿਅਤ ਕਰਨ ਲਈ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਤਹਿਤ ਅੱਜ ਇੰਚਾਰਜ ਅਜਿੰਦਰਪਾਲ ਟਿਵਾਣਾ ਦੀ ਦੇਖਰੇਖ 'ਚ ਅੰਗਰੇਜ਼ੀ ਸ਼ਬਦਾਂ ਦੀ ਪੂਰੇ ਸ਼ਬਦ ਲਈ ਚੋਣ ਕਰਨ ਬਾਰੇ ਗਤੀਵਿਧੀਆਂ ਬਰੇਨੀ ਗੇਮਜ਼ ਕਰਵਾਈਆਂ ਗਈਆਂ। ਇਸ ਦੌਰਾਨ ਮੈਡਮ ਜਸਪ੍ਰੀਤ ਨੇ ਅਨੰਦਮਈ ਢੰਗ ਨਾਲ ਬੱਚਿਆਂ ਦੀ ਦਿਮਾਗੀ ਸ਼ਕਤੀ ਪਰਖਣ ਤੇ ਤੇਜ਼ ਕਰਨ ਲਈ ਅੰਗਰੇਜ਼ੀ ਦੇ ਅਲੱਗ-ਅਲੱਗ ਪ੍ਰਕਾਰ ਦੇ ਅੱਖਰ ਇਕੱਠੇ ਕਰਕੇ ਰੱਖੇ ਅਤੇ ਬੱਚਿਆਂ ਨੂੰ ਸ਼ਬਦ ਬੋਲੇ। ਸ਼ਬਦ ਦੀ ਧੁਨੀ ਨੂੰ ਪਛਾਣ ਕੇ ਬੱਚਿਆਂ ਨੇ ਆਪਣੀ ਸਮਝ ਨਾਲ ਇਕੱਠੇ ਰੱਖੇ ਹੋਏ ਅੱਖਰਾਂ 'ਚੋਂ ਇਕੱਲੇ-ਇਕੱਲੇ ਅੱਖਰਾਂ ਦੀ ਚੋਣ ਕਰਕੇ ਸ਼ਬਦ ਨੂੰ ਪੂਰਾ ਕਰਕੇ ਦਿਖਾਇਆ। ਜਿਨ੍ਹਾਂ ਬੱਚਿਆਂ ਨੇ ਸਭ ਤੋਂ ਜ਼ਲਦੀ ਇਸ ਖੇਡ ਨੂੰ ਪੂਰਾ ਕੀਤਾ ਉਨ੍ਹਾਂ ਦੀ ਰਸਮੀ ਤੌਰ 'ਤੇ ਹੌਸਲਾ ਅਫ਼ਜਾਈ ਕੀਤੀ ਗਈ। ਬੱਚਿਆਂ ਨੇ ਜਿੱਥੇ ਨਿਵੇਕਲੇ ਢੰਗ ਨਾਲ ਕਰਵਾਈਆਂ ਇਨ੍ਹਾਂ ਗੇਮਜ਼ ਰੂਪੀ ਗਤੀਵਿਧੀਆਂ ਦਾ ਖੂਬ ਅਨੰਦ ਲਿਆ, ਉੱਥੇ ਹੀ ਉਹ ਸਿੱਖਿਅਤ ਅਤੇ ਊਰਜਾਵਾਨ ਹੋਏ। ਇਸ ਮੌਕੇ ਚੇਅਰਮੈਨ ਸ: ਸੁਖਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਬੱਚਿਆਂ ਲਈ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਉਣਾ ਸਮੇਂ ਦੀ ਲੋੜ ਹੈ, ਕਿਉਂਕਿ ਇਸ ਨਾਲ ਬੱਚੇ ਦਿਮਾਗੀ ਤਣਾਅ ਤੋਂ ਮੁਕਤ ਰਹਿੰਦੇ ਹਨ ਅਤੇ ਚੰਗੀ ਤਰ੍ਹਾਂ ਗਿਆਨ ਵੀ ਹਾਸਿਲ ਕਰਦੇ ਹਨ। ਉਨ੍ਹਾਂ ਕਿਹਾ ਕਿ ਸਾਡੀ ਹਮੇਸ਼ਾ ਕੋਸ਼ਿਸ਼ ਰਹਿੰਦੀ ਹੈ ਕਿ ਹਰੇਕ ਬੱਚੇ ਚਿਹਰੇ 'ਤੇ ਪੜ੍ਹਾਈ ਦੌਰਾਨ ਖੁਸ਼ੀ ਰਹੇ ਜਿਸ ਨਾਲ ਉਹ ਖੂਬ ਪੜ੍ਹ ਸਕੇ। ਇਸ ਮੌਕੇ ਪ੍ਰਿੰਸੀਪਲ ਡਾ. ਮਨਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਜਸਵੀਰ ਕੌਰ, ਮੈਡਮ ਰੁਪਿੰਦਰ ਸ਼ਰਮਾ ਅਤੇ ਮੈਡਮ ਹਰਮੋਹਨ ਆਦਿ ਹਾਜ਼ਰ ਸਨ।

# ਬਰਨਾਲਾ ਦੇ 47 ਪ੍ਰੀਖਿਆ ਕੇਂਦਰਾਂ ਵਿੱਚ 4504 ਵਿਦਿਆਰਥੀਆਂ ਨੇ ਦਿੱਤਾ ਅੰਗਰੇਜ਼ੀ ਦਾ ਪੇਪਰ



ਬਰਨਾਲਾ, 18 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਈਆਂ ਜਾ ਰਹੀਆਂ ਅੱਠਵੀਂ ਜਮਾਤ ਦੀਆਂ ਪ੍ਰੀਖਿਆਵਾਂ ਤਹਿਤ ਅੰਗਰੇਜ਼ੀ ਦਾ ਪੇਪਰ ਸ਼ਾਂਤੀਪੂਰਵਕ ਅਤੇ ਸੁਚੱਜੇ ਢੰਗ ਨਾਲ ਸੰਪੰਨ ਹੋਇਆ। ਜ਼ਿਲ੍ਹੇ ਵਿੱਚ ਬਣਾਏ ਗਏ 47 ਪ੍ਰੀਖਿਆ ਕੇਂਦਰਾਂ ਵਿੱਚ ਕੁੱਲ 4504 ਵਿਦਿਆਰਥੀਆਂ ਨੇ ਪੇਪਰ ਦਿੱਤਾ। ਪ੍ਰੀਖਿਆ ਦੌਰਾਨ ਪ੍ਰੀਖਿਆ ਕੇਂਦਰਾਂ 'ਤੇ ਨਕਲ-ਰਹਿਤ ਅਤੇ ਪਾਰਦਰਸ਼ੀ ਪ੍ਰਬੰਧ ਯਕੀਨੀ ਬਣਾਇਆ ਗਿਆ। ਸਿੱਖਿਆ ਵਿਭਾਗ ਵੱਲੋਂ ਜਾਰੀ ਕੀਤੀਆਂ ਗਈਆਂ ਸਾਰੀਆਂ ਹਦਾਇਤਾਂ ਦਾ ਪੂਰੀ ਤਰ੍ਹਾਂ ਪਾਲਣ ਕੀਤਾ ਗਿਆ ਅਤੇ ਕਿਸੇ ਵੀ ਕੇਂਦਰ ਤੋਂ ਕੋਈ ਅਣਚਾਹੀ ਘਟਨਾ ਸਾਹਮਣੇ ਨਹੀਂ ਆਈ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਸੁਨੀਤਿੰਦਰ ਸਿੰਘ ਨੇ ਕਿਹਾ ਕਿ ਪ੍ਰੀਖਿਆਵਾਂ ਨੂੰ ਨਕਲ-ਰਹਿਤ ਅਤੇ ਅਨੁਸ਼ਾਸਿਤ ਢੰਗ ਨਾਲ ਕਰਵਾਉਣਾ ਵਿਭਾਗ ਦੀ ਪਹਿਲੀ ਤਰਜੀਹ ਹੈ। ਅੱਜ ਦਾ ਪੇਪਰ ਪੂਰੀ ਤਰ੍ਹਾਂ ਸੁਚੱਜੇ ਪ੍ਰਬੰਧਾਂ ਹੇਠ ਸ਼ਾਂਤੀ ਨਾਲ ਸੰਪੰਨ ਹੋਇਆ ਹੈ। ਸਾਰੇ ਕੇਂਦਰਾਂ 'ਤੇ ਸਖ਼ਤ ਨਿਗਰਾਨੀ ਰੱਖੀ ਗਈ। ਡਿਪਟੀ ਡੀਈਓ (ਡਾ) ਬਰਜਿੰਦਰ ਪਾਲ ਸਿੰਘ ਨੇ ਦੱਸਿਆ ਕਿ ਪ੍ਰੀਖਿਆ ਪ੍ਰਬੰਧਾਂ ਦੀ ਨਿਗਰਾਨੀ ਲਈ ਵਿਭਾਗ ਵੱਲੋਂ 6 ਫਲਾਇੰਗ ਟੀਮਾਂ ਦਾ ਗਠਨ ਕੀਤਾ ਗਿਆ ਸੀ, ਜਿਨ੍ਹਾਂ ਵੱਲੋਂ ਵੱਖ-ਵੱਖ ਕੇਂਦਰਾਂ 'ਤੇ ਅਚਨਚੇਤ ਚੈਕਿੰਗ ਕਰਕੇ ਪ੍ਰੀਖਿਆ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਗਈ ਹੈ ਅਤੇ ਹਰ ਕੇਂਦਰ 'ਤੇ ਨਿਗਰਾਨੀ ਲਈ ਟੀਮਾਂ ਤਾਇਨਾਤ ਰਹੀਆਂ। ਕਿਸੇ ਵੀ ਕੇਂਦਰ 'ਤੇ ਨਕਲ ਦੀ ਕੋਈ ਸ਼ਿਕਾਇਤ ਨਹੀਂ ਮਿਲੀ। ਜ਼ਿਲ੍ਹਾ ਪਪ੍ਰਸ਼ਾਸਨ ਵੱਲੋਂ ਪਹਿਲਾਂ ਹੀ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਭੀੜ ਨਾ ਹੋਣ ਅਤੇ ਵਿਦਿਆਰਥੀਆਂ ਨੂੰ ਸੁਚੱਜਾ ਮਾਹੌਲ ਮਿਲਣ ਲਈ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ, ਜਿਨ੍ਹਾਂ ਦਾ ਪੂਰੀ ਤਰ੍ਹਾਂ ਪਾਲਣ ਕੀਤਾ ਗਿਆ।

# ਸੀ-ਪਾਈਟ ਕੈਂਪ ਬੋੜ੍ਹਾਵਾਲ ਵੱਲੋਂ ਆਰਮੀ ਅਗਨੀਵੀਰ ਭਰਤੀ ਦੇ ਲਿਖਤੀ ਪੇਪਰ ਲਈ ਮੁਫ਼ਤ ਸਿਖ਼ਲਾਈ

ਬਰਨਾਲਾ, 18 ਫਰਵਰੀ (ਚਮਕੌਰ ਸਿੰਘ ਗੱਗੀ) : ਪੰਜਾਬ ਸਰਕਾਰ ਦੇ ਰੋਜ਼ਗਾਰ ਉਤਪਤੀ ਤੇ ਟ੍ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ ਪਿੰਡ ਬੋੜ੍ਹਾਵਾਲ (ਭੀਖੀ - ਬੁਢਲਾਡਾ ਰੋਡ) ਵੱਲੋਂ ਮਾਨਸਾ, ਬਰਨਾਲਾ ਤੇ ਸੰਗਰੂਰ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਏ.ਆਰ.ਓ ਪਟਿਆਲਾ ਦੀ ਆਰਮੀ ਅਗਨੀਵੀਰ ਭਰਤੀ ਦੇ ਲਿਖਤੀ ਪੇਪਰ ਲਈ ਮੁਫਤ ਪੂਰਵ ਸਿਖਲਾਈ ਕੈਂਪ ਸ਼ੁਰੂ ਕੀਤਾ ਜਾ ਚੁੱਕਾ ਹੈ। ਇਹ ਜਾਣਕਾਰੀ ਦਿੰਦਿਆਂ ਆਨਰੇਰੀ ਸੂਬੇਦਾਰ ਮੇਜਰ ਯਾਦਵਿੰਦਰ ਸਿੰਘ, ਸਿਖਲਾਈ ਅਧਿਕਾਰੀ, ਸੀ-ਪਾਈਟ ਕੈਂਪ ਬੋੜ੍ਹਾਵਾਲ (ਮਾਨਸਾ) ਨੇ ਦੱਸਿਆ ਕਿ ਏ.ਆਰ.ਓ. ਪਟਿਆਲਾ ਦੀ ਆਰਮੀ ਅਗਨੀਵੀਰ ਭਰਤੀ ਲਈ ਆਨ-ਲਾਈਨ ਅਪਲਾਈ ਮਿਤੀ 13 ਫਰਵਰੀ 2026 ਤੋਂ 01 ਅਪ੍ਰੈਲ 2026 ਤੱਕ ਕੀਤਾ ਜਾ ਸਕਦਾ ਹੈ। ਭਰਤੀ ਹੋਣ ਦੇ ਚਾਹਵਾਨ ਯੁਵਕਾਂ ਨੂੰ ਦੱਸਿਆ ਜਾਂਦਾ ਹੈ ਕਿ www.joinindianarmy.nic.in ਵੈੱਬ ਸਾਈਟ 'ਤੇ ਮਿਤੀ 01 ਅਪ੍ਰੈਲ 2026 ਤੱਕ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ। ਆਨ-ਲਾਈਨ ਅਪਲਾਈ ਕਰਨ ਉਪਰੰਤ ਮਾਨਸਾ, ਬਰਨਾਲਾ ਤੇ ਸੰਗਰੂਰ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਸੀ-ਪਾਈਟ ਕੈਂਪ ਪਿੰਡ ਬੋੜ੍ਹਾਵਾਲ (ਭੀਖੀ - ਬੁਢਲਾਡਾ ਰੋਡ) ਵਿਖੇ ਆ ਕੇ ਲਿਖਤੀ ਪੇਪਰ ਦੀ ਮੁਫਤ ਤਿਆਰੀ ਕਰਨ। ਲਿਖਤੀ ਪੇਪਰ ਦੀ ਤਿਆਰੀ ਤਜਰਬੇਕਾਰ ਅਧਿਆਪਕਾਂ ਵੱਲੋਂ ਕਰਵਾਈ ਜਾਂਦੀ ਹੈ। ਉਕਤ ਜ਼ਿਲ੍ਹਿਆਂ ਦੇ ਪੂਰਵ ਸਿਖਲਾਈ ਲੈਣ ਦੇ ਚਾਹਵਾਨ ਯੁਵਕ ਮਿਤੀ 19, ਫਰਵਰੀ 2026 ਤੋਂ ਕਿਸੇ ਵੀ ਦਿਨ ਸਵੇਰੇ 09:00 ਵਜੇ ਨਿੱਜੀ ਤੌਰ 'ਤੇ ਸੀ-ਪਾਈਟ ਕੈਂਪ, ਪਿੰਡ ਬੋੜ੍ਹਾਵਾਲ ਜ਼ਿਲ੍ਹਾ ਮਾਨਸਾ ਵਿਖੇ ਦਸਤਾਵੇਜ਼ ਸਮੇਤ ਪਹੁੰਚ ਕੇ ਲਿਖਤੀ ਪੇਪਰ ਦੀ ਮੁਫਤ ਤਿਆਰੀ ਲਈ ਰਜਿਸਟ੍ਰੇਸ਼ਨ ਕਰਵਾ ਕੇ ਟ੍ਰੇਨਿੰਗ ਸ਼ੁਰੂ ਕਰ ਸਕਦੇ ਹਨ ਜਿਨ੍ਹਾਂ ਵਿਚ ਦਸਵੀ ਦੇ ਸਰਟੀਫਿਕੇਟ ਦੀ ਫੋਟੋ ਕਾਪੀ, ਭਰਤੀ ਲਈ ਆਨ-ਲਾਈਨ ਅਪਲਾਈ ਕੀਤੇ ਫਾਰਮ ਦੀ ਫੋਟੋਕਾਪੀ, ਅਧਾਰ ਕਾਰਡ ਦੀ ਫੋਟੋ ਕਾਪੀ, ਜਾਤੀ ਸਰਟੀਫਿਕੇਟ ਅਤੇ ਰੈਜੀਡੈਂਸੀ ਸਰਟੀਫਿਕੇਟ ਦੀ ਫੋਟੋ ਕਾਪੀ, 2 ਤਾਜ਼ਾ ਪਾਸਪੋਰਟ ਸਾਈਜ਼ ਫੋਟੋ ਚਾਹੀਦੀ ਹੈ। ਸਿਖਲਾਈ ਦੌਰਾਨ ਨੌਜਵਾਨਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖਾਣਾ ਅਤੇ ਰਿਹਾਇਸ਼ ਮੁਫਤ ਦਿੱਤੀ ਜਾਵੇਗੀ। ਵਧੇਰੇ ਜਾਣਕਾਰੀ ਲਈ 98148-50214, 98760-11130 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਨਿਊ ਇੰਡੀਆ ਲਿਟਰੇਸੀ ਪ੍ਰੋਗਰਾਮ ਤਹਿਤ ਵਰਕਸ਼ਾਪ ਕਰਵਾਈ



ਬਰਨਾਲਾ, 18 ਫਰਵਰੀ (ਬਘੇਲ ਸਿੰਘ ਧਾਲੀਵਾਲ) : ਨਿਊ ਇੰਡੀਆ ਲਿਟਰੇਸੀ ਪ੍ਰੋਗਰਾਮ (NILP) ਤਹਿਤ ਤਰਕਸ਼ੀਲ ਭਵਨ ਬਰਨਾਲਾ ਵਿਖੇ ਡਾਇਟ ਪ੍ਰਿੰਸੀਪਲ ਡਾ. ਮੁਨੀਸ਼ ਮੋਹਨ ਸ਼ਰਮਾ ਦੀ ਅਗਵਾਈ ਹੇਠ ਇਕ ਰੋਜ਼ਾ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਵਿੱਚ ਲਗਭਗ 300 ਨੋਡਲ ਨਿਲਪ ਇੰਚਾਰਜ ਅਤੇ ਅਧਿਆਪਕ ਹਾਜ਼ਰ ਰਹੇ। ਪ੍ਰਿੰਸੀਪਲ ਮੁਨੀਸ਼ ਮੋਹਨ ਸ਼ਰਮਾ ਵੱਲੋਂ ਨਿਊਜ਼ਲੈਟਰ/ਖ਼ਬਰਨਾਮਾ ਵੀ ਜਾਰੀ ਕੀਤਾ ਗਿਆ।

ਇਸ ਮੌਕੇ ਡਾਇਟ ਪ੍ਰਿੰਸੀਪਲ ਮੁਨੀਸ਼ ਮੋਹਨ ਸ਼ਰਮਾ, ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ ਸਿੱਖਿਆ)ਸੁਨੀਤਿੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ ਸਿੱਖਿਆ) ਮੈਡਮ ਇੰਦੂ ਸਿਮਕ ਅਤੇ ਡਿਪਟੀ ਡੀਈਓ ਡਾ. ਬਰਜਿੰਦਰਪਾਲ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਨਿਊ ਇੰਡੀਆ ਲਿਟਰੇਸੀ ਪ੍ਰੋਗਰਾਮ ਦਾ ਮੁੱਖ ਮਕਸਦ ਕੇਵਲ ਪੜ੍ਹਨਾ-ਲਿਖਣਾ ਹੀ ਨਹੀਂ, ਬਲਕਿ ਸਮਾਜ ਦੇ ਹਰ ਵਰਗ ਨੂੰ ਸਿੱਖਿਆ ਨਾਲ ਜੋੜ ਕੇ ਉਨ੍ਹਾਂ ਨੂੰ ਸਵੈ-ਨਿਰਭਰ ਬਣਾਉਣਾ ਹੈ। ਇਹ ਪ੍ਰੋਗਰਾਮ ਦੇਸ਼ ਦੀ ਤਰੱਕੀ ਵੱਲ ਇਕ ਮਹੱਤਵਪੂਰਨ ਕਦਮ ਹੈ। ਇਸ ਪ੍ਰੋਗਰਾਮ ਦੀ ਸਫਲਤਾ ਲਈ ਅਧਿਆਪਕਾਂ ਅਤੇ ਨੋਡਲ ਇੰਚਾਰਜਾਂ ਦੀ ਭੂਮਿਕਾ ਬਹੁਤ ਅਹਿਮ ਹੈ ਕਿਉਂਕਿ ਇਹੀ ਲੋਕ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਪ੍ਰੇਰਿਤ ਕਰਕੇ ਸਿੱਖਿਆ ਨਾਲ ਜੋੜਨ ਵਿੱਚ ਸਹਾਇਤਾ ਕਰਦੇ ਹਨ। ਸਿੱਖਿਆ ਅਧਿਕਾਰੀਆਂ ਵੱਲੋਂ ਇਲੈਕਸ਼ਨ ਸੈੱਲ ਬਰਨਾਲਾ ਦੇ ਇੰਚਾਰਜ ਮੁਨੀਸ਼ ਕੁਮਾਰ ਸ਼ਰਮਾ ਅਤੇ ਕਲਰਕ ਪ੍ਰਦੀਪ ਕੁਮਾਰ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਬੀਪੀਈਓ ਸ਼ਹਿਣਾ ਹਰਿੰਦਰ ਬਰਾੜ, ਬੀਪੀਈਓ ਗੁਰਦੀਪ ਸਿੰਘ, ਪ੍ਰੋਗਰਾਮ ਪ੍ਰਬੰਧਕ ਡੀਆਰਸੀ ਕਮਲਦੀਪ ਅਤੇ ਕੁਲਦੀਪ ਭੁੱਲਰ, ਲੈਕਚਰਾਰ ਬਲਵਿੰਦਰ ਸਿੰਘ, ਸਟੇਜ ਸੰਚਾਲਕ ਰਸ਼ਮੀ, ਅਮਨਿੰਦਰ ਸਿੰਘ ਕੁਠਾਲਾ, ਮੀਡੀਆ ਕੋਆਰਡੀਨੇਟਰ ਹਰਵਿੰਦਰ ਰੋਮੀ, ਡੀਐਮ ਆਈਸੀਟੀ ਮਹਿੰਦਰਪਾਲ, ਸੀਐਚਟੀ ਹਰਪ੍ਰੀਤ ਸਿੰਘ, ਤੇਜਿੰਦਰ ਸ਼ਰਮਾ, ਸਤੀਸ਼ ਜੈਦਕਾ, ਸੁਖਪਾਲ ਢਿੱਲੋਂ, ਗੁਰਸੇਵਕ ਸਿੰਘ, ਰਜਿੰਦਰ ਕੁਮਾਰ, ਸੂਰਿਆ ਕੁਮਾਰ, ਮਲਕੀਤ ਸਿੰਘ, ਸ਼ਿਵਮ ਮਿੱਤਲ, ਅਮ੍ਰਿਤਪਾਲ ਕੌਰ ਅਤੇ ਰਜਿਸਟਰੇਸ਼ਨ ਟੀਮ ਦੇ ਮੈਂਬਰ ਹਾਜ਼ਰ ਰਹੇ।

# ਗੁਰੂ ਨਾਨਕ ਕਾਲਜ ਬੁਢਲਾਡਾ ਵੱਲੋਂ ਕਰਵਾਇਆ ਕ੍ਰਿਕਟ ਟੂਰਨਾਮੈਂਟ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਸੰਪੰਨ



ਬੁਢਲਾਡਾ, 18 ਫਰਵਰੀ (ਜੀਵਨ ਕੁਮਾਰ) : ਉੱਤਰੀ ਭਾਰਤ ਦੀ ਸਿਰਮੌਰ ਅਤੇ ਆਟੋਨੋਮਸ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਦੇ ਸਰੀਰਕ ਸਿੱਖਿਆ ਵਿਭਾਗ ਵੱਲੋਂ ਕਰਵਾਇਆ ਗਿਆ ਕ੍ਰਿਕਟ ਟੂਰਨਾਮੈਂਟ ਬਹੁਤ ਹੀ ਉਤਸ਼ਾਹ, ਅਨੁਸ਼ਾਸਨ ਅਤੇ ਖੇਡ ਭਾਵਨਾ ਨਾਲ ਸੰਪੰਨ ਹੋਇਆ। ਇਸ ਟੂਰਨਾਮੈਂਟ ਵਿੱਚ ਵੱਖ-ਵੱਖ ਵਿਭਾਗਾਂ ਦੀਆਂ 10 ਟੀਮਾਂ ਨੇ ਭਾਗ ਲੈ ਕੇ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਟੂਰਨਾਮੈਂਟ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਖੇਡਾਂ ਪ੍ਰਤੀ ਰੁਚੀ ਵਧਾਉਣਾ, ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਅਤੇ ਅਨੁਸ਼ਾਸਨ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਅੱਜ ਵਿਦਿਆਰਥੀਆਂ ਨੂੰ ਖੇਡ ਭਾਵਨਾ, ਟੀਮ ਭਾਵਨਾ, ਤੰਦਰੁਸਤੀ, ਨਸ਼ਾ ਮੁਕਤ ਅਤੇ ਸਵੈ ਵਿਸ਼ਵਾਸ਼ ਨਾਲ ਭਰ ਕੇ ਉਨ੍ਹਾਂ ਨੂੰ ਤੰਦਰੁਸਤ ਦੇ ਰਾਹ ਤੋਰਨਾ ਹੀ ਵੱਡੀ ਪ੍ਰਾਪਤੀ ਹੈ।

ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ ਰਮਨਦੀਪ ਸਿੰਘ ਨੇ ਦੱਸਿਆ ਕਿ ਇਸ ਵਿੱਚ ਵੱਖ ਵੱਖ ਵਿਭਾਗਾਂ ਦੀਆਂ 10 ਟੀਮਾਂ ਨੇ ਭਾਗ ਲਿਆ। ਉਨ੍ਹਾਂ ਦੱਸਿਆ ਕਿ ਫਾਈਨਲ ਵਿੱਚ ਐਲੀਟ ਇਲੈਵਨ ਨੇ ਬਾਬਾ ਬੰਦਾ ਸਿੰਘ ਬਹਾਦਰ ਟੀਮ ਨੂੰ ਹਰਾ ਕੇ ਜੇਤੂ ਬਣਨ ਦਾ ਮਾਣ ਹਾਸਲ ਕੀਤਾ ਅਤੇ ਤੀਜਾ ਸਥਾਨ ਸੁਪੇਨ ਇਲੈਵਨ ਅਤੇ ਚੌਥੇ ਸਥਾਨ ਤੇ ਸਾਇੰਸ ਵਿਭਾਗ ਦੀ ਟੀਮ ਰਹੀ ਹੈ।

ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਮੁਖੀ ਅਤੇ ਅਧਿਆਪਕ ਸਾਹਿਬਾਨ ਹਾਜ਼ਰ ਸਨ। ਇਹ ਟੂਰਨਾਮੈਂਟ ਦਾ ਸ਼ਾਨਦਾਰ ਸੰਪੰਨ ਡਾ. ਗੁਰਪ੍ਰੀਤ ਕੌਰ, ਇੰਸਟ੍ਰਕਟਰ ਗੁਰਮੁੱਖ ਸਿੰਘ ਅਤੇ ਗ੍ਰਾਊਂਡ ਮੈਨ ਸੁਖਵਿੰਦਰ ਸਿੰਘ ਦੀ ਮਿਹਨਤ ਅਤੇ ਖੇਡ ਭਾਵਨਾ ਦਾ ਨਤੀਜਾ ਹੈ।

# ਸ਼ਹਿਰ ਕੂੜੇ ਦੇ ਢੇਰ 'ਤੇ, ਲੋਕ ਸੰਘਰਸ਼ ਕਰਨ ਲਈ ਮਜਬੂਰ



ਬੁਢਲਾਡਾ, 18 ਫਰਵਰੀ (ਜੀਵਨ ਕੁਮਾਰ) : ਸਥਾਨਕ ਸ਼ਹਿਰ ਅੰਦਰ ਹਰ ਗਲੀ ਮੁਹੱਲੇ ਵਿੱਚ 5-10 ਫੁੱਟ ਤੱਕ ਗੰਦਗੀ ਦੇ ਢੇਰ ਲੋਕਾਂ ਦਾ ਮੂੰਹ ਚਿੜਾ ਰਹੇ ਹਨ। ਬਦਬੂਦਾਰ ਮਾਹੌਲ ਵਿੱਚ ਲੋਕਾਂ ਦਾ ਜਿਉਣਾ ਦੂਭਰ ਹੋਇਆ ਪਿਆ ਹੈ। ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਨਜ਼ਰ ਆ ਰਿਹਾ ਹੈ। ਕਿਸੇ ਵੀ ਅਧਿਕਾਰੀ ਨੇ ਕੂੜੇ ਦੇ ਲਈ ਕੋਈ ਯੋਗ ਉਪਰਾਲਾ ਕਰਨਾ ਠੀਕ ਨਹੀਂ ਸਮਝਿਆ। ਅਬਾਦੀ ਵਿੱਚਕਾਰ ਕੂੜੇ ਦੇ ਡੰਪ ਨੂੰ ਬੰਦ ਕਰਵਾਉਣ ਲਈ ਚੱਲ ਰਹੇ ਸੰਘਰਸ਼ ਤੋਂ ਬਾਅਦ ਕੂੜੇ ਦਾ ਯੋਗ ਪ੍ਰਬੰਧ ਨਾ ਹੋਣ ਕਾਰਨ ਸ਼ਹਿਰ ਕੂੜੇ ਦੇ ਢੇਰਾਂ 'ਤੇ ਆ ਚੁੱਕਿਆ ਹੈ। ਸ਼ਹਿਰ ਦੇ ਵੱਖ-ਵੱਖ ਮੁਹੱਲਿਆਂ ਵਿੱਚ ਕੀਤੇ ਸਰਵੇਖਣ ਤੋਂ ਬਾਅਦ 20-50 ਢੇਰ ਜਿਨ੍ਹਾਂ ਦੀ ਉਚਾਈ 5-10 ਫੁੱਟ ਤੱਕ ਬਣੀ ਹੋਈ ਹੈ। ਜਿੱਥੇ ਆਵਾਰਾ ਪਸ਼ੂ ਕੂੜੇ ਨੂੰ ਕੱਖਰ ਪੱਖਰ ਕਰਦੇ ਨਜ਼ਰ ਆਉਂਦੇ ਹਨ। ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ ਨੂੰ ਪ੍ਰਸ਼ਾਸਨ ਨੂੰ ਹੱਲ ਲਈ ਦੁਹਾਈ ਤੱਕ ਪਾ ਚੁੱਕੇ ਹਨ ਪਰ ਹੱਲ ਨਿਕਲਦਾ ਨਜਰ ਨਹੀ ਆ ਰਿਹਾ। ਕੌਂਸਲਰ ਨਰੇਸ਼ ਕੁਮਾਰ ਦਾ ਕਹਿਣਾ ਹੈ ਕਿ ਜੇਕਰ ਕੂੜੇ ਦਾ ਹੱਲ ਨਾ ਹੋਇਆ ਤਾਂ ਸ਼ਹਿਰ ਵਾਸੀ ਕਿਸੇ ਭਿਆਨਕ ਬੀਮਾਰੀ ਦੀ ਚਪੇਟ ਵਿੱਚ ਆ ਸਕਦੇ ਹਨ। ਪੁਰਾਣਾ ਨਗਰ ਕੌਂਸਲ ਦੇ ਦਫਤਰ ਨਜਦੀਕ ਆਸ਼ੂ ਸਿੰਗਲਾ, ਪ੍ਰਸ਼ੋਤਮ ਸਿੰਗਲਾ ਦਾ ਕਹਿਣਾ ਹੈ ਕਿ ਉਨ੍ਹਾਂ ਦੇ ਘਰ ਹਰ ਸਮੇਂ ਬਦਬੂਦਾਰ ਮਾਹੌਲ ਹੈ ਅਤੇ ਘਰ ਤੋਂ 50 ਗਜ ਦੀ ਦੂਰੀ ਤੇ ਲੱਗੇ 10 ਫੁੱਟ ਉਚੇ ਕੂੜੇ ਦੇ ਢੇਰ ਕਾਰਨ ਮੱਖੀ ਮੱਛਰਾਂ ਨੇ ਪ੍ਰੇਸ਼ਾਨ ਕਰ ਰੱਖਿਆ ਹੈ। ਉਨਾ ਕਿਹਾ ਕਿ ਪ੍ਰਸ਼ਾਸ਼ਨ ਸਾਨੂੰ ਤਿੱਖੇ ਸੰਘਰਸ਼ ਲਈ ਮਜਬੂਰ ਨਾ ਕਰੇ। ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਤਰਜੀਤ ਸਿੰਘ ਚਹਿਲ ਦਾ ਕਹਿਣਾ ਹੈ ਕਿ ਸਰਕਾਰ ਦਾ ਸ਼ਹਿਰ ਗੰਭੀਰ ਨਹੀ ਹੈ, ਕਿਸੇ ਵੱਡੇ ਸੰਘਰਸ਼ ਜਾਂ ਹਾਦਸੇ ਦੀ ਉਡੀਕ ਕਰ ਰਹੀ ਹੈ। ਭਾਜਪਾ ਦੇ ਰਾਕੇਸ਼ ਜੈਨ ਕਹਿਣਾ ਹੈ ਕਿ ਸ਼ਹਿਰ ਦੇ ਲੋਕਾਂ ਨੂੰ ਨਰਕ ਦੀ ਜਿੰਦਗੀ ਜਿਉਣ ਲਈ ਮਜਬੂਰ ਕੀਤਾ ਜਾ ਰਿਹਾ ਹੈ ਜਿਸ ਦੀ ਜਿੰਮੇਵਾਰ ਸਰਕਾਰ ਹੈ।

# ਐੱਸ. ਡੀ. ਕਾਲਜ ਵਿੱਦਿਅਕ ਸੰਸਥਾਵਾਂ ਦੀਆਂ ਸਾਲਾਨਾ ਖੇਡਾਂ ਅੱਜ ਤੋਂ

ਬਰਨਾਲਾ, 18 ਫਰਵਰੀ (ਬਘੇਲ ਸਿੰਘ ਧਾਲੀਵਾਲ) : ਐੱਸ. ਡੀ. ਕਾਲਜ ਵਿੱਦਿਅਕ ਸੰਸਥਾਵਾਂ ਦੀ ਸਾਲਾਨਾ ਅਥਲੈਟਿਕ ਮੀਟ 19 ਅਤੇ 20 ਫਰਵਰੀ ਨੂੰ ਕਰਵਾਈ ਜਾ ਰਹੀ ਹੈ। ਸਰੀਰਕ ਸਿੱਖਿਆ ਅਧਿਆਪਕਾਂ ਡਾ. ਬਹਾਦਰ ਸਿੰਘ, ਪ੍ਰੋ. ਬਲਵਿੰਦਰ ਕੁਮਾਰ ਸ਼ਰਮਾ, ਪ੍ਰੋ. ਜਸਵਿੰਦਰ ਕੌਰ ਅਤੇ ਲੈਕ. ਗਗਨਦੀਪ ਕੌਰ ਨੇ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੰਸਥਾ ਦੀਆਂ 66ਵੀਆਂ ਸਾਲਾਨਾ ਖੇਡਾਂ ਦਾ ਰਸਮੀ ਉਦਘਾਟਨ ਮਾਣਯੋਗ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਕਰਨਗੇ ਜਦਕਿ ਸ੍ਰੀ ਨਵਦੀਪ ਗਿੱਲ, ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ ਅੰਤਿਮ ਦਿਨ ਇਨਾਮਾਂ ਦੀ ਵੰਡ ਕਰਨਗੇ। ਇਹਨਾਂ ਖੇਡਾਂ ਵਿਚ ਐੱਸ. ਡੀ. ਪੋਸਟ ਗ੍ਰੈਜੂਏਟ ਡਿਗਰੀ ਕਾਲਜ, ਐੱਸ. ਡੀ. ਕਾਲਜ ਆਫ਼ ਐਜੂਕੇਸ਼ਨ, ਐੱਸ. ਡੀ. ਕਾਲਜ ਆਫ਼ ਫ਼ਾਰਮੇਸੀ, ਐੱਸ. ਡੀ. ਕਾਲਜ ਆਫ਼ ਡੀ. ਫ਼ਾਰਮੇਸੀ (ਆਯੁਰਵੈਦਿਕ) ਅਤੇ ਡਾ. ਰਘੁਬੀਰ ਪ੍ਰਕਾਸ਼ ਐਸ. ਡੀ. ਸੀਨੀਅਰ ਸੈਕੰਡਰੀ ਸਕੂਲ ਦੇ ਲਗਭਗ 1000 ਵਿਦਿਆਰਥੀ ਵੱਖ-ਵੱਖ ਮੁਕਾਬਲਿਆਂ ਵਿਚ ਹਿੱਸਾ ਲੈਣਗੇ। ਇਸ ਅਥਲੈਟਿਕ ਮੀਟ ਵਿਚ ਵੱਖ-ਵੱਖ ਰੇਸਾਂ, ਡਿਸਕਸ ਥਰੋ, ਹੈਮਰ ਥਰੋ, ਉੱਚੀ ਛਾਲ, ਲੰਮੀ ਛਾਲ ਰੱਸਾਕਸ਼ੀ ਆਦਿ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਸੈਸ਼ਨ ਵਿਚ ਸਕੂਲ, ਕਾਲਜ, ਜ਼ਿਲ੍ਹਾ, ਯੂਨੀਵਰਸਿਟੀ, ਅੰਤਰ-ਯੂਨੀਵਰਸਿਟੀ, ਰਾਜ ਪੱਧਰ @ਤੇ ਪ੍ਰਤੀਨਿਧਤਾ ਕਰਨ ਵਾਲੇ ਸੰਸਥਾ ਦੇ ਖਿਡਾਰੀਆਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ। ਇਹਨਾਂ ਦੋ ਦਿਨਾਂ ਦੌਰਾਨ ਕਾਲਜ ਵਿਦਿਆਰਥੀਆਂ ਦੁਆਰਾ ਲੋਕ ਨਾਚ ਝੂੰਮਰ ਪੇਸ਼ ਕਰਨਗੇ।

# ਐੱਮ.ਟੀ.ਐੱਸ. ਬਰਨਾਲਾ ਵਿੱਚ ਕਾਗਨੀਟਿਵ ਕੋਸਮੋਸ ਨੇ ਨੰਨ੍ਹੇ ਮਨਾਂ ਨੂੰ ਦਿੱਤਾ ਨਵਾਂ ਆਕਾਸ਼




ਬਰਨਾਲਾ, 18 ਫਰਵਰੀ (ਇਸ਼ੇਨ ਕੰਗ) : ਐੱਮ .ਟੀ. ਐੱਸ. ਬਰਨਾਲਾ ਵਿੱਚ ਪਲੇ ਸਕੂਲ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਲਈ 'ਕਾਗਨੀਟਿਵ ਕੋਸਮੋਸ' ਅਧਾਰਤ ਕਲਾਸਰੂਮ ਗਤੀਵਿਧੀਆਂ ਬਹੁਤ ਹੀ ਉਤਸ਼ਾਹ ਅਤੇ ਰੁਚੀ ਨਾਲ ਆਯੋਜਿਤ ਕੀਤੀਆਂ ਗਈਆਂ। ਇਸ ਪ੍ਰੋਗਰਾਮ ਦਾ ਮਕਸਦ ਬੱਚਿਆਂ ਦੀ ਸੋਚਣ ਦੀ ਸਮਰੱਥਾ, ਯਾਦਸ਼ਕਤੀ, ਕਲਪਨਾ ਅਤੇ ਤਰਕਸ਼ੀਲ ਵਿਕਾਸ ਨੂੰ ਮਜ਼ਬੂਤ ਕਰਨਾ ਸੀ। ਕਲਾਸਾਂ ਵਿੱਚ ਪਹੇਲੀਆਂ, ਕਹਾਣੀ ਕਥਨ, ਨੰਬਰ ਖੇਡਾਂ ਅਤੇ ਦ੍ਰਿਸ਼ਟੀ ਅਭਿਆਸ ਰਾਹੀਂ ਸਿੱਖਣ ਨੂੰ ਰੁਚਿਕਰ ਬਣਾਇਆ ਗਿਆ। ਅਧਿਆਪਕਾਂ ਨੇ ਬੱਚਿਆਂ ਨੂੰ ਪੂਰੀ ਰਹਿਨੁਮਾਈ ਦੇ ਕੇ ਸਿੱਖਿਆ ਨੂੰ ਖੁਸ਼ੀਦਾਇਕ ਬਣਾਇਆ। ਵਿਦਿਆਰਥੀਆਂ ਨੇ ਭਰਪੂਰ ਉਤਸ਼ਾਹ, ਆਤਮ-ਵਿਸ਼ਵਾਸ ਅਤੇ ਸਾਂਝੇਦਾਰੀ ਦਾ ਪ੍ਰਦਰਸ਼ਨ ਕੀਤਾ। ਇਹ ਗਤੀਵਿਧੀ ਸਕੂਲ ਦੀ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਸਰਕਾਰੀ ਉਦਯੋਗਿਕ ਸਿਖ਼ਲਾਈ ਸੰਸਥਾ 'ਚ ਪਲੇਸਮੈਂਟ ਕੈਂਪ ਭਲਕੇ

ਬਰਨਾਲਾ, 18 ਫਰਵਰੀ (ਹਮੀਰ ਸਿੰਘ) : ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ, ਧਨੌਲਾ ਰੋਡ ਬਰਨਾਲਾ ਵਿੱਚ 20 ਫਰਵਰੀ ਨੂੰ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ।

ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਬਰਨਾਲਾ ਦੇ ਪ੍ਰਿੰਸੀਪਲ ਸ੍ਰੀ ਪਰਗਟ ਰਾਮ ਵਲੋਂ ਦੱਸਿਆ ਗਿਆ ਕਿ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ, ਧਨੌਲਾ ਰੋਡ ਬਰਨਾਲਾ ਵਿਖੇ 20 ਫਰਵਰੀ 2026 ਨੂੰ ਇਨਵੈਨਟਿਵ ਸਾਫਟਵੇਅਰ ਸੋਲਿਊਸ਼ਨ ਪ੍ਰਾਇਵੇਟ ਲਿਮਿਟੇਡ ਵੱਲੋਂ ਡਵੀਜ਼ਨ ਇੰਚਾਰਜ ਅਤੇ ਕਿਊ.ਸੀ. ਫੀਲਡ ਆਡੀਟਰ ਦੀ ਅਸਾਮੀ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਘੱਟੋ ਘੱਟ ਯੋਗਤਾ, ਆਈ.ਟੀ.ਆਈ.- ਇਲੈਕਟ੍ਰੀਕਲ, ਵਾਇਰਮੈਨ ਅਤੇ ਇਲੈਕਟ੍ਰਾਨਿਕਸ ਟਰੇਡ ਦੇ ਪਾਸ ਆਊਟ ਸਿਖਿਆਰਥੀ ਹਿੱਸਾ ਲੈ ਸਕਦੇ ਹਨ, ਜਿਨ੍ਹਾਂ ਦੀ ਉਮਰ ਸੀਮਾ 18 ਤੋਂ 35 ਸਾਲ ਤੱਕ ਹੋਣੀ ਚਾਹੀਦੀ ਹੈ ਅਤੇ ਪ੍ਰਾਰਥੀ ਸਰੀਰਕ ਤੌਰ 'ਤੇ ਫਿੱਟ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਹਿੱਸਾ ਲੈਣ ਵਾਲੇ ਪ੍ਰਾਰਥੀਆਂ ਕੋਲ ਆਪਣਾ ਦੋ ਪਹੀਆ ਵਾਹਨ ਅਤੇ ਡ੍ਰਾਇਵਿੰਗ ਲਾਇਸੰਸ ਹੋਣਾ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਪ੍ਰਾਰਥੀ ਯੋਗਤਾ ਸਰਟੀਫਿਕੇਟ ਅਤੇ ਵੇਰਵਾ ਲੈ ਕੇ ਕੈਂਪ ਵਾਲੇ ਦਿਨ ਸਵੇਰੇ 10 ਵਜੇ ਪਹੁੰਚਣ।

# ਵਾਈ.ਐੱਸ. ਕਾਲਜ ਵਿਚ ਮੂਰਤੀ ਕਲਾ ਵਰਕਸ਼ਾਪ ਦੀ ਸਮੀਖਿਆ ਸੈਸ਼ਨ ਨੇ ਕਲਾਤਮਕ ਮਹਾਨਤਾ ਅਤੇ ਨਵੀਨਤਾ ਨੂੰ ਉਜਾਗਰ ਕੀਤਾ



ਬਰਨਾਲਾ, 18 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਵਾਈ.ਐੱਸ ਕਾਲਜ ਨੇ ਇੱਕ ਵਾਰ ਫਿਰ ਆਪਣੇ ਅਕਾਦਮਿਕ ਅਤੇ ਰਚਨਾਤਮਕ ਮਹਾਨਤਾ ਲਈ ਆਪਣੀ ਮਹੱਤਤਾ ਦਰਸਾਈ ਹੈ ਅਤੇ ਇਸਨੂੰ 'ਸਾਲ ਦਾ ਸਭ ਤੋਂ ਉਭਰਦਾ ਸੰਸਥਾਨ' ਦੇ ਖਿਤਾਬ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਕਾਲਜ ਦੀ ਸਥਾਈ ਕੋਸ਼ਿਸ਼ ਨੂੰ ਦਰਸਾਉਂਦਾ ਹੈ, ਜੋ ਵਿਦਿਆਰਥੀਆਂ ਵਿਚ ਹੁਨਰ, ਨਵੀਨਤਾ ਅਤੇ ਸੰਪੂਰਨ ਵਿਕਾਸ ਨੂੰ ਉਭਾਰਨ 'ਤੇ ਕੇਂਦਰਿਤ ਹੈ। ਸੰਸਥਾ ਅਕਾਦਮਿਕ ਅਤੇ ਅਤਿ-ਪਾਠਕ੍ਰਿਆ ਗਤੀਵਿਧੀਆਂ ਦੋਹਾਂ ਵਿਚ ਮਿਸਾਲ ਬਣੀ ਰਹਿੰਦੀ ਹੈ। ਕਲਾਤਮਕਤਾ ਨੂੰ ਉਭਾਰਨ ਦੀ ਆਪਣੀ ਦ੍ਰਿੜ੍ਹਤਾ ਦੇ ਤਹਿਤ, 18 ਫਰਵਰੀ ਨੂੰ ਵਾਈ ਐੱਸ ਕਾਲਜ ਨੇ ਮੂਰਤੀ ਕਲਾ ਵਰਕਸ਼ਾਪ ਲਈ ਸਮੀਖਿਆ ਸੈਸ਼ਨ ਕਰਵਾਇਆ। ਇਸ ਸੈਸ਼ਨ ਦਾ ਮਕਸਦ ਭਾਗੀਦਾਰਾਂ ਦੀ ਕਲਾਤਮਕ ਯਾਤਰਾ ਨੂੰ ਸਮਝਣਾ ਅਤੇ ਪ੍ਰਸ਼ੰਸਾ ਕਰਨੀ ਸੀ, ਅਤੇ ਵਰਕਸ਼ਾਪ ਦੇ ਰੂਪ ਬਦਲਣ ਵਾਲੇ ਪ੍ਰਭਾਵ ਨੂੰ ਦਰਸਾਉਣਾ ਸੀ। ਵਿਦਿਆਰਥੀਆਂ ਨੂੰ ਮੂਰਤੀ ਕਲਾ ਦੇ ਮੁਢਲੇ ਸਿਧਾਂਤਾਂ - ਰੂਪ, ਅਨੁਪਾਤ, ਸੰਤੁਲਨ, ਬਣਤਰ ਅਤੇ ਤਿੰਨ-ਆਯਾਮੀ ਪ੍ਰਗਟਾਵੇ - ਨੂੰ ਦੁਬਾਰਾ ਸਮਝਣ ਦਾ ਮੌਕਾ ਮਿਲਿਆ। ਸੈਸ਼ਨ ਦਾ ਆਗੂ ਕਲਾਵਿਦ ਕੁਲਵੰਤ ਸਿੰਘ ਗਹਿਲ ਨੇ ਕੀਤਾ, ਜਿਨ੍ਹਾਂ ਵਿਦਿਆਰਥੀਆਂ ਨੂੰ ਮਹੱਤਵਪੂਰਨ ਮਾਰਗਦਰਸ਼ਨ ਅਤੇ ਫੀਡਬੈਕ ਦਿੱਤਾ, ਜਿਸ ਨਾਲ ਹਰ ਵਿਦਿਆਰਥੀ ਦੀ ਕਲਾਤਮਕ ਤਰੱਕੀ ਨੂੰ ਸਵੀਕਾਰਿਆ ਅਤੇ ਮਨਾਇਆ ਗਿਆ। ਇਹ ਸੈਸ਼ਨ ਸਿੱਖਣ ਅਤੇ ਪ੍ਰੇਰਨਾ ਦਾ ਮਚ ਬਣਿਆ, ਜਿਸ ਨਾਲ ਵਿਦਿਆਰਥੀਆਂ ਨੂੰ ਆਪਣੀਆਂ ਯੋਗਤਾਵਾਂ 'ਤੇ ਭਰੋਸਾ ਹੋਇਆ ਅਤੇ ਉਹ ਮੂਰਤੀ ਕਲਾ ਵਿਚ ਨਵੀਆਂ ਯੋਜਨਾਵਾਂ ਦੀ ਖੋਜ ਕਰ ਸਕੇ। ਡਾਇਰੈਕਟਰ ਵਰੁਣ ਭਾਰਤੀ ਨੇ ਸੈਸ਼ਨ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੀਆਂ ਰਚਨਾਤਮਕ ਵਰਕਸ਼ਾਪਾਂ ਅਕਾਦਮਿਕ ਸਿੱਖਿਆ ਨੂੰ ਸਹਿਯੋਗ ਦੇਣ ਅਤੇ ਵਿਦਿਆਰਥੀਆਂ ਨੂੰ ਸਮੱਗਰੀ ਅਤੇ ਕਲਾਤਮਕ ਵਿਕਾਸ ਦੋਹਾਂ ਲਈ ਮੌਕੇ ਪ੍ਰਦਾਨ ਕਰਨ ਵਿਚ ਮਹੱਤਵਪੂਰਨ ਹਨ। ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਵਿਦਿਆਰਥੀਆਂ ਦੇ ਵਿਸ਼ੇਸ਼ ਹੁਨਰਾਂ 'ਤੇ ਖੁਸ਼ੀ ਜ਼ਾਹਿਰ ਕੀਤੀ ਅਤੇ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਕਾਲਜ ਦੇ ਮਿਸ਼ਨ ਨੂੰ ਮਜ਼ਬੂਤ ਕਰਦੀਆਂ ਹਨ, ਜੋ ਰਚਨਾਤਮਕਤਾ ਨੂੰ ਕਠੋਰ ਅਕਾਦਮਿਕ ਸਿੱਖਿਆ ਨਾਲ ਮਿਲਾਉਂਦੀਆਂ ਹਨ। ਉਹਨਾਂ ਫੈਕਲਟੀ ਦੀ ਦ੍ਰਿੜ੍ਹਤਾ ਅਤੇ ਦ੍ਰਿਸ਼ਟੀ ਦੀ ਪ੍ਰਸ਼ੰਸਾ ਕੀਤੀ। ਵਾਈਸ ਪ੍ਰਿੰਸੀਪਲ ਵੀ. ਪੀ. ਸਿੰਗਲਾ ਨੇ ਕਾਲਜ ਦੇ ਸਮੱਗਰੀ ਦ੍ਰਿਸ਼ਟੀਕੋਣ ਦੀ ਪ੍ਰਸ਼ੰਸਾ ਕੀਤੀ, ਕਹਿੰਦੇ ਹੋਏ ਕਿ ਮੂਰਤੀ ਵਰਕਸ਼ਾਪ ਵਰਗੀਆਂ ਰਚਨਾਤਮਕ ਗਤੀਵਿਧੀਆਂ ਵਿਦਿਆਰਥੀਆਂ ਨੂੰ ਵਿਚਾਰਸ਼ੀਲਤਾ, ਧੀਰਜ ਅਤੇ ਸਮੱਸਿਆ ਸੁਝਾਉਣ ਦੀ ਵਿਲੱਖਣ ਦ੍ਰਿਸ਼ਟੀ ਵਿਕਸਤ ਕਰਨ ਵਿੱਚ ਮਦਦ ਕਰਦੀਆਂ ਹਨ, ਜੋ ਕਿਸੇ ਵੀ ਖੇਤਰ ਵਿੱਚ ਸਫਲਤਾ ਲਈ ਜ਼ਰੂਰੀ ਹੁਨਰ ਹਨ। ਵਾਈ.ਐੱਸ ਕਾਲਜ ਵਿੱਚ ਮੂਰਤੀ ਕਲਾ ਵਰਕਸ਼ਾਪ ਦੀ ਸਮੀਖਿਆ ਸੈਸ਼ਨ ਵਿਦਿਆਰਥੀਆਂ ਵਿਚ ਰਚਨਾਤਮਕ ਪ੍ਰਗਟਾਵਾ, ਨਵੀਨਤਾ ਅਤੇ ਮਹਾਨਤਾ ਨੂੰ ਉਭਾਰਨ ਦੀ ਕਾਲਜ ਦੀ ਦ੍ਰਿੜ੍ਹਤਾ ਦਾ ਪ੍ਰਤੀਕ ਹੈ, ਜਿਸ ਨਾਲ ਉਹ ਕਲਪਨਾ ਅਤੇ ਹੁਨਰ ਦੇ ਨਾਲ ਦੁਨੀਆਂ ਵਿਚ ਆਪਣਾ ਰਾਹ ਤਿਆਰ ਕਰਨ ਲਈ ਤਿਆਰ ਹਨ।

# ਨੇਫੀਆ ਨੇ ਨੈਸ਼ਨਲ ਪੱਧਰੀ ਕਰਾਟੇ ਮੁਕਾਬਲੇ ਵਿੱਚ ਜਿੱਤਿਆ ਗੋਲਡ ਮੈਡਲ

## ਟੰਡਨ ਇੰਟਰਨੈਸ਼ਨਲ ਸਕੂਲ ਦਾ ਨਾਮ ਕੀਤਾ ਰੋਸ਼ਨ




ਬਰਨਾਲਾ, 18 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਇਲਾਕੇ ਦੀ ਪ੍ਰਸਿੱਧ ਸੰਸਥਾ ਟੰਡਨ ਇੰਟਰਨੈਸ਼ਨਲ ਸਕੂਲ ਦੀ ਵਿਦਿਆਰਥਣ ਨੇਫੀਆ ਨੇ ਨੈਸ਼ਨਲ ਪੱਧਰੀ (ਲੜਕੀਆਂ ) ਦੇ ਕਰਾਟੇ ਮੁਕਾਬਲੇ ਵਿੱਚ ਗੋਲਡ ਮੈਡਲ ਜਿੱਤਿਆ। ਇਹ ਕਰਾਟੇ ਮੁਕਾਬਲੇ ਅੰਮ੍ਰਿਤਸਰ ਵਿਖੇ ਯੂਥ ਐਂਡ ਸਪੋਰਟਸ ਡਿਵੈਲਪਮੈਂਟ ਐਸੋਸੀਏਸ਼ਨ ਇੰਡੀਆ ਵੱਲੋਂ ਕਰਵਾਏ ਗਏ । ਇਹ ਟੂਰਨਾਮੈਂਟ ਬਹੁਤ ਹੀ ਸ਼ਾਨਦਾਰ ਰਿਹਾ । ਟੰਡਨ ਇੰਟਰਨੈਸ਼ਨਲ ਸਕੂਲ ਵੱਲੋਂ ਨੇਫੀਆ ਅੰਡਰ 14 ਸਾਲ ਉਮਰ ਵਰਗ ਵਿੱਚ ਭਾਗ ਲਿਆ ਅਤੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਜਿੱਤਿਆ। ਟੰਡਨ ਸਕੂਲ ਦੀ ਪ੍ਰਿੰਸੀਪਲ ਮੈਡਮ ਸ਼ਾਲਿਨੀ ਕੌਸ਼ਲ ਨੇ ਨੈਸ਼ਨਲ ਪੱਧਰੀ ਕਰਾਟੇ ਮੁਕਾਬਲੇ ਵਿਚ ਜੇਤੂ ਰਹੀ ਵਿਦਿਆਰਥਣ ਨੇਫੀਆ ਨੂੰ ਅਤੇ ਸਕੂਲ ਦੇ ਕੋਚ ਜਗਸੀਰ ਵਰਮਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਕੂਲ ਦੇ ਕੋਚ ਦੀ ਅਤੇ ਵਿਦਿਆਰਥਣ ਨੇਫਿਆ ਸਖਤ ਮਿਹਨਤ ਨਾਲ ਇਹ ਮੁਕਾਮ ਹਾਸਿਲ ਹੋਇਆ ਹੈ। ਪ੍ਰਿੰਸੀਪਲ ਮੈਡਮ ਨੇ ਬੱਚੇ ਦੀ ਹੌਸਲਾ ਅਫਜ਼ਾਈ ਕੀਤੀ। ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਦੇ ਸੰਪੂਰਨ ਵਿਕਾਸ ਲਈ ਕਰਵਾਏ ਜਾਣਗੇ ,ਤਾਂ ਜੋ ਉਹ ਸਿਰਫ਼ ਅਕਾਦਮਿਕ ਖੇਤਰ ਹੀ ਨਹੀਂ ਸਗੋਂ ਖੇਡਾਂ ਵਿੱਚ ਵੀ ਅੱਗੇ ਵਧ ਸਕਣ। ਸਕੂਲ ਦੇ ਐਮ ਡੀ ਸ਼੍ਰੀ ਸ਼ਿਵ ਸਿੰਗਲਾ ਜੀ ਕਿਹਾ ਕਿ ਸਾਡੇ ਸਕੂਲ ਦੀ ਹੋਣਹਾਰ ਵਿਦਿਆਰਥਣ ਨੇਫੀਆ ਵੱਲੋਂ ਨੈਸ਼ਨਲ ਪੱਧਰੀ ਕਰਾਟੇ ਮੁਕਾਬਲੇ ਵਿੱਚ ਗੋਲਡ ਮੈਡਲ ਜਿੱਤਣਾ ਸਾਰੇ ਸਕੂਲ ਲਈ ਬੜੀ ਮਾਣ ਵਾਲੀ ਗੱਲ ਹੈ , ਐਮ.ਡੀ. ਸਾਹਿਬ ਨੇ ਕਿਹਾ ਕਿ ਨੇਫੀਆ ਦੀ ਇਹ ਜਿੱਤ ਉਸਦੀ ਮਿਹਨਤ, ਲਗਨ ਅਤੇ ਅਟੱਲ ਹੌਸਲੇ ਦਾ ਨਤੀਜਾ ਹੈ। ਕਰਾਟੇ ਵਰਗੀ ਅਨੁਸ਼ਾਸਨ ਅਤੇ ਦਿਲੇਰੀ ਵਾਲੀ ਖੇਡ ਵਿੱਚ ਗੋਲਡ ਮੈਡਲ ਹਾਸਲ ਕਰਨਾ ਕੋਈ ਆਸਾਨ ਗੱਲ ਨਹੀਂ। ਉਸਨੇ ਸਾਬਤ ਕਰ ਦਿੱਤਾ ਹੈ ਕਿ ਜੇ ਮਨ ਵਿੱਚ ਜਜ਼ਬਾ ਹੋਵੇ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਰਹਿੰਦੀ। ਉਨ੍ਹਾਂ ਕਿਹਾ ਕਿ ਨੇਫੀਆ ਦੀ ਇਹ ਕਾਮਯਾਬੀ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਸਰੋਤ ਹੈ। ਸਕੂਲ ਹਮੇਸ਼ਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਉਤਸ਼ਾਹਿਤ ਕਰਦਾ ਰਹੇਗਾ। ਅੰਤ ਵਿੱਚ ਐਮ.ਡੀ. ਸਾਹਿਬ ਨੇ ਕਿਹਾ ਕਿ ਸਾਨੂੰ ਨੇਫੀਆ 'ਤੇ ਮਾਣ ਹੈ ਅਤੇ ਅਸੀਂ ਉਮੀਦ ਕਰਦੇ ਹਾਂ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਦੀ ਰਹੇਗੀ।

# ਤੀਸਰੇ ਸਾਲਾਨਾ ਸ਼੍ਰੀਮਦ ਭਾਗਵਤ ਕਥਾ ਯੱਗ ਦੀਆਂ ਤਿਆਰੀਆਂ ਲਗਭਗ ਮੁਕੰਮਲ

## 21 ਫਰਵਰੀ ਸ਼ਨੀਵਾਰ ਨੂੰ ਹੋਵੇਗੀ ਕਲਸ਼ ਯਾਤਰਾ ਅਤੇ ਰਾਤ ਨੂੰ ਹੋਵੇਗਾ ਸ਼੍ਰੀ ਸ਼ਿਆਮ ਖਾਟੂ ਜੀ ਦਾ ਜਾਗਰਣ




ਬਰਨਾਲਾ, 18 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਪ੍ਰਾਚੀਨ ਸ਼ਿਵਧਾਮ ਮੰਦਰ 22 ਏਕੜ ਕਲੋਨੀ ਬਰਨਾਲਾ ਵਿਖੇ ਕਰਵਾਏ ਜਾ ਰਹੇ ਤੀਸਰੇ ਸਾਲਾਨਾ ਸ਼੍ਰੀਮਦ ਭਾਗਵਤ ਸਪਤਾਹ ਕਥਾ ਗਿਆਨ ਯੱਗ ਦੀਆਂ ਤਿਆਰੀਆਂ ਲਗਭਗ ਅੰਤਿਮ ਪੜਾਅ ਤੇ ਹਨ । ਮੰਦਰ ਕਮੇਟੀ ਦੇ ਪ੍ਰਧਾਨ ਸੁਰੇਸ਼ ਕੁਮਾਰ ਕਾਲੀ (ਤਪੇ ਵਾਲੇ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਕੇ ਕਾਰਡ ਤਕਸੀਮ ਕਰਨ ਦਾ ਕੰਮ ਲਗਭਗ ਨੇਪਰੇ ਚੜ੍ਹ ਚੁੱਕਾ ਹੈ। ਹੁਣ ਤੱਕ ਫ਼ਰਵਰੀ ਬਾਜ਼ਾਰ, ਹੰਡਿਆਇਆ ਬਾਜ਼ਾਰ, ਸਦਰ ਬਾਜ਼ਾਰ, ਕਿਲਾ ਮੁਹੱਲਾ ਅਤੇ 22 ਏਕੜ ਕਲੋਨੀ ਵਿਖੇ (ਸੱਦਾ ਪੱਤਰ) ਕਾਰਡ ਵੰਡੇ ਜਾ ਚੁੱਕੇ ਹਨ ਅਤੇ ਬਾਕੀ ਰਹਿੰਦੇ ਕਾਰਡ ਵੀ ਜਲਦੀ ਹੀ ਤਕਸੀਮ ਕਰ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ 21 ਫਰਵਰੀ ਦਿਨ ਸ਼ਨੀਵਾਰ ਨੂੰ ਦੁਪਿਹਰ, 2-00 ਵਜੇ ਕਲਸ਼ ਸ਼ੋਭਾ ਯਾਤਰਾ ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਬਾਬਾ ਬੰਸੀ ਵਾਲੇ ਨੇੜੇ ਪੁਰਾਣੀ ਗਊ ਸਾਲਾ ਤੋਂ ਰਵਾਨਾ ਹੋਵੇਗੀ, ਜਿਸ ਵਿੱਚ 108 ਮਹਿਲਾਵਾਂ ਕਲਸ਼ ਸਜਾਉਣਗੀਆ ਅਤੇ ਇਹ ਯਾਤਰਾ ਸਦਰ ਬਾਜ਼ਾਰ, ਅਗਰਸੈਨ ਚੌਕ, ਭਗਵਾਨ ਵਾਲਮੀਕਿ ਚੌਕ ਤੋਂ ਅੰਬੇਗਾਰਮੈਂਟਸ ਰਾਹੀ ਹੁੰਦੀ ਹੋਈ ਪ੍ਰਾਚੀਨ ਸ਼ਿਵਧਾਮ ਮੰਦਰ 22 ਏਕੜ ਵਿਖੇ ਪਹੁੰਚੇਗੀ। ਰਾਤ ਨੂੰ 9-00 ਵਜੇ ਸ਼੍ਰੀ ਸਿਆਮ ਖਾਟੂ ਜੀ ਦਾ ਜਾਗਰਣ ਹੋਵੇਗਾ। 22 ਫਰਵਰੀ ਤੋਂ ਕਥਾ ਅਰੰਭ ਹੋਵੇਗੀ ਜੋ ਕਿ ਰੋਜ਼ਾਨਾ ਬਾਅਦ ਦੁਪਿਹਰ 3-00 ਵਜੇ ਤੋਂ ਸ਼ਾਮ 6-00 ਵਜੇ ਤੱਕ ਹੋਵੇਗੀ। ਇਸ ਮੌਕੇ ਕਥਾ ਵਿਆਸ ਕਥਾ ਵਾਚਕ ਪਰਮ ਸ਼ਰਦੇਯ ਭਾਗਵਤ ਭੂਸਨ ਸ਼੍ਰੀ ਰਾਮ ਨਾਹੋਰ ਸ਼ਾਸਤਰੀ ਜੀ ਮਹਾਰਾਜ (ਵਰਿੰਦਾਵਨ ਵਾਲੇ) ਵੱਲੋਂ 01 ਮਾਰਚ 2026 ਤੱਕ ਹੋਵੇਗੀ। ਉਨ੍ਹਾਂ ਸ਼ਹਿਰ ਨਿਵਾਸੀਆਂ ਨੂੰ ਖੁੱਲ੍ਹਾ ਸੱਦਾ ਦਿੰਦੇ ਹੋਏ ਇਸ ਸ਼ੁਭ ਮੌਕੇ ਦਾ ਲਾਭ ਉਠਾਉਣ ਲਈ ਸਮੇਂ ਸਿਰ ਪਹੁੰਚ ਕਰ ਕਥਾ ਸਰਵਨ ਕਰਨ ਦੀ ਬੇਨਤੀ ਕੀਤੀ। ਇਸ ਮੌਕੇ ਪਵਨ ਬਦਰਾ ,ਭਾਰਤ ਭੂਸਨ ਸਕਿੰਟ, ਸੋਹਨ ਮਿੱਤਲ, ਅੰਕੁਰ ਗਰਗ, ਦੀਪਕ ਮਿੱਤਲ, ਸੁਰਿੰਦਰ ਨੰਦਰਾ, ਰਾਮ ਲਾਲ ਬਦਰਾ, ਹੀਰਾ ਲਾਲ, ਕੇਸ਼ਵ, ਸੁਨੀਲ ਕੁਮਾਰ ਬੰਟੀ, ਰਾਕੇਸ਼ ਕੁਮਾਰ,ਜੁਗਨੂੰ ਕਰਿਸਨ ਕੁਮਾਰ ,ਆਦਿਕ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਅਤੇ ਮਹਿਲਾ ਮੰਡਲ ਦੀਆਂ ਸਮੂਹ ਮੈਂਬਰਾਂ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



## ਮੇਅਰ ਗੋਗੀਆ ਵੱਲੋਂ ਨਵੀਆਂ ਬਣ ਰਹੀਆਂ ਸੜਕਾਂ ਦੀ ਅਚਾਨਕ ਚੈਕਿੰਗ

ਪਟਿਆਲਾ, 18 ਫਰਵਰੀ (ਰੁਪਾਣਾ) : ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਵੱਲੋਂ ਸ਼ਹਿਰ ਵਿੱਚ ਬਣ ਰਹੀਆਂ ਨਵੀਆਂ ਸੜਕਾਂ ਅਤੇ ਹੋਰ ਵਿਕਾਸ ਕਾਰਜਾਂ ਦੀ ਅਚਾਨਕ ਚੈਕਿੰਗ ਕੀਤੀ ਗਈ। ਇਸ ਦੌਰਾਨ ਬਾਰਾਦਰੀ ਨੇੜੇ ਨਰਾਇਣ ਕਾਂਟੀਨੈਂਟਲ, ਨਾਭਾ ਗੇਟ ਨੇੜੇ ਕਿਰਪਾਲ ਡੇਅਰੀ ਕੋਲ ਅਤੇ ਅਲੀਪੁਰ ਵਾਰਡ ਨੰਬਰ 15 ਵਿੱਚ ਬਣ ਰਹੀਆਂ ਸੜਕਾਂ ਦਾ ਜਾਇਜ਼ਾ ਲੈਣ ਪਹੁੰਚੇ। ਮੇਅਰ ਨੇ ਮੌਕੇ 'ਤੇ ਮੌਜੂਦ ਨਗਰ ਨਿਗਮ ਦੇ ਅਧਿਕਾਰੀਆਂ ਅਤੇ ਠੇਕੇਦਾਰਾਂ ਤੋਂ ਕੰਮ ਸਬੰਧੀ ਜਾਣਕਾਰੀ ਲਈ ਅਤੇ ਕਾਗਜ਼ਾਂ ਮੁਤਾਬਕ ਹੋ ਰਹੇ ਕੰਮ ਦੀ ਗੁਣਵੱਤਾ ਦੀ ਜਾਂਚ ਕੀਤੀ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਹਰ ਵਿਕਾਸ ਕਾਰਜ ਦਸਤਾਵੇਜ਼ਾਂ ਵਿੱਚ ਦਰਸਾਏ ਮਾਪਦੰਡਾਂ ਅਨੁਸਾਰ ਹੀ ਹੋਣਾ ਚਾਹੀਦਾ ਹੈ। ਚੈਕਿੰਗ ਦੌਰਾਨ ਮੇਅਰ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਮਜ਼ਬੂਤ, ਟਿਕਾਊ ਅਤੇ ਉੱਚ ਮਿਆਰ



ਦੀਆਂ ਸੜਕਾਂ ਦੇਣਾ ਨਗਰ ਨਿਗਮ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਮਟੀਰੀਅਲ ਦੀ ਗੁਣਵੱਤਾ, ਮੋਟਾਈ ਅਤੇ ਫਿਨਿਸ਼ਿੰਗ 'ਤੇ ਖਾਸ ਧਿਆਨ ਦਿੱਤਾ ਜਾਵੇ। ਉਨ੍ਹਾਂ ਠੇਕੇਦਾਰਾਂ ਨੂੰ ਵੀ ਚੇਤਾਵਨੀ ਦਿੱਤੀ ਕਿ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜੇ ਕਿਤੇ ਵੀ ਖਾਮੀ ਮਿਲੀ ਤਾਂ ਤੁਰੰਤ ਕਾਰਵਾਈ ਕੀਤੀ ਜਾਵੇਗੀ। ਮੇਅਰ ਕੁੰਦਨ ਗੋਗੀਆ ਨੇ ਦੱਸਿਆ ਕਿ ਸ਼ਹਿਰ ਦੇ ਹਰ ਇਲਾਕੇ ਵਿੱਚ ਇਕਸਾਰ ਵਿਕਾਸ ਕਰਨਾ ਮੇਰਾ ਮੁੱਖ ਮਕਸਦ ਹੈ। ਲੋਕਾਂ ਦੇ ਟੈਕਸ ਦੇ ਪੈਸੇ ਨਾਲ ਹੋ ਰਹੇ ਹਰ ਕੰਮ ਦੀ ਗੁਣਵੱਤਾ ਯਕੀਨੀ ਬਣਾਈ ਜਾਵੇਗੀ। ਮੈਂ ਖੁਦ ਮੌਕੇ 'ਤੇ ਪਹੁੰਚ ਕੇ ਜਾਂਚ ਕਰਦਾ ਰਹਾਂਗਾ, ਤਾਂ ਜੋ ਕਿਸੇ ਵੀ ਕਿਸਮ ਦੀ ਗੜਬੜ ਨਾ ਰਹੇ। ਉਹਨਾਂ ਵੱਲੋਂ ਚੈਕਿੰਗ ਦੌਰਾਨ ਸਭ ਕੁਝ ਸਹੀ ਪਾਇਆ ਗਿਆ। ਮੇਅਰ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਪਹਿਲ ਕਦਮੀ ਅਤੇ ਨਿਗਰਾਨੀ ਦੇ ਨਾਲ ਸ਼ਹਿਰ ਵਿੱਚ ਹੋ ਰਹੇ ਵਿਕਾਸ ਕਾਰਜ ਹੋਰ ਪਾਰਦਰਸ਼ੀ ਅਤੇ ਭਰੋਸੇਯੋਗ ਬਣਾਏ ਜਾਣਗੇ ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪਿੰਡ ਪੱਧਰ 'ਤੇ ਲੋਕ ਅਦਾਲਤ

### ➢ਨਾਲਸਾ ਤੇ ਪੀੜਤ ਮੁਆਵਜ਼ਾ ਸਕੀਮਾਂ ਬਾਰੇ ਦਿੱਤੀ ਜਾਣਕਾਰੀ

ਪਟਿਆਲਾ, 18 ਫਰਵਰੀ (ਚ.ਨ.ਸ.) : ਮਾਨਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਅਵਤਾਰ ਸਿੰਘ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਅਤੇ ਮਾਨਯੋਗ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੀ ਸਰਪ੍ਰਸਤੀ ਹੇਠ ਸਨੌਰੀ ਅੱਡਾ ਤੇ ਧੱਕਾ ਕਲੋਨੀ ਪਟਿਆਲਾ ਵਿਖੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਪਟਿਆਲਾ ਮੈਡਮ ਅਫ਼ਸਰ ਜੋਬਨਦੀਪ ਕੌਰ, ਸੀਡੀਪੀਓ ਪਟਿਆਲਾ ਅਰਬਨ, ਸੁਪਰਵਾਇਜਰ ਮੈਡਮ ਭੋਲੀ, ਆਂਗਨਵਾੜੀ ਵਰਕਰਜ ਮੈਡਮ ਬੱਬਲ, ਮੈਡਮ ਅਗਮ ਅਤੇ ਸਮਾਜ ਸੇਵੀ ਸੰਸਥਾਵਾਂ ਚਾਇਲਡ ਪਰੋਟੈਕਸ਼ਨ ਐਂਡ ਓਲਡਏਜ਼ ਹੋਮ ਵੈਲਫੇਅਰ ਸੋਸਾਇਟੀ,ਯੂਥ ਕਲੱਬ ਬਾਦਸ਼ਾਹਪੁਰ, ਗਰੇਟ ਥਿੰਕਰ ਪਟਿਆਲਾ, ਪੇ-ਪਰਾਈਡ ਪਟਿਆਲਾ ਅਤੇ ਡਾਕਟਰ ਭੀਮ ਰਾਓ ਯੁਵਕ ਸੇਵਾਵਾਂ ਕਲੱਬ ਰਸੂਲਪੁਰ ਦੇ ਸਾਂਝੇ



ਉਪਰਾਲੇ ਸਦਕਾ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੇ ਪੀ.ਐਲ.ਵੀਜ਼.ਪਰਮਜੀਤ ਸਿੰਘ ਸਟੇਟ ਅਵਾਰਡੀ, ਗੁਰਕੀਰਤ ਸਿੰਘ, ਕੁਲਵੰਤ ਧੀਮਾਨ, ਅਮਨਿੰਦਰ ਸਿੰਘ ਅਤੇ ਰਾਜੇਸ਼ ਮਿੱਤਲ ਮੌਜੂਦ ਸਨ। ਇਸ ਮੌਕੇ ਪੀਐਲਵੀ ਪਰਮਜੀਤ ਸਿੰਘ ਵੱਲੋਂ ਔਰੇਲੀਆਨੋ ਫਰਨਾਂਡਿਸ ਬਨਾਮ ਗੋਆ ਰਾਜ ਮਾਨਯੋਗ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਨੂੰ ਲਾਗੂ ਕਰਨਾ, ਨਾਲਸਾ ਬੱਚਿਆਂ ਲਈ ਬਾਲ ਅਨੁਕੂਲ ਕਾਨੂੰਨੀ ਸੇਵਾਵਾਂ ਯੋਜਨਾ 2024, ਨਾਲਸਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਹੀਂ ਆਫ਼ਤ ਪੀੜਤਾਂ ਲਈ ਕਾਨੂੰਨੀ ਸੇਵਾਵਾਂ ਯੋਜਨਾ 2010,ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਅਭਿਆਨ ਸਾਡੇ ਬਜ਼ੁਰਗ ਸਾਡਾ ਮਾਣ, ਵਿਗਿਆਨ ਦੇ ਖੇਤਰ ਵਿੱਚ ਔਰਤਾਂ ਅਤੇ ਕੁੜੀਆਂ ਦਾ ਅੰਤਰਰਾਸ਼ਟਰੀ ਦਿਵਸ, ਮਨੁੱਖੀ ਤਸਕਰੀ ਅਤੇ ਜਿਨਸੀ ਸ਼ੋਸ਼ਣ ਯੋਜਨਾ 2015 ਮਾਰਚ ਮਹੀਨੇ ਵਿੱਚ ਲੱਗਣ ਵਾਲੀ ਰਾਸ਼ਟਰੀ ਲੋਕ ਅਦਾਲਤ ਆਯੋਜਿਤ ਕੀਤੇ ਜਾਣ 'ਤੇ ਲਾਭ ਸੰਬੰਧੀ ਜਾਣਕਾਰੀ,ਸਥਾਈ ਲੋਕ ਅਦਾਲਤ ਜਨਤਕ ਉਪਯੋਗੀ ਸੇਵਾਵਾਂ ਦੀ ਜਾਣਕਾਰੀ ਦਿੱਤੀ ਗਈ।

## 135 ਨਸ਼ੀਲੀਆਂ ਗੋਲੀਆਂ ਸਮੇਤ ਮੋਟਰਸਾਈਕਲ ਸਵਾਰ ਕਾਬੂ, ਦੋ ਖ਼ਿਲਾਫ਼ ਮਾਮਲਾ ਦਰਜ

ਸਮਾਣਾ, 18 ਫਰਵਰੀ (ਵਿਜੇ ਕੁਮਾਰ) : ਸਦਰ ਪੁਲਿਸ ਨੇ 135 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਮੋਟਰਸਾਈਕਲ ਸਵਾਰ ਵਿਅਕਤੀ ਨੂੰ ਕਾਬੂ ਕਰਕੇ ਦੋ ਵਿਅਕਤੀਆਂ ਖਿਲਾਫ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜਮਾਂ ਦੀ ਪਛਾਣ ਕੁਲਦੀਪ ਸਿੰਘ ਨਿਵਾਸੀ ਪਿੰਡ ਚੰਨੋ (ਸੰਗਰੂਰ) ਅਤੇ ਰਾਹੁਲ ਕੁਮਾਰ ਨਿਵਾਸੀ ਗਾਂਧੀ ਨਗਰ ਭਵਾਨੀਗੜ੍ਹ ਵਜੋਂ ਹੋਈ ਹੈ। ਸਦਰ ਪੁਲਸ ਮੁੱਖੀ ਅਜੇ ਕੁਮਾਰ ਪੁਰੋਚਾ ਨੇ ਦੱਸਿਆ ਕਿ ਗਾਜੇਵਾਸ ਪੁਲਸ ਚੌਕੀ ਦੇ ਇੰਚਾਰਜ ਏ.ਐਸ.ਆਈ. ਹਰਬੰਸ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਭੱਟੀਵਾਲ ਖੁਰਦ ਵਿਖੇ ਮੌਜੂਦ ਸਨ। ਇਸ ਦੌਰਾਨ ਇੱਕ ਮੋਟਰਸਾਈਕਲ ਸਵਾਰ ਵਿਅਕਤੀ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਗਿਆ। ਤਲਾਸ਼ੀ ਲੈਣ 'ਤੇ ਉਸ ਕੋਲੋਂ 135 ਨਸ਼ੀਲੀਆਂ ਗੋਲੀਆਂ ਬਰਾਮਦ ਹੋਣ ਤੇ ਮੋਟਰਸਾਈਕਲ ਸਵਾਰ ਕੁਲਦੀਪ ਸਿੰਘ ਨੂੰ ਹਿਰਾਸਤ ਵਿੱਚ ਲੈ ਲਿਆ। ਅਧਿਕਾਰੀ ਅਨੁਸਾਰ ਮੁੱਢਲੀ ਪੁੱਛਗਿੱਛ ਦੌਰਾਨ ਮੁਲਜਮ ਨੇ ਦੱਸਿਆ ਕਿ ਇਹ ਗੋਲੀਆਂ ਉਸ ਨੂੰ ਰਾਹੁਲ ਕੁਮਾਰ ਨੇ ਅੱਗੇ ਵੇਚਣ ਲਈ ਦਿੱਤੀਆਂ ਸਨ। ਇਸ ਉਪਰੰਤ ਪੁਲਸ ਨੇ ਇਸ ਮਾਮਲੇ 'ਚ ਰਾਹੁਲ ਕੁਮਾਰ ਨੂੰ ਵੀ ਨਾਮਜਦ ਕਰਕੇ ਉਸਦੀ ਭਾਲ ਸ਼ੁਰੂ ਕਰ ਦਿੱਤੀ ਹੈ। ਜਦੋਂ ਕਿ ਕਾਬੂ ਕੀਤੇ ਗਏ ਮੁਲਜਮ ਨੂੰ ਮਾਨਯੋਗ ਅਦਾਲਤ ਵਿੱਚ ਪੇਸ ਕਰਕੇ ਪੁੱਛਗਿੱਛ ਲਈ ਇੱਕ ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ।

## ਸਿੰਥੈਟਿਕ ਡਰੱਗ ਦਾ ਬਦਲ ਅਫ਼ੀਮ ਦੀ ਖੇਤੀ : ਬੱਗਾ

ਪਟਿਆਲਾ, 18 ਫਰਵਰੀ (ਰੁਪਾਣਾ) : ਆਮ ਆਦਮੀ ਪਾਰਟੀ ਦੇ ਆਗੂ ਅਤੇ ਸਮਾਜ ਸੇਵੀ ਰਾਜੇਸ਼ ਕੁਮਾਰ



ਬੱਗਾ ਨੇ ਕਿਹਾ ਕਿ ਸਿੰਥੈਟਿਕ ਡਰੱਗ ਦਾ ਬਦਲ ਅਫੀਮ ਹੈ। ਬੱਗਾ ਨੇ ਕਿਹਾ ਕਿ ਜੇਕਰ 2027 'ਚ ਉਹ ਵਿਧਾਇਕ ਬਣਦੇ ਹਨ ਤਾਂ ਵਿਧਾਨ ਸਭਾ ਚ ਅਫੀਮ ਦੀ ਖੇਤੀ ਨੂੰ ਮਨਜ਼ੂਰੀ ਦੇਣ ਦੀ ਗੱਲ ਕਰਨਗੇ। ਉਨ੍ਹਾਂ ਦਾ ਕਹਿਣਾ ਹੈ ਕਿ ਸਿੰਥੈਟਿਕ ਡਰੱਗਸ ਤੋਂ ਨੌਜਵਾਨਾਂ ਨੂੰ ਬਚਾਉਣ ਦਾ ਇਹ ਇਕ ਸਹੀ ਬਦਲ ਹੋ ਸਕਦਾ ਹੈ। ਬੱਗਾ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਵੀ ਵੱਡਾ ਫਾਇਦਾ ਹੋ ਸਕਦਾ ਹੈ, ਕਿਉਂਕਿ ਜੇਕਰ ਕਿਸੇ ਕਿਸਾਨ ਨੂੰ ਕਾਨੂੰਨ ਅਨੁਸਾਰ ਅਫੀਮ ਦੀ ਖੇਤੀ ਕਰਨ ਦੀ ਇਜਾਜ਼ਤ ਮਿਲੇਗੀ ਤਾਂ ਉਸ ਕਿਸਾਨ ਨੂੰ ਆਮਦਨ ਦਾ ਸਾਧਨ ਵੀ ਹੋਏਗਾ। ਬੱਗਾ ਨੇ ਕਿਹਾ ਕਿ ਮੈਂ ਨਿੱਜੀ ਤੌਰ ਤੇ ਵੀ ਜੇਕਰ ਮੈਨੂੰ ਵਿਧਾਨ ਸਭਾ ਚ ਮੌਕਾ ਮਿਲਿਆ ਤਾਂ ਅਵਾਜ ਬੁਲੰਦ ਕੀਤੀ ਜਾਵੇਗੀ।

### ਦਿਮਾਗੀ ਤੌਰ 'ਤੇ ਪ੍ਰੇਸ਼ਾਨ ਵਿਅਕਤੀ ਲਾਪਤਾ

ਸਮਾਣਾ, 18 ਫਰਵਰੀ (ਜਵੰਦਾ) : ਸਮਾਣਾ ਦੇ ਨੇੜਲੇ ਪਿੰਡ ਟੋਡਰਪੁਰ ਤੋਂ ਜਸਵੀਰ ਸਿੰਘ (ਸਪੁੱਤਰ ਜਾਤੀ ਰਾਮ) ਜੋ ਕਿ 17 ਫ਼ਰਵਰੀ ਨੂੰ ਸਵੇਰੇ ਕਰੀਬ 8 ਵਜੇ ਤੋਂ ਲਾਪਤਾ ਹੈ। ਜਾਣਕਾਰੀ ਅਨੁਸਾਰ ਉਹ ਘਰੋਂ ਕਿਧਰੇ ਚਲਾ ਗਿਆ ਪਰ ਵਾਪਸ ਨਹੀਂ ਪਰਤਿਆ, ਜਿਸ ਦੀ ਉਮਰ ਕਰੀਬ 35 ਸਾਲ ਹੈ। ਜਾਣਕਾਰੀ ਦਿੰਦਿਆਂ ਲਖਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਥਾਣਾ ਸਦਰ ਸਮਾਣਾ ਚ ਆਪਣੇ ਗੁਮਸ਼ੁਦਾ ਭਰਾ ਜਸਵੀਰ ਸਿੰਘ ਦੀ ਗੁੰਮਸ਼ੁਦਗੀ ਦੀ ਸ਼ਿਕਾਇਤ ਵੀ ਦਰਜ ਕਰਵਾਈ ਹੈ । ਉਨ੍ਹਾਂ ਦੱਸਿਆ ਕਿ ਜਸਵੀਰ ਸਿੰਘ ਪਿਛਲੇ 4-5 ਸਾਲ ਤੋਂ ਦਿਮਾਗੀ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ । ਜਸਵੀਰ ਸਿੰਘ 17 ਫਰਵਰੀ ਨੂੰ ਸਵੇਰੇ 8 ਵਜੇ ਸੁੱਤਾ ਉਠਿਆ ਅਤੇ ਘਰ ਤੋਂ ਬਾਹਰ ਚਲਾ ਗਿਆ ਪਰ ਉਹ ਸ਼ਾਮ ਤੱਕ ਘਰ ਵਾਪਸ ਨਹੀ ਆਇਆ ਜਿਸ ਤੋਂ ਬਾਅਦ ਸਾਰੇ ਪਰਿਵਾਰਿਕ ਮੈਂਬਰ ਜਸਵੀਰ ਸਿੰਘ ਨੂੰ ਪਿੰਡ ਵਿਚ ਲੱਭਣ ਲੱਗੇ, ਪਰ ਉਸ ਬਾਰੇ ਕਈ ਪਤਾ ਨਹੀ ਲੱਗਾ। ਉਨ੍ਹਾਂ ਕਿਹਾ ਕਿ ਜੇਕਰ ਜਸਵੀਰ ਸਿੰਘ ਸਬੰਧੀ ਕਿਸੇ ਨੂੰ ਕੋਈ ਵੀ ਜਾਣਕਾਰੀ ਮਿਲੇ ਤਾਂ 9041978202 'ਤੇ ਸੰਪਰਕ ਕੀਤਾ ਜਾਵੇ।


DDU-GKY

ਦਾਖਲਾ ਸ਼ੁਰੂ

ਸਰਕਾਰ ਵਲੋ ਮੁਫਤ ਕੋਰਸ (ਪਟਿਆਲਾ)

NURSING (General Duty Assistant)





ਕੋਰਸ ਦਾ ਸਮਾਂ: 4 ਮਹੀਨੇ, ਯੋਗਤਾ : 10ਵੀਂ ਪਾਸ, ਉਮਰ: 18 ਤੋਂ 35

ਸੰਗਰੂਰ ਅਤੇ ਪਟਿਆਲਾ ਦੇ ਕਿਸੇ ਵੀ ਪੇਂਡੂ ਇਲਾਕੇ ਤੋਂ ਲੜਕੀਆਂ ਇਸ ਕੋਰਸ ਵਿੱਚ ਦਾਖ਼ਲਾ ਲੈ ਸਕਦੀਆਂ ਹਨ।

ਅੰਗਰੇਜ਼ੀ, ਕੰਪਿਊਟਰ, ਸਾਫਟ ਸਕਿੱਲ

ਦਸਤਾਵੇਜ਼
- Photo / 4
- ਆਧਾਰ ਕਾਰਡ
- ਜਾਤੀ ਸਰਟੀਫਿਕੇਟ
- 10ਵੀਂ ਦਾ ਸਰਟੀਫਿਕੇਟ
- 12ਵੀਂ ਦਾ ਸਰਟੀਫਿਕੇਟ
- ਰਾਸ਼ਨ ਕਾਰਡ

ਮੁਫਤ ਭੋਜਨ
ਮੁਫਤ ਹੋਸਟਲ
ਮੁਫਤ ਯੂਨੀਫਾਰਮ
ਮੁਫਤ ਕਿਤਾਬਾਂ
ਮੁਫਤ ਸਿਖਲਾਈ ਸਮੱਗਰੀ

ਲਿਟਿਲ ਮਿਲੇਨਿਅਮ ਸਕੂਲ, ਰਾਏਪੁਰ ਮੰਡਲਾਂ, ਨੇੜੇ ਪੰਜਾਬ ਕਾਲਜ ਬਠਲਾਂ, ਸੀਲ ਰੋਡ, ਬਹਾਦੁਰਗੜ੍ਹ, ਪਟਿਆਲਾ, ਪੰਜਾਬ - 147021

ਸਾਡੇ ਨਾਲ ਹੁਣੇ ਸੰਪਰਕ ਕਰੋ
Admission Helpline 87270 39556
Office Helpline WhatsApp Queries:- 84480 38721
@ddugky_punjab
ਸਾਡੇ ਨਾਲ ਵਧਣ ਦਿਓ....


## ਬੀਪੀਈਓ ਪ੍ਰਿਥੀ ਸਿੰਘ ਦਾ ਸਨਮਾਨ



ਪਟਿਆਲਾ, 18 ਫਰਵਰੀ (ਚ.ਨ.ਸ.) : ਸਕੂਲ ਸਿੱਖਿਆ ਵਿਭਾਗ ਦੇ ਬਲਾਕ ਪਟਿਆਲਾ-2 ਦੇ ਸਮੂਹ ਅਧਿਆਪਕਾਂ ਵੱਲੋਂ ਬਲਾਕ ਪ੍ਰਾਇਮਰੀ ਸਿੱਖਿਆ ਅਧਿਕਾਰੀ ਪ੍ਰਿਥੀ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਬਲਾਕ ਦੇ ਸਮੂਹ ਅਧਿਆਪਕਾਂ ਨੇ ਕਿਹਾ ਕਿ ਬੀਪੀਈਓ ਪ੍ਰਿਥੀ ਸਿੰਘ ਇੱਕ ਬਹੁਤ ਹੀ ਇਮਾਨਦਾਰ ਅਤੇ ਸੂਝਵਾਨ ਅਧਿਕਾਰੀ ਹਨ । ਇਸ ਮੌਕੇ ਸੀਐਚਟੀ ਭੁਪਿੰਦਰ ਸਿੰਘ, ਸੀਐਚਟੀ ਪੂਰਨ ਸਿੰਘ, ਸੀਐਚਟੀ ਸੰਦੀਪ ਕੌਰ, ਸੀਐਚਟੀ ਅਮਨਦੀਪ ਕੌਰ, ਸੀਐਚਟੀ ਸਤਵੰਤ ਕੌਰ, ਸੀਐਚਟੀ ਬਿੰਦੂ ਬਾਲਾ, ਸੀਐਚਟੀ ਰੇਖਾ ਰਾਣੀ, ਸੀਐਚਟੀ ਸੁਰੇਸ਼ ਕੁਮਾਰ ਸਮੇਤ ਵੱਖ-ਵੱਖ ਸਕੂਲਾਂ ਦੇ ਮੁੱਖ ਅਧਿਆਪਕ ਅਤੇ ਅਧਿਆਪਕ ਹਾਜ਼ਰ ਸਨ।

## ਪਟਿਆਲਾ ਦੇ ਪੁਰਾਣੇ ਬੱਸ ਸਟੈਂਡ ਨੂੰ ਆਧੁਨਿਕ ਤੇ ਵਪਾਰਕ ਤੌਰ 'ਤੇ ਵਿਕਸਿਤ ਕਰਨ ਦੀ ਤਜਵੀਜ਼ : ਹਰਪਾਲ ਜੁਨੇਜਾ

ਪਟਿਆਲਾ, 18 ਫਰਵਰੀ (ਰੁਪਾਣਾ) : ਪੀ.ਆਰ.ਟੀ.ਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਪਟਿਆਲਾ ਦੇ ਪੁਰਾਣੇ ਬੱਸ ਸਟੈਂਡ ਵਿਖੇ ਆਉਣ-ਜਾਣ ਵਾਲੀਆਂ ਸਵਾਰੀਆਂ ਨੂੰ ਹੋਰ ਵਧੀਆ ਸਹੂਲਤ ਮੁਹੱਈਆ ਕਰਵਾਉਣ ਕਰਨ ਸਮੇਤ ਇਸਦੀ ਨੁਹਾਰ ਸੁਧਾਰਨ ਲਈ ਅਤੇ ਇਸ ਦੇ ਆਲੇ-ਦੁਆਲੇ ਦੇ ਕਾਰੋਬਾਰੀਆਂ ਦੇ ਕਾਰੋਬਾਰ ਨੂੰ ਧਿਆਨ ਵਿੱਚ ਰਖਦੇ ਹੋਏ, ਇਸ ਨੂੰ ਹੋਰ ਆਧੁਨਿਕ ਤੇ ਕਮਰਸ਼ੀਅਲ ਤੌਰ 'ਤੇ ਵਿਕਸਿਤ ਕਰਨ ਲਈ ਇਕ ਮੀਟਿੰਗ ਕੀਤੀ। ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਇੱਥੇ ਪੁਰਾਣੇ ਬੱਸ ਸਟੈਂਡ ਵਿਖੇ ਅਰਨੈਸਟ ਐਂਡ ਯੰਗ



ਕੰਪਨੀ, ਨਵੀਂ ਦਿੱਲੀ ਦੇ ਡਾਇਰੈਕਟਰ ਅਰੁਣ ਤੁਲੀ ਅਤੇ ਉਨ੍ਹਾਂ ਦੀ ਟੀਮ ਨਾਲ ਕੀਤੀ ਮੀਟਿੰਗ ਦੌਰਾਨ ਪਟਿਆਲਾ ਡਿਪੂ ਦੇ ਜਨਰਲ ਮੈਨੇਜਰ ਕਾਰਜਕਾਰੀ ਇੰਜੀਨੀਅਰ ਜਤਿੰਦਰਪਾਲ ਸਿੰਘ ਗਰੇਵਾਲ, ਐਸ.ਡੀ.ਓ ਇੰਜ. ਗੁਰਦਾਨਿਸ਼ਵੀਰ ਸਿੰਘ, ਜੇ.ਈ ਇੰਜ. ਪ੍ਰਿਤਪਾਲ ਸਿੰਘ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ। ਚੇਅਰਮੈਨ ਜੁਨੇਜਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਟਰਾਂਸਪੋਰਟ ਵਿਭਾਗ ਵੱਲੋਂ ਪੀ.ਆਰ.ਟੀ.ਸੀ. ਤੇ ਪਨਬਸ ਦੇ 5 ਵੱਡੇ ਬੱਸ ਅੱਡਿਆਂ ਦੀ ਨੁਹਾਰ ਸੁਧਾਰਨ ਅਤੇ ਇਨ੍ਹਾਂ ਨੂੰ ਵਪਾਰਕ ਤੌਰ 'ਤੇ ਹੋਰ ਵਿਕਸਿਤ ਕਰਨ ਲਈ ਐਨ ਆਈ ਸੀ ਐਸ ਆਈ ਰਾਹੀਂ ਇੱਕ ਸਲਾਹਕਾਰ ਦੀਆਂ ਸੇਵਾਵਾਂ ਲਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਤਹਿਤ ਪਟਿਆਲਾ ਦੇ ਪੁਰਾਣੇ ਬੱਸ ਅੱਡੇ ਦੀ ਵੀ ਨੁਹਾਰ ਬਦਲੀ ਜਾਵੇਗੀ। ਹਰਪਾਲ ਜੁਨੇਜਾ ਨੇ ਦੱਸਿਆ ਕਿ ਇਸ ਮੀਟਿੰਗ ਦਾ ਮੁੱਖ ਮੰਤਵ ਪੀ.ਆਰ.ਟੀ.ਸੀ. ਦੇ ਪੁਰਾਣੇ ਬੱਸ ਸਟੈਂਡ ਪਟਿਆਲਾ ਦਾ ਆਧੁਨਿਕੀਕਰਨ ਤੇ ਇਸ ਨੂੰ ਵਪਾਰਕ ਤੌਰ 'ਤੇ ਵਿਕਸਿਤ ਕਰਨਾ ਹੈ, ਜਿਸ ਦਾ ਭਵਿਖ ਵਿੱਚ ਪੀ.ਆਰ.ਟੀ.ਸੀ ਨੂੰ ਹੋਰ ਵਾਧੂ ਵਿੱਤੀ ਲਾਭ ਹੋਵੇਗਾ। ਇਸ ਮੌਕੇ ਅਰਨੈਸਟ ਐਂਡ ਯੰਗ ਕੰਪਨੀ ਵੱਲੋਂ ਤਿਆਰ ਤਜਵੀਜ ਨੂੰ ਘੋਖਣ ਉਪਰੰਤ ਚੇਅਰਮੈਨ ਨੇ ਕੰਪਨੀ ਦੇ ਅਧਿਕਾਰੀਆਂ ਨੂੰ ਸੁਝਾਅ ਵੀ ਦਿਤੇ। ਇਸ ਦੌਰਾਨ ਚੇਅਰਮੈਨ ਹਰਪਾਲ ਜੁਨੇਜਾ ਨੇ ਪੁਰਾਣੇ ਬੱਸ ਸਟੈਂਡ ਵਿਖੇ ਸਵਾਰੀਆਂ ਨਾਲ ਵੀ ਗੱਲ ਬਾਤ ਕਰਕੇ ਉਨ੍ਹਾਂ ਨੂੰ ਬੱਸ ਸਟੈਂਡ ਉਪਰ ਹੋਰ ਵਧੀਆ ਬੱਸ ਸਰਵਿਸ ਅਤੇ ਸਹੂਲਤਾਂ ਮੁਹੱਈਆ ਕਰਨ ਦਾ ਵੀ ਭਰੋਸਾ ਦਿੱਤਾ।

## ਸੱਚਾ ਮਹਾਂਕਲੇਸ਼ਵਰ ਮੰਦਰ 'ਚ ਸ਼ਿਵ ਸੰਧਿਆ ਕਰਵਾਈ



ਸਮਾਣਾ, 18 ਫਰਵਰੀ (ਵਿਜੇ ਕੁਮਾਰ) : ਸਥਾਨਕ ਪ੍ਰਾਚੀਨ ਸੱਚਾ ਮਹਾਂਕਲੇਸ਼ਵਰ ਮੰਦਿਰ ਅਤੇ ਧਰਮਸ਼ਾਲਾ 'ਚ ਮਹਾਂਸ਼ਿਵਰਾਤਰੀ ਦੇ ਸ਼ੁਭ ਤਿਉਹਾਰ ਨੂੰ ਸਮਰਪਿਤ ਮਾਤਾ ਅਨੀਤਾ ਜੀ ਰਿਸ਼ੀਕੇਸ਼ ਵਾਲਿਆਂ ਦੀ ਸਰਪ੍ਰਸਤੀ ਹੇਠ ਸ਼ਿਵ ਸੰਧਿਆ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਮੁੱਖ ਮਹਿਮਾਨ ਵਜੋਂ ਉਦਯੋਗਪਤੀ ਜਗਤਾਰ ਸਿੰਘ ਮਣਕੂ (ਵਿਸ਼ਾਲ ਕੰਬਾਇਨ) ਅਤੇ ਵਿਸ਼ੇਸ ਮਹਿਮਾਨ ਵਜੋਂ ਪੰਜਾਬ ਮਹਿਲਾ ਕਾਂਗਰਸ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ, ਸਾਬਕਾ ਵਿਧਾਇਕ ਰਾਜਿੰਦਰ ਸਿੰਘ, ਸਪੋਕਸ ਪਰਸਨ ਕਾਂਗਰਸ ਸੰਦੀਪ ਸਿੰਗਲਾ, ਜਸਵਿੰਦਰ ਸਿੰਘ ਰੰਧਾਵਾ ਸ਼ਾਮਲ ਸਨ। ਸਮਾਗਮ ਦੀ ਸ਼ੁਰੂਆਤ ਜਗਤਾਰ ਸਿੰਘ ਮਣਕੂ ਵੱਲੋਂ ਜੋਤੀ ਪ੍ਰਚੰਡ ਕਰਕੇ ਕੀਤੀ ਗਈ। ਇਸ ਉਪਰੰਤ ਆਸ਼ੂ ਪਰਾਸ਼ਰ ਭਜਨ ਗਾਇਕ ਵੱਲੋਂ ਭੇਟਾਂ ਰਾਹੀ ਸੰਗਤਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ।ਮੰਦਿਰ ਕਮੇਟੀ ਦੇ ਸਰਪ੍ਰਸਤ ਸੀਤਾ ਰਾਮ ਗੁਪਤਾ , ਰਤਨ ਲਾਲ ਸ਼ਰਮਾ ਅਤੇ ਕਮੇਟੀ ਮੈਂਬਰਾਂ ਵੱਲੋਂ ਆਏ ਮਹਿਮਾਨਾਂ ਨੂੰ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਕਮੇਟੀ ਮੈਂਬਰ ਪਾਰੁਲ ਜੈਨ, ਵਿਸ਼ੂ ਸ਼ਰਮਾ, ਕਮਲ ਜਿੰਦਲ, ਤੇਜਪਾਲ ਸਿੰਗਲਾ, ਮਮਤਾ ਜਿੰਦਲ, ਰਮਨ ਗੁਪਤਾ, ਡੌਲੀ ਗੁਪਤਾ, ਡਿੰਪਲ ਅਨੇਜਾ, ਹਰੀਸ਼ , ਗਗਨ ਗਰਗ, ਸ਼ਤੀਸ਼ ਕੁਮਾਰ, ਸ਼ਸੀ ਬਾਲਾ, ਗੀਤਾ ਸ਼ਰਮਾ, ਰਾਹੁਲ ਸ਼ਰਮਾ, ਜਾਨਵੀ ਸ਼ਰਮਾ, ਸਰੋਜ ਬੱਬਰ ਆਦਿ ਵੀ ਮੌਜੂਦ ਸਨ। ਸਮਾਗਮ ਵਿਚ ਜਿਥੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ ਉਥੇ ਕੌਂਸਲਰ ਦਰਸ਼ਨ ਮਿੱਤਲ, ਹਰਪ੍ਰੀਤ ਕੁਕਾ, ਟਿੱਕਾ ਗਾਜੇਵਾਸ, ਡਾ: ਪ੍ਰੇਮਪਾਲ, ਵਿਜੇ ਅਗਰਵਾਲ, ਸੰਜੀਵ ਕੌਸ਼ਿਕ, ਬੌਬੀ ਪਾਠਕ, ਗਗਨ ਸਿੰਗਲਾ, ਹੀਰਾ ਜੈਨ ਵੀ ਨਤਮਸਤਕ ਹੋਏ।

### ਨਸ਼ੀਲੇ ਪਦਾਰਥ ਰੱਖਣ ਦੇ ਮਾਮਲੇ 'ਚ ਮਹਿਲਾ ਸਮੇਤ ਦੋ ਨੂੰ ਸਜ਼ਾ ਸੁਣਾ ਕੇ ਕੀਤਾ ਅੰਡਰਗਾਨ

ਪਟਿਆਲਾ, 18 ਫਰਵਰੀ (ਵਿਨੋਦ ਸ਼ਰਮਾ) : ਅਦਾਲਤ ਨੇ ਨਸ਼ੀਲੇ ਪਦਾਰਥ ਰੱਖਣ ਦੇ ਮਾਮਲੇ 'ਚ ਮਹਿਲਾ ਸਮੇਤ ਦੋ ਵਿਅਕਤੀਆਂ ਪਰਮਜੀਤ ਕੌਰ ਅਤੇ ਵਿਸ਼ਾਲ ਵਾਸੀ ਪਟਿਆਲਾ ਨੂੰ ਸਜ਼ਾ ਸੁਣਾ ਕੇ ਅੰਡਰਗਾਨ ਕੀਤਾ ਹੈ ਅਤੇ ਪੰਜ-ਪੰਜ ਹਜ਼ਾਰ ਰੁਪਏ ਜੁਰਮਾਨਾ ਭਰਨ ਦੇ ਆਦੇਸ਼ ਵੀ ਦਿੱਤੇ ਹਨ। ਪੁਲਿਸ ਨੇ ਸਾਲ 2022 ਵਿਚ ਮਾਮਲਾ ਦਰਜ ਕਰਕੇ ਥਾਣਾ ਲਹੌਰੀ ਗੇਟ ਵਿਖੇ ਮਾਮਲਾ ਦਰਜ ਕੀਤਾ ਸੀ।

## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਲੋਕਾਂ 'ਚ ਭਾਰੀ ਉਤਸ਼ਾਹ: ਅਮਰੀਕ ਸਿੰਘ ਬੰਗੜ

ਪਟਿਆਲਾ, 18 ਫਰਵਰੀ (ਚ.ਨ.ਸ.) :ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਮਰੀਕ ਸਿੰਘ ਬੰਗੜ ਨੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਦੀ ਭਰਪੂਰ ਸ਼ਲਾਘਾ ਕਰਦਿਆਂ ਇਸ ਨੂੰ ਸੂਬੇ ਦੇ ਇਤਿਹਾਸ ਵਿੱਚ ਇੱਕ ਵੱਡਾ ਕ੍ਰਾਂਤੀਕਾਰੀ ਕਦਮ ਦੱਸਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਹਰ ਨਾਗਰਿਕ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਦੀ ਸਹੂਲਤ ਲੈਣ ਰਹੇ ਨੇ ਲੋਕ। ਮੀਡੀਆ ਨਾਲ ਗੱਲਬਾਤ ਕਰਦਿਆਂ ਬੰਗੜ ਨੇ ਕਿਹਾ ਕਿ ਇਸ ਯੋਜਨਾ ਤਹਿਤ ਹੁਣ ਹਰ ਲੋੜਵੰਦ ਪਰਿਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪਹਿਲਾਂ ਗਰੀਬ ਅਤੇ ਮੱਧ ਵਰਗੀ ਪਰਿਵਾਰ ਗੰਭੀਰ ਬਿਮਾਰੀਆਂ ਦੇ ਇਲਾਜ ਦੇ ਖਰਚੇ ਕਾਰਨ ਕਰਜ਼ੇ ਦੇ



ਬੋਝ ਹੇਠ ਦੱਬ ਜਾਂਦੇ ਸਨ, ਪਰ ਹੁਣ ਸਰਕਾਰ ਨੇ ਉਨ੍ਹਾਂ ਦੀ ਬਾਂਹ ਫੜੀ ਹੈ। 'ਆਪ' ਸਰਕਾਰ ਦਾਇਹ ਕਦਮ ਸਾਬਤ ਕਰਦਾ ਹੈ ਕਿ 'ਆਪ' ਸਰਕਾਰ 'ਸਿੱਖਿਆ ਅਤੇ ਸਿਹਤ' ਦੇ ਆਪਣੇ ਮੁੱਖ ਏਜੰਡੇ 'ਤੇ ਤੇਜ਼ੀ ਨਾਲ ਕੰਮ ਕਰ ਰਹੀ ਹੈ। ਅਜਿਹੀਆਂ ਯੋਜਨਾਵਾਂ ਤੋਂ ਸੂਬੇ ਦੀ ਬਹੁਤ ਖੁਸ਼ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿਰੋਧੀ ਪਾਰਟੀਆਂ ਸਿਰਫ ਗੱਲਾਂ ਕਰਦੀਆਂ ਰਹੀਆਂ ਹਨ, ਜਦਕਿ ਮਾਨ ਸਰਕਾਰ ਨੇ ਅਸਲ ਵਿੱਚ ਲੋਕਾਂ ਦੀ ਭਲਾਈ ਲਈ ਖਜ਼ਾਨਾ ਖੋਲ੍ਹ ਦਿੱਤਾ ਹੈ। ਅਮਰੀਕ ਸਿੰਘ ਬੰਗੜ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਆਪਣੇ ਆਪ ਨੂੰ ਰਜਿਸਟਰ ਕਰਵਾ ਕੇ ਇਸ ਯੋਜਨਾ ਦਾ ਲਾਭ ਲੈਣ।

## ਬੂਥ ਪੱਧਰ 'ਤੇ 'ਆਪ' ਹੋ ਰਹੀ ਹੈ ਬੇਹੱਦ ਮਜ਼ਬੂਤ: ਸੰਧੂ

### 2027 ਦੀਆਂ ਵਿਧਾਨ ਸਭਾ ਚੋਣਾਂ 'ਚ ਬਹੁਮਤ ਨਾਲ ਬਣੇਗੀ 'ਆਪ' ਦੀ ਸਰਕਾਰ

ਭੁਨਰਹੇੜੀ, 18 ਫਰਵਰੀ (ਗੁਰਜੀਤ ਸਿੰਘ ਢੋਟ) : ਬੂਥ ਪੱਧਰ 'ਤੇ 'ਆਪ' ਪਾਰਟੀ ਬੇਹਦ ਮਜ਼ਬੂਤ ਹੋ ਰਹੀ ਹੈ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਪ ਦੀ ਬਹੁਮਤ ਨਾਲ ਸਰਕਾਰ ਬਣਨ ਜਾ ਰਹੀ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਸਟੇਟ ਕੰਟੇਨਰ ਤੇ ਵੇਅਰ ਹਾਊਸਿੰਗ ਕਾਰਪੋਰੇਸ਼ਨ ਲਿਮਿਟਡ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਬੂਥ ਪੱਧਰ 'ਤੇ ਯੂਥ ਵਲੰਟੀਅਰ ਦਾ ਨਾਲ ਮੀਟਿੰਗ ਦੌਰਾਨ ਕੀਤਾ। ਅੱਜ ਵਿਧਾਨ ਸਭਾ ਹਲਕਾ ਪਟਿਆਲਾ ਦਿਹਾਤੀ ਦੇ ਖ਼ੇਤਰ 'ਚ ਪਾਰਟੀ ਵੱਲੋਂ ਲਗਾਈ ਗਈ ਡਿਊਟੀ ਅਨੁਸਾਰ ਪੰਜਾਬ ਸਟੇਟ ਕੰਟੇਨਰ ਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਲਿਮਿਟਿਡ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਦੌਰਾ



ਕਰਦਿਆਂ ਕਿਹਾ ਕਿ ਬੂਥ ਪੱਧਰ 'ਤੇ ਦਿਨੋਂ ਦਿਨ ਆਮ ਆਦਮੀ ਪਾਰਟੀ ਮਜ਼ਬੂਤ ਹੁੰਦੀ ਜਾ ਰਹੀ ਹੈ ਜਿਸ ਨੂੰ ਵੇਖ ਕੇ ਸਾਫ਼ ਲੱਗ ਰਿਹਾ ਹੈ ਕਿ ਪੰਜਾਬ ਅੰਦਰ 'ਆਪ' ਦੀ ਸਰਕਾਰ ਦੁਬਾਰਾ ਫਿਰ ਬਣਨ ਜਾ ਰਹੀ ਹੈ । ਸੰਧੂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਵੱਲੋਂ ਸੰਗਠਨ 'ਚ ਬੂਥ ਪੱਧਰ ਤੇ ਪੁਨਰ ਵਿਚਾਰ, ਫੇਰਬਦਲ ਅਤੇ ਵਿਸਥਾਰ ਦਾ ਕੰਮ ਚੱਲ ਰਿਹਾ ਹੈ, ਜਿਸ ਦੇ ਚੱਲਦਿਆਂ ਉਹਨਾਂ ਦੀ ਡਿਊਟੀ ਪਟਿਆਲਾ ਦਿਹਾਤੀ ਦੇ ਪਿੰਡਾਂ 'ਚ ਲਗਾਈ ਗਈ ਹੈ, ਜਿਸਨੂੰ ਨਿਭਾਉਂਦਿਆਂ ਅੱਜ ਉਹਨਾਂ ਪਿੰਡ ਦੰਦਰਾਲਾ ਖਰੌਡ , ਨਿਊ ਫਤਿਹਪੁਰ, ਬਖਸ਼ੀਵਾਲ, ਰੋੜੇਵਾਲ, ਕਾਠਮੱਠੀ, ਧਨੌਰਾ, ਖਲੀਫੇਵਾਲ ਆਦਿ ਪਿੰਡਾਂ ਦਾ ਦੌਰਾ ਕੀਤਾ । ਸੰਧੂ ਨੇ ਆਖਿਆ ਕਿ ਦਿਹਾਤੀ ਖੇਤਰ ਦੇ ਲੋਕਾਂ ਨੇ ਕਿਸਾਨਾਂ ਦੇ ਖੇਤਾਂ ਨੂੰ ਨਹਿਰੀ ਪਾਣੀ ਪਹੁੰਚਾਉਣ, ਖਾਲੇ ਪੱਕੇ ਕਰਾਉਣ ਆਦਿ ਕਰਕੇ ਰੱਜ ਕੇ ਪ੍ਰਸ਼ੰਸਾ ਕੀਤੀ ਹੈ ।ਇਸ ਮੌਕੇ ਇੰਦਰਜੀਤ ਸਿੰਘ ਸੰਧੂ ਆਮ ਆਦਮੀ ਪਾਰਟੀ ਦੀਆਂ ਬੂਥ ਪੱਧਰ 'ਤੇ ਬਣੀਆਂ ਕਮੇਟੀਆਂ ਅਤੇ ਸਾਰੇ ਵਿੰਗਾਂ ਦਾ ਨਿਰੀਖਣ ਕਰਦਿਆਂ ਆਖਿਆ ਕਿ ਸਰਕਾਰ ਵੱਲੋਂ ਚਲਾਏ ਜਾ ਰਹੇ ਲੋਕ ਭਲਾਈ ਦੇ ਕਾਰਜਾਂ ਕਰਕੇ ਆਮ ਆਦਮੀ ਪਾਰਟੀ ਦਾ ਮਜ਼ਬੂਤ ਸੰਗਠਨ ਬਣ ਕੇ ਜਲਦ ਤਿਆਰ ਹੋ ਜਾਵੇਗਾ। ਇਸ ਮੌਕੇ ਉਹਨਾਂ ਨਾਲ ਬਲਾਕ ਪ੍ਰਧਾਨ ਸ਼ਲਿੰਦਰ ਸਿੰਘ ਬੰਟੀ ਦੰਦਰਾਲਾ ਖਰੌਡ, ਹਰਪ੍ਰੀਤ ਸਿੰਘ ਕਨਸੂਹਾ, ਯੂਥ ਵਿੰਗ ਪਟਿਆਲਾ ਦਿਹਾਤੀ ਦੇ ਕੋਆਰਡੀਨੇਟਰ ਕਰਨਦੀਪ ਸਿੰਘ ਪੂਨੀਆਂ, ਕੁਲਦੀਪ ਸਿੰਘ ਰੋੜੇਵਾਲ ਤੇ ਹੋਰ ਵਰਕਰ ਵੀ ਹਾਜ਼ਰ ਸਨ।


ੴ

ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

ਆਪ ਜੀ ਨੂੰ ਇਹ ਜਾਣ ਕੇ ਹਾਰਦਿਕ ਪ੍ਰਸੰਨਤਾ ਹੋਵੇਗੀ ਕਿ ਸਿੱਖ ਪੰਥ ਦੇ
ਮਹਾਨ ਕੀਰਤਨੀਏ

ਭਾਈ ਸਾਹਿਬ ਭਾਈ ਲਖਵਿੰਦਰ ਸਿੰਘ ਜੀ

ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ

ਦੇ ਉੱਦਮ ਸਦਕਾ ਪਟਿਆਲਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਪ੍ਰਵਾਰ ਵੱਲੋਂ ਪਿਛਲੇ 8 ਸਾਲਾਂ ਤੋਂ ਗੁਰਮਤਿ ਸੰਗੀਤ ਅਕੈਡਮੀ, ਗੁ. ਭਾਈ ਰਾਮ ਕਿਸ਼ਨ ਜੀ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਸ਼ੁਰੂ ਕੀਤੀ ਹੋਈ ਹੈ। ਜਿੱਥੇ ਹੁਣ ਤੱਕ 250 ਦੇ ਕ੍ਰੀਬ ਗ਼ਰੀਬ, ਲੋੜਵੰਦ, ਸੂਰਮੇ, ਬੱਚੇ ਕੀਰਤਨ ਦੀ ਦਾਤ ਪ੍ਰਾਪਤ ਕਰ ਚੁੱਕੇ ਹਨ।

ਮੌਜੂਦਾ ਅਸਥਾਨ ਵਿਖੇ ਥਾਂ ਦੀ ਘਾਟ ਹੋਣ ਕਾਰਨ, ਚੜ੍ਹਦੀਕਲਾ ਟਾਈਮ ਟੀ.ਵੀ., ਰੋਜ਼ਾਨਾ ਚੜ੍ਹਦੀਕਲਾ ਅਤੇ ਸ੍ਰੀ ਗੁਰੂ ਹਰਿ ਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਹਿਯੋਗ ਨਾਲ ਬਹਾਦਰਗੜ੍ਹ-ਰਾਏਪੁਰ ਰੋਡ ਉੱਤੇ ਪਿੰਡ ਭੱਠਲਾਂ ਵਿਖੇ ਬੱਚਿਆਂ ਦੀ ਰਿਹਾਇਸ਼ ਤੇ ਅਕੈਡਮੀ ਲਈ ਬਣਨ ਵਾਲੀ ਨਵੀਂ ਇਮਾਰਤ ਦੀ ਉਸਾਰੀ ਦੀ ਖੁਸ਼ੀ ਵਿੱਚ ਅਕਾਲ ਪੁਰਖ ਦੇ ਸ਼ੁਕਰਾਨੇ ਵਜੋਂ 1 ਤੇ 2 ਮਾਰਚ, 2026 ਦਿਨ ਐਤਵਾਰ ਤੇ ਸੋਮਵਾਰ ਨੂੰ ਸਵੇਰੇ 10 ਤੋਂ 2 ਵਜੇ ਮਹਾਨ ਗੁਰਮਤਿ ਸਮਾਗਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਿੱਖ ਪੰਥ ਦੇ ਪ੍ਰਸਿੱਧ ਰਾਗੀ ਭਾਈ ਜਸਕਰਨ ਸਿੰਘ ਜੀ, ਭਾਈ ਸੁਰਿੰਦਰ ਸਿੰਘ ਜੀ, ਭਾਈ ਨਛੱਤਰ ਸਿੰਘ ਜੀ ਦੋਵੇਂ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿ. ਕੁਲਦੀਪ ਸਿੰਘ ਜੀ ਗੜਗੱਜ, ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ; ਸਿੰਘ ਸਾਹਿਬ ਗਿ. ਅਮਰਜੀਤ ਸਿੰਘ ਜੀ, ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ; ਸਿੰਘ ਸਾਹਿਬ ਗਿ. ਪ੍ਰਣਾਮ ਸਿੰਘ ਜੀ, ਸਿੰਘ ਸਾਹਿਬ ਗਿ. ਪ੍ਰਿਤਪਾਲ ਸਿੰਘ ਜੀ, ਹੈੱਡ ਗ੍ਰੰਥੀ, ਗੁ. ਸ੍ਰੀ ਦੂਖ ਨਿਵਾਰਨ ਸਾਹਿਬ, ਸਿੰਘ ਸਾਹਿਬ ਗਿ. ਅਵਤਾਰ ਸਿੰਘ ਜੀ, ਹੈੱਡ ਗ੍ਰੰਥੀ ਗੁ. ਬਹਾਦਰਗੜ੍ਹ ਸਾਹਿਬ, ਸਿੰਘ ਸਾਹਿਬ ਗਿ. ਹਰਵਿੰਦਰ ਸਿੰਘ ਜੀ, ਹੈੱਡ ਗ੍ਰੰਥੀ ਗੁ. ਮੋਤੀ ਬਾਗ਼ ਸਾਹਿਬ ਉਚੇਚੇ ਤੌਰ 'ਤੇ ਪਹੁੰਚਣਗੇ।

ਨਗਰ ਕੀਰਤਨ

ਮਿਤੀ : 28 ਫਰਵਰੀ 2026 ਦਿਨ ਸ਼ਨੀਵਾਰ

ਨੂੰ ਸਵੇਰੇ 10 ਵਜੇ ਇਤਿਹਾਸਕ ਗੁ. ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ,
ਬਹਾਦਰਗੜ੍ਹ ਤੋਂ ਆਰੰਭ ਹੋਵੇਗਾ ਜੋ ਮੇਨ ਬਜ਼ਾਰ ਵਿਚੋਂ ਹੁੰਦਾ ਹੋਇਆ
ਗੁ. ਸਚਖੰਡ ਦਰਬਾਰ, ਸਚਖੰਡ ਐਨਕਲੇਵ, ਗਿਆਨ ਕਲੋਨੀ, ਪਿੰਡ ਭੱਠਲਾਂ ਵਿਖੇ ਸਮਾਪਤ ਹੋਵੇਗਾ।
ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਸਤਿਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਭਾਈ ਲਖਵਿੰਦਰ ਸਿੰਘ
ਹਜ਼ੂਰੀ ਰਾਗੀ ਸ੍ਰੀ ਅੰਮ੍ਰਿਤਸਰ ਸਾਹਿਬ
(ਮੁੱਖ ਸੇਵਾਦਾਰ)

ਡਾ. ਜਗਜੀਤ ਸਿੰਘ ਦਰਦੀ
'ਪਦਮ ਸ਼੍ਰੀ' ਐਵਾਰਡੀ
ਚੇਅਰਮੈਨ ਚੜ੍ਹਦੀਕਲਾ ਗਰੁੱਪ

ਭਾਈ ਜੋਗਿੰਦਰ ਸਿੰਘ ਜੀ
(ਅਕੈਡਮੀ ਇੰਚਾਰਜ)
ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਵਾਰ

ਭਾਈ ਹਰਪਾਲ ਸਿੰਘ ਜੀ

ਸ. ਰਮਨਦੀਪ ਸਿੰਘ ਜੀ

ਟਰੱਸਟੀ, ਸ੍ਰੀ ਗੁਰੂ ਗੋਬਿੰਦ ਸਿੰਘ ਪ੍ਰਵਾਰ

ਸਮੂਹ ਵਿਦਿਆਰਥੀ
ਗੁਰਮਤਿ ਸੰਗੀਤ ਅਕੈਡਮੀ